ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 56
ਫ਼ੋਨ: +91- 92168-07500
E-mail: news@charhdikala.com
www.charhdikala.com


ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***


DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 26 February, 2026) ਵੀਰਵਾਰ, 26 ਫਰਵਰੀ, 2026, 15 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਪੰਜ ਓ.ਟੀ.ਟੀ. ਪਲੇਟਫ਼ਾਰਮਾਂ 'ਤੇ ਪਾਬੰਦੀ

ਨਵੀਂ ਦਿੱਲੀ , 25 ਫਰਵਰੀ (ਚ.ਨ.ਸ.):ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਬੀਤੇ ਦਿਨ ਪੰਜ ਆਨਲਾਈਨ ਸਟ੍ਰੀਮਿੰਗ ਪਲੇਟਫਾਰਮਾਂ ਨੂੰ ਬਲਾਕ ਕਰ ਦਿੱਤਾ ਹੈ। ਇਨ੍ਹਾਂ ਪਲੇਟਫ਼ਾਰਮਾਂ ਵਿਚ ਮੂਡ ਐਕਸ.ਵੀ.ਆਈ.ਪੀ., ਕੋਇਲ, ਪਲੇਪਰੋ, ਡਿਜ਼ੀ ਮੂਵੀ ਪਲੈਕਸ, ਫੀਲ ਅਤੇ ਜੁਗਨੂੰ ਸ਼ਾਮਿਲ ਹਨ। ਸਰਕਾਰ ਨੇ ਕਿਹਾ ਕਿ ਇਹ ਪਲੇਟਫਾਰਮ ਅਸ਼ਲੀਲ ਅਤੇ ਇਤਰਾਜ਼ਯੋਗ ਸਮੱਗਰੀ ਪ੍ਰਦਰਸ਼ਿਤ ਕਰ ਰਹੇ ਸਨ। ਇਹ ਸਮੱਗਰੀ ਆਈ.ਟੀ.ਐਕਟ 2000, ਆਈ.ਟੀ. ਨਿਯਮ 2021, ਭਾਰਤੀ ਦੰਡ ਸੰਹਿਤਾ (ਬਾਕੀ ਸਫ਼ਾ 2 'ਤੇ)

## ਇਜ਼ਰਾਈਲ ਪਹੁੰਚਣ 'ਤੇ ਮੋਦੀ ਦਾ ਨੇਤਨਯਾਹੂ ਵੱਲੋਂ ਸ਼ਾਨਦਾਰ ਸਵਾਗਤ

### ਨੌਂ ਸਾਲਾਂ 'ਚ ਪ੍ਰਧਾਨ ਮੰਤਰੀ ਦੀ ਇਜ਼ਰਾਈਲ ਦੀ ਦੂਜੀ ਯਾਤਰਾ



ਚੜ੍ਹਦੀਕਲਾ ਬਿਊਰੋ

ਯੇਰੂਸ਼ਲਮ, 25 ਫਰਵਰੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਬੁੱਧਵਾਰ ਨੂੰ ਇਜ਼ਰਾਈਲ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਉਨ੍ਹਾਂ ਦੀ ਪਤਨੀ ਸਾਰਾ ਨੇ ਬੇਨ ਗੁਰੀਅਨ ਹਵਾਈ ਅੱਡੇ 'ਤੇ ਮੋਦੀ ਦਾ ਸਵਾਗਤ ਕੀਤਾ। ਇਹ ਨੌਂ ਸਾਲਾਂ ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਇਜ਼ਰਾਈਲ ਦੀ ਦੂਜੀ ਯਾਤਰਾ ਹੈ। ਜੁਲਾਈ 2017 ਵਿੱਚ ਦੇਸ਼ ਦੀ ਆਪਣੀ ਪਹਿਲੀ ਯਾਤਰਾ ਦੌਰਾਨ, ਭਾਰਤ-ਇਜ਼ਰਾਈਲ ਸਬੰਧਾਂ ਨੂੰ ਇੱਕ ਰਣਨੀਤਕ ਭਾਈਵਾਲੀ ਦੇ ਪੱਧਰ ਤੱਕ ਉੱਚਾ ਕੀਤਾ ਗਿਆ ਸੀ। ਨੇਤਨਯਾਹੂ ਨੇ ਪ੍ਰਧਾਨ ਮੰਤਰੀ ਮੋਦੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਫਿਰ ਤੇਲ ਅਵੀਵ ਤੋਂ 20 ਕਿਲੋਮੀਟਰ ਦੱਖਣ-ਪੂਰਬ ਵਿੱਚ ਸਥਿਤ ਹਵਾਈ ਅੱਡੇ 'ਤੇ ਮੋਦੀ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਗਿਆ। ਪ੍ਰਧਾਨ ਮੰਤਰੀ ਮੋਦੀ ਅੱਜ (ਬਾਕੀ ਸਫ਼ਾ 2 'ਤੇ)

### ਪ੍ਰਿਯੰਕਾ ਗਾਂਧੀ ਵੱਲੋਂ ਪ੍ਰਧਾਨ ਮੰਤਰੀ ਨੂੰ ਇਜ਼ਰਾਇਲੀ ਸੰਸਦ 'ਚ ਗਾਜ਼ਾ ਦਾ ਮੁੱਦਾ ਉਠਾਉਣ ਦੀ ਅਪੀਲ

ਨਵੀਂ ਦਿੱਲੀ, 25 ਫਰਵਰੀ (ਚ.ਨ.ਸ.):ਕਾਂਗਰਸ ਦੀ ਜਨਰਲ ਸਕੱਤਰ ਅਤੇ ਵਾਇਨਾਡ ਤੋਂ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਉਮੀਦ ਜਤਾਈ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੀ ਇਜ਼ਰਾਈਲ ਫੇਰੀ ਦੌਰਾਨ ਉੱਥੋਂ ਦੀ ਸੰਸਦ 'ਕਨੇਸੈਂਟ' ਨੂੰ ਸੰਬੋਧਨ ਕਰਦਿਆਂ ਗਾਜ਼ਾ ਵਿੱਚ ਹੋ ਰਹੀ ਨਸਲਕੁਸ਼ੀ ਦਾ ਜ਼ਿਕਰ ਕਰਨਗੇ ਅਤੇ ਉੱਥੋਂ ਦੇ ਲੋਕਾਂ ਲਈ ਇਨਸਾਫ਼ ਦੀ ਮੰਗ ਕਰਨਗੇ। ਪ੍ਰਧਾਨ ਮੰਤਰੀ ਮੋਦੀ ਦੇ ਦੋ ਦਿਨਾਂ ਇਜ਼ਰਾਈਲ ਦੌਰੇ 'ਤੇ ਰਵਾਨਾ ਹੋਣ ਤੋਂ ਪਹਿਲਾਂ ਪ੍ਰਿਯੰਕਾ ਗਾਂਧੀ ਨੇ ਸੋਸ਼ਲ ਮੀਡੀਆ ਰਾਹੀਂ ਕਿਹਾ ਕਿ ਭਾਰਤ ਦਾ ਇਤਿਹਾਸ ਹਮੇਸ਼ਾ ਸੱਚ, ਸ਼ਾਂਤੀ ਅਤੇ ਇਨਸਾਫ਼ ਦੇ ਨਾਲ ਖੜ੍ਹਨ ਦਾ ਰਿਹਾ ਹੈ (ਬਾਕੀ ਸਫ਼ਾ 2 'ਤੇ)

# ਪਾਕਿਸਤਾਨ ਦੀ ਸ਼ਹਿ ਪ੍ਰਾਪਤ ਅੱਤਵਾਦ ਦਾ ਟਾਕਰਾ ਕਰ ਰਹੀ ਹੈ ਪੰਜਾਬ ਪੁਲਿਸ: ਮਾਨ

### ਨਵਨਿਯੁਕਤ ਪੁਲਿਸ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਈਮਾਨਦਾਰੀ ਅਤੇ ਤਨਦੇਹੀ ਨਾਲ ਕਰਨ ਲਈ ਕਿਹਾ

ਚੜ੍ਹਦੀਕਲਾ ਬਿਊਰੋ

ਜਲੰਧਰ, 25 ਫਰਵਰੀ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਨੂੰ ਹਰ ਰੋਜ਼ ਪਾਕਿਸਤਾਨ ਵੱਲੋਂ ਸਮਾਜ ਵਿਰੋਧੀ ਅਨਸਰਾਂ ਅਤੇ ਡਰੋਨਾਂ ਦੀ ਘੁਸਪੈਠ ਰਾਹੀਂ ਸੂਬੇ ਦਾ ਮਾਹੌਲ ਖਰਾਬ ਕਰਨ ਲਈ ਘੜੇ ਜਾ ਰਹੇ ਨਾਪਾਕ ਮਨਸੂਬਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਕੌਮਾਂਤਰੀ ਸਰਹੱਦ ਦੀ ਰਾਖੀ ਲਈ ਡਟ ਕੇ ਪਹਿਰਾ ਦੇ ਰਹੀ ਹੈ ਅਤੇ ਪੰਜਾਬ ਪੁਲਿਸ ਸਿਰਫ ਪੰਜਾਬ ਦੀ ਹੀ ਨਹੀਂ ਸਗੋਂ ਸਮੁੱਚੇ ਦੇਸ਼ ਦੀ ਪੁਲਿਸ ਹੈ ਜੋ ਆਪਣਾ ਫਰਜ਼ ਨਿਭਾਅ ਰਹੀ ਹੈ। ਸੂਬੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਦੇ ਪੀ.ਏ.ਪੀ. ਗਰਾਊਂਡ



ਵਿਖੇ ਪਾਸਿੰਗ ਆਊਟ ਪਰੇਡ ਦੌਰਾਨ 2,577 ਨਵੇਂ ਪੁਲਿਸ ਜਵਾਨਾਂ ਨੂੰ ਰਸਮੀ ਤੌਰ 'ਤੇ ਪੰਜਾਬ ਪੁਲਿਸ ਵਿੱਚ ਸ਼ਾਮਲ ਕਰਵਾਇਆ। ਮੁੱਖ ਮੰਤਰੀ ਦੀ ਇਸ ਪਹਿਲਕਦਮੀ ਨੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਪੁਲਿਸ ਦੇ ਆਧੁਨਿਕੀਕਰਨ ਲਈ ਸੂਬਾ ਸਰਕਾਰ ਦੀ ਦੋਹਰੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ। ਪੰਜਾਬ ਪੁਲਿਸ ਦੀ ਭਰਤੀ ਮੁਹਿੰਮ ਨੂੰ 'ਆਪ' ਸਰਕਾਰ ਦੀ ਰੋਜ਼ਗਾਰ ਕ੍ਰਾਂਤੀ ਦਾ ਅਹਿਮ ਹਿੱਸਾ ਐਲਾਨਦੇ ਹੋਏ (ਬਾਕੀ ਸਫ਼ਾ 2 'ਤੇ)

## ਪੰਜਾਬ ਕੋਲ ਵਾਧੂ ਪਾਣੀ ਨਹੀਂ, ਸਾਡੇ ਲਈ ਸੂਬੇ ਦੇ ਹਿੱਤ ਸਭ ਤੋਂ ਉਪਰ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ

ਮੱਖੂ, 25 ਫਰਵਰੀ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਿਰੋਜ਼ਪੁਰ ਫੀਡਰ ਨਹਿਰ ਦੇ ਨਵੀਨੀਕਰਨ ਦੇ ਪਹਿਲੇ ਪੜਾਅ ਦਾ ਉਦਘਾਟਨ ਕਰਦਿਆਂ ਇਸ ਨੂੰ ਕਿਸਾਨਾਂ ਲਈ ਇਤਿਹਾਸਕ ਤੋਹਫਾ ਦੱਸਿਆ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਇਹ ਇਤਿਹਾਸਕ ਕਦਮ ਸਿੱਧ ਹੋਵੇਗਾ। ਇਸ ਨਹਿਰ ਨੂੰ ਮਾਲਵਾ ਖੇਤਰ ਦੀ ਜੀਵਨ ਰੇਖਾ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰਾਜੈਕਟ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਲਈ ਵਰਦਾਨ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨਾਲ ਸਿੰਚਾਈ ਸਮਰੱਥਾ ਵਧੀ ਹੈ ਜਿਸ ਨਾਲ ਪੰਜਾਬ ਦੇ ਖੇਤਾਂ ਵਿੱਚ ਨਹਿਰੀ ਪਾਣੀ ਦੀ ਪਹੁੰਚ ਹੋਰ ਵਧੇਗੀ। 180 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰਾਜੈਕਟ ਨਾਲ ਇਸ ਨਹਿਰ ਦੀ ਸਮਰੱਥਾ ਵਿੱਚ 2681 ਕਿਊਸਿਕ ਦਾ ਵਾਧਾ ਹੋਇਆ ਹੈ ਜਿਸ ਨਾਲ ਇਸ ਦੀ ਸਮਰੱਥਾ 11,192 ਕਿਊਸਿਕ ਤੋਂ ਵਧ ਕੇ 13,873 ਕਿਊਸਿਕ ਹੋ ਗਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪਿਛਲੀਆਂ ਸਰਕਾਰਾਂ 74 ਸਾਲਾਂ ਤੱਕ ਨਹਿਰ ਦੀ ਸਮਰੱਥਾ ਵਧਾਉਣ ਜਾਂ ਕੰਕਰੀਟ ਲਾਈਨਿੰਗ ਕਰਨ ਵਿੱਚ ਅਸਫਲ ਰਹੀਆਂ, ਪਰ ਮੌਜੂਦਾ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਵੱਡੇ ਸੁਧਾਰ ਕੀਤੇ ਹਨ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਦੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਪੰਜਾਬ ਦੇ ਖੇਤਾਂ ਤੱਕ ਸਿਰਫ਼ 21 ਨਹਿਰੀ ਪਾਣੀ (ਬਾਕੀ ਸਫ਼ਾ 2 'ਤੇ)

### ਰਾਹੁਲ ਗਾਂਧੀ ਦਾ ਮੋਦੀ 'ਤੇ ਤਨਜ਼

## 'ਮੇਰੀ ਚੁਣੌਤੀ ਤੋਂ ਬਾਅਦ ਚੁੱਪਚਾਪ ਇਜ਼ਰਾਈਲ ਨਿਕਲ ਗਏ'

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ :ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਧਾਨ ਮੰਤਰੀ ਨੂੰ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਨੂੰ ਰੱਦ ਕਰਨ ਦੀ ਚੁਣੌਤੀ ਦਿੱਤੇ ਨੂੰ 24 ਘੰਟੇ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਇੱਕ ਵਾਰ ਫਿਰ ਉਹ (ਮੋਦੀ) 'ਚੁੱਪਚਾਪ ਇਜ਼ਰਾਈਲ ਨਿਕਲ ਗਏ ਹਨ।'



ਐਕਸ 'ਤੇ ਹਿੰਦੀ ਵਿੱਚ ਇੱਕ ਪੋਸਟ ਵਿੱਚ ਗਾਂਧੀ ਨੇ ਕਿਹਾ, 'ਨਰਿੰਦਰ 'ਸਰੈਂਡਰ' ਮੋਦੀ, ਅਮਰੀਕੀ ਵਪਾਰ ਸੌਦੇ ਨੂੰ ਰੱਦ ਕਰਨ ਦੀ ਮੇਰੀ ਚੁਣੌਤੀ ਨੂੰ 24 ਘੰਟੇ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਇੱਕ ਵਾਰ ਫਿਰ, ਤੁਸੀਂ ਚੁੱਪਚਾਪ ਇਜ਼ਰਾਈਲ ਨਿਕਲ ਗਏ ਹੋ।' ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ, 'ਘੱਟੋ-ਘੱਟ ਇੱਕ ਵਾਰ, ਤੁਸੀਂ ਐਪਸਟੀਨ ਦੇ ਕਹਿਣ 'ਤੇ ਪਹਿਲਾਂ ਹੀ ਇਜ਼ਰਾਈਲ ਵਿੱਚ 'ਨੱਚ ਅਤੇ ਗਾ' ਚੁੱਕੇ ਹੋ - ਤਾਂ ਇਸ ਵਾਰ, ਕਿਸ ਦੇ ਹੁਕਮ 'ਤੇ ਤੁਸੀਂ ਦੇਸ਼ ਦੇ ਹਿੱਤਾਂ ਦੇ ਵਿਰੁੱਧ ਸੌਦਾ ਕਰੋਗੇ ਅਤੇ ਵਾਪਸ ਆਓਗੇ?' ਮੰਗਲਵਾਰ ਨੂੰ ਭੁਪਾਲ ਵਿੱਚ ਬੋਲਦਿਆਂ ਗਾਂਧੀ ਨੇ ਕਿਹਾ ਸੀ ਕਿ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤਾ (ਬਾਕੀ ਸਫ਼ਾ 2 'ਤੇ)

### ਕੌਲੀ ਤੋਂ ਸਰਾਏ ਬੰਜਾਰਾ ਤੱਕ ਨਵੀਂ ਬਾਈਪਾਸ ਰੇਲ ਲਾਈਨ ਦਾ ਹੋਵੇਗਾ ਨਿਰਮਾਣ

ਮੋਹਾਲੀ, 25 ਫਰਵਰੀ (ਚ.ਨ.ਸ.):ਰੇਲ ਮੰਤਰਾਲੇ ਨੇ ਕੌਲੀ ਤੋਂ ਸਰਾਏ ਬੰਜਾਰਾ ਤੱਕ ਨਵੀਂ ਬਾਈਪਾਸ ਲਾਈਨ ਦੇ ਨਿਰਮਾਣ ਲਈ ਫਾਈਨਲ ਲੋਕੇਸ਼ਨ ਸਰਵੇ ਨੂੰ ਅਧਿਕਾਰਕ ਤੌਰ 'ਤੇ ਮਨਜ਼ੂਰੀ ਦੇ ਦਿੱਤੀ ਹੈ, ਜੋ ਰਾਜਪੁਰਾ ਰੇਲਵੇ ਸਟੇਸ਼ਨ ਨੂੰ ਬਾਈਪਾਸ ਕਰਨ ਲਈ ਡਿਜ਼ਾਇਨ ਕੀਤਾ ਗਿਆ ਹੈ। ਇਹ ਰਣਨੀਤਿਕ ਵਿਕਾਸ ਖੇਤਰ ਵਿੱਚ ਰੇਲ ਸੰਚਾਲਨਾਂ ਲਈ ਮਹੱਤਵਪੂਰਨ ਲਾਭ ਲਿਆਵੇਗਾ। ਪਟਿਆਲਾ ਅਤੇ ਲੁਧਿਆਣਾ ਵਿਚਕਾਰ ਚੱਲਣ ਵਾਲੀਆਂ ਟ੍ਰੇਨਾਂ ਨੂੰ ਹੁਣ ਰਾਜਪੁਰਾ ਸਟੇਸ਼ਨ ਵਿੱਚ ਦਾਖਲ ਹੋਣ ਦੀ ਲੋੜ ਨਹੀਂ ਰਹੇਗੀ, ਜਿਸ ਨਾਲ ਯਾਤਰਾ ਸਮਾਂ ਘਟੇਗਾ ਅਤੇ ਭੀੜ ਘਟੇਗੀ। ਬਾਈਪਾਸ ਪਹਿਲਾਂ ਹੀ ਮਨਜ਼ੂਰ ਕੀਤੀ ਗਈ ਰਾਜਪੁਰਾ-ਮੋਹਾਲੀ ਰੇਲਵੇ ਲਾਈਨ ਨਾਲ ਸਿੱਧੀ, ਸੁਗਮ ਕਨੈਕਸ਼ਨ (ਬਾਕੀ ਸਫ਼ਾ 2 'ਤੇ)

### ਐਨ.ਸੀ.ਈ.ਆਰ.ਟੀ. ਦੀ ਕਿਤਾਬ 'ਤੇ ਸੁਪਰੀਮ ਕੋਰਟ ਨੇ ਪਾਈ ਝਾੜ

## ਨਿਆਂਪਾਲਿਕਾ ਨੂੰ ਬਦਨਾਮ ਕਰਨ ਦੀ ਕਿਸੇ ਨੂੰ ਇਜਾਜ਼ਤ ਨਹੀਂ: ਭਾਰਤੀ ਚੀਫ਼ ਜਸਟਿਸ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ : ਸੁਪਰੀਮ ਕੋਰਟ ਨੇ ਐਨ.ਸੀ.ਈ.ਆਰ.ਟੀ. ਦੀ 8ਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਪਾਠ-ਪੁਸਤਕ ਵਿੱਚ ਨਿਆਂਪਾਲਿਕਾ ਨਾਲ ਸਬੰਧਤ ਸਮੱਗਰੀ 'ਤੇ ਗੰਭੀਰ ਇਤਰਾਜ਼ ਪ੍ਰਗਟ ਕੀਤਾ ਹੈ। ਚੀਫ਼ ਜਸਟਿਸ ਸੂਰਿਆ ਕਾਂਤ ਨੇ ਕਿਹਾ ਕਿ ਉਹ ਕਿਸੇ ਨੂੰ ਵੀ ਨਿਆਂਪਾਲਿਕਾ ਦੀ ਸੰਸਥਾ ਨੂੰ ਬਦਨਾਮ ਕਰਨ ਦੀ ਇਜਾਜ਼ਤ ਨਹੀਂ ਦੇਣਗੇ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਕਾਨੂੰਨ ਆਪਣਾ ਕੰਮ ਕਰੇਗਾ ਅਤੇ ਜੇ ਲੋੜ ਹੋਈ ਤਾਂ ਅਦਾਲਤ ਖੁਦ ਕਾਰਵਾਈ ਕਰੇਗੀ। ਇਸ ਦੌਰਾਨ



ਜਸਟਿਸ ਬਾਗਚੀ ਨੇ ਇਸ ਨੂੰ ਬੁਨਿਆਦੀ ਢਾਂਚੇ ਦੇ ਵਿਰੁੱਧ ਦੱਸਿਆ। ਇਹ ਮਾਮਲਾ ਉਸ ਪਾਠ ਨਾਲ ਸਬੰਧਤ ਹੈ ਜਿਸ ਵਿੱਚ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਬਾਰੇ ਇੱਕ ਧਾਰਾ ਸ਼ਾਮਲ ਹੈ। ਸੀਨੀਅਰ ਵਕੀਲ ਕਪਿਲ ਸਿੱਬਲ ਅਤੇ ਅਭਿਸ਼ੇਕ ਮਨੂ ਸਿੰਘਵੀ ਨੇ ਅਦਾਲਤ ਦੇ (ਬਾਕੀ ਸਫ਼ਾ 2 'ਤੇ)

### ਐਨ.ਸੀ.ਈ.ਆਰ.ਟੀ. ਨੇ ਆਪਣੀ ਵੈਬਸਾਈਟ ਤੋਂ ਹਟਾਈ ਪਾਠ-ਪੁਸਤਕ

ਨਵੀਂ ਦਿੱਲੀ, 25 ਫਰਵਰੀ (ਚ.ਨ.ਸ.): ਨਿਆਂਇਕ ਭ੍ਰਿਸ਼ਟਾਚਾਰ ਬਾਰੇ ਗੱਲ ਕਰਨ ਵਾਲੇ ਇੱਕ ਅਧਿਆਏ ਨੂੰ ਲੈ ਕੇ ਸੁਪਰੀਮ ਕੋਰਟ ਦੇ ਗੁੱਸੇ ਦਾ ਸਾਹਮਣਾ ਕਰਨ ਤੋਂ ਬਾਅਦ ਐਨ.ਸੀ.ਈ.ਆਰ.ਟੀ. ਨੇ ਆਪਣੀ ਵੈੱਬਸਾਈਟ ਤੋਂ ਅੱਠਵੀਂ ਜਮਾਤ ਦੀ ਪਾਠ-ਪੁਸਤਕ ਹਟਾ ਦਿੱਤੀ ਹੈ। ਸੂਤਰਾਂ ਅਨੁਸਾਰ ਸਰਕਾਰ ਨੇ ਕਿਤਾਬ (ਬਾਕੀ ਸਫ਼ਾ 2 'ਤੇ)

## ਚੋਣਾਂ ਤੋਂ ਪਹਿਲਾਂ ਪੰਜਾਬ ਦਾ ਡੀ.ਜੀ.ਪੀ. ਬਦਲਣਾ ਤੈਅ, ਯੂ.ਪੀ.ਐਸ.ਸੀ. ਨੇ ਸੂਬਾ ਸਰਕਾਰ ਨੂੰ ਭੇਜਿਆ ਨੋਟਿਸ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 25 ਫਰਵਰੀ:ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 'ਆਪ' ਸਰਕਾਰ ਨੂੰ ਝਟਕਾ ਲੱਗਾ ਹੈ। ਯੂ.ਪੀ.ਐਸ.ਸੀ. ਨੇ ਸਥਾਈ ਡੀ.ਜੀ.ਪੀ. ਲਈ ਪੈਨਲ ਦੀ ਬੇਨਤੀ ਕੀਤੀ ਹੈ। ਗੌਰਵ ਯਾਦਵ ਇਸ ਸਮੇਂ ਕਾਰਜਕਾਰੀ ਡੀ.ਜੀ.ਪੀ. ਵਜੋਂ ਸੇਵਾ ਨਿਭਾ ਰਹੇ ਹਨ। ਪੁਲਿਸ ਸੂਤਰਾਂ ਅਨੁਸਾਰ, ਇਹ ਪੱਤਰ 18 ਫਰਵਰੀ ਨੂੰ ਸੁਪਰੀਮ ਕੋਰਟ ਦੇ 5 ਫਰਵਰੀ ਦੇ ਹੁਕਮਾਂ ਦਾ ਹਵਾਲਾ ਦਿੰਦੇ ਹੋਏ ਭੇਜਿਆ ਗਿਆ ਸੀ। ਇਸ ਤੋਂ ਬਾਅਦ, ਪੰਜਾਬ ਗ੍ਰਹਿ ਵਿਭਾਗ ਨੇ ਡੀ.ਜੀ.ਪੀ. ਦਫ਼ਤਰ ਤੋਂ ਯੋਗ ਅਧਿਕਾਰੀਆਂ ਦੇ ਨਾਵਾਂ ਦੀ ਬੇਨਤੀ ਕੀਤੀ। ਯੂ.ਪੀ.ਐਸ.ਸੀ. ਦਾ ਇਹ ਫੈਸਲਾ ਇਹ ਯਕੀਨੀ ਬਣਾਉਂਦਾ ਹੈ ਕਿ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ ਇੱਕ ਸਥਾਈ ਡੀ.ਜੀ.ਪੀ. ਹੋਵੇਗਾ। ਹਾਲਾਂਕਿ, ਸਰਕਾਰ ਜਾਂ ਪੰਜਾਬ ਪੁਲਿਸ ਵੱਲੋਂ ਕੋਈ



ਰਸਮੀ ਪੁਸ਼ਟੀ ਜਾਰੀ ਨਹੀਂ ਕੀਤੀ ਗਈ ਹੈ। ਕੁਝ ਦਿਨ ਪਹਿਲਾਂ, ਸੁਪਰੀਮ ਕੋਰਟ ਨੇ ਕਾਰਜਕਾਰੀ ਡੀ.ਜੀ.ਪੀ. ਨਿਯੁਕਤ ਕਰਨ ਦੀ ਪ੍ਰਥਾ 'ਤੇ ਚਿੰਤਾ ਪ੍ਰਗਟ ਕੀਤੀ ਸੀ। ਸੁਪਰੀਮ ਕੋਰਟ ਨੇ ਕਿਹਾ ਸੀ ਕਿ ਇਹ ਪ੍ਰਥਾ ਅਣਉਚਿਤ ਹੈ। ਸੁਪਰੀਮ ਕੋਰਟ ਨੇ ਯੂ.ਪੀ.ਐਸ.ਸੀ. ਨੂੰ ਆਪਣੇ ਪੱਧਰ 'ਤੇ ਸਰਕਾਰਾਂ ਤੋਂ ਨਾਮ ਮੰਗਣ ਦੇ ਨਿਰਦੇਸ਼ ਦਿੱਤੇ। ਇਸ ਪੈਨਲ ਵਿੱਚ ਪੰਜਾਬ ਸਰਕਾਰ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਦੇ ਅਧਿਕਾਰੀ ਸ਼ਾਮਲ ਹੋਣਗੇ। (ਬਾਕੀ ਸਫ਼ਾ 2 'ਤੇ)

### ਸਾਂਸਦ ਅੰਮ੍ਰਿਤਪਾਲ ਸਿੰਘ ਦੀਆਂ ਪਟੀਸ਼ਨਾਂ 'ਤੇ ਹਾਈਕੋਰਟ 'ਚ ਸੁਣਵਾਈ

ਚੰਡੀਗੜ੍ਹ, 25 ਫਰਵਰੀ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਅੱਜ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨਾਲ ਸਬੰਧਤ ਦੋ ਅਹਿਮ ਮਾਮਲਿਆਂ 'ਤੇ ਸੁਣਵਾਈ ਹੋਈ। ਅਦਾਲਤ ਨੇ ਪੈਰੋਲ ਦੀ ਮੰਗ ਅਤੇ ਐਨ.ਐਸ.ਏ. (ਨੈਸ਼ਨਲ ਸਕਿਓਰਿਟੀ ਐਕਟ) ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਸੁਣਵਾਈ ਹੁਣ ਕੱਲ੍ਹ ਤੱਕ ਲਈ ਟਾਲ ਦਿੱਤੀ ਹੈ।

ਪੈਰੋਲ ਦੀ ਮੰਗ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਹਾਈਕੋਰਟ ਨੇ ਪੰਜਾਬ ਸਰਕਾਰ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਅਦਾਲਤ ਨੇ ਜਵਾਬ ਦਾਇਰ ਕਰਨ ਵਿੱਚ ਦੇਰੀ ਕਰਨ ਲਈ ਪੰਜਾਬ ਸਰਕਾਰ 'ਤੇ 10,000 ਰੁਪਏ ਦਾ ਜੁਰਮਾਨਾ ਲਗਾਇਆ ਹੈ। ਅਦਾਲਤ ਨੇ ਸਰਕਾਰ ਨੂੰ ਜਵਾਬ ਪੇਸ਼ ਕਰਨ ਲਈ 10 ਦਿਨਾਂ ਦਾ (ਬਾਕੀ ਸਫ਼ਾ 2 'ਤੇ)

### ਆਪ੍ਰੇਸ਼ਨ ਸਿੰਦੂਰ 'ਤੇ ਅਮਰੀਕੀ ਰਾਸ਼ਟਰਪਤੀ ਦਾ ਵੱਡਾ ਦਾਅਵਾ

## ਜੇ ਮੈਂ ਵਿਚਾਲੇ ਨਾ ਆਉਂਦਾ ਤਾਂ ਭਾਰਤ ਅਤੇ ਪਾਕਿਸਤਾਨ 'ਚ ਛਿੜ ਸਕਦਾ ਸੀ ਪ੍ਰਮਾਣੂ ਯੁੱਧ: ਟਰੰਪ

ਚੜ੍ਹਦੀਕਲਾ ਬਿਊਰੋ

ਵਾਸ਼ਿੰਗਟਨ, 25 ਫਰਵਰੀ :ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਸਟੇਟ ਆਫ਼ ਦ ਯੂਨੀਅਨ ਭਾਸ਼ਣ ਦੌਰਾਨ ਭਾਰਤ ਅਤੇ ਪਾਕਿਸਤਾਨ ਬਾਰੇ ਇੱਕ ਹੈਰਾਨ ਕਰਨ ਵਾਲਾ ਦਾਅਵਾ ਕੀਤਾ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਵਿਚਕਾਰ ਸਥਿਤੀ ਇੰਨੀ ਵਿਗੜ ਗਈ ਸੀ ਕਿ



ਇਹ ਪ੍ਰਮਾਣੂ ਯੁੱਧ ਤੱਕ ਵਧ ਸਕਦੀ ਸੀ। ਸੰਸਦ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਟਰੰਪ ਨੇ ਕਿਹਾ, ਜੇ ਮੈਂ ਦਖਲ ਨਾ ਦਿੱਤਾ ਹੁੰਦਾ, ਤਾਂ ਭਾਰਤ ਅਤੇ ਪਾਕਿਸਤਾਨ ਪ੍ਰਮਾਣੂ ਯੁੱਧ ਵਿੱਚ ਚਲੇ ਜਾਂਦੇ। ਲਗਭਗ 35 ਮਿਲੀਅਨ ਲੋਕ ਮਰ ਸਕਦੇ ਸਨ ਅਤੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਵੀ ਨਾ ਬਚਦੇ। ਜ਼ਿਕਰਯੋਗ ਹੈ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਟਰੰਪ ਨੇ ਭਾਰਤ-ਪਾਕਿਸਤਾਨ ਤਣਾਅ ਨੂੰ ਲੈ ਕੇ ਅਜਿਹਾ ਦਾਅਵਾ ਕੀਤਾ ਹੈ। ਪਿਛਲੇ ਕੁਝ ਮਹੀਨਿਆਂ ਤੋਂ, ਉਹ ਲਗਾਤਾਰ ਦਾਅਵਾ ਕਰਦੇ ਰਹੇ ਹਨ ਕਿ ਉਨ੍ਹਾਂ ਦੀ ਸਰਕਾਰ ਨੇ ਵਪਾਰ ਸਮਝੌਤਿਆਂ ਅਤੇ ਟੈਰਿਫ ਦਬਾਅ ਦੀ ਵਰਤੋਂ ਕਰਕੇ ਦੋਵਾਂ ਦੇਸ਼ਾਂ ਨੂੰ ਤਣਾਅ ਵਧਾਉਣ ਤੋਂ ਰੋਕਿਆ ਹੈ। ਹਾਲਾਂਕਿ, ਨਵੀਂ ਦਿੱਲੀ ਪਹਿਲਾਂ ਸਪੱਸ਼ਟ ਕਰ ਚੁੱਕੀ ਹੈ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਕੋਈ ਤੀਜੀ ਧਿਰ ਦੀ ਵਿਚੋਲਗੀ ਨਹੀਂ ਹੋਈ। ਮਈ, 2025 ਵਿੱਚ, ਭਾਰਤ ਨੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਜਵਾਬੀ ਹਮਲਾ ਸ਼ੁਰੂ ਕੀਤਾ, ਜਿਸ ਵਿੱਚ 26 ਨਾਗਰਿਕ ਮਾਰੇ ਗਏ ਸਨ। ਭਾਰਤ ਨੇ ਕੰਟਰੋਲ ਰੇਖਾ ਦੇ ਪਾਰ ਅੱਤਵਾਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ। ਇਸ ਤੋਂ ਬਾਅਦ, ਪਾਕਿਸਤਾਨ ਨੇ ਡਰੋਨ ਅਤੇ ਯੂ.ਸੀ.ਏ.ਵੀ. ਹਮਲਿਆਂ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ ਨੂੰ ਭਾਰਤ ਦੇ ਹਵਾਈ ਰੱਖਿਆ ਪ੍ਰਣਾਲੀਆਂ ਨੇ ਨਾਕਾਮ ਕਰ ਦਿੱਤਾ। ਫੌਜ, ਹਵਾਈ ਸੈਨਾ ਅਤੇ ਜਲ ਸੈਨਾ ਨੇ ਸਾਂਝੇ ਤੌਰ 'ਤੇ ਆਪ੍ਰੇਸ਼ਨ ਕੀਤਾ, ਜਿਸ ਨਾਲ ਪਾਕਿਸਤਾਨ ਨੂੰ ਬੁਰੀ ਤਰ੍ਹਾਂ ਹਰਾਇਆ ਗਿਆ। (ਬਾਕੀ ਸਫ਼ਾ 2 'ਤੇ)

### ਗੁਰਦਾਸਪੁਰ 'ਚ ਪੁਲਿਸ ਮੁਲਾਜ਼ਮਾਂ ਦੀ ਮੌਤ ਦਾ ਮਾਮਲਾ

### ਮੁਠਭੇੜ 'ਚ ਜ਼ਖ਼ਮੀ ਸ਼ੱਕੀ ਮੁਲਜ਼ਮ ਨੇ ਤੋੜਿਆ ਦਮ

ਗੁਰਦਾਸਪੁਰ, 25 ਫਰਵਰੀ (ਚ.ਨ.ਸ.): ਗੁਰਦਾਸਪੁਰ ਵਿੱਚ ਏ.ਐਸ.ਆਈ. ਅਤੇ ਹੋਮਗਾਰਡ ਜਵਾਨ ਦੀ ਮੌਤ ਮਾਮਲੇ ਵਿਚ ਵੱਡਾ ਐਕਸ਼ਨ ਲੈਂਦੇ ਹੋਏ ਪੁਲਿਸ ਨੇ ਇੱਕ ਸ਼ੱਕੀ ਮੁਲਜ਼ਮ ਦਾ ਐਨਕਾਊਂਟਰ ਕਰ ਦਿੱਤਾ। ਇਹ ਮੁਠਭੇੜ ਪੁਰਾਣਾ ਸ਼ਾਲਾ ਇਲਾਕੇ ਵਿਚ ਹੋਈ। ਮਰਨ ਵਾਲੇ ਮੁਲਜ਼ਮ ਦੀ ਪਛਾਣ ਰਣਜੀਤ ਸਿੰਘ ਵਜੋਂ ਹੋਈ ਹੈ। ਮੁਠਭੇੜ ਦੌਰਾਨ ਇੱਕ ਸੀ.ਆਈ.ਏ. ਸਟਾਫ਼ ਇੰਚਾਰਜ ਦੀ ਬਾਂਹ ਵਿੱਚ ਗੋਲੀ ਲੱਗੀ ਹੈ। ਮਾਮਲੇ ਵਿੱਚ ਡੀ.ਆਈ.ਜੀ. ਬਾਰਡਰ ਰੇਂਜ ਸੰਦੀਪ ਗੋਇਲ ਵੱਲੋਂ ਵੱਡੇ ਖੁਲਾਸੇ ਕੀਤੇ ਗਏ ਹਨ। ਡੀ.ਆਈ.ਜੀ. ਬਾਰਡਰ ਰੇਂਜ ਨੇ ਦੱਸਿਆ ਕਿ ਪੁਲਿਸ ਮੁਲਾਜ਼ਮਾਂ ਦੀ ਮੌਤ ਮਾਮਲੇ ਵਿੱਚ 3 ਮੁਲਜ਼ਮਾਂ ਦੀ ਸ਼ਨਾਖਤ ਕੀਤੀ ਗਈ ਸੀ।ਪੁਲਿਸ ਨੇ ਮੁਲਜ਼ਮ ਰਣਜੀਤ ਸਿੰਘ ਤੇ (ਬਾਕੀ ਸਫ਼ਾ 2 'ਤੇ)

## ਭਾਰਤ ਅਤੇ ਖਾੜੀ ਸਹਿਯੋਗ ਕੌਂਸਲ ਨੇ ਮੁਕਤ ਵਪਾਰ ਸਮਝੌਤੇ ਦੇ ਸਾਂਝੇ ਬਿਆਨ 'ਤੇ ਕੀਤੇ ਦਸਤਖ਼ਤ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ : ਭਾਰਤ ਅਤੇ ਖਾੜੀ ਸਹਿਯੋਗ ਕੌਂਸਲ (ਜੀ.ਸੀ.ਸੀ.) ਨੇ ਮੰਗਲਵਾਰ ਨੂੰ ਇੱਥੇ ਭਾਰਤ-ਜੀ.ਸੀ.ਸੀ. ਮੁਕਤ ਵਪਾਰ ਸਮਝੌਤੇ (ਐਫ਼ਟੀਏ) ਸਬੰਧੀ ਇੱਕ ਸਾਂਝੇ ਬਿਆਨ 'ਤੇ ਦਸਤਖ਼ਤ ਕੀਤੇ ਹਨ।

ਇਸ ਮੌਕੇ ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਇਸ ਨੂੰ ਦੋਵਾਂ ਧਿਰਾਂ ਵਿਚਕਾਰ ਰਿਸ਼ਤਿਆਂ ਦਾ ਇੱਕ ਮਹੱਤਵਪੂਰਨ ਪੜਾਅ ਦੱਸਦਿਆਂ ਕਿਹਾ ਕਿ ਸਾਂਝੇ ਇਤਿਹਾਸ ਅਤੇ ਸੱਭਿਆਚਾਰਕ ਸਾਂਝ 'ਤੇ ਟਿਕੇ ਇਨ੍ਹਾਂ ਸਬੰਧਾਂ ਨੂੰ ਇਸ ਸਮਝੌਤੇ ਨਾਲ ਹੋਰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ 'ਤੇ ਅਜਿਹਾ ਮਜ਼ਬੂਤ ਵਪਾਰਕ ਢਾਂਚਾ ਦੋਵਾਂ ਖੇਤਰਾਂ ਲਈ



ਲਾਹੇਵੰਦ ਸਾਬਤ ਹੋਵੇਗਾ।ਜ਼ਿਕਰਯੋਗ ਹੈ ਕਿ ਜੀ.ਸੀ.ਸੀ. ਭਾਰਤ ਦਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਸਮੂਹ ਹੈ, ਜਿਸ ਨਾਲ ਵਿੱਤੀ ਸਾਲ 2024-25 ਵਿੱਚ ਦੁਵੱਲਾ ਵਪਾਰ 178.56 ਅਰਬ ਡਾਲਰ ਤੱਕ ਪਹੁੰਚ ਗਿਆ ਹੈ। ਇਹ ਭਾਰਤ ਦੇ ਕੁੱਲ ਵਿਸ਼ਵ ਵਪਾਰ ਦਾ ਲਗਭਗ 15.42 ਫੀਸਦੀ ਹਿੱਸਾ ਬਣਦਾ ਹੈ। ਭਾਰਤ ਵੱਲੋਂ ਖਾੜੀ ਦੇਸ਼ਾਂ ਨੂੰ ਮੁੱਖ ਤੌਰ 'ਤੇ ਚੌਲ, ਇੰਜੀਨੀਅਰਿੰਗ ਦਾ ਸਾਮਾਨ, ਕੱਪੜੇ ਅਤੇ ਗਹਿਣੇ ਬਰਾਮਦ ਕੀਤੇ ਜਾਂਦੇ ਹਨ, ਜਦੋਂਕਿ ਉੱਥੋਂ ਕੱਚਾ ਤੇਲ, ਐਲ.ਐਨ.ਜੀ. ਅਤੇ ਪੈਟਰੋ ਕੈਮੀਕਲ ਮੰਗਵਾਏ ਜਾਂਦੇ ਹਨ।ਜੀ.ਸੀ.ਸੀ. ਦੇ ਸਕੱਤਰ ਜਨਰਲ ਅਲਬੁਦੈਵੀ ਨੇ ਕਿਹਾ ਕਿ ਇਸ ਸਮਝੌਤੇ ਨਾਲ ਕਾਰੋਬਾਰਾਂ ਵਿੱਚ ਭਰੋਸੇਯੋਗਤਾ ਵਧੇਗੀ ਅਤੇ ਨਿਵੇਸ਼ ਦੇ ਨਵੇਂ ਰਾਹ ਖੁੱਲ੍ਹਣਗੇ। ਮੰਨਿਆ ਜਾ ਰਿਹਾ ਹੈ ਕਿ ਇਸ ਨਾਲ ਭਾਰਤ ਵਿੱਚ ਵਿਦੇਸ਼ੀ ਸਿੱਧੇ ਨਿਵੇਸ਼ (ਐਫ.ਡੀ.ਆਈ.) ਵਿੱਚ ਵੀ ਵੱਡਾ ਵਾਧਾ ਹੋਵੇਗਾ।

### ਓਡੀਸ਼ਾ 'ਚ ਵਿਜੀਲੈਂਸ ਨੂੰ ਮਾਈਨਿੰਗ ਅਧਿਕਾਰੀ ਦੇ ਫਲੈਟ 'ਚੋਂ ਮਿਲੇ 4.27 ਕਰੋੜ

ਭੁਵਨੇਸ਼ਵਰ, 25 ਫਰਵਰੀ (ਚ.ਨ.ਸ.):ਓਡੀਸ਼ਾ ਵਿਜੀਲੈਂਸ ਨੇ ਅੱਜ ਕਟਕ ਸਰਕਲ ਦੇ ਡਿਪਟੀ ਡਾਇਰੈਕਟਰ (ਮਾਈਨਿੰਗ) ਦੇਬਬ੍ਰਤ ਮੋਹੰਤੀ ਦੇ ਘਰ ਤੋਂ 2.47 ਕਰੋੜ ਰੁਪਏ ਨਕਦ ਜ਼ਬਤ ਕੀਤੇ। ਮੋਹੰਤੀ ਨੂੰ ਲਾਇਸੈਂਸੀ ਕੋਲਾ ਵਪਾਰੀ ਤੋਂ ਰੁ. 30,000 ਦੀ ਰਿਸ਼ਵਤ ਲੈਂਦੇ ਹੋਏ ਫੜਿਆ ਗਿਆ। ਦੋਸ਼ ਹੈ ਕਿ ਉਹ ਕੋਲਾ ਡਿਪੂ ਨੂੰ ਬਿਨਾਂ ਰੁਕਾਵਟ ਚਲਾਉਣ ਤੇ ਕੰਮ ਆਸਾਨ ਕਰਨ ਦੇ ਬਦਲੇ ਰਿਸ਼ਵਤ ਲੈ ਰਿਹਾ ਸੀ। ਇਹ ਟ੍ਰੈਪ ਆਪ੍ਰੇਸ਼ਨ ਓਡੀਸ਼ਾ ਵਿਜੀਲੈਂਸ ਨੇ ਰਿਸ਼ਵਤ ਮੰਗਣ ਦੀ ਸ਼ਿਕਾਇਤ ਮਿਲਣ ਦੇ ਬਾਅਦ ਕੀਤਾ ਸੀ। ਗ੍ਰਿਫਤਾਰੀ ਮਗਰੋਂ ਵਿਜੀਲੈਂਸ ਦੀਆਂ ਟੀਮਾਂ ਨੇ ਮੋਹੰਤੀ ਤੇ ਉਨ੍ਹਾਂ ਦੇ ਕਰੀਬੀਆਂ ਦੇ ਕਈ ਟਿਕਾਣਿਆਂ 'ਤੇ ਛਾਪੇ ਮਾਰੇ। ਵਿਭਾਗ ਨੇ ਮਠਾਸਾਹੀ ਵਿਚ ਮੋਹੰਤੀ ਦੇ ਜੱਦੀ ਘਰ ਅਤੇ ਭੁਵਨੇਸ਼ਵਰ ਦੇ ਪਾਟੀਆ ਇਲਾਕੇ ਵਾਲੇ ਫਲੈਟ 'ਤੇ (ਬਾਕੀ ਸਫ਼ਾ 2 'ਤੇ)

## ਅਮਰੀਕਾ ਨੇ ਭਾਰਤੀ ਸੂਰਜੀ ਉਪਕਰਨਾਂ ਦੀ ਦਰਾਮਦ 'ਤੇ 126 ਫ਼ੀਸਦੀ ਮੁਢਲਾ ਟੈਕਸ ਲਗਾਇਆ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ :ਟਰੰਪ ਪ੍ਰਸ਼ਾਸਨ ਨੇ ਸੂਰਜੀ ਉਪਕਰਨਾਂ ਦੀ ਦਰਾਮਦ 'ਤੇ 146 ਫੀਸਦੀ ਤੱਕ ਮੁਢਲੇ ਟੈਕਸ ਲਗਾ ਦਿੱਤੇ ਹਨ। ਅਮਰੀਕੀ



ਵਣਜ ਵਿਭਾਗ ਵੱਲੋਂ ਜਾਰੀ ਇੱਕ ਤੱਥ-ਸ਼ੀਟ ਅਨੁਸਾਰ ਭਾਰਤ ਲਈ ਸਮੁੱਚੀ ਸਬਸਿਡੀ ਦਰਾਂ 126 ਫੀਸਦੀ, ਇੰਡੋਨੇਸ਼ੀਆ ਲਈ 104.38 ਫੀਸਦੀ ਅਤੇ ਲਾਓਸ ਲਈ 80.67 ਫੀਸਦੀ ਨਿਰਧਾਰਤ ਕੀਤੀਆਂ ਗਈਆਂ ਹਨ। ਇਹ ਕਦਮ, ਜਿਸ ਨਾਲ ਅਮਰੀਕੀ ਕੰਪਨੀਆਂ ਨੂੰ ਮਦਦ ਮਿਲਣ ਦੀ ਉਮੀਦ ਹੈ ਪਰ ਖਪਤਕਾਰਾਂ ਦੀਆਂ ਕੀਮਤਾਂ ਵਧ ਸਕਦੀਆਂ ਹਨ, ਅਮਰੀਕੀ ਸੂਰਜੀ ਨਿਰਮਾਤਾਵਾਂ ਦੇ ਇੱਕ ਸਮੂਹ ਦੁਆਰਾ ਪਿਛਲੇ ਸਾਲ ਇੱਕ ਪਟੀਸ਼ਨ ਦਾਇਰ ਕਰਨ ਤੋਂ ਬਾਅਦ ਸਾਹਮਣੇ ਆਇਆ ਹੈ। ਪਟੀਸ਼ਨ ਵਿੱਚ ਗੈਰ-ਵਾਜਬ ਵਪਾਰਕ ਦਰਾਮਦ ਤੋਂ ਰਾਹਤ ਦੀ ਮੰਗ ਕੀਤੀ ਸੀ।

ਅਮਰੀਕਾ ਦਾ ਤਰਕ ਹੈ ਕਿ ਇਹ ਸਬਸਿਡੀਆਂ ਵਿਦੇਸ਼ੀ ਕੰਪਨੀਆਂ ਨੂੰ ਆਪਣੀ ਉਤਪਾਦਨ ਲਾਗਤ ਤੋਂ ਘੱਟ ਕੀਮਤਾਂ 'ਤੇ ਅਮਰੀਕੀ ਬਾਜ਼ਾਰ ਵਿੱਚ ਬਰਾਮਦ ਵੇਚਣ ਦੇ ਯੋਗ ਬਣਾ ਕੇ ਘਰੇਲੂ ਉਤਪਾਦਕਾਂ ਨੂੰ ਨੁਕਸਾਨ ਪਹੁੰਚਾਉਂਦੀਆਂ ਹਨ। ਅਮਰੀਕਾ ਨੇ 2025 ਦੀ ਪਹਿਲੀ ਛਿਮਾਹੀ ਵਿੱਚ ਭਾਰਤ, ਇੰਡੋਨੇਸ਼ੀਆ ਅਤੇ ਲਾਓਸ ਤੋਂ ਆਪਣੇ (ਬਾਕੀ ਸਫ਼ਾ 2 'ਤੇ)

## ਕੇਰਲਾ ਮਗਰੋਂ ਹੁਣ ਦਿੱਲੀ ਦਾ ਨਾਮ ਬਦਲਣ ਦੀ ਉੱਠੀ ਮੰਗ, ਗ੍ਰਹਿ ਮੰਤਰੀ ਕੋਲ ਪੁੱਜਾ ਮੁੱਦਾ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ : ਦਿੱਲੀ ਦੇ ਚਾਂਦਨੀ ਚੌਕ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੰਸਦ ਮੈਂਬਰ ਪ੍ਰਵੀਨ ਖੰਡੇਲਵਾਲ ਨੇ ਕੇਂਦਰ ਸਰਕਾਰ ਨੂੰ ਰਾਸ਼ਟਰੀ ਰਾਜਧਾਨੀ ਦਿੱਲੀ ਦਾ ਨਾਂ ਬਦਲ ਕੇ 'ਇੰਦਰਪ੍ਰਸਥ' ਕਰਨ 'ਤੇ ਵਿਚਾਰ ਕਰਨ ਦੀ ਅਪੀਲ ਕੀਤੀ ਹੈ। ਖੰਡੇਲਵਾਲ ਅਨੁਸਾਰ, ਦਿੱਲੀ ਦਾ ਨਾਂ ਬਦਲਣਾ ਦੇਸ਼ ਦੀ ਰਾਜਧਾਨੀ ਦੀ ਇਤਿਹਾਸਕ ਅਤੇ ਸਭਿਅਤਾ ਵਾਲੀ ਪਛਾਣ ਨੂੰ ਮੁੜ ਸਥਾਪਿਤ ਕਰਨ ਲਈ ਬਹੁਤ ਜ਼ਰੂਰੀ ਹੈ। ਸੰਸਦ ਮੈਂਬਰ ਨੇ ਮੰਗ ਕੀਤੀ ਹੈ ਕਿ ਦਿੱਲੀ ਦੀ ਪ੍ਰਾਚੀਨ ਸੱਭਿਆਚਾਰਕ ਅਤੇ ਇਤਿਹਾਸਕ ਪਛਾਣ ਨੂੰ ਮੁੜ ਸੁਰਜੀਤ ਕਰਨ ਲਈ ਪੁਰਾਣਾ ਕਿਲ੍ਹਾ 'ਚ ਪਾਂਡਵਾਂ ਦੀਆਂ




ਮੂਰਤੀਆਂ ਸਥਾਪਿਤ ਕੀਤੀਆਂ ਜਾਣ। ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲਿਖੇ ਪੱਤਰ 'ਚ ਉਨ੍ਹਾਂ ਕਿਹਾ ਕਿ ਭਾਰਤ ਵਿਸ਼ਵ ਦੀਆਂ ਸਭ ਤੋਂ ਪੁਰਾਣੀਆਂ ਜਿਉਂਦੀਆਂ ਸਭਿਅਤਾਵਾਂ 'ਚੋਂ ਇਕ ਹੈ ਅਤੇ ਇਸ ਦੀ ਰਾਜਧਾਨੀ ਦਾ ਨਾਮ ਵੀ ਇਸ ਦੇ ਡੂੰਘੇ ਇਤਿਹਾਸਕ ਅਤੇ ਸੱਭਿਆਚਾਰਕ ਮੁੱਲਾਂ ਨੂੰ ਦਰਸਾਉਣ ਵਾਲਾ ਹੋਣਾ ਚਾਹੀਦਾ ਹੈ। ਇਤਿਹਾਸਕ ਸਾਹਿਤ ਅਤੇ ਪੁਰਾਤੱਤਵ ਸਬੂਤ ਇਹ ਸਾਬਤ ਕਰਦੇ ਹਨ ਕਿ ਮੌਜੂਦਾ ਦਿੱਲੀ ਹੀ ਪ੍ਰਾਚੀਨ ਇੰਦਰਪ੍ਰਸਥ ਦਾ ਸਥਾਨ ਹੈ, ਜੋ ਕਿ ਮਹਾਭਾਰਤ ਦੇ ਮਹਾਂਕਾਵਿ ਅਨੁਸਾਰ ਪਾਂਡਵਾਂ ਦੁਆਰਾ ਸਥਾਪਿਤ ਕੀਤੀ ਗਈ ਸ਼ਾਨਦਾਰ ਰਾਜਧਾਨੀ ਸੀ। ਮਹਾਭਾਰਤ 'ਚ ਵਰਣਿਤ ਯਮੁਨਾ ਨਦੀ ਦੇ ਕੰਢੇ ਵਸਿਆ ਇੰਦਰਪ੍ਰਸਥ ਸ਼ਹਿਰ ਅੱਜ ਦੀ ਦਿੱਲੀ ਦੇ ਭੂਗੋਲਿਕ ਸਰੂਪ ਨਾਲ ਪੂਰੀ ਤਰ੍ਹਾਂ ਮੇਲ ਖਾਂਦਾ ਹੈ। ਉਨ੍ਹਾਂ ਤਰਕ ਦਿੱਤਾ ਕਿ 'ਦਿੱਲੀ' ਨਾਮ ਬਾਅਦ ਦੇ ਮੱਧਕਾਲੀ ਦੌਰ 'ਚ ਪ੍ਰਚਲਿਤ ਹੋਇਆ, ਜਿਸ ਨੂੰ ਇਤਿਹਾਸਕਾਰ 'ਢਿੱਲਿਕਾ' ਜਾਂ 'ਦੇਹਲੀ' ਵਰਗੇ ਨਾਵਾਂ ਨਾਲ ਜੋੜਦੇ ਹਨ, ਪਰ ਇਹ ਸ਼ਹਿਰ ਦੀ ਅਸਲ ਅਤੇ ਪ੍ਰਾਚੀਨ ਸਭਿਅਤਾ ਦੀ ਪਛਾਣ ਨਹੀਂ ਹੈ। ਉਨ੍ਹਾਂ ਕਿਹਾ ਕਿ ਰਾਜਧਾਨੀ ਦਾ ਨਾਂ ਇੰਦਰਪ੍ਰਸਥ (ਬਾਕੀ ਸਫ਼ਾ 2 'ਤੇ)

## ਕੇਂਦਰ ਨੇ ਇੱਕ ਅਪ੍ਰੈਲ ਤੋਂ ਘੱਟੋ-ਘੱਟ 95 ਰੌਨ ਵਾਲੇ ਈ20 ਪੈਟਰੋਲ ਦੀ ਵਿਕਰੀ ਕੀਤੀ ਲਾਜ਼ਮੀ

### ਇੰਜਣ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਣ ਲਈ ਸਹਾਇਕ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 25 ਫਰਵਰੀ : ਸਰਕਾਰ ਨੇ ਇਕ ਅਪ੍ਰੈਲ 2026 ਤੋਂ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ 20 ਫ਼ੀ ਸਦੀ ਤਕ ਇਥੇਨੋਲ ਮਿਸ਼ਰਣ ਅਤੇ ਘੱਟੋ-ਘੱਟ 95




ਰਿਸਰਚ ਆਕਟੇਨ ਨੰਬਰ (ਰੌਨ) ਵਾਲੇ ਪੈਟਰੋਲ ਦੀ ਵਿਕਰੀ ਲਾਜ਼ਮੀ ਕਰ ਦਿੱਤੀ ਹੈ। ਪੈਟਰੋਲੀਅਮ ਮੰਤਰਾਲੇ ਨੇ 17 ਫ਼ਰਵਰੀ ਦੇ ਇੱਕ ਨੋਟੀਫਿਕੇਸ਼ਨ 'ਚ ਕਿਹਾ,"ਕੇਂਦਰ ਸਰਕਾਰ ਹੁਕਮ ਦਿੰਦੀ ਹੈ ਕਿ ਪੈਟਰੋਲੀਅਮ ਕੰਪਨੀਆਂ ਸੂਬਿਆਂ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ 'ਚ ਭਾਰਤੀ ਮਾਨਕ ਬਿਊਰੋ ਦੇ ਹੁਕਮਾਂ ਅਨੁਸਾਰ 20 ਫ਼ੀਸਦੀ ਤਕ ਇਥੇਨੋਲ ਨਾਲ ਮਿਸ਼ਰਿਤ ਮੋਟਰ ਸਪਿਰਿਟ (ਪੈਟਰੋਲ) ਦੀ ਵਿਕਰੀ ਕਰੇਗੀ, ਜਿਸ ਦਾ ਘੱਟੋ-ਘੱਟ ਰਿਸਰਚ ਆਕਟੇਨ ਨੰਬਰ (ਰੌਨ) 95 ਹੋਵੇਗਾ।" ਕੇਂਦਰ ਸਰਕਾਰ ਵਿਸ਼ੇਸ਼ ਹਾਲਾਤ 'ਚ ਵਿਸ਼ੇਸ਼ ਖੇਤਰਾਂ ਲਈ ਅਤੇ ਸੀਮਤ ਸਮੇਂ ਲਈ ਛੋਟ ਦੇ ਸਕਦੀ ਹੈ। ਇਥੇਨੋਲ ਗੰਨੇ, ਮੱਕੀ ਜਾਂ ਅਨਾਜ ਤੋਂ ਬਣਾਇਆ ਜਾਂਦਾ ਹੈ। ਸਰਕਾਰ ਨੇ ਤੇਲ ਆਯਾਤ 'ਚ ਕਟੌਤੀ ਕਰਨ ਅਤੇ ਉਤਸਰਜਨ ਨੂੰ ਘੱਟ ਕਰਨ ਲਈ ਪੈਟਰੋਲ 'ਚ ਇਥੇਨੋਲ ਮਿਸ਼ਰਣ ਨੂੰ (ਬਾਕੀ ਸਫ਼ਾ 2 'ਤੇ)

## ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਪੰਜ

ਦੀ ਧਾਰਾ 292 ਅਤੇ ਔਰਤਾਂ ਦੇ ਅਣ-ਉਚਿਤ ਚਿੱਤਰਣ ਨਾਲ ਸੰਬੰਧਿਤ ਕਾਨੂੰਨਾਂ ਦੀ ਉਲੰਘਣਾ ਕਰਦੀ ਪਾਈ ਗਈ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਸਰਕਾਰ ਨੇ ਓ.ਟੀ.ਟੀ. ਪਲੇਟਫਾਰਮਾਂ ਨੂੰ ਬਲਾਕ ਕੀਤਾ ਹੈ। ਪਿਛਲੇ ਸਾਲ ਜੁਲਾਈ ਵਿਚ ਵੀ 25 ਪਲੇਟਫਾਰਮਾਂ 'ਤੇ ਪਾਬੰਦੀ ਲਗਾਈ ਗਈ ਸੀ।

## ਪਾਕਿਸਤਾਨ ਦੀ ਸ਼ਹਿ ਪ੍ਰਾਪਤ

ਮੁੱਖ ਮੰਤਰੀ ਨੇ ਕਿਹਾ ਕਿ ਮਾਰਚ, 2022 ਤੋਂ ਲੈ ਕੇ ਹੁਣ ਤੱਕ 12,010 ਤੋਂ ਵੱਧ ਪੁਲਿਸ ਜਵਾਨ ਨਿਯੁਕਤ ਕੀਤੇ ਗਏ ਹਨ, ਵਿਗਿਆਨਕ ਲੀਹਾਂ 'ਤੇ ਫੋਰਸ ਨੂੰ ਅਪਗ੍ਰੇਡ ਕਰਨ ਲਈ 1100 ਕਰੋੜ ਰੁਪਏ ਰੱਖੇ ਗਏ ਹਨ ਅਤੇ ਸਾਈਬਰ ਅਪਰਾਧ, ਅੱਤਵਾਦ ਅਤੇ ਨਸ਼ਿਆਂ ਦਾ ਟਾਕਰਾ ਕਰਨ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ, ਵਿਸੇਸ ਤਕਨੀਕੀ ਯੂਨਿਟ ਅਤੇ ਮਜਬੂਤ ਐਂਟੀ-ਨਾਰਕੋਟਿਕਸ ਟਾਸਕ ਫੋਰਸ ਸਮੇਤ ਅਤਿ-ਆਧੁਨਿਕ ਕਦਮ ਚੁੱਕੇ ਜਾ ਰਹੇ ਹਨ।'ਯੁੱਧ ਨਸੇ ਵਿਰੁੱਧ' ਮੁਹਿੰਮ ਤਹਿਤ 50,238 ਗ੍ਰਿਫਤਾਰੀਆਂ ਅਤੇ ਸੜਕ ਸੁਰੱਖਿਆ ਫੋਰਸ ਵੱਲੋਂ ਬਚਾਈਆਂ ਗਈਆਂ 46,399 ਜ਼ਿੰਦਗੀਆਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਰਿਕਾਰਡ ਭਰਤੀ, ਤੇਜੀ ਨਾਲ ਤਕਨੀਕੀ ਅਪਗ੍ਰੇਡੇਸਨ ਅਤੇ ਅਪਰਾਧ ਵਿਰੁੱਧ ਬੇਮਿਸਾਲ ਕਾਰਵਾਈ ਹੋ ਰਹੀ ਹੈ, ਜੋ ਕਿ ਪੰਜਾਬ ਵਿੱਚ ਅਮਨ-ਸਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਦ੍ਰਿੜ੍ਹ ਸੰਕਲਪ ਦੀ ਗਵਾਹੀ ਭਰਦੀ ਹੈ।

'ਐਕਸ' 'ਤੇ ਸਮਾਰੋਹ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਜਲੰਧਰ ਵਿੱਚ ਪੰਜਾਬ ਪੁਲਿਸ ਦੀ ਵੱਕਾਰੀ ਪਾਸਿੰਗ-ਆਊਟ ਪਰੇਡ ਵਿੱਚ ਸਾਮਲ ਹੋਣਾ ਮਾਣ-ਸਨਮਾਨ ਦੀ ਗੱਲ ਸੀ। ਕੁੱਲ 2,577 ਨਵੇਂ, ਬਹੁਤ ਪ੍ਰੇਰਨਾਦਾਇਕ ਅਫਸਰ ਅਧਿਕਾਰਤ ਤੌਰ 'ਤੇ ਪੰਜਾਬ ਪੁਲਿਸ ਦੇ ਪਰਿਵਾਰ ਵਿੱਚ ਸਾਮਲ ਹੋਏ ਹਨ, ਇਨ੍ਹਾਂ ਸਾਰਿਆਂ ਨੂੰ ਵਧਾਈਆਂ। ਸਾਡੀ ਸਰਕਾਰ ਦੀ ਅਗਵਾਈ ਹੇਠ 12,000 ਤੋਂ ਵੱਧ ਜਵਾਨਾਂ ਦੀ ਪੁਲਿਸ ਵਿੱਚ ਭਰਤੀ ਦਾ ਰਿਕਾਰਡ ਕਾਇਮ ਕੀਤਾ ਗਿਆ ਹੈ, ਉੱਚ-ਤਕਨੀਕੀ ਯੂਨਿਟਾਂ ਸਥਾਪਤ ਕੀਤੀਆਂ ਗਈਆਂ ਹਨ ਅਤੇ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਖਤ ਮੁਹਿੰਮ ਜਾਰੀ ਹੈ। ਅਸੀਂ ਪੰਜਾਬ ਦੀ ਸੁਰੱਖਿਆ ਅਤੇ ਸਾਂਤੀ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਜੈ ਹਿੰਦ।"

ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਹੁਦਾ ਸੰਭਾਲਣ ਤੋਂ ਬਾਅਦ, ਮੈਂ ਪੰਜਾਬ ਪੁਲਿਸ ਨੂੰ ਵਿਗਿਆਨਕ ਲੀਹਾਂ 'ਤੇ ਅਪਗ੍ਰੇਡ ਕਰਨ 'ਤੇ ਵਿਸੇਸ ਜੋਰ ਦਿੱਤਾ ਅਤੇ ਇਸ ਮਕਸਦ ਲਈ 1,100 ਕਰੋੜ ਰੁਪਏ ਰੱਖੇ ਗਏ ਹਨ।" ਉਨ੍ਹਾਂ ਅੱਗੇ ਕਿਹਾ, "ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਪੁਲਿਸ ਨੂੰ ਹਰੇਕ ਤਰ੍ਹਾਂ ਦੀ ਚੁਣੌਤੀ ਦਾ ਮੁਕਾਬਲਾ ਕਰਨ ਅਤੇ ਦੇਸ ਦੀ ਏਕਤਾ, ਅਖੰਡਤਾ ਤੇ ਪ੍ਰਭੂਸੱਤਾ ਨੂੰ ਕਾਇਮ ਰੱਖਣ ਲਈ ਆਧੁਨਿਕ ਲੀਹਾਂ 'ਤੇ ਲੈਸ ਕੀਤਾ ਗਿਆ ਹੈ।"

ਪੰਜਾਬ ਦੀਆਂ ਚੁਣੌਤੀਆਂ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਇਕ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਪੁਲਿਸ ਆਪਣੀ ਡਿਊਟੀ ਨੂੰ ਮੁਸਤੈਦੀ ਨਾਲ ਨਾਲ ਨਿਭਾਅ ਰਹੀ ਹੈ।"

ਸਮਾਰੋਹ ਵਿੱਚ ਸਾਮਲ ਹੋਣ 'ਤੇ ਆਪਣੀ ਖੁਸੀ ਜਾਹਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਪਾਸਿੰਗ ਆਊਟ ਪਰੇਡ ਲਈ ਪੰਜਾਬ ਆਰਮਡ ਪੁਲਿਸ ਕੈਂਪਸ ਵਿੱਚ ਆ ਕੇ ਬਹੁਤ ਖੁਸ ਹਾਂ।" ਉਨ੍ਹਾਂ ਅੱਗੇ ਕਿਹਾ, "ਅੱਜ ਦੀ ਪਾਸਿੰਗ ਆਊਟ ਪਰੇਡ ਵਿੱਚ ਪੰਜਾਬ ਪੁਲਿਸ ਦੇ ਵੱਖ-ਵੱਖ ਕਾਡਰਾਂ ਦੇ ਕੁੱਲ 2,577 ਜਵਾਨ ਅਤੇ ਅਧਿਕਾਰੀ ਹਿੱਸਾ ਲੈ ਰਹੇ ਹਨ। ਇਹ ਪਰੇਡ ਉਨ੍ਹਾਂ ਦੀ ਮੁੱਢਲੀ ਸਿਖਲਾਈ ਦੇ ਮੁਕੰਮਲ ਹੋ ਜਾਣ ਨੂੰ ਦਰਸਾਉਂਦੀ ਹੈ ਅਤੇ ਇਨ੍ਹਾਂ ਸਾਰੇ ਪੁਲਿਸ ਕਰਮਚਾਰੀਆਂ ਨੂੰ ਡਿਊਟੀ ਲਈ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਜਾਵੇਗਾ।"

ਪੁਲਿਸ ਟ੍ਰੇਨਿੰਗ ਸੈਂਟਰਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਵੱਖ-ਵੱਖ ਕੋਰਸਾਂ ਦੇ ਇਨ੍ਹਾਂ ਨਵੇਂ ਭਰਤੀ ਹੋਏ ਪੁਲਿਸ ਜਵਾਨਾਂ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ, ਫਿਲੌਰ, ਪੁਲਿਸ ਰਿਕਰੂਟ ਟ੍ਰੇਨਿੰਗ ਸੈਂਟਰ, ਜਹਾਨ ਖੇਲਾਂ (ਹੁਸ਼ਿਆਰਪੁਰ) ਅਤੇ ਇਨ-ਸਰਵਿਸ ਟ੍ਰੇਨਿੰਗ ਸੈਂਟਰ, ਕਪੂਰਥਲਾ ਵਿੱਚ ਸਿਖਲਾਈ ਪ੍ਰਾਪਤ ਕੀਤੀ ਹੈ।"

ਉਨ੍ਹਾਂ ਅੱਗੇ ਕਿਹਾ, "ਮਾਰਚ, 2022 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਨੇ ਵੱਖ-ਵੱਖ ਕਾਡਰਾਂ ਅਤੇ ਰੈਂਕਾਂ ਦੇ 12,010 ਤੋਂ ਵੱਧ ਪੁਲਿਸ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਹਨ। ਇਨ੍ਹਾਂ ਵਿੱਚ 1,062 ਸਬ-ਇੰਸਪੈਕਟਰ, 450 ਹੈੱਡ ਕਾਂਸਟੇਬਲ, 10,098 ਕਾਂਸਟੇਬਲ ਅਤੇ 400 ਸਿਵਲੀਅਨ ਸਟਾਫ ਸ਼ਾਮਲ ਹੈ, ਜਿਨ੍ਹਾਂ ਨੇ ਵੱਖ-ਵੱਖ ਪੰਜਾਬ ਪੁਲਿਸ ਸਿਖਲਾਈ ਕੇਂਦਰਾਂ ਵਿੱਚ ਸਿਖਲਾਈ ਪ੍ਰਾਪਤ ਕੀਤੀ ਹੈ।"

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਸਰਕਾਰ ਅਧੀਨ ਭਰਤੀ ਪ੍ਰਕਿਰਿਆ ਨਿਰੰਤਰ ਜਾਰੀ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਦੋਂ ਤੋਂ ਸਾਡੀ ਸਰਕਾਰ ਸੱਤਾ ਵਿੱਚ ਆਈ ਹੈ, ਪੰਜਾਬ ਪੁਲਿਸ ਭਰਤੀ ਪ੍ਰਕਿਰਿਆ ਹਰ ਸਾਲ ਜਾਰੀ ਰਹੀ ਹੈ। ਇਸੇ ਲੜੀ ਤਹਿਤ ਸਾਲ 2025 ਤੋਂ 1,900 ਤੋਂ ਵੱਧ ਭਰਤੀ ਕੀਤੇ ਜਵਾਨਾਂ ਲਈ ਮੁੱਢਲੀ ਸਿਖਲਾਈ ਮਾਰਚ, 2026 ਵਿੱਚ ਸੁਰੂ ਹੋ ਗਈ। ਇਸੇ ਤਰ੍ਹਾਂ 1,746 ਕਾਂਸਟੇਬਲਾਂ ਦੀ ਭਰਤੀ ਪ੍ਰਕਿਰਿਆ ਲਗਭਗ ਪੂਰੀ ਹੋ ਗਈ ਹੈ ਅਤੇ ਉਨ੍ਹਾਂ ਨੂੰ ਛੇਤੀ ਹੀ ਨਿਯੁਕਤੀ ਪੱਤਰ ਜਾਰੀ ਕੀਤੇ ਜਾਣਗੇ।" ਉਨ੍ਹਾਂ ਅੱਗੇ ਕਿਹਾ, "ਸਾਲ 2026 ਵਿੱਚ ਕੀਤੀ ਜਾਣ ਵਾਲੀ 3,400 ਪੁਲਿਸ ਜਵਾਨਾਂ ਦੀ ਭਰਤੀ ਪ੍ਰਕਿਰਿਆ ਛੇਤੀ ਹੀ ਸੁਰੂ ਹੋਵੇਗੀ।"

ਤਕਨੀਕੀ ਅਪਗ੍ਰੇਡੇਸਨ 'ਤੇ ਜੋਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਪੰਜਾਬ ਪੁਲਿਸ ਨੂੰ ਤਕਨੀਕੀ ਤੌਰ 'ਤੇ ਲੈਸ ਕਰਨ ਅਤੇ ਹੋਰ ਸਮਰੱਥਵਾਨ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ, ਦੇਸ ਦਾ ਪਹਿਲਾ ਸੂਬਾ ਹੈ ਜਿਸ ਨੇ ਤਕਨੀਕੀ ਮੁਹਾਰਤ ਵਿੱਚ ਨਿਪੁੰਨ 182 ਸਬ-ਇੰਸਪੈਕਟਰਾਂ ਦੀ ਭਰਤੀ ਕੀਤੀ ਹੈ ਜਿਸ ਵਿੱਚ 112 ਤਕਨੀਕੀ ਮਾਹਿਰ, 11 ਫੋਰੈਂਸਿਕ ਮਾਹਿਰ, ਐਚ.ਆਰ. ਮੈਨੇਜਰ ਅਤੇ 30 ਕੌਂਸਲਰ ਅਤੇ ਤਕਨੀਕੀ ਖੇਤਰਾਂ ਵਿੱਚ ਮੁਹਾਰਤ ਵਾਲੇ 1,547 ਕਾਂਸਟੇਬਲ ਸਾਮਲ ਹਨ।" ਉਨ੍ਹਾਂ ਕਿਹਾ, "ਇਸ ਭਰਤੀ ਦਾ ਮੁੱਖ ਉਦੇਸ ਆਪਣੇ ਤਕਨੀਕੀ ਸੇਵਾਵਾਂ ਵਿੰਗ ਰਾਹੀਂ ਸਾਈਬਰ ਅਪਰਾਧ, ਵਿੱਤੀ ਧੋਖਾਧੜੀ, ਗੈਂਗਸਟਰ, ਅੱਤਵਾਦ, ਨਸੀਲੇ ਪਦਾਰਥਾਂ ਅਤੇ ਇਸ ਤਰ੍ਹਾਂ ਦੇ ਅਪਰਾਧਾਂ ਦਾ ਮੁਕਾਬਲਾ ਕਰਨਾ ਹੈ।"

ਉਨ੍ਹਾਂ ਅੱਗੇ ਕਿਹਾ, "ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਅਧਿਕਾਰੀ ਬੀ.ਟੈਕ, ਐਮ.ਟੈੱਕ ਅਤੇ ਐਲ.ਐਲ.ਬੀ. ਵਰਗੀਆਂ ਯੋਗਤਾਵਾਂ ਰੱਖਦੇ ਹਨ।" ਵਿਸੇਸ ਭਰਤੀ ਬਾਰੇ ਵਿਸਥਾਰ ਵਿੱਚ ਦੱਸਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਪੁਲਿਸ ਦੇ ਬਿਊਰੋ ਆਫ ਇਨਵੈਸਟੀਗੇਸਨ ਵਿੰਗ ਨੇ 125 ਕਾਨੂੰਨੀ ਅਧਿਕਾਰੀ, 21 ਫੋਰੈਂਸਿਕ ਮਾਹਿਰ, 196 ਆਈ.ਟੀ. ਮਾਹਿਰ ਅਤੇ 77 ਵਿੱਤੀ ਮਾਹਿਰ ਭਰਤੀ ਕੀਤੇ ਹਨ ਜਿਨ੍ਹਾਂ ਨੇ ਸਿਖਲਾਈ ਪੂਰੀ ਕਰ ਲਈ ਹੈ ਅਤੇ ਵੱਖ-ਵੱਖ ਪੰਜਾਬ ਪੁਲਿਸ ਯੂਨਿਟਾਂ ਵਿੱਚ ਤਾਇਨਾਤ ਹੋ ਕੇ ਆਪਣੀਆਂ ਪੇਸ਼ੇਵਰ ਸੇਵਾਵਾਂ ਪ੍ਰਦਾਨ ਕਰ ਰਹੇ ਹਨ।"

ਸੜਕ ਸੁਰੱਖਿਆ ਫੋਰਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੜਕ ਹਾਦਸਿਆਂ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਸੜਕ ਸੁਰੱਖਿਆ ਫੋਰਸ ਦਾ ਗਠਨ ਕੀਤਾ ਹੈ, ਜੋ ਕਿ ਸੂਬਾ ਭਰ ਵਿੱਚ ਹਾਦਸੇ ਦੇ ਪੀੜਤਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਸੜਕ ਸੁਰੱਖਿਆ ਫੋਰਸ 146 ਨਵੇਂ ਵਾਹਨਾਂ ਅਤੇ ਆਧੁਨਿਕ ਉਪਕਰਨਾਂ ਨਾਲ ਲੈਸ ਹੈ, ਜਿਸ ਨਾਲ ਹੁਣ ਤੱਕ 46,399 ਜਾਨਾਂ ਬਚਾਈਆਂ ਗਈਆਂ ਹਨ ਅਤੇ ਜ਼ਖਮੀਆਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕੀਤੀ ਗਈ ਹੈ।" ਉਨ੍ਹਾਂ ਅੱਗੇ ਕਿਹਾ, "ਪੁਲਿਸਿੰਗ ਦੇ ਇਸ ਵਿਲੱਖਣ ਉਪਰਾਲੇ ਨੇ ਦੁਨੀਆ ਭਰ ਤੋਂ ਜੱਸ ਖੱਟਿਆ ਹੈ ਅਤੇ ਸੂਬਾ 6 ਮਿੰਟ 20 ਸਕਿੰਟ ਦੇ ਸਮੇਂ ਅੰਦਰ ਹਾਦਸੇ ਵਾਲੇ ਸਥਾਨ ਉਤੇ ਪਹੁੰਚ ਕੇ ਸਹਾਇਤਾ ਦੇਣ ਵਾਲਾ ਵਿਸੇਸ ਫੋਰਸ ਵਾਲਾ ਪਹਿਲਾ ਸੂਬਾ ਬਣ ਕੇ ਉੱਭਰਿਆ ਹੈ।" ਭਗਵੰਤ ਸਿੰਘ ਮਾਨ ਨੇ ਕਿਹਾ, "ਐਸ.ਐਸ.ਐਫ. ਨੂੰ ਹਰ 30 ਕਿਲੋਮੀਟਰ ਦੇ ਘੇਰੇ ਵਿੱਚ ਤਾਇਨਾਤ ਕੀਤਾ ਗਿਆ ਹੈ ਜਿਸ ਦੇ ਨਤੀਜੇ ਵਜੋਂ ਹਾਦਸਿਆਂ ਕਾਰਨ ਹੋਣ ਵਾਲੀਆਂ ਮੌਤਾਂ ਵਿੱਚ 48 ਫੀਸਦੀ ਦੀ ਕਮੀ ਆਈ ਹੈ, ਜਿਸ ਦੀ ਭਾਰਤ ਸਰਕਾਰ ਨੇ ਵੀ ਸ਼ਲਾਘਾ ਕੀਤੀ ਹੈ।"

'ਯੁੱਧ ਨਸੇ ਵਿਰੁੱਧ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਸ਼ਿਆਂ ਦੀ ਲਾਹਨਤ ਨੂੰ ਖਤਮ ਕਰਨ ਲਈ ਐਂਟੀ-ਨਾਰਕੋਟਿਕਸ ਟਾਸਕ ਫੋਰਸ ਨੂੰ ਆਧੁਨਿਕ ਅਤੇ ਅਪਗ੍ਰੇਡ ਕੀਤਾ ਗਿਆ ਹੈ, ਜਿਸ ਵਿੱਚ ਆਈ.ਟੀ. ਬੁਨਿਆਦੀ ਢਾਂਚਾ ਵੀ ਸਾਮਲ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਨੇ ਮਾਰਚ, 2025 ਵਿੱਚ 'ਯੁੱਧ ਨਸੇ ਵਿਰੁੱਧ' ਮੁਹਿੰਮ ਸੁਰੂ ਕੀਤੀ ਸੀ, ਜਿਸ ਦੇ ਤਹਿਤ 50,238 ਤੋਂ ਵੱਧ ਗ੍ਰਿਫਤਾਰੀਆਂ, 35,133 ਐਫ.ਆਈ.ਆਰ. ਅਤੇ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਹਨ, ਜਿਨ੍ਹਾਂ ਵਿੱਚ 2,230 ਕਿਲੋਗ੍ਰਾਮ ਹੈਰੋਇਨ, 668 ਕਿਲੋਗ੍ਰਾਮ ਅਫੀਮ ਅਤੇ 29 ਟਨ ਭੁੱਕੀ ਸ਼ਾਮਲ ਹੈ।" ਉਨ੍ਹਾਂ ਕਿਹਾ, "ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਗਈ ਹੈ ਅਤੇ ਆਮ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਹੁਣ ਨਸ਼ੀਲੇ ਪਦਾਰਥਾਂ ਦਾ ਖਾਤਮਾ ਕੀਤਾ ਜਾ ਰਿਹਾ ਹੈ।"

ਮੁੜ ਵਸੇਬੇ ਦੇ ਯਤਨਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਕਸਬਿਆਂ ਵਿੱਚ 'ਤੇ ਜਾਗਰੂਕਤਾ ਮੁਹਿੰਮਾਂ ਚਲਾਉਣ ਦੇ ਨਾਲ-ਨਾਲ ਨਸ਼ਾ ਛੁਡਾਊ ਕੇਂਦਰਾਂ ਨੂੰ ਮੁਫ਼ਤ ਸਲਾਹ ਸੇਵਾਵਾਂ ਅਤੇ ਦਵਾਈਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।"

ਪੁਲਿਸ ਫੋਰਸ ਦੀ ਭੂਮਿਕਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਪੁਲਿਸ ਨੇ ਹਮੇਸ਼ਾ ਦੇਸ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਅਤੇ ਸਰਹੱਦੀ ਸੂਬੇ ਪੰਜਾਬ ਵਿੱਚ ਸਾਂਤੀ ਬਣਾਈ ਰੱਖਣ ਲਈ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਹੈ।" ਉਨ੍ਹਾਂ ਅੱਗੇ ਕਿਹਾ, "ਸਾਡੇ ਪੁਲਿਸ ਮੁਲਾਜਮਾਂ ਦੀਆਂ ਕੁਰਬਾਨੀਆਂ ਕਾਰਨ ਪੰਜਾਬ ਵਿੱਚ ਸਾਂਤੀ ਬਰਕਰਾਰ ਹੋਈ ਹੈ।"

ਬਾਹਰੀ ਖਤਰਿਆਂ ਬਾਰੇ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇੱਕ ਸਰਹੱਦੀ ਸੂਬਾ ਹੋਣ ਦੇ ਨਾਤੇ, ਪੰਜਾਬ ਨੂੰ ਗੁਆਂਢੀ ਦੇਸਾਂ ਵੱਲੋਂ ਸਾਡੇ ਨੌਜਵਾਨਾਂ ਨੂੰ ਭਰਮਾਉਣ ਅਤੇ ਪੰਜਾਬ ਨੂੰ ਕਾਲੇ ਯੁੱਗ ਵਿੱਚ ਵਾਪਸ ਧੱਕਣ ਦੀਆਂ ਨਾਪਾਕ ਕੋਸ਼ਿਸ਼ਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਸਫਲ ਨਹੀਂ ਹੋਣ ਦਿੱਤਾ ਜਾਵੇਗਾ।"

ਉਨ੍ਹਾਂ ਆਸ ਪ੍ਰਗਟਾਈ ਕਿ "ਪੰਜਾਬ ਪੁਲਿਸ ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣ ਅਤੇ ਦੁਸਮਣ ਤਾਕਤਾਂ ਨੂੰ ਮੂੰਹ ਤੋੜਵਾਂ ਜਵਾਬ ਦੇਣ ਲਈ ਪੂਰੀ ਤਾਕਤ ਨਾਲ ਆਪਣਾ ਫਰਜ਼ ਨਿਭਾਉਂਦੀ ਰਹੇਗੀ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਪੁਲਿਸ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਸੂਬੇ ਅਤੇ ਦੇਸ਼ ਦੀ ਸੇਵਾ ਕਰਨ ਦੀ ਆਪਣੀ ਸ਼ਾਨਦਾਰ ਵਿਰਾਸਤ ਨੂੰ ਹਮੇਸ਼ਾ ਕਾਇਮ ਰੱਖੇਗੀ।"

ਹਾਲ ਹੀ ਦੀਆਂ ਘਟਨਾਵਾਂ ਦਾ ਹਵਾਲਾ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਦੋ ਪੁਲਿਸ ਕਰਮਚਾਰੀਆਂ ਨੂੰ ਸ਼ਹੀਦ ਕਰਨ ਦੇ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ ਹੈ ਅਤੇ ਪਾਕਿਸਤਾਨ ਦੀ ਸ਼ਹਿ ਪ੍ਰਾਪਤ ਤਾਕਤਾਂ ਨੇ ਅਜਿਹੀ ਘਿਨਾਉਣੀ ਕਾਰਵਾਈ ਰਾਹੀਂ ਪੁਲਿਸ ਫੋਰਸ ਦੇ ਮਨੋਬਲ ਨੂੰ ਸੱਟ ਮਾਰਨ ਦੀ ਕੋਸ਼ਿਸ਼ ਕੀਤੀ ਸੀ।"

ਉਨ੍ਹਾਂ ਅੱਗੇ ਕਿਹਾ, "ਇਹ ਨਾਪਾਕ ਤਾਕਤਾਂ ਭੁੱਲ ਗਈਆਂ ਸਨ ਕਿ ਬਹਾਦਰ ਪੰਜਾਬ ਪੁਲਿਸ ਫੋਰਸ ਸੂਬੇ ਵਿੱਚ ਅਸਥਿਰਤਾ ਪੈਦਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਨਹੀਂ ਬਖਸਦੀ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਪੁਲਿਸ ਬੜੀ ਘਾਲਣਾ ਘਾਲ ਕੇ ਹਾਸਲ ਕੀਤੀ ਸੂਬੇ ਦੀ ਸਾਂਤੀ ਨੂੰ ਸੁਰੱਖਿਅਤ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।"

ਸਿਖਲਾਈ ਢਾਂਚੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਅਤਿ-ਆਧੁਨਿਕ ਪੁਲਿਸ ਸਿਖਲਾਈ ਕੇਂਦਰ ਸਥਾਪਤ ਕੀਤੇ ਹਨ ਜਿਨ੍ਹਾਂ ਦਾ ਦੇਸ ਭਰ ਵਿੱਚ ਸਾਇਦ ਹੀ ਕੋਈ ਮੁਕਾਬਲਾ ਹੋਵੇ।" ਉਨ੍ਹਾਂ ਅੱਗੇ ਕਿਹਾ, "ਦੇਸ ਭਰ ਦੇ ਕਈ ਸੂਬੇ ਆਧੁਨਿਕ ਸਿਖਲਾਈ ਦੇਣ ਲਈ ਪੰਜਾਬ ਪੁਲਿਸ ਨਾਲ ਸੰਪਰਕ ਕਰਦੇ ਹਨ। ਨਾ ਸਿਰਫ ਦੇਸ ਭਰ ਤੋਂ, ਸਗੋਂ ਹੋਰ ਦੇਸਾਂ ਦੀਆਂ ਕਈ ਫੋਰਸਾਂ ਵੀ ਆਪਣੀ ਪੁਲਿਸ ਫੋਰਸ ਨੂੰ ਸਿਖਲਾਈ ਦੇਣ ਲਈ ਪੰਜਾਬ ਨਾਲ ਸੰਪਰਕ ਕਰਦੀਆਂ ਹਨ।"

ਆਧੁਨਿਕ ਤਕਨਾਲੋਜੀ ਦੀ ਵਰਤੋਂ ਬਾਰੇ ਗੱਲ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਨੇ ਪੰਜਾਬ ਪੁਲਿਸ ਦੀ ਕੁਸਲਤਾ ਵਧਾਉਣ ਲਈ ਆਰਟੀਫੀਸੀਅਲ ਇੰਟੈਲੀਜੈਂਸ ਦੀ ਤਕਨੀਕ ਪੇਸ ਕੀਤੀ ਹੈ ਤਾਂ ਜੋ ਇਸ ਨੂੰ ਦੇਸ ਦੀ ਮੋਹਰੀ ਫੋਰਸ ਬਣਾਇਆ ਜਾ ਸਕੇ।" ਉਨ੍ਹਾਂ ਅੱਗੇ ਕਿਹਾ, "ਇਹ ਪਹਿਲਕਦਮੀ ਸੂਬੇ ਵਿੱਚ ਪੁਲਿਸਿੰਗ ਨੂੰ ਹੋਰ ਬਿਹਤਰ ਬਣਾਉਣ ਅਤੇ ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣ ਵਿੱਚ ਬੇਹੱਦ ਅਹਿਮ ਭੂਮਿਕਾ ਨਿਭਾਏਗੀ।" ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪੁਲਿਸ ਫੋਰਸ ਨੂੰ ਬਿਹਤਰ ਅਭਿਆਸਾਂ ਨਾਲ ਲੈਸ ਕਰਨ ਅਤੇ ਵਿਗਿਆਨਕ ਢੰਗ ਨਾਲ ਇਸ ਨੂੰ ਵਿਕਸਤ ਕਰਨ ਵਿੱਚ ਇੱਕ ਮੀਲ ਪੱਥਰ ਵਜੋਂ ਕੰਮ ਕਰੇਗੀ।"

ਉਨ੍ਹਾਂ ਕਿਹਾ, "ਸਰਹੱਦੀ ਸੂਬਾ ਹੋਣ ਕਰਕੇ, ਸੂਬਾ ਵਿਰੋਧੀ ਤਾਕਤਾਂ ਪ੍ਰਾਪਤ ਕੀਤੀ ਪੰਜਾਬ ਦੀ ਸ਼ਾਂਤੀ ਨੂੰ ਭੰਗ ਕਰਨ ਲਈ ਨਾਪਾਕ ਮਨਸੂਬੇ ਘੜ ਰਹੀਆਂ ਹਨ, ਪਰ ਪੰਜਾਬ ਪੁਲਿਸ ਨੇ ਹਮੇਸਾ ਹੀ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਸੂਬੇ ਨੂੰ ਦਰਪੇਸ ਵੱਡੀਆਂ ਚੁਣੌਤੀਆਂ ਨੂੰ ਦੂਰ ਕਰਨ ਲਈ ਇਹ ਬੇਹੱਦ ਜਰੂਰੀ ਹੈ ਕਿ ਪੁਲਿਸ ਫੋਰਸ ਨੂੰ ਜਾਂਚ, ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਉੱਨਤ ਜਰੂਰਤਾਂ ਅਨੁਸਾਰ ਅਪਡੇਟ ਕੀਤਾ ਜਾਵੇ।" ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਪੰਜਾਬ ਪੁਲਿਸ ਪੂਰੀ ਪੇਸੇਵਾਰਾਨਾ ਢੰਗ ਨਾਲ ਲੋਕਾਂ ਦੀ ਸੇਵਾ ਕਰਨ ਦੀ ਆਪਣੀ ਸ਼ਾਨਦਾਰ ਵਿਰਾਸਤ ਨੂੰ ਹਮੇਸ਼ਾ ਬਰਕਰਾਰ ਰੱਖੇਗੀ।"

ਨਵ-ਨਿਯੁਕਤਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਤੁਹਾਡੇ ਲਈ ਇੱਕ ਯਾਦਗਾਰੀ ਪਲ ਹੈ, ਕਿਉਂਕਿ ਤੁਸੀਂ ਪੰਜਾਬ ਪੁਲਿਸ ਪਰਿਵਾਰ ਦਾ ਅਨਿੱਖੜਵਾਂ ਅੰਗ ਬਣ ਗਏ ਹੋ।" ਉਨ੍ਹਾਂ ਨੇ ਨਵ-ਨਿਯੁਕਤ ਜਵਾਨਾਂ ਨੂੰ ਆਪਣੀ ਡਿਊਟੀ ਪੂਰੀ ਲਗਨ, ਸਖਤ ਮਿਹਨਤ ਅਤੇ ਵਚਨਬੱਧਤਾ ਨਾਲ ਨਿਭਾਉਣ ਲਈ ਕਿਹਾ ਤਾਂ ਜੋ ਸੂਬੇ ਦੀ ਤਰੱਕੀ ਤੇ ਲੋਕਾਂ ਦੀ ਖੁਸਹਾਲੀ ਵਿੱਚ ਅਹਿਮ ਯੋਗਦਾਨ ਪਾਇਆ ਜਾ ਸਕੇ।" ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਪੁਲਿਸ ਮੁਲਾਜ਼ਮਾਂ ਨੂੰ ਆਮ ਲੋਕਾਂ ਦੀਆਂ ਮੁਸਕਲਾਂ ਨੂੰ ਘਟਾਉਣ ਅਤੇ ਉਨ੍ਹਾਂ ਨੂੰ ਇਨਸਾਫ ਦਿਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।"

ਇਸ ਤੋਂ ਪਹਿਲਾਂ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ ਅਤੇ ਨਵ-ਨਿਯੁਕਤ ਜਵਾਨਾਂ ਨੂੰ ਵਧਾਈ ਦਿੱਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਕੈਡਿਟਾਂ ਨੂੰ ਸਨਮਾਨਿਤ ਕੀਤਾ।

ਸਮਾਰੋਹ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰੇਡ ਦਾ ਵਿਆਪਕ ਨਿਰੀਖਣ ਕੀਤਾ, ਮਾਰਚਿੰਗ ਟੁਕੜੀਆਂ ਦਾ ਨੇੜਿਓਂ ਜਾਇਜਾ ਲਿਆ ਅਤੇ ਕਾਰਵਾਈ ਦੀ ਨਿਗਰਾਨੀ ਕਰ ਰਹੇ ਸੀਨੀਅਰ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਨਵ-ਨਿਯੁਕਤ ਪੁਲਿਸ ਜਵਾਨਾਂ ਵੱਲੋਂ ਦਿਖਾਏ ਗਏ ਅਨੁਸਾਸਨ, ਤਾਲਮੇਲ ਅਤੇ ਉੱਚ ਮਿਆਰਾਂ ਦੀ

# ਪਹਿਲੇ ਸਫ਼ੇ ਦੀ ਬਾਕੀ

ਸ਼ਲਾਘਾ ਕਰਦਿਆਂ ਰਸਮੀ ਸਲਾਮੀ ਲਈ। ਮੁੱਖ ਮੰਤਰੀ ਨੇ ਸਿਖਲਾਈ ਦੌਰਾਨ ਉਨ੍ਹਾਂ ਦੇ ਬੇਮਿਸਾਲ ਪ੍ਰਦਰਸਨ, ਸਮਰਪਣ ਅਤੇ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਬਿਹਤਰ ਪ੍ਰਦਰਸਨ ਕਰਨ ਵਾਲੇ ਸਿਖਿਆਰਥੀਆਂ ਅਤੇ ਕੈਡਿਟਾਂ ਨੂੰ ਪੁਰਸਕਾਰ ਅਤੇ ਪ੍ਰਸੰਸਾ ਪੱਤਰ ਵੀ ਵੰਡੇ। ਇਸ ਸਮਾਗਮ ਦੌਰਾਨ ਪੰਜਾਬ ਦੇ ਅਮੀਰ ਵਿਰਸੇ ਨੂੰ ਦਰਸਾਉਂਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ ਅਤੇ ਪਾਸਿੰਗ ਆਊਟ ਪਰੇਡ ਰਾਹੀਂ ਇਸ ਸਮਾਗਮ ਨੂੰ ਨਵ-ਨਿਯੁਕਤ ਪੁਲਿਸ ਜਵਾਨਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਸਮੁੱਚੀ ਪੰਜਾਬ ਪੁਲਿਸ ਲਈ ਮਾਣਮੱਤਾ ਅਤੇ ਯਾਦਗਾਰੀ ਪਲ ਬਣਾਇਆ ਗਿਆ।

## ਪੰਜਾਬ ਕੋਲ ਵਾਧੂ ਪਾਣੀ ਨਹੀਂ, ਸਾਡੇ ਲਈ

ਪਹੁੰਚਦਾ ਸੀ, ਜਦੋਂ ਕਿ ਅੱਜ ਇਹ 68 ਫੀਸਦੀ ਤੱਕ ਪਹੁੰਚ ਗਿਆ ਹੈ, ਜਿਸ ਨਾਲ ਸੂਬੇ ਭਰ ਵਿੱਚ ਸਿੰਚਾਈ ਵਿਵਸਥਾ ਵਿੱਚ ਕ੍ਰਾਂਤੀਕਾਰੀ ਸੁਧਾਰ ਹੋਇਆ ਹੈ। ਮੁੱਖ ਮੰਤਰੀ ਨੇ ਅੱਜ ਮੁੜ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤ ਸਭ ਤੋਂ ਉੱਪਰ ਹਨ ਅਤੇ ਕਿਸੇ ਹੋਰ ਸੂਬੇ ਨੂੰ ਪਾਣੀ ਦੀ ਇੱਕ ਬੂੰਦ ਵੀ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਨੇ ਪਾਣੀ ਦੂਜੇ ਸੂਬਿਆਂ ਨੂੰ ਦੇਣ ਲਈ ਸਮਝੌਤਿਆਂ 'ਤੇ ਦਸਤਖਤ ਕਰਕੇ ਪੰਜਾਬ ਨਾਲ ਗੱਦਾਰੀ ਕੀਤੀ ਹੈ। ਉਨ੍ਹਾਂ ਨੇ ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਜਿਸ ਪਾਰਟੀ ਨੂੰ ਕਮੇਟੀ ਬਣਾਉਣ ਲਈ 11 ਮੈਂਬਰ ਨਹੀਂ ਮਿਲ ਰਹੇ, ਉਹ ਪੰਜਾਬ ਵਿੱਚ 117 ਸੀਟਾਂ ਜਿੱਤਣ ਦਾ ਸੁਪਨਾ ਦੇਖ ਰਹੀ ਹੈ।

ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਪੰਜਾਬ ਦੇ ਲੋਕਾਂ ਲਈ ਖਾਸ ਕਰਕੇ ਮਾਲਵਾ ਖੇਤਰ ਲਈ ਇਤਿਹਾਸਕ ਅਤੇ ਖੁਸ਼ੀ ਭਰਿਆ ਦਿਨ ਹੈ। ਮਾਲਵਾ ਖੇਤਰ ਦੇ ਕਈ ਜ਼ਿਲ੍ਹਿਆਂ ਦੀ ਜੀਵਨ ਰੇਖਾ ਮੰਨੀ ਜਾਂਦੀ ਫਿਰੋਜ਼ਪੁਰ ਫੀਡਰ ਨਹਿਰ ਦੇ ਨਵੀਨੀਕਰਨ (ਰੀਲਾਈਨਿੰਗ) ਦੇ ਪਹਿਲੇ ਪੜਾਅ ਦਾ ਅੱਜ ਉਦਘਾਟਨ ਕੀਤਾ ਜਾ ਰਿਹਾ ਹੈ ਉਨ੍ਹਾਂ ਅੱਗੇ ਕਿਹਾ, ਨਵੀਨੀਕਰਨ ਨਾਲ ਇਹ ਨਹਿਰ ਮਨੁੱਖਾਂ, ਪਸ਼ੂਆਂ ਅਤੇ ਖੇਤੀਬਾੜੀ ਖੇਤਰ, ਸਭ ਦੀਆਂ ਪਾਣੀ ਦੀਆਂ ਲੋੜਾਂ ਨੂੰ ਪੂਰਾ ਕਰਕੇ ਵਰਦਾਨ ਸਾਬਤ ਹੋਵੇਗੀ।÷ ਮੁੱਖ ਮੰਤਰੀ ਨੇ ਕਿਹਾ, "ਪਹਿਲੇ ਪੜਾਅ 'ਤੇ 180 ਕਰੋੜ ਰੁਪਏ ਦਾ ਖਰਚਾ ਆਇਆ ਹੈ। ਮੈਂ ਇੰਜੀਨੀਅਰਾਂ, ਸਰਕਾਰੀ ਅਧਿਕਾਰੀਆਂ ਅਤੇ ਕਾਮਿਆਂ ਨੂੰ ਵਧਾਈ ਦਿੰਦਾ ਹਾਂ ਜਿਨ੍ਹਾਂ ਨੇ 35 ਦਿਨਾਂ ਦੇ ਅੰਦਰ 15 ਕਿਲੋਮੀਟਰ ਨਹਿਰ ਦੀ ਲਾਈਨਿੰਗ ਨੂੰ ਜੰਗੀ ਪੱਧਰ 'ਤੇ ਪੂਰਾ ਕੀਤਾ।"ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਲਈ ਕੁੱਲ 126 ਸਰਕਾਰੀ ਮੁਲਾਜ਼ਮ ਅਤੇ 4,000 ਕਾਮੇ ਤਾਇਨਾਤ ਕੀਤੇ ਗਏ ਸਨ। ਉਨ੍ਹਾਂ ਕਿਹਾ, "ਪਹਿਲੇ ਪੜਾਅ ਦੇ ਉਦਘਾਟਨ ਦੇ ਨਾਲ ਨਹਿਰ ਦੀ ਸਮਰੱਥਾ 2,681 ਕਿਊਸਿਕ ਵਧ ਗਈ ਹੈ। ਪਹਿਲਾਂ, ਨਹਿਰ ਦੀ ਸਮਰੱਥਾ 11,192 ਕਿਊਸਿਕ ਸੀ, ਜੋ ਹੁਣ ਵਧ ਕੇ 13,873 ਕਿਊਸਿਕ ਹੋ ਗਈ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਨਹਿਰ ਦੀ ਡੂੰਘਾਈ 18 ਫੁੱਟ ਤੋਂ ਵਧ ਕੇ 21 ਫੁੱਟ ਹੋ ਗਈ ਹੈ ਅਤੇ ਨਹਿਰ ਦੀ ਚੌੜਾਈ 163 ਫੁੱਟ ਤੋਂ ਵਧ ਕੇ 180 ਫੁੱਟ ਹੋ ਗਈ ਹੈ।"ਹਰੀਕੇ ਹੈੱਡਵਰਕਸ ਤੋਂ ਸ਼ੁਰੂ ਹੋਈ ਇਹ ਨਹਿਰ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਦੇ ਚਾਰ ਜ਼ਿਲ੍ਹਿਆਂ ਦੇ ਅਧੀਨ ਆਉਂਦੇ ਖੇਤਰਾਂ ਨੂੰ ਸਿੰਚਾਈ ਸਹੂਲਤਾਂ ਪ੍ਰਦਾਨ ਕਰਦੀ ਹੈ।"ਇਸ ਨਹਿਰ ਦੇ ਨਵੀਨੀਕਰਨ ਨਾਲ ਇਨ੍ਹਾਂ ਚਾਰ ਜ਼ਿਲ੍ਹਿਆਂ ਦੇ 14 ਬਲਾਕਾਂ ਗਿੱਦੜਬਾਹਾ, ਮਖੂ, ਮਮਦੋਟ, ਬੱਲੂਆਣਾ, ਜਲਾਲਾਬਾਦ, ਗੁਰੂ ਹਰ ਸਹਾਏ, ਅਰਨੀਵਾਲਾ, ਖੂਈਆਂ ਸਰਵਰ, ਲੰਬੀ, ਮਲੋਟ, ਫਾਜ਼ਿਲਕਾ, ਮੁਕਤਸਰ ਅਤੇ ਫਿਰੋਜ਼ਪੁਰ ਨੂੰ ਸਿੱਧਾ ਲਾਭ ਹੋਵੇਗਾ।"

ਮੁੱਖ ਮੰਤਰੀ ਨੇ ਕਿਹਾ, "ਇਸ ਨਹਿਰ ਦੀ ਰੀਲਾਈਨਿੰਗ ਨਾਲ 6,45,200 ਹੈਕਟੇਅਰ ਰਕਬੇ ਨੂੰ ਸਿੰਚਾਈ ਦਾ ਪਾਣੀ ਮਿਲੇਗਾ। ਹੁਣ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਸਰਹੱਦੀ ਖੇਤਰਾਂ ਖਾਸ ਕਰਕੇ ਫਾਜ਼ਿਲਕਾ ਅਤੇ ਜਲਾਲਾਬਾਦ ਨੂੰ ਫਿਰੋਜ਼ਪੁਰ ਫੀਡਰ ਰਾਹੀਂ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ।"ਉਨ੍ਹਾਂ ਦੱਸਿਆ ਕਿ ਪਹਿਲਾਂ ਹੁਸੈਨੀਵਾਲਾ ਹੈੱਡਵਰਕਸ ਤੋਂ ਫੀਡਰ ਰਾਹੀਂ ਪਾਕਿਸਤਾਨ ਨੂੰ ਪਾਣੀ ਜਾਂਦਾ ਹੈ ਅਤੇ ਦੂਸ਼ਿਤ ਪਾਣੀ ਪਾਕਿਸਤਾਨ ਦੇ ਕਸੂਰ ਸ਼ਹਿਰ ਨੇੜੇ ਵਗਦੇ ਸਤਲੁਜ ਦਰਿਆ ਵਿੱਚ ਛੱਡਿਆ ਜਾ ਰਿਹਾ ਹੈ, ਜੋ ਦੇਸ਼ ਵਿੱਚ ਦੁਬਾਰਾ ਦਾਖਲ ਹੁੰਦਾ ਹੈ। ਉਨ੍ਹਾਂ ਕਿਹਾ ਕਿ "ਸਰਹੱਦੀ ਪਿੰਡਾਂ ਨੂੰ ਦੂਸ਼ਿਤ ਪਾਣੀ ਮਿਲਦਾ ਹੈ ਪਰ ਹੁਣ ਧਰਤੀ ਹੇਠਲੇ ਪਾਣੀ ਨੂੰ ਵਧਾਉਣ ਅਤੇ ਪਿੰਡਾਂ ਨੂੰ ਸਾਫ਼ ਪਾਣੀ ਸਪਲਾਈ ਕਰਨ ਲਈ ਵਾਟਰ ਰੀਚਾਰਜ ਸਿਸਟਮ ਸ਼ੁਰੂ ਕੀਤਾ ਗਿਆ ਹੈ।"

ਪਾਣੀ ਦੀ ਵੰਡ ਸਬੰਧੀ ਆਪਣੇ ਸਟੈਂਡ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ ਅਤੇ ਕਿਸੇ ਨੂੰ ਵੀ ਸੂਬੇ ਤੋਂ ਇੱਕ ਬੂੰਦ ਵੀ ਪਾਣੀ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ, ਸਤਲੁਜ ਯਮੁਨਾ ਲਿੰਕ ਦੇ ਮੁੱਦੇ ਸਿਰਫ਼ ਯਮੁਨਾ ਸਤਲੁਜ ਲਿੰਕ ਰਾਹੀਂ ਹੀ ਹੱਲ ਕੀਤੇ ਜਾ ਸਕਦੇ ਹਨ, ਜੋ ਯਮੁਨਾ ਦੇ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਨੂੰ ਯਕੀਨੀ ਬਣਾਏਗਾ। ਪੰਜਾਬ ਕੋਲ ਕਿਸੇ ਵੀ ਸੂਬੇ ਨੂੰ ਦੇਣ ਲਈ ਕੋਈ ਵਾਧੂ ਪਾਣੀ ਨਹੀਂ ਹੈ ਅਤੇ ਪਾਣੀ ਦੇਣ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬੇ ਕੋਲ ਆਪਣਾ ਦਰਿਆਈ ਪਾਣੀ ਹੋਣ ਦੇ ਬਾਵਜੂਦ ਪੰਜਾਬ ਪਾਣੀ ਸਬੰਧੀ ਆਪਣੀਆਂ ਜ਼ਰੂਰਤਾਂ ਨੂੰ ਨਜ਼ਰਅੰਦਾਜ਼ ਕਰਕੇ ਉਨ੍ਹਾਂ ਸੂਬਿਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਲਗਭਗ 60 ਫ਼ੀਸਦ ਪਾਣੀ ਦਿੰਦਾ ਹੈ ਜਿਨ੍ਹਾਂ ਵਿੱਚੋਂ ਰਾਵੀ-ਬਿਆਸ ਅਤੇ ਸਤਲੁਜ ਦਰਿਆ ਨਹੀਂ ਲੰਘਦੇ। ਪੰਜਾਬ ਦੇ ਦਰਿਆਵਾਂ ਦਾ ਪਾਣੀ ਭਾਈਵਾਲ ਸੂਬਿਆਂ ਵਿੱਚ ਸਾਂਝਾ ਕੀਤਾ ਜਾਂਦਾ ਹੈ, ਜਦੋਂ ਕਿ ਹੜ੍ਹਾਂ ਨਾਲ ਸਬੰਧਤ ਨੁਕਸਾਨ ਸਿਰਫ਼ ਪੰਜਾਬ ਨੂੰ ਹੀ ਝੱਲਣਾ ਪੈਂਦਾ ਹੈ ਅਤੇ ਭਾਰੀ ਸਾਲਾਨਾ ਵਿੱਤੀ ਬੋਝ ਚੁੱਕਣਾ ਪੈਂਦਾ ਹੈ। ਉਨ੍ਹਾਂ ਕਿਹਾ, ਸੂਬੇ ਅਤੇ ਇਸ ਦੇ ਲੋਕਾਂ ਦੇ ਹਿੱਤ ਸਭ ਤੋਂ ਉੱਪਰ ਹੈ ਅਤੇ ਇਸ ਸਬੰਧ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ, ਜਿਨ੍ਹਾਂ ਨੂੰ ਆਪਣੀ ਪਾਰਟੀ ਦੀ ਕਮੇਟੀ ਬਣਾਉਣ ਲਈ 11 ਮੈਂਬਰ ਵੀ ਨਹੀਂ ਮਿਲ ਰਹੇ, ਉਹ ਸੂਬੇ ਵਿੱਚ 117 ਸੀਟਾਂ ਜਿੱਤਣ ਦੇ ਸੁਪਨੇ ਦੇਖ ਰਹੇ ਹਨ। ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਆਗੂਆਂ ਨੇ ਸੂਬੇ ਵਿੱਚ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਸੀ ਅਤੇ ਨਸ਼ਾ ਤਸਕਰਾਂ ਨੂੰ ਬਚਾ ਕੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕ ਦਿੱਤਾ। ਅੱਜ ਵੀ, ਉਹ ਗੈਂਗਸਟਰਾਂ ਨੂੰ ਉਤਸ਼ਾਹਿਤ ਕਰ ਰਹੇ ਹਨ ਅਤੇ ਉਨ੍ਹਾਂ ਵਿੱਚੋਂ ਇੱਕ ਨੂੰ ਤਰਨ ਤਾਰਨ ਉਪ ਚੋਣਾਂ ਦੌਰਾਨ ਪਾਰਟੀ ਦੀ ਟਿਕਟ ਦੇ ਕੇ ਮੈਦਾਨ ਵਿੱਚ ਉਤਾਰਿਆ ਗਿਆ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਕਾਲੀ ਦਲ ਸਿਆਸੀ ਤੌਰ 'ਤੇ ਨਾਕਾਰਾ ਆਗੂਆਂ ਦੀ ਪਾਰਟੀ ਹੈ ਜਿਨ੍ਹਾਂ ਨੂੰ ਵਾਰ-ਵਾਰ ਲੋਕਾਂ ਵੱਲੋਂ ਨਕਾਰਿਆ ਗਿਆ ਹੈ। ਉਹ ਧਰਮ ਦੀ ਦੁਰਵਰਤੋਂ ਕਰ ਸਕਦੇ ਹਨ ਪਰ ਲੋਕ ਇਹਨਾਂ ਦੇ ਝਾਂਸੇ ਵਿੱਚ ਨਹੀਂ ਆਉਣਗੇ। ਲੋਕ ਉਨ੍ਹਾਂ ਨੂੰ ਉਨ੍ਹਾਂ ਦੇ ਪਾਪਾਂ ਲਈ ਕਦੇ ਮੁਆਫ਼ ਨਹੀਂ ਕਰਨਗੇ ਅਤੇ ਉਨ੍ਹਾਂ ਨੂੰ ਦੁਬਾਰਾ ਸਬਕ ਸਿਖਾਉਣਗੇ।"ਉਨ੍ਹਾਂ ਅੱਗੇ ਕਿਹਾ, "ਲੋਕਾਂ ਨੇ ਉਨ੍ਹਾਂ ਨੂੰ ਵਾਰ-ਵਾਰ ਚੁਣਿਆ ਸੀ ਪਰ ਉਨ੍ਹਾਂ ਨੇ ਸੂਬੇ ਦੀ ਪਿੱਠ ਵਿੱਚ ਛੁਰਾ ਮਾਰਿਆ। ਉਨ੍ਹਾਂ ਨੇ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਜਿਸ ਕਰਕੇ ਉਨ੍ਹਾਂ ਨੂੰ ਮਾਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ, ਰਵਾਇਤੀ ਸਿਆਸੀ ਪਾਰਟੀਆਂ ਉਨ੍ਹਾਂ ਨਾਲ ਈਰਖਾ ਕਰਦੀਆਂ ਹਨ, ਕਿਉਂਕਿ ਉਨ੍ਹਾਂ ਨੂੰ ਇਹ ਗੱਲ ਹਜ਼ਮ ਨਹੀਂ ਹੋ ਰਹੀ ਕਿ ਸਧਾਰਨ ਘਰ ਦਾ ਪੁੱਤਰ ਸੂਬੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਅਜਿਹੀਆਂ ਪਾਰਟੀਆਂ ਤੋਂ ਵਿਸ਼ਵਾਸ ਉੱਠ ਗਿਆ ਹੈ। ਉਨ੍ਹਾਂ ਕਿਹਾ, ਪਿਛਲੀਆਂ ਸਰਕਾਰਾਂ ਨੇ ਪੰਜਾਬ ਅਤੇ ਪੰਜਾਬੀਆਂ ਦੀ ਬਜਾਏ ਆਪਣੇ ਪਰਿਵਾਰਕ ਮੈਂਬਰਾਂ ਬਾਰੇ ਵਧੇਰੇ ਚਿੰਤਾ ਦਿਖਾਈ ਅਤੇ ਇਸੇ ਲਈ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਇਆ ਸੀ। ਉਹ ਸਵੇਰੇ-ਸਵੇਰੇ ਹੀ ਮੇਰੇ ਵਿਰੁੱਧ ਜ਼ਹਿਰ ਉਗਲਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਮੈਂ ਲੋਕਾਂ ਦੇ ਸਾਹਮਣੇ ਉਨ੍ਹਾਂ ਦਾ ਅਸਲ ਚਿਹਰਾ ਨੰਗਾ ਕਰ ਦਿੱਤਾ ਹੈ।

ਇਕ ਹੋਰ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਾਂਗਰਸ ਅਤੇ ਅਕਾਲੀਆਂ ਦਾ ਸਿਰਫ਼ ਚਾਰ ਸੂਤਰੀ ਏਜੰਡਾ ਹੈ ਜਿਸ ਤਹਿਤ ਉਹ ਆਪਣੇ ਪੁੱਤ-ਭਤੀਜਾ ਅਤੇ ਸਾਲਾ-ਜੀਜਾ ਦੀ ਭਲਾਈ ਨੂੰ ਯਕੀਨੀ ਬਣਾਉਣਾ ਚਾਹੁੰਦੇ ਹਨ।"

ਮੁੱਖ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ, "ਆਪ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਪੂਰੀ ਜ਼ਿੰਮੇਵਾਰੀ ਨਾਲ ਸੁਚੱਜੀ ਵਰਤੋਂ ਕਰ ਰਹੀ ਹੈ। 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਦਿਨ ਵੇਲੇ ਵੀ ਬਿਜਲੀ ਮਿਲ ਰਹੀ ਹੈ, ਜੋ ਨਿਵੇਕਲੀ ਮਿਸਾਲ ਹੈ।ਉਨ੍ਹਾਂ ਅੱਗੇ ਕਿਹਾ ਕਿ ਇੱਕ ਅਜਿਹੇ ਸਮੇਂ ਜਦੋਂ ਦੇਸ਼ ਦੀਆਂ ਜਾਇਦਾਦਾਂ ਕੇਂਦਰ ਸਰਕਾਰ ਵੱਲੋਂ ਆਪਣੇ ਰਸੂਖ਼ਦਾਰ ਕਰੀਬੀਆਂ ਜਾਂ ਦੋਸਤਾਂ ਨੂੰ ਨਿਗੂਣੀਆਂ ਕੀਮਤਾਂ 'ਤੇ ਵੰਡੀਆਂ ਜਾ ਰਹੀਆਂ ਹਨ, ਪੰਜਾਬ ਸਰਕਾਰ ਨੇ ਇੱਕ ਪ੍ਰਾਈਵੇਟ ਥਰਮਲ ਪਲਾਂਟ ਖ਼ਰੀਦ ਕੇ ਇਤਿਹਾਸ ਰਚਿਆ ਹੈ।

ਸਿਹਤ ਸੰਭਾਲ ਸੁਧਾਰਾਂ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, "ਮੁਫ਼ਤ ਸਿਹਤ ਸੰਭਾਲ ਪ੍ਰਦਾਨ ਕਰਨ ਲਈ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਸਰਕਾਰੀ ਹਸਪਤਾਲਾਂ ਵਿੱਚ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ।"ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਲੇਠੀ ਯੋਜਨਾ ਹੈ, ਜੋ ਪੰਜਾਬ ਵਿੱਚ ਵਸਦੇ ਹਰੇਕ ਪਰਿਵਾਰ ਲਈ 10 ਲੱਖ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ, ਭਾਰਤ ਦਾ ਪਹਿਲਾ ਸੂਬਾ ਹੈ, ਜਿਸ ਨੇ ਅਜਿਹੀ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕੀਤੀ ਹੈ, ਜਿਸ ਨਾਲ ਲੋਕਾਂ 'ਤੇ ਵਿੱਤੀ ਬੋਝ ਕਾਫ਼ੀ ਹੱਦ ਤੱਕ ਘਟਿਆ ਹੈ ਅਤੇ ਨਾਲ ਹੀ ਮਿਆਰੀ ਸੇਵਾਵਾਂ ਨੂੰ ਯਕੀਨੀ ਬਣਾਇਆ ਗਿਆ ਹੈ। ਇਸ ਇਤਿਹਾਸਕ ਕਦਮ ਦਾ ਉਦੇਸ਼ ਸਾਰੇ ਪਰਿਵਾਰਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨਾ ਹੈ।

ਉਨ੍ਹਾਂ ਅੱਗੇ ਕਿਹਾ ਕਿ 63,000 ਤੋਂ ਵੱਧ ਸਰਕਾਰੀ ਨੌਕਰੀਆਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਦੇ ਦਿੱਤੀਆਂ ਗਈਆਂ ਹਨ।

ਨਸ਼ਿਆਂ ਵਿਰੁੱਧ ਲੜਾਈ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਡਰੱਗ ਮਾਫੀਆ ਨੂੰ ਪਹਿਲਾਂ ਦੀਆਂ ਸਰਕਾਰਾਂ ਵੱਲੋਂ ਸਰਪ੍ਰਸਤੀ ਦਿੱਤੀ ਜਾਂਦੀ ਸੀ, ਪਰ ਸਾਡੀ ਸਰਕਾਰ ਨੇ ਨਸ਼ਿਆਂ ਵਿਰੁੱਧ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਹੈ।"ਉਨ੍ਹਾਂ ਅੱਗੇ ਕਿਹਾ, "ਇਸ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਲਈ ਸੁਚੱਜੀ ਯੋਜਨਾਬੰਦੀ ਕੀਤੀ ਗਈ ਹੈ ਅਤੇ ਜੰਗ ਪੂਰੀ ਤਰ੍ਹਾਂ ਸ਼ੁਰੂ ਹੋ ਗਈ ਹੈ। ਨਸ਼ਿਆਂ ਦੀ ਸਪਲਾਈ ਨੂੰ ਤੋੜਨ ਤੋਂ ਇਲਾਵਾ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਜ਼ਬਤ ਕੀਤਾ ਜਾ ਰਿਹਾ ਹੈ।"

ਭਾਈਚਾਰਕ ਸ਼ਮੂਲੀਅਤ ਦੀ ਮੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਦੇ ਸਰਗਰਮ ਸਹਿਯੋਗ ਨਾਲ ਇਸ ਮੁਹਿੰਮ ਨੂੰ ਲੋਕ-ਲਹਿਰ ਬਣਾਉਣ ਦੀ ਲੋੜ ਹੈ। ਉਹ ਦਿਨ ਦੂਰ ਨਹੀਂ ਜਦੋਂ, ਭਾਈਚਾਰਕ ਸ਼ਮੂਲੀਅਤ ਨਾਲ ਪੰਜਾਬ ਪੂਰੀ ਤਰ੍ਹਾਂ ਨਸ਼ਾ ਮੁਕਤ ਸੂਬਾ ਬਣ ਜਾਵੇਗਾ।"ਉਨ੍ਹਾਂ ਨੇ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਇਸ ਮੌਕੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ, ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੀ ਮੌਜੂਦ ਸਨ।

## ਇਜ਼ਰਾਈਲ ਪਹੁੰਚਣ 'ਤੇ ਮੋਦੀ ਦਾ

ਇਜ਼ਰਾਈਲੀ ਸੰਸਦ ਨੂੰ ਸੰਬੋਧਨ ਕਰਨਗੇ ਅਤੇ ਨੇਤਨਯਾਹੂ ਨਾਲ ਗੱਲਬਾਤ ਕਰਨਗੇ। ਦੋਵੇਂ ਨੇਤਾ ਵੀਰਵਾਰ ਨੂੰ ਕਈ ਮੁੱਦਿਆਂ 'ਤੇ ਚਰਚਾ ਕਰਨਗੇ। ਇਜ਼ਰਾਈਲ ਲਈ ਰਵਾਨਾ ਹੋਣ ਤੋਂ ਪਹਿਲਾਂ ਆਪਣੇ ਬਿਆਨ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਇਹ ਯਾਤਰਾ ਭਾਰਤ ਅਤੇ ਇਜ਼ਰਾਈਲ ਵਿਚਕਾਰ ਸਥਾਈ ਸਬੰਧਾਂ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਰਣਨੀਤਕ ਭਾਈਵਾਲੀ ਲਈ ਨਵੇਂ ਟੀਚੇ ਨਿਰਧਾਰਤ ਕਰੇਗੀ। ਮੋਦੀ ਨੇ ਕਿਹਾ,'ਭਾਰਤ ਅਤੇ ਇਜ਼ਰਾਈਲ ਵਿੱਚ ਇੱਕ ਮਜ਼ਬੂਤ ਅਤੇ ਬਹੁਪੱਖੀ ਰਣਨੀਤਕ ਭਾਈਵਾਲੀ ਹੈ, ਜਿਸਦਾ ਹਾਲ ਹੀ ਦੇ ਸਾਲਾਂ ਵਿੱਚ ਮਹੱਤਵਪੂਰਨ ਵਿਸਥਾਰ ਅਤੇ ਗਤੀਸ਼ੀਲਤਾ ਦੇਖੀ ਗਈ ਹੈ।' ਉਨ੍ਹਾਂ ਕਿਹਾ,'ਮੈਂ ਪ੍ਰਧਾਨ ਮੰਤਰੀ ਨੇਤਨਯਾਹੂ ਨਾਲ ਆਪਣੀਆਂ ਚਰਚਾਵਾਂ ਦੀ ਉਮੀਦ ਕਰਦਾ ਹਾਂ, ਜਿਸਦਾ ਉਦੇਸ਼ ਵਿਗਿਆਨ ਅਤੇ ਤਕਨਾਲੋਜੀ, ਨਵੀਨਤਾ, ਖੇਤੀਬਾੜੀ, ਪਾਣੀ ਪ੍ਰਬੰਧਨ, ਰੱਖਿਆ ਅਤੇ ਸੁਰੱਖਿਆ, ਵਪਾਰ ਅਤੇ ਨਿਵੇਸ਼, ਅਤੇ ਨਾਲ ਹੀ ਲੋਕਾਂ ਤੋਂ ਲੋਕਾਂ ਦੇ ਸਬੰਧਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਾਡੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨਾ ਹੈ।'

## ਪ੍ਰਿਯੰਕਾ ਗਾਂਧੀ ਵੱਲੋਂ ਪ੍ਰਧਾਨ ਮੰਤਰੀ ਨੂੰ

ਅਤੇ ਸਾਨੂੰ ਵਿਸ਼ਵ ਪੱਧਰ 'ਤੇ ਇਹ ਰੌਸ਼ਨੀ ਦਿਖਾਉਣਾ ਜਾਰੀ ਰੱਖਣਾ ਚਾਹੀਦਾ ਹੈ। ਦੂਜੇ ਪਾਸੇ, ਕਾਂਗਰਸ ਪਾਰਟੀ ਨੇ ਕੇਂਦਰ ਸਰਕਾਰ 'ਤੇ ਫਲਸਤੀਨੀਆਂ ਦਾ ਸਾਥ ਛੱਡਣ ਦਾ ਦੋਸ਼ ਲਾਇਆ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਜਿੱਥੇ ਇੱਕ ਪਾਸੇ ਗਾਜ਼ਾ ਵਿੱਚ ਨਿਰਦੋਸ਼ ਨਾਗਰਿਕਾਂ 'ਤੇ ਬੇਰਹਿਮੀ ਨਾਲ ਹਮਲੇ ਜਾਰੀ ਹਨ, ਉੱਥੇ ਹੀ ਪ੍ਰਧਾਨ ਮੰਤਰੀ ਦੀ ਇਹ ਫੇਰੀ ਸਰਕਾਰ ਦੇ ਦੋਹਰੇ ਮਾਪਦੰਡਾਂ ਨੂੰ ਦਰਸਾਉਂਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਫਲਸਤੀਨੀਆਂ ਦੇ ਹੱਕ ਵਿੱਚ ਸਿਰਫ਼ ਦਿਖਾਵੇ ਦੇ ਬਿਆਨ ਦਿੰਦੀ ਹੈ, ਜਦੋਂਕਿ ਅਸਲ ਵਿੱਚ ਉਨ੍ਹਾਂ ਨੂੰ ਆਪਣੇ ਹਾਲ 'ਤੇ ਛੱਡ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਮੋਦੀ ਦਾ ਇਹ ਦੌਰਾ ਦੁਵੱਲੇ ਰੱਖਿਆ ਅਤੇ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਅਹਿਮ ਮੰਨਿਆ ਜਾ ਰਿਹਾ ਹੈ।

## 'ਮੇਰੀ ਚੁਣੌਤੀ ਤੋਂ ਬਾਅਦ ਚੁੱਪਚਾਪ

ਦਬਾਅ ਹੇਠ ਸੀਲ ਕੀਤਾ ਗਿਆ ਸੀ ਅਤੇ ਉਨ੍ਹਾਂ ਨੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੂੰ ਇਸ 'ਕਿਸਾਨ ਵਿਰੋਧੀ' ਸਮਝੌਤੇ ਨੂੰ ਰੱਦ ਕਰਨ ਦੀ ਚੁਣੌਤੀ ਦਿੱਤੀ ਸੀ। 'ਕਿਸਾਨ ਮਹਾਚੌਪਾਲ' ਰੈਲੀ ਨੂੰ ਸੰਬੋਧਨ ਕਰਦਿਆਂ ਸਾਬਕਾ ਕਾਂਗਰਸ ਪ੍ਰਧਾਨ ਨੇ ਇਸ ਸਮਝੌਤੇ ਨੂੰ 'ਕਿਸਾਨਾਂ ਦੇ ਦਿਲ ਵਿੱਚ ਤੀਰ' ਕਰਾਰ ਦਿੱਤਾ ਸੀ।

ਰਾਹੁਲ ਗਾਂਧੀ ਨੇ ਕਿਹਾ ਸੀ, 'ਵਪਾਰ ਸੌਦੇ (ਗਲੋਬਲ ਟੈਰਿਫ) 'ਤੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ, ਮੈਂ ਪ੍ਰਧਾਨ ਮੰਤਰੀ ਮੋਦੀ ਨੂੰ ਚੁਣੌਤੀ ਦਿੰਦਾ ਹਾਂ ਕਿ ਜੇਕਰ ਉਨ੍ਹਾਂ ਵਿੱਚ ਹਿੰਮਤ ਹੈ ਤਾਂ ਉਹ ਇਸ ਨੂੰ ਰੱਦ ਕਰਨ... ਪਰ ਉਹ ਅਜਿਹਾ ਨਹੀਂ ਕਰ ਸਕਣਗੇ।'

## ਕੌਲੀ ਤੋਂ ਸਰਾਏ ਬੰਜਾਰਾ ਤੱਕ ਨਵੀਂ ਬਾਈਪਾਸ ਰੇਲ ਲਾਈਨ

ਪ੍ਰਦਾਨ ਕਰੇਗੀ, ਜਿਸ ਨਾਲ ਖੇਤਰੀ ਕਨੈਕਟੀਵਿਟੀ ਅਤੇ ਕੁਸ਼ਲਤਾ ਹੋਰ ਵਧੇਗੀ। ਇਹ ਪਹਿਲ ਪੰਜਾਬ ਦੀ ਰੇਲਵੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ, ਜੋ ਯਾਤਰੀਆਂ ਅਤੇ ਮਾਲ-ਢੁਆਈ ਦੋਵਾਂ ਲਈ ਤੇਜ਼, ਸੁਚਾਰੂ ਅਤੇ ਭਰੋਸੇਯੋਗ ਸੇਵਾਵਾਂ ਨੂੰ ਯਕੀਨੀ ਬਣਾਏਗੀ।

## ਨਿਆਂਪਾਲਿਕ ਨੂੰ ਬਦਨਾਮ ਕਰਨ

ਸਾਹਮਣੇ ਮੁੱਦਾ ਉਠਾਇਆ। ਉਨ੍ਹਾਂ ਕਿਹਾ ਕਿ ਸਕੂਲੀ ਬੱਚਿਆਂ ਨੂੰ ਅਜਿਹੀ ਸਮੱਗਰੀ ਪੜ੍ਹਾਉਣਾ ਚਿੰਤਾਜਨਕ ਹੈ। ਸੀ.ਜੇ.ਆਈ. ਨੇ ਕਿਹਾ ਕਿ ਉਨ੍ਹਾਂ ਨੂੰ ਇਸ ਵਿਸ਼ੇ 'ਤੇ ਕਈ ਕਾਲਾਂ ਅਤੇ ਮੈਸੇਜ ਮਿਲੇ ਹਨ ਅਤੇ ਉਹ ਇਸ ਮਾਮਲੇ ਤੋਂ ਪੂਰੀ ਤਰ੍ਹਾਂ ਜਾਣੂ ਹਨ। ਸੀ.ਜੇ.ਆਈ. ਸੂਰਿਆ ਕਾਂਤ ਨੇ ਕਿਹਾ,ਮੈਂ ਇਸ ਸੰਸਥਾ ਨੂੰ ਬਦਨਾਮ ਨਹੀਂ ਹੋਣ ਦੇਵਾਂਗਾ। ਮੈਂ ਜਾਣਦਾ ਹਾਂ ਕਿ ਇਸ ਨਾਲ ਕਿਵੇਂ ਨਜਿੱਠਣਾ ਹੈ। ਉਨ੍ਹਾਂ ਸੰਕੇਤ ਦਿੱਤਾ ਕਿ ਇਹ ਇੱਕ ਯੋਜਨਾਬੱਧ ਅਤੇ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਜਾਪਦੀ ਹੈ। ਉਨ੍ਹਾਂ ਕਿਹਾ ਕਿ ਉਹ ਇਸ ਸਮੇਂ ਇਸ ਮਾਮਲੇ 'ਤੇ ਹੋਰ ਟਿੱਪਣੀ ਨਹੀਂ ਕਰਨਾ ਚਾਹੁੰਦੇ, ਪਰ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਦਰਅਸਲ, ਨਵੀਂ ਐਨ.ਸੀ.ਈ.ਆਰ.ਟੀ. ਕਲਾਸ 8 ਸਮਾਜਿਕ ਵਿਗਿਆਨ ਦੀ ਪਾਠ ਪੁਸਤਕ ਵਿੱਚ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਸਿਰਲੇਖ ਵਾਲਾ ਇੱਕ ਸੈਕਸ਼ਨ ਰੱਖਿਆ ਗਿਆ ਹੈ, ਪਿਛਲੇ ਐਡੀਸ਼ਨ ਵਿਚ ਅਜਿਹਾ ਨਹੀਂ ਸੀ, ਜੋ ਮੁੱਖ ਤੌਰ 'ਤੇ ਅਦਾਲਤਾਂ ਦੀ ਬਣਤਰ ਅਤੇ ਭੂਮਿਕਾ 'ਤੇ ਕੇਂਦ੍ਰਿਤ ਸੀ।

## ਐਨ.ਸੀ.ਈ.ਆਰ.ਟੀ. ਨੇ ਆਪਣੀ ਵੈਬਸਾਈਟ

ਵਿੱਚ ਇਸ ਵਿਵਾਦਤ ਵਿਸ਼ੇ ਨੂੰ ਸ਼ਾਮਲ ਕੀਤੇ ਜਾਣ ਨੂੰ ਗੰਭੀਰਤਾ ਨਾਲ ਲਿਆ ਹੈ। ਸਕੂਲੀ ਸਿੱਖਿਆ ਦੇ ਪਾਠਕ੍ਰਮ ਲਈ ਜ਼ਿੰਮੇਵਾਰ ਇਹ ਕੌਂਸਲ ਪਹਿਲਾਂ ਹੀ ਛਪੀਆਂ ਕਿਤਾਬਾਂ ਵਿੱਚੋਂ ਵੀ ਵਿਵਾਦਤ ਹਿੱਸਿਆਂ ਨੂੰ ਹਟਾਉਣ 'ਤੇ ਵਿਚਾਰ ਕਰ ਰਹੀ ਹੈ। ਹਾਲਾਂਕਿ, ਕੌਮੀ ਰਾਜਧਾਨੀ ਦੇ ਕਈ ਸਕੂਲਾਂ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਤੱਕ ਇਸ ਬਾਰੇ ਕੋਈ ਨਿਰਦੇਸ਼ ਨਹੀਂ ਮਿਲਿਆ ਹੈ ਕਿ ਸਬੰਧਤ ਹਿੱਸੇ ਪੜ੍ਹਾਏ ਜਾਣ ਜਾਂ ਨਹੀਂ। ਐਨ.ਸੀ.ਈ.ਆਰ.ਟੀ. ਦੀ ਅੱਠਵੀਂ ਜਮਾਤ ਦੀਆਂ ਨਵੀਂਆਂ ਸਮਾਜਿਕ ਵਿਗਿਆਨ ਦੀਆਂ ਪਾਠ-ਪੁਸਤਕਾਂ ਵਿੱਚ ਕਿਹਾ ਗਿਆ ਹੈ ਕਿ ਭ੍ਰਿਸ਼ਟਾਚਾਰ, ਕੇਸਾਂ ਦਾ ਵੱਡਾ ਬੈਕਲਾਗ ਅਤੇ ਜੱਜਾਂ ਦੀ ਲੋੜੀਂਦੀ ਗਿਣਤੀ ਦੀ ਘਾਟ ਨਿਆਂਇਕ ਪ੍ਰਣਾਲੀ ਦੇ ਸਾਹਮਣੇ ਚੁਣੌਤੀਆਂ ਵਿੱਚੋਂ ਇੱਕ ਹਨ। ਇਸ ਦੌਰਾਨ, ਐਨ.ਸੀ.ਈ.ਆਰ.ਟੀ. ਨੇ ਅਧਿਆਏ ਵਿੱਚ ਸ਼ਾਮਲ ਵਿਸ਼ਾ ਮਾਹਿਰਾਂ ਅਤੇ ਇਸ ਨੂੰ ਮਨਜ਼ੂਰੀ ਦੇਣ ਵਾਲੇ ਅਧਿਕਾਰੀਆਂ ਦੀਆਂ ਸਿਫ਼ਾਰਸ਼ਾਂ ਦੀ ਸਮੀਖਿਆ ਕਰਨ ਲਈ ਇੱਕ ਅੰਦਰੂਨੀ ਮੀਟਿੰਗ ਬੁਲਾਈ ਦੱਸੀ ਜਾਂਦੀ ਹੈ। ਐਨ.ਸੀ.ਈ.ਆਰ.ਟੀ. ਦੇ ਚੇਅਰਮੈਨ ਦਿਨੇਸ਼ ਪ੍ਰਸਾਦ ਸਕਲਾਨੀ ਨੇ ਇਸ ਮੁੱਦੇ 'ਤੇ ਕਾਲਾਂ ਅਤੇ ਸੁਨੇਹਿਆਂ ਦਾ ਜਵਾਬ ਨਹੀਂ ਦਿੱਤਾ।

## ਚੋਣਾਂ ਤੋਂ ਪਹਿਲਾਂ ਪੰਜਾਬ ਦਾ ਡੀ.ਜੀ.ਪੀ. ਬਦਲਣਾ ਤੈਅ

ਫਿਰ ਡੀਜੀਪੀ ਅਹੁਦੇ ਲਈ ਤਿੰਨ ਨਾਮ ਪੇਸ਼ ਕੀਤੇ ਜਾਣਗੇ, ਜਿਸ ਵਿੱਚੋਂ ਸਰਕਾਰ ਨੂੰ ਇੱਕ ਦੀ ਚੋਣ ਕਰਨੀ ਪਵੇਗੀ ਅਤੇ ਇੱਕ ਨੂੰ ਸਥਾਈ ਡੀਜੀਪੀ ਵਜੋਂ ਨਿਯੁਕਤ ਕਰਨਾ ਹੋਵੇਗਾ। ਮੀਡੀਆ ਰਿਪੋਰਟਾਂ ਅਨੁਸਾਰ, ਨਵੇਂ ਡੀ.ਜੀ.ਪੀ. ਦੇ ਸੰਬੰਧ ਵਿੱਚ, ਪੰਜਾਬ ਵਿੱਚ ਇਸ ਸਮੇਂ ਡੀ.ਜੀ.ਪੀ. ਰੈਂਕ 'ਤੇ ਸੇਵਾ ਨਿਭਾ ਰਹੇ 17 ਅਧਿਕਾਰੀ ਹਨ। ਸੰਜੀਵ ਕਾਲੜਾ ਉਨ੍ਹਾਂ ਵਿੱਚੋਂ ਸਭ ਤੋਂ ਸੀਨੀਅਰ ਹਨ, ਪਰ ਉਨ੍ਹਾਂ ਦੀ ਸੇਵਾਮੁਕਤੀ 28 ਫਰਵਰੀ ਨੂੰ ਹੈ, ਅਤੇ ਉਹ ਛੇ ਮਹੀਨਿਆਂ ਦੀ ਮਿਆਦ ਦੀ ਲੋੜ ਨੂੰ ਪੂਰਾ ਨਹੀਂ ਕਰ ਸਕਣਗੇ। ਸਥਾਈ ਡੀ.ਜੀ.ਪੀ. ਲਈ ਪੈਨਲ ਵਿੱਚ ਸ਼ਰਦ ਸੱਤਿਆ ਚੌਹਾਨ, ਹਰਪ੍ਰੀਤ ਸਿੱਧੂ ਅਤੇ ਕੁਲਦੀਪ ਸਿੰਘ ਦੇ ਨਾਮ ਵੀ ਸ਼ਾਮਲ ਹਨ। ਪੰਜਾਬ ਕੇਡਰ ਦੇ ਰਾਅ ਮੁਖੀ ਪਰਾਗ ਜੈਨ ਵੀ ਸ਼ਾਮਲ ਹਨ, ਪਰ ਉਨ੍ਹਾਂ ਦੀ ਵਾਪਸੀ ਦੀ ਸੰਭਾਵਨਾ ਨਹੀਂ ਹੈ। ਗੌਰਵ ਯਾਦਵ ਵੀ ਪੈਨਲ ਵਿੱਚ ਹੋਣਗੇ।

## ਸਾਂਸਦ ਅੰਮ੍ਰਿਤਪਾਲ ਸਿੰਘ ਦੀਆਂ ਪਟੀਸ਼ਨਾਂ

ਸਮਾਂ ਦਿੱਤਾ ਸੀ, ਪਰ ਨਿਰਧਾਰਿਤ ਸਮੇਂ ਵਿੱਚ ਜਵਾਬ ਨਾ ਦੇਣ ਕਾਰਨ ਇਹ ਕਾਰਵਾਈ ਕੀਤੀ ਗਈ।

ਐਨ.ਐਸ.ਏ.ਨੂੰ ਚੁਣੌਤੀ: ਗੈਂਗਸਟਰ ਜੈਪਾਲ ਭੁੱਲਰ ਨਾਲ ਸਬੰਧਾਂ ਦਾ ਹਵਾਲਾ ਅੰਮ੍ਰਿਤਪਾਲ ਸਿੰਘ 'ਤੇ ਤੀਜੀ ਵਾਰ ਲਗਾਏ ਗਏ ਐਨ.ਐਸ.ਏ.ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਅੱਜ ਅਦਾਲਤ ਵਿੱਚ ਲੰਬੀ ਬਹਿਸ ਹੋਈ। ਸਰਕਾਰੀ ਵਕੀਲਾਂ ਨੇ ਅੰਮ੍ਰਿਤਪਾਲ ਨੂੰ ਹਿਰਾਸਤ ਵਿੱਚ ਰੱਖਣ ਦੇ ਪੱਖ ਵਿੱਚ ਕਈ ਦਲੀਲਾਂ ਦਿੱਤੀਆਂ:

ਗੈਂਗਸਟਰਾਂ ਨਾਲ ਸਬੰਧ: ਸਰਕਾਰ ਨੇ ਦਾਅਵਾ ਕੀਤਾ ਕਿ ਅੰਮ੍ਰਿਤਪਾਲ ਸਿੰਘ ਦੇ ਖ਼ਤਰਨਾਕ ਗੈਂਗਸਟਰ ਜੈਪਾਲ ਸਿੰਘ ਭੁੱਲਰ ਨਾਲ ਨੇੜਲੇ ਸਬੰਧ ਸਨ। ਅਮਨ-ਕਾਨੂੰਨ ਦੀ ਸਥਿਤੀ: ਸਰਕਾਰ ਮੁਤਾਬਕ ਸੂਬੇ ਦੀ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਅੰਮ੍ਰਿਤਪਾਲ ਸਿੰਘ 'ਤੇ ਐਨ.ਐਸ.ਏ.ਲਗਾਉਣਾ ਜ਼ਰੂਰੀ ਹੈ। ਅਦਾਲਤ ਨੇ ਦੋਵਾਂ ਮਾਮਲਿਆਂ ਦੀ ਅਗਲੀ ਸੁਣਵਾਈ ਕੱਲ੍ਹ ਲਈ ਤੈਅ ਕੀਤੀ ਹੈ। ਕੱਲ੍ਹ ਪੰਜਾਬ ਸਰਕਾਰ ਵੱਲੋਂ ਪੈਰੋਲ ਮਾਮਲੇ ਵਿੱਚ ਆਪਣਾ ਅਧਿਕਾਰਤ ਜਵਾਬ ਪੇਸ਼ ਕੀਤੇ ਜਾਣ ਦੀ ਉਮੀਦ ਹੈ।

## ਜੇ ਮੈਂ ਵਿਚਾਲੇ ਨਾ ਆਉਂਦਾ ਤਾਂ ਭਾਰਤ

ਇਸ ਕਾਰਵਾਈ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਸਥਿਤੀ ਬਹੁਤ ਤਣਾਅਪੂਰਨ ਹੋ ਗਈ, ਅਤੇ ਵਿਸ਼ਵਵਿਆਪੀ ਚਿੰਤਾ ਪ੍ਰਗਟ ਕੀਤੀ ਗਈ। ਆਪਣੇ ਭਾਸ਼ਣ ਵਿੱਚ, ਟਰੰਪ ਨੇ ਵਿਸ਼ੇਸ਼ ਤੌਰ 'ਤੇ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਬਾਜ਼ ਸ਼ਰੀਫ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਥਿਤੀ ਬਹੁਤ ਗੰਭੀਰ ਸੀ। ਉਨ੍ਹਾਂ ਦੇ ਅਨੁਸਾਰ, ਜੰਗ ਦੀ ਸਥਿਤੀ ਦੇ ਨਤੀਜੇ ਵਜੋਂ ਵਿਆਪਕ ਤਬਾਹੀ ਹੁੰਦੀ। ਭਾਰਤ ਨੇ ਲਗਾਤਾਰ ਕਿਹਾ ਹੈ ਕਿ ਭਾਰਤ-ਪਾਕਿਸਤਾਨ ਟਕਰਾਅ ਨੂੰ ਰੋਕਣ ਵਿੱਚ ਕਿਸੇ ਤੀਜੇ ਦੇਸ਼ ਦੀ ਕੋਈ ਭੂਮਿਕਾ ਨਹੀਂ ਸੀ। ਨਵੀਂ ਦਿੱਲੀ ਦੇ ਅਨੁਸਾਰ, ਫੌਜੀ ਕਾਰਵਾਈ ਨੂੰ ਰੋਕਣ ਦਾ ਫੈਸਲਾ ਦੋਵਾਂ ਦੇਸ਼ਾਂ ਵਿਚਕਾਰ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨ (ਡੀ.ਜੀ.ਐਮ.ਓ.) ਪੱਧਰ 'ਤੇ ਗੱਲਬਾਤ ਤੋਂ ਬਾਅਦ ਕੀਤਾ ਗਿਆ ਸੀ, ਅਮਰੀਕੀ ਦਬਾਅ ਕਾਰਨ ਨਹੀਂ। ਭਾਰਤ ਨੇ ਲਗਾਤਾਰ ਕਿਹਾ ਹੈ ਕਿ ਕਸ਼ਮੀਰ ਸਮੇਤ ਸਾਰੇ ਮੁੱਦੇ ਦੁਵੱਲੇ ਹਨ ਅਤੇ ਕਿਸੇ ਵੀ ਬਾਹਰੀ ਵਿਚੋਲਗੀ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਦੂਜੇ ਪਾਸੇ, ਭਾਰਤ ਸਰਕਾਰ ਨੇ ਲਗਾਤਾਰ ਅਜਿਹੇ ਦਾਅਵਿਆਂ ਨੂੰ ਸਿਰੇ ਤੋਂ ਨਕਾਰਦਿਆਂ ਸਪੱਸ਼ਟ ਕੀਤਾ ਹੈ ਕਿ ਉਹ ਕਿਸੇ ਵੀ ਤੀਜੀ ਧਿਰ ਦੀ ਸ਼ਮੂਲੀਅਤ ਸਵੀਕਾਰ ਨਹੀਂ ਕਰਦਾ। ਟਰੰਪ ਨੇ ਆਪਣੇ ਭਾਸ਼ਣ ਵਿੱਚ ਇਜ਼ਰਾਈਲ-ਇਰਾਨ ਅਤੇ ਕੋਸੋਵੋ-ਸਰਬੀਆ ਵਰਗੇ ਹੋਰ ਕਈ ਵਿਸ਼ਵਵਿਆਪੀ ਸੰਘਰਸ਼ਾਂ ਨੂੰ ਸੁਲਝਾਉਣ ਦਾ ਦਾਅਵਾ ਵੀ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੇ ਸੂਬੇ ਵਿੱਚ ਅਮਰੀਕਾ ਅਤੇ ਵਿਦੇਸ਼ਾਂ ਵਿੱਚ ਰਹਿਣ ਵਾਲੇ ਅਮਰੀਕੀ ਪਹਿਲਾਂ ਨਾਲੋਂ ਕਿਤੇ ਵੱਧ ਸੁਰੱਖਿਅਤ ਹਨ।

## ਮੁੱਠਭੇੜ 'ਚ ਜ਼ਖ਼ਮੀ ਸ਼ੱਕੀ ਮੁਲਜ਼ਮ

ਦਿਲਾਵਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਸੀ। ਪੁਲਿਸ ਪੁੱਛ-ਗਿੱਛ ਦੌਰਾਨ ਮੁਲਜ਼ਮ ਰਣਜੀਤ ਸਿੰਘ ਨੇ ਹਥਿਆਰ ਲੁਕਾਉਣ ਦੀ ਗੱਲ ਕਬੂਲੀ ਸੀ। ਇਸ ਤੋਂ ਬਾਅਦ ਪੁਲਿਸ ਮੁਲਜ਼ਮ ਨੂੰ ਲੈ ਕੇ ਹਥਿਆਰ ਦੀ ਰਿਕਵਰੀ ਕਰਨ ਲਈ ਗਈ। ਇਸ ਦੌਰਾਨ ਮੁਲਜ਼ਮ ਰਣਜੀਤ ਨੇ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਿਸ ਉਸ ਨੂੰ ਫੜਨ ਲਈ ਗਈ ਸੀ ਪਰ ਉਸ ਨੇ ਫਾਇਰਿੰਗ ਕਰ ਦਿੱਤੀ। ਜਵਾਬੀ ਕਾਰਵਾਈ ਵਿੱਚ ਗੋਲੀ ਲੱਗਣ ਕਾਰਨ ਰਣਜੀਤ ਜ਼ਖਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਵਿੱਚ ਭਰਤੀ ਕਰਾਇਆ ਗਿਆ, ਜਿਥੇ ਉਸ ਦੀ ਮੌਤ ਹੋ ਗਈ। ਮੁਠਭੇੜ ਦੌਰਾਨ ਇੱਕ 391 ਸਟਾਫ਼ ਇੰਚਾਰਜ ਦੀ ਬਾਂਹ 'ਚ ਗੋਲੀ ਲੱਗੀ, ਜਿਸ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਇਹ ਐਨਕਾਊਂਟਰ ਬੁੱਧਵਾਰ ਤੜਕਸਾਰ ਹੋਇਆ। ਉਨ੍ਹਾਂ ਕਿਹਾ ਕਿ ਤੀਜੇ ਮੁਲਜ਼ਮ ਇੰਦਰਜੀਤ ਨੂੰ ਵੀ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਦੱਸ ਦੇਈਏ ਕਿ 22 ਫਰਵਰੀ ਨੂੰ ਏ.ਐਸ.ਆਈ. ਗੁਰਨਾਮ ਸਿੰਘ ਅਤੇ ਹੋਮ ਗਾਰਡ ਜਵਾਨ ਅਸ਼ੋਕ ਕੁਮਾਰ ਸ਼ਮੀਮ ਦੀਆਂ ਮ੍ਰਿਤਕ ਦੇਹਾਂ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਤੋਂ ਸਿਰਫ਼ ਡੇਢ ਕਿਲੋਮੀਟਰ ਦੂਰ ਗੁਰਦਾਸਪੁਰ ਦੀ ਆਦੀਆਂ ਪੁਲਿਸ ਚੌਕੀ 'ਤੇ ਮਿਲੀਆਂ। ਦੋਵੇਂ ਪੁਲਿਸ ਮੁਲਾਜ਼ਮ ਇਸ ਪੁਲਿਸ ਚੌਕੀ 'ਤੇ ਡਿਊਟੀ 'ਤੇ ਸਨ। ਉੱਥੇ ਕੋਈ ਹੋਰ ਤਾਇਨਾਤ ਨਹੀਂ ਸੀ।

## ਓਡੀਸ਼ਾ 'ਚ ਵਿਜੀਲੈਂਸ ਨੂੰ ਮਾਈਨਿੰਗ

ਛਾਪਾ ਮਾਰਿਆ। ਭੁਵਨੇਸ਼ਵਰ ਵਾਲੇ ਫਲੈਟ ਤੋਂ ਸੂਟਕੇਸ, ਟਰਾਲੀ ਬੈਗ ਤੇ ਅਲਮਾਰੀਆਂ ਵਿਚ ਨੋਟਾਂ ਦੇ ਢੇਰ ਮਿਲੇ। ਇਸ ਤੋਂ ਇਲਾਵਾ ਉਸ ਦੇ ਆਫਿਸ ਤੋਂ 1.20 ਲੱਖ ਰੁਪਏ ਨਕਦ ਵੀ ਬਰਾਮਦ ਹੋਏ। ਨੋਟਾਂ ਦੀ ਗਿਣਤੀ ਲਈ ਕਰੰਸੀ ਕਾਊਂਟਿੰਗ ਮਸ਼ੀਨਾਂ ਲਿਆਂਦੀਆਂ ਗਈਆਂ। ਵਿਜੀਲੈਂਸ ਦੇ ਭੁਵਨੇਸ਼ਵਰ ਡਵੀਜ਼ਨ ਦੇ ਐਸ.ਪੀ. ਸੋਜ ਕੁਮਾਰ ਸਮਲ ਨੇ ਦੱਸਿਆ ਕਿ ਹੁਣ ਤੱਕ 4.27 ਕਰੋੜ ਦੀ ਗਿਣਤੀ ਹੋ ਚੁੱਕੀ ਹੈ। ਇਸ ਤੋਂ ਇਲਾਵਾ ਅਧਿਕਾਰੀ ਦੇ ਨਾਂ ਲਗਭਗ 130 ਗ੍ਰਾਮ ਸੋਨਾ, 2400 ਵਰਗ ਫੁੱਟ ਦਾ ਪਲਾਟ ਹੈ ਜਿਸ 'ਤੇ ਦੋ ਮੰਜ਼ਿਲਾ ਬਿਲਡਿੰਗ ਬਣ ਰਹੀ ਹੈ। ਮੋਹੰਤੀ ਦੇ ਨਾਂ 10 ਬੈਂਕ ਖਾਤੇ ਤੇ ਲੌਕਰ ਵੀ ਹਨ ਜਿਨ੍ਹਾਂ ਦੀ ਜਾਂਚ ਹੋ ਰਹੀ ਹੈ।

## ਅਮਰੀਕਾ ਨੇ ਭਾਰਤੀ ਸੂਰਜੀ ਉਪਕਰਨਾਂ ਦੀ

ਸੂਰਜੀ ਮਾਡਿਊਲਾਂ ਦਾ 57 ਫੀਸਦੀ ਦਰਾਮਦ ਕੀਤਾ ਸੀ। ਇਸ ਘਟਨਾਕ੍ਰਮ 'ਤੇ ਤਿੱਖੀ ਪ੍ਰਤੀਕਿਰਿਆ ਦਿੰਦੇ ਹੋਏ ਕਾਂਗਰਸ ਦੇ ਸੰਸਦ ਮੈਂਬਰ ਜੈਰਾਮ ਰਮੇਸ਼ ਨੇ ਐਕਸ 'ਤੇ ਇੱਕ ਪੋਸਟ ਵਿੱਚ ਲਿਖਿਆ,'ਇਹ ਬਹੁਤ ਹੀ ਹੈਰਾਨੀਜਨਕ ਹੈ ਕਿ ਅਮਰੀਕਾ ਨੇ ਭਾਰਤ ਤੋਂ ਸੂਰਜੀ ਮਾਡਿਊਲਾਂ ਦੀ ਦਰਾਮਦ 'ਤੇ 125.87 ਫੀਸਦੀ ਡਿਊਟੀ ਲਗਾ ਦਿੱਤੀ ਹੈ। ਇਹ ਰਾਸ਼ਟਰਪਤੀ ਟਰੰਪ ਦੀ ਭਾਰਤ-ਅਮਰੀਕਾ ਵਪਾਰ ਸੌਦੇ ਪ੍ਰਤੀ ਵਚਨਬੱਧਤਾ ਬਾਰੇ ਕੀ ਕਹਿੰਦਾ ਹੈ, ਜਿਸ ਦੀ ਨਵੀਂ ਦਿੱਲੀ ਵਿੱਚ ਉਨ੍ਹਾਂ ਦੇ ਚੰਗੇ ਦੋਸਤ ਦੁਆਰਾ ਭਾਰਤ ਦੀ ਅਮਰੀਕਾ ਨੂੰ ਬਰਾਮਦ ਲਈ ਦਰਵਾਜ਼ੇ ਖੋਲ੍ਹਣ ਵਜੋਂ ਬਹੁਤ ਪ੍ਰਸ਼ੰਸਾ ਕੀਤੀ ਗਈ ਸੀ ? ਅਸਲ ਵਿੱਚ, ਇਹ ਸੌਦਾ ਸਪੱਸ਼ਟ ਤੌਰ 'ਤੇ ਇੱਕਤਰਫ਼ਾ ਹੈ। ਅਮਰੀਕਾ ਤੋਂ ਭਾਰਤ ਦੀ ਦਰਾਮਦ ਨੂੰ ਮੁਕਤ ਕਰ ਦਿੱਤਾ ਜਾਵੇਗਾ ਪਰ ਅਮਰੀਕਾ ਨੂੰ ਹੋਣ ਵਾਲੀ ਬਰਾਮਦ ਅਮਰੀਕੀ ਰਾਸ਼ਟਰਪਤੀ ਦੀ ਮਨਮਰਜ਼ੀ ਦੇ ਅਧੀਨ ਹੋਵੇਗੀ। ਹੁਣ ਸਿਰਫ਼ ਇੱਕ ਹੀ ਰਸਤਾ ਹੈ। ਭਾਰਤ ਨੂੰ ਦਲੇਰੀ ਦਿਖਾਉਂਦੇ ਹੋਏ ਇਸ ਸੌਦੇ ਨੂੰ ਰੋਕ ਦੇਣਾ ਚਾਹੀਦਾ ਹੈ। ਮੌਜੂਦਾ ਰੂਪ ਵਿੱਚ ਇਹ ਸੌਦਾ ਦੇਸ਼ ਭਰ ਦੇ ਲੱਖਾਂ ਕਿਸਾਨਾਂ ਲਈ ਬਹੁਤ ਘਾਤਕ ਹੋਵੇਗਾ।' ਇਸ ਦੌਰਾਨ, ਬੁੱਧਵਾਰ ਨੂੰ ਸ਼ੁਰੂਆਤੀ ਕਾਰੋਬਾਰ ਵਿੱਚ ਵਾਰੀ ਐਨਰਜੀਜ਼, ਪ੍ਰੀਮੀਅਰ ਐਨਰਜੀਜ਼ ਅਤੇ ਵਿਕਰਮ ਸੋਲਰ ਵਰਗੀਆਂ ਸੂਰਜੀ ਊਰਜਾ ਕੰਪਨੀਆਂ ਦੇ ਸ਼ੇਅਰਾਂ ਵਿੱਚ ਭਾਰੀ ਗਿਰਾਵਟ ਦੇਖੀ ਗਈ।

## ਕੇਰਲਾ ਮਗਰੋਂ ਹੁਣ ਦਿੱਲੀ ਦਾ ਨਾਮ

ਕਰਨ ਨਾਲ ਭਾਰਤ ਦੀ ਸੱਭਿਆਚਾਰਕ ਨਿਰੰਤਰਤਾ ਮਜ਼ਬੂਤ ਹੋਵੇਗੀ ਅਤੇ ਇਹ ਪ੍ਰਾਚੀਨ ਵਿਰਾਸਤ ਨਾਲ ਸਬੰਧਾਂ ਨੂੰ ਮੁੜ ਸਥਾਪਿਤ ਕਰੇਗਾ।

ਵਿਧਾਨ ਸਭਾ 'ਚ ਮਤਾ ਪਾਸ ਕਰਨ ਦੀ ਅਪੀਲ

ਪ੍ਰਵੀਨ ਖੰਡੇਲਵਾਲ ਨੇ ਗ੍ਰਿਹ ਮੰਤਰੀ ਨੂੰ ਇਤਿਹਾਸਕਾਰਾਂ, ਪੁਰਾਤੱਤਵ ਵਿਗਿਆਨੀਆਂ ਅਤੇ ਹੋਰ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਇਸ ਪ੍ਰਕਿਰਿਆ ਨੂੰ ਰਸਮੀ ਤੌਰ 'ਤੇ ਸ਼ੁਰੂ ਕਰਨ ਦੀ ਅਪੀਲ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਵੀ ਪੱਤਰ ਲਿਖ ਕੇ ਅਪੀਲ ਕੀਤੀ ਹੈ ਕਿ ਦਿੱਲੀ ਵਿਧਾਨ ਸਭਾ ਵਿੱਚ ਦਿੱਲੀ ਦਾ ਨਾਂ 'ਇੰਦਰਪ੍ਰਸਥ' ਕਰਨ ਲਈ ਇੱਕ ਮਤਾ ਪਾਸ ਕੀਤਾ ਜਾਵੇ।

## ਕੇਂਦਰ ਨੇ ਇੱਕ ਅਪ੍ਰੈਲ ਤੋਂ ਘੱਟੋ-ਘੱਟ 95 ਰੌਨ

ਲਾਜ਼ਮੀ ਕੀਤਾ ਹੈ। ਉਦਯੋਗ ਦੇ ਅਧਿਕਾਰੀਆਂ ਨੇ ਕਿਹਾ ਕਿ 2023-25 ਤੋਂ ਬਾਅਦ ਭਾਰਤ 'ਚ ਬਣੀਆਂ ਜ਼ਿਆਦਾਤਰ ਗੱਡੀਆਂ ਨੂੰ ਈ20 ਉੱਤੇ ਚੱਲਣ ਲਈ ਡਿਜ਼ਾਈਨ ਕੀਤਾ ਗਿਆ ਹੈ ਅਤੇ ਅਜਿਹੇ 'ਚ ਕਿਸੇ ਵੱਡੀ ਸਮੱਸਿਆ ਦੀ ਉਮੀਦ ਨਹੀਂ ਹੈ। ਹਾਲਾਂਕਿ, ਪੁਰਾਣੀਆਂ ਗੱਡੀਆਂ ਦੇ 'ਮਾਇਲੇਜ' 'ਚ ਮਾਮੂਲੀ ਕਮੀ (3-7 ਫ਼ੀ ਸਦੀ) ਆ ਸਕਦੀ ਹੈ। ਅਤੇ ਨਾਲ ਹੀ ਰਬੜ ਜਾਂ ਪਲਾਸਟਿਕ ਦੇ ਪੁਰਜ਼ੇ ਖ਼ਰਾਬ ਹੋ ਸਕਦੇ ਹਨ। ਘੱਟੋ-ਘੱਟ 95 ਰੌਨ 'ਤੇ ਜ਼ੋਰ ਇੰਜਣ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਣ ਲਈ ਹੈ। ਰੌਨ ਇੰਜਣ ਨਾਕਿੰਗ (ਸਮੇਂ ਤੋਂ ਪਹਿਲਾਂ ਬਲਣਾ) ਪ੍ਰਤੀ ਇੰਜਣ ਦੇ ਪ੍ਰਤੀਰੋਧ ਦਾ ਇੱਕ ਮਾਪ ਹੈ। ਨਾਕਿੰਗ ਉਦੋਂ ਹੁੰਦੀ ਹੈ ਜਦੋਂ ਬਾਲਣ ਇੰਜਣ ਅੰਦਰ ਅਸਮਾਨ ਰੂਪ ਨਾਲ ਬਲਦਾ ਹੈ, ਜਿਸ ਨਾਲ ਪਿੰਗਿੰਗ ਦੀ ਆਵਾਜ਼ ਆਉਂਦੀ ਹੈ ਅਤੇ ਸਮੇਂ ਦੇ ਨਾਲ ਇੰਜਣ ਨੂੰ ਨੁਕਸਾਨ ਹੋ ਸਕਦਾ ਹੈ। ਰੌਨ ਜਿੰਨਾ ਜ਼ਿਆਦਾ ਹੋਵੇਗਾ, ਇੰਜਣ ਨਾਕਿੰਗ ਪ੍ਰਤੀ ਓਨਾ ਹੀ ਵੱਧ ਪ੍ਰਤੀਰੋਧੀ ਹੋਵੇਗਾ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਮੰਤਰੀ ਸਮੂਹ ਨੇ ਆਉਣ ਵਾਲੇ ਕਣਕ ਖ਼ਰੀਦ ਸੀਜ਼ਨ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ, 25 ਫਰਵਰੀ (ਚ.ਨ.ਸ.): ਫ਼ਸਲੀ ਖ਼ਰੀਦ ਸਬੰਧੀ ਤਿਆਰੀਆਂ ਦੀ ਨਿਗਰਾਨੀ ਲਈ ਗਠਿਤ ਮੰਤਰੀ ਸਮੂਹ(ਜੀਓਐਮ) ਜਿਸ ਵਿੱਚ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ, ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਆਵਾਜਾਈ ਮੰਤਰੀ ਲਾਲਜੀਤ ਸਿੰਘ ਭੁੱਲਰ ਸ਼ਾਮਿਲ ਹਨ, ਨੇ ਆਉਣ ਵਾਲੇ ਕਣਕ ਖਰੀਦ ਸੀਜ਼ਨ 2026-27 ਦੀ ਵਿਆਪਕ ਸਮੀਖਿਆ ਕਰਨ ਲਈ ਮੀਟਿੰਗ ਕੀਤੀ। ਮੰਤਰੀ ਸਮੂਹ ਨੂੰ ਇਸ ਮੌਕੇ ਦੱਸਿਆ ਗਿਆ ਕਿ ਕਣਕ ਖ਼ਰੀਦ ਸੀਜ਼ਨ 1 ਅਪ੍ਰੈਲ ਤੋਂ ਸ਼ੁਰੂ ਹੋਣ ਦੀ ਸੰਭਾਵਨਾ ਹੈ ਤੇ ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵੱਲੋਂ ਵਿਭਾਗ ਲਗਭਗ 132 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਉਪਜ ਦੀ ਖ਼ਰੀਦ ਕੀਤੀ ਜਾਵੇਗੀ। ਇਸ ਤੋਂ ਇਲਾਵਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2585 ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕੀਤਾ ਗਿਆ ਹੈ। ਭੰਡਾਰਨ ਦੀ ਜਗ੍ਹਾ ਦੇ ਮੁੱਦੇ ਸਬੰਧੀ ਮੰਤਰੀ ਸਮੂਹ ਦੇ ਧਿਆਨ ਵਿੱਚ ਇਹ ਲਿਆਂਦਾ ਗਿਆ ਕਿ ਭਾਰਤੀ ਖੁਰਾਕ ਨਿਗਮ ਵੱਲੋਂ ਅਗਸਤ 2025 ਤੋਂ ਹੁਣ ਤੱਕ ਹਰ ਮਹੀਨੇ 5 ਐਲ.ਐਮ.ਟੀ. ਕਣਕ ਅਤੇ 5 ਐਲਐਮਟੀ ਚੌਲ ਦੀ ਢੋਆ-ਢੁਆਈ ਕੀਤੀ ਜਾ ਰਹੀ ਹੈ, ਜਦੋਂ ਕਿ 2026-27 ਦੇ ਸੀਜ਼ਨ ਵਿੱਚ ਖਰੀਦੀ ਜਾਣ ਵਾਲੀ ਕਣਕ ਲਈ ਢੁਕਵੀਂ ਸਟੋਰੇਜ ਸਪੇਸ ਨੂੰ ਯਕੀਨੀ ਬਣਾਉਣ ਲਈ ਹਰ ਮਹੀਨੇ ਘੱਟੋ-ਘੱਟ 15 ਐਲਐਮਟੀ ਕਣਕ ਦੀ ਚੁਕਾਈ ਦੀ ਲੋੜ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਸਬੰਧ ਵਿੱਚ ਸਮੇਂ ਸਮੇਂ ਉੱਤੇ ਤੇ ਹਾਲ ਹੀ ਵਿੱਚ ਵੀ ਜ਼ੋਰਦਾਰ ਢੰਗ ਨਾਲ ਕੇਂਦਰ ਸਰਕਾਰ ਕੋਲ ਮੁੱਦਾ ਉਠਾਇਆ ਗਿਆ ਹੈ। ਇਸ ਤੋਂ ਇਲਾਵਾ ਆਉਣ ਵਾਲੇ ਸੀਜ਼ਨ ਦੇ ਸਬੰਧੀ ਕਣਕ ਦੀ ਸੁਰੱਖਿਅਤ ਸਟੋਰੇਜ ਨੂੰ ਯਕੀਨੀ ਬਣਾਉਣ ਲਈ ਵਿਭਾਗ ਪਲਿੰਥ ਬਣਾਉਣ ਤੇ ਚੌਲ ਮਿੱਲਾਂ ਵਿੱਚ ਖਾਲੀ ਥਾਵਾਂ ਦੀ ਵਰਤੋਂ ਕਰਨ 'ਤੇ ਵਿਚਾਰ ਕਰ ਰਿਹਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨਾਂ ਨਾਲ ਖਰੀਦ ਪ੍ਰਬੰਧਾਂ ਦੀ ਨਿਯਮਿਤ ਸਮੀਖਿਆ ਕੀਤੀ ਜਾ ਰਹੀ ਹੈ। ਡੀਐਫਐਸਸੀਜ਼ ਵੱਲੋਂ ਸੰਕਟਕਾਲੀ ਯੋਜਨਾਵਾਂ ਤੇ ਬਦਲਵੇਂ ਪ੍ਰਬੰਧ ਤਿਆਰ ਕਰਨ ਲਈ ਐਫ.ਸੀ.ਆਈ. ਦੇ ਜ਼ਿਲ੍ਹਾ ਮੈਨੇਜਰਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਸੀਜ਼ਨ ਦੌਰਾਨ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਲੋੜੀਂਦੀਆਂ ਹੋਰ ਵਸਤਾਂ ਸਬੰਧੀ 391320 ਪਲਾਸਟਿਕ ਦੇ ਕਰੇਟਾਂ ਲਈ ਆਰਡਰ ਜਾਰੀ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 231055 ਪ੍ਰਾਪਤ ਹੋ ਚੁੱਕੇ ਹਨ ਜਦੋਂ ਕਿ ਬਾਕੀ ਮਾਰਚ ਤੱਕ ਪ੍ਰਾਪਤ ਹੋ ਜਾਣਗੇ। ਇਸ ਤੋਂ ਇਲਾਵਾ, 675000 ਲੱਕੜ ਦੇ ਕਰੇਟਾਂ ਦੀ ਸਪਲਾਈ ਲਈ ਆਰਡਰ ਦਿੱਤੇ ਗਏ ਹਨ ਤੇ ਕਣਕ ਨੂੰ ਸੁਰੱਖਿਅਤ ਢੰਗ ਨਾਲ ਸਟੋਰ ਕਰਨ ਲਈ ਲੋੜੀਂਦੇ ਐਲਪੀਈਡੀ ਕਵਰ (ਤਰਪਾਲਾਂ) ਵੀ ਉਪਲਬਧ ਹਨ। ਆੜ੍ਹਤੀਆਂ ਵੱਲੋਂ ਕਮਿਸ਼ਨ ਦੀਆਂ ਦਰਾਂ 45 ਰੁਪਏ ਪ੍ਰਤੀ ਕੁਇੰਟਲ ਤੋਂ ਵਧਾ ਕੇ 64 ਰੁਪਏ ਪ੍ਰਤੀ ਕੁਇੰਟਲ ਕਰਨ ਦੀ ਮੰਗ ਸਬੰਧੀ ਮੰਤਰੀ ਸਮੂਹ ਦੇ ਇਹ ਵੀ ਧਿਆਨ ਵਿੱਚ ਲਿਆਂਦਾ ਗਿਆ ਕਿ ਸੂਬਾ ਸਰਕਾਰ ਵੱਲੋਂ ਹਰ ਸੰਭਵ ਮੌਕੇ 'ਤੇ ਕੇਂਦਰ ਸਰਕਾਰ ਕੋਲ ਇਹ ਮਾਮਲਾ ਜ਼ੋਰ ਸ਼ੋਰ ਨਾਲ ਉਠਾਇਆ ਜਾ ਰਿਹਾ ਹੈ। ਖਰੀਦ ਪ੍ਰਕਿਰਿਆ ਨਾਲ ਜੁੜੇ ਹਰੇਕ ਭਾਈਵਾਲੀ ਦੀ ਭਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੰਤਰੀ ਸਮੂਹ ਨੇ ਅਧਿਕਾਰੀਆਂ ਨੂੰ ਹਰ ਕਦਮ 'ਤੇ ਪਾਰਦਰਸ਼ਤਾ ਨਾਲ ਨਿਰਵਿਘਨ ਖ਼ਰੀਦ ਸੀਜ਼ਨ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਤੇ ਅਜੈਵੀਰ ਸਿੰਘ ਸਰਾਓ ਤੇ ਜੀ.ਐਮ. ਵਿੱਤ ਸਰਵੇਸ਼ ਕੁਮਾਰ ਮੌਜੂਦ ਸਨ।



# ਪੰਜਾਬ ਸਰਕਾਰ ਵੱਲੋਂ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਲਈ 5358 ਲਾਭਪਾਤਰੀਆਂ ਨੂੰ 395 ਕਰੋੜ ਦੀ ਸਬਸਿਡੀ ਜਾਰੀ : ਖੁੱਡੀਆਂ

ਚੰਡੀਗੜ੍ਹ, 25 ਫਰਵਰੀ (ਚ.ਨ.ਸ.): ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਤੋਂ ਪੂਰੀ ਤਰ੍ਹਾਂ ਮੁਕਤ ਬਣਾਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2025-26 ਲਈ ਆਧੁਨਿਕ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀਆਰਐਮ) ਮਸ਼ੀਨਾਂ ਦੀ ਖਰੀਦ ਲਈ 395 ਕਰੋੜ ਰੁਪਏ ਦੀ ਸਬਸਿਡੀ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗ੍ਰਾਮ ਪੰਚਾਇਤਾਂ, ਕਸਟਮ ਹਾਇਰਿੰਗ ਸੈਂਟਰਾਂ (ਸੀਐਚਸੀ), ਵਿਅਕਤੀਗਤ ਕਿਸਾਨਾਂ ਤੇ ਸਪਲਾਈ ਚੇਨਾਂ ਸਮੇਤ 5358 ਲਾਭਪਾਤਰੀਆਂ ਨੂੰ ਸੀਆਰਐਮ ਮਸ਼ੀਨਾਂ ਦੀ ਖਰੀਦ ਉਤੇ 50 ਫ਼ੀਸਦ ਤੋਂ 80 ਫ਼ੀਸਦ ਤੱਕ ਸਬਸਿਡੀ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ-ਸੀਟੂ ਤੇ ਐਕਸ-ਸੀਟੂ ਪ੍ਰਬੰਧਨ 'ਤੇ ਵਿਸ਼ੇਸ਼ ਧਿਆਨ ਕੇਂਦਰਤ ਦਿੱਤਾ ਗਿਆ ਹੈ ਜੋ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਘਟਾਉਣ ਤੇ ਕਿਸਾਨਾਂ ਦੀ ਆਮਦਨ ਵਧਾਉਣ ਪ੍ਰਤੀ ਸੂਬੇ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ।



ਹੋਰ ਵੇਰਵੇ ਸਾਂਝੇ ਕਰਦਿਆਂ ਖੁੱਡੀਆਂ ਨੇ ਵਿਆਪਕ ਵੰਡ ਨੈੱਟਵਰਕ ਦਾ ਜ਼ਿਕਰ ਕੀਤਾ, ਜੋ ਮਸ਼ੀਨਰੀ ਦੀ ਕਿਸਾਨਾਂ ਤੱਕ ਆਸਾਨ ਪਹੁੰਚ ਨੂੰ ਯਕੀਨੀ ਬਣਾਉਂਦਾ ਹੈ। ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਕਿਫਾਇਤੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਸੂਬੇ ਭਰ 'ਚ 66 ਸਹਿਕਾਰੀ ਸਭਾਵਾਂ ਵੱਲੋਂ 1151 ਨਵੇਂ ਕਸਟਮ ਹਾਇਰਿੰਗ ਸੈਂਟਰ (ਸੀ.ਐਚ.ਸੀ.) ਸਥਾਪਤ ਕੀਤੇ ਗਏ। ਇਸ ਵਿੱਚ 1042 ਪੇਂਡੂ ਉੱਦਮੀ ਸ਼ਾਮਲ ਹਨ, ਜੋ ਸਥਾਨਕ ਉੱਦਮ ਨੂੰ ਚਲਾ ਕੇ ਯੋਜਨਾ ਨੂੰ ਮਜ਼ਬੂਤ ਆਧਾਰ ਦਿੰਦੇ ਹਨ, 28 ਕਿਸਾਨ ਉਤਪਾਦਕ ਸੰਗਠਨ (ਐਫ.ਪੀ.ਓ.) ਪੈਮਾਨੇ ਦੀ ਆਰਥਿਕਤਾ ਨੂੰ ਵਧਾਉਂਦੇ ਹਨ ਤੇ 15 ਗ੍ਰਾਮ ਪੰਚਾਇਤਾਂ ਪਿੰਡ ਪੱਧਰ 'ਤੇ ਭਾਈਚਾਰਕ ਤੌਰ 'ਤੇ ਹੱਲ ਯਕੀਨੀ ਬਣਾਉਂਦੀਆਂ ਹਨ।

ਸਿੱਧੀ ਮਾਲਕੀ ਨੂੰ ਵੱਡਾ ਹੁਲਾਰਾ ਦਿੰਦਿਆਂ ਇਸ ਯੋਜਨਾ ਨੇ 4181 ਵਿਅਕਤੀਗਤ ਕਿਸਾਨਾਂ ਨੂੰ ਵੀ ਆਧੁਨਿਕ, ਕੁਸ਼ਲ ਸੀਆਰਐਮ ਮਸ਼ੀਨਾਂ ਪ੍ਰਦਾਨ ਕਰਕੇ ਲਾਭ ਪਹੁੰਚਾਇਆ ਹੈ। ਇਸ ਤੋਂ ਇਲਾਵਾ ਉਦਯੋਗਿਕ ਵੈਲੀਊ ਚੇਨ ਨੂੰ ਮਜ਼ਬੂਤ ਕਰਨ ਲਈ ਇੱਕ ਰਣਨੀਤਕ ਕਦਮ ਤਹਿਤ, 26 ਪੈਡੀ ਸਪਲਾਈ ਚੇਨ ਸਥਾਪਤ ਕੀਤੀਆਂ ਗਈਆਂ ਹਨ। ਇਹ ਸਪਲਾਈ ਚੇਨ ਪਰਾਲੀ ਨੂੰ ਬਾਇਓਮਾਸ ਪਲਾਂਟਾਂ ਅਤੇ ਉਦਯੋਗਿਕ ਇਕਾਈਆਂ ਤੱਕ ਪਹੁੰਚਣ ਤੇ ਲਿਆਉਣ-ਲਿਜਾਣ, ਪ੍ਰਭਾਵਸ਼ਾਲੀ ਢੰਗ ਨਾਲ ਰਹਿੰਦ-ਖੂੰਹਦ ਨੂੰ ਮਾਲੀਏ ਵਿੱਚ ਬਦਲਣ ਤੇ ਇੱਕ ਸਰਕੂਲਰ ਅਰਥਵਿਵਸਥਾ ਦਾ ਨਿਰਮਾਣ ਕਰਨ ਵਿੱਚ ਅਹਿਮ ਯੋਗਦਾਨ ਨਿਭਾਏਗੀ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ 395 ਕਰੋੜ ਰੁਪਏ ਦੀ ਮਿਸਾਲੀ ਸਬਸਿਡੀ ਕਿਸਾਨ ਭਾਈਚਾਰੇ ਤੇ ਵਾਤਾਵਰਣ ਪ੍ਰਤੀ ਸਰਕਾਰ ਦੇ ਦ੍ਰਿੜ ਵਚਨਬੱਧਤਾ ਦਾ ਸਪੱਸ਼ਟ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸਬਸਿਡੀ ਨਹੀਂ ਸਗੋਂ ਸੂਬੇ ਦੇ ਭਵਿੱਖ, ਮਿੱਟੀ ਦੀ ਉਪਜਾਊ ਸ਼ਕਤੀ ਤੇ ਸਾਹ ਲੈਣ ਵਾਲੀ ਸਵੱਛ ਤੇ ਤਾਜ਼ੀ ਹਵਾ ਵਿੱਚ ਇੱਕ ਨਿਵੇਸ਼ ਹੈ। ਸਰਕਾਰ ਵੱਲੋਂ ਪਿੰਡ ਪੱਧਰ 'ਤੇ ਮਸ਼ੀਨਰੀ ਦੀ ਉਪਲਬਧਤਾ ਤੋਂ ਲੈ ਕੇ ਪਰਾਲੀ ਲਈ ਮਜ਼ਬੂਤ ਮਾਰਕੀਟ ਯਕੀਨੀ ਬਣਾਉਣ ਤੱਕ ਸਾਰੇ ਹੱਲ ਪ੍ਰਦਾਨ ਕੀਤੇ ਜਾ ਰਹੇ ਹਨ।

ਖੇਤੀਬਾੜੀ ਮੰਤਰੀ ਨੇ ਕਿਸਾਨ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਉਪਕਰਣਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ। ਸਾਲ 2025-26 ਲਈ ਸੀਆਰਐਮ ਸਕੀਮ ਅਧੀਨ ਇਸ ਅਹਿਮ ਯਤਨ ਦੇ ਪ੍ਰਭਾਵਸ਼ਾਲੀ ਨਤੀਜੇ ਸਾਹਮਣੇ ਆ ਰਹੇ ਹਨ, ਕਿਉਂਕਿ ਸਾਉਣੀ ਸੀਜ਼ਨ 2025 ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 53 ਫ਼ੀਸਦ ਦੀ ਗਿਰਾਵਟ ਆਈ ਹੈ, ਜਿਸ ਨਾਲ ਸਾਲ 2024 ਵਿੱਚ ਮਾਮਲੇ 10,909 ਤੋਂ ਘਟ ਕੇ 5,114 ਰਹਿ ਗਏ, ਜਿਸ ਨਾਲ ਦੇਸ਼ ਵਿੱਚ ਟਿਕਾਊ ਖੇਤੀਬਾੜੀ ਲਈ ਇੱਕ ਨਵਾਂ ਮਾਪਦੰਡ ਸਥਾਪਤ ਹੋਇਆ ਹੈ।

# ਐਸ.ਜੀ.ਪੀ.ਸੀ. ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਅੱਜ

ਅੰਮ੍ਰਿਤਸਰ 25 ਫ਼ਰਵਰੀ (ਗੁਰਦਿਆਲ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ 26 ਫਰਵਰੀ ਨੂੰ ਹੁਣ ਜਾ ਰਹੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਜੋ ਸਪੈਸ਼ਲ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਵਿੱਚ ਹੋ ਰਹੇ ਵੱਡੇ ਘਪਲਿਆਂ ਬਾਰੇ ਸੰਗਤਾਂ ਨੂੰ ਜਾਣਕਾਰੀ ਅਖਬਾਰਾਂ ਤੇ ਮੀਡੀਆ ਨੈਟਵਰਕ ਰਾਹੀਂ ਦੱਸਿਆ ਗਿਆ ਇਸ ਸਬੰਧ ਵਿੱਚ ਅੰਤ੍ਰਿਗ ਕਮੇਟੀ ਦੀ ਮੀਟਿੰਗ ਸੱਦੀ ਗਈ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਹੋਣ ਵਾਲੀ ਅੰਤ੍ਰਿਗ ਕਮੇਟੀ ਦੀ ਮੀਟਿੰਗ ਵਿੱਚ ਗਿਆਨੀ ਰਘਵੀਰ ਸਿੰਘ ਹੈਡ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਦੀ ਛੁੱਟੀ ਕੀਤੀ ਜਾ ਸਕਦੀ ਹੈ ਚਰਚਾ ਚੱਲ ਰਹੀ ਹੈ ਕਿ 2 ਦਸੰਬਰ 24 ਨੂੰ ਅਕਾਲੀ ਆਗੂਆਂ ਨੂੰ ਸ੍ਰੀ ਅਕਾਲ ਤਖਤ ਤੇ ਸੱਦ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਖੁਦ ਸਭ ਕੁਝ ਮੰਨ ਲਿਆ ਤੇ ਸੇਵਾ ਲਗਾ ਕੇ ਪੂਰੀ ਕਰਕੇ ਅਰਦਾਸ ਕਰਾਉਣ ਤੋਂ ਬਾਅਦ ਕੜਾਹ ਪ੍ਰਸ਼ਾਦ ਕਰਾ ਦਿੱਤਾ ਗਿਆ ਤੇ ਗਿਆਨੀ ਹਰਪ੍ਰੀਤ ਸਿੰਘ ਨੂੰ ਨੌਕਰੀ ਤੋਂ ਲਾਂਭੇ ਕਰਕੇ ਘਰ ਭੇਜ ਦਿੱਤਾ ਗਿਆ ਗਿਆਨੀ ਸੁਲਤਾਨ ਸਿੰਘ ਨੂੰ ਸ੍ਰੀ ਮੁਕਤਸਰ ਸਾਹਿਬ ਬਦਲੀ ਕਰਕੇ ਭੇਜ ਦਿੱਤਾ ਰਹਿ ਗਏ ਗਿਆਨੀ ਰਘਬੀਰ ਸਿੰਘ ਉਹਨਾਂ ਨੇ ਖੁੱਲ ਕੇ ਸੁਖਬੀਰ ਬਾਦਲ ਤੇ ਘਪਲਿਆਂ ਬਾਰੇ ਕਈ ਕੁਛ ਆਖ ਦਿੱਤਾ ਜਿਹੜਾ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਹਜਮ ਨਹੀਂ ਹੋ ਰਿਹਾ ਇਸ ਕਰਕੇ ਭਲਕੇ ਹੁਣ ਜਾ ਰਹੇ ਹਨ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿੱਚ ਹੈਡ ਗ੍ਰੰਥੀ ਦੇ ਅਹੁਦੇ ਤੋਂ ਗਿਆਨੀ ਰਘਬੀਰ ਸਿੰਘ ਨੂੰ ਲਾਂਭੇ ਕਰਕੇ ਘਰ ਭੇਜਣ ਦੀਆਂ ਤਿਆਰੀਆਂ ਹੋ ਰਹੀਆਂ ਹਨ ।ਸੂਤਰਾਂ ਨੇ ਦੱਸਿਆ ਕਿ ਕੋਈ ਅਜਿਹਾ ਇਲਜਾਮ ਲਾਉਣਗੇ ਜਿਹੜਾ ਪਹਿਲੇ ਜਥੇਦਾਰਾਂ ਨੂੰ ਘਰ ਭੇਜਣ ਸਮੇਂ ਲਾਇਆ ਸੀ ਇਹੋ ਜਿਹਾ ਕੋਈ ਭਾਣਾ ਵਰਤੇਗਾ।




# ਯੂਥ ਕਾਂਗਰਸੀ ਆਗੂਆਂ ਦੀ ਗ੍ਰਿਫ਼ਤਾਰੀ ਮਾਮਲੇ 'ਚ ਹਿਮਾਚਲ ਪੁਲਿਸ ਨੇ ਦਿੱਲੀ ਦੇ 20 ਪੁਲਿਸ ਮੁਲਾਜ਼ਮਾਂ ਨੂੰ ਲਿਆ ਹਿਰਾਸਤ 'ਚ

ਸ਼ਿਮਲਾ, 25 ਫਰਵਰੀ (ਚ.ਨ.ਸ.): ਹਿਮਾਚਲ ਪ੍ਰਦੇਸ਼ ਪੁਲਿਸ ਨੇ ਸ਼ਿਮਲਾ ਦੇ ਰੋਹੜੂ ਤੋਂ ਯੂਥ ਕਾਂਗਰਸ ਦੇ ਤਿੰਨ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੇ ਮਾਮਲੇ ਵਿੱਚ ਦਿੱਲੀ ਪੁਲਿਸ ਦੇ ਘੱਟੋ-ਘੱਟ 20 ਜਵਾਨਾਂ ਨੂੰ ਹਿਰਾਸਤ ਵਿੱਚ ਲਿਆ ਹੈ। ਇਹ ਗ੍ਰਿਫ਼ਤਾਰੀ ਨਵੀਂ ਦਿੱਲੀ ਵਿੱਚ ਹੋਏ ਏ.ਆਈ. ਸੰਮੇਲਨ ਦੌਰਾਨ ਯੂਥ ਕਾਂਗਰਸ ਵੱਲੋਂ ਕੀਤੇ ਗਏ ਪ੍ਰਦਰਸ਼ਨ ਦੇ ਸਬੰਧ ਵਿੱਚ ਕੀਤੀ ਗਈ ਸੀ। ਦਿੱਲੀ ਪੁਲਿਸ ਦੀ ਟੀਮ ਨੇ ਰੋਹੜੂ ਪਹੁੰਚ ਕੇ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਸੀ, ਪਰ ਜਦੋਂ ਉਹ ਵਾਪਸ ਦਿੱਲੀ ਜਾ ਰਹੇ ਸਨ, ਤਾਂ ਹਿਮਾਚਲ ਪੁਲੀਸ ਨੇ ਉਨ੍ਹਾਂ ਨੂੰ ਧਰਮਪੁਰ ਨੇੜੇ ਰੋਕ ਲਿਆ ਅਤੇ ਹਿਰਾਸਤ ਵਿੱਚ ਲੈ ਲਿਆ। ਹੁਣ ਸਾਰਿਆਂ ਨੂੰ ਸ਼ਿਮਲਾ ਲਿਜਾਇਆ ਗਿਆ ਹੈ ਅਤੇ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਐੱਸ.ਪੀ. ਸੋਲਨ, ਤਿਰੁਮਲਾਰਾਜੂ ਐੱਸ.ਡੀ. ਵਰਮਾ ਨੇ ਪੁਸ਼ਟੀ ਕੀਤੀ ਕਿ ਸ਼ਿਮਲਾ ਪੁਲੀਸ ਦੀ ਬੇਨਤੀ 'ਤੇ ਧਰਮਪੁਰ ਨੇੜੇ ਨਾਕਾਬੰਦੀ ਕੀਤੀ ਗਈ ਸੀ, ਜਿਸ ਤੋਂ ਬਾਅਦ ਅਗਲੀ ਕਾਰਵਾਈ ਸ਼ਿਮਲਾ ਪੁਲੀਸ ਵੱਲੋਂ ਕੀਤੀ ਗਈ। ਇਸ ਮਾਮਲੇ 'ਤੇ ਡੀਜੀਪੀ ਵੱਲੋਂ ਅਜੇ ਤੱਕ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ਏ.ਆਈ.ਸੀ.ਸੀ. ਬੁਲਾਰੇ ਅਤੇ ਠਿਓਗ ਤੋਂ ਵਿਧਾਇਕ ਕੁਲਦੀਪ ਰਾਠੌਰ ਨੇ ਇਸ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ ਹੈ। ਰਾਠੌਰ ਨੇ ਕਿਹਾ ਕਿ ਬਿਨਾਂ ਵਾਰੰਟ ਹਿਮਾਚਲ ਸਦਨ 'ਤੇ ਛਾਪਾ ਮਾਰਨਾ ਨਿੱਜਤਾ ਦੀ ਉਲੰਘਣਾ ਹੈ। ਉਨ੍ਹਾਂ ਸੂਬਾ ਸਰਕਾਰ ਨੂੰ ਦਿੱਲੀ ਪੁਲੀਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਕਿਸੇ ਇੱਕ ਪਾਰਟੀ ਦੀ ਜਾਇਦਾਦ ਨਹੀਂ ਹੈ। ਵਿਰੋਧੀ ਧਿਰ ਦਾ ਕੰਮ ਜਨਤਾ ਦੀ ਆਵਾਜ਼ ਬੁਲੰਦ ਕਰਨਾ ਹੈ, ਪਰ ਕੇਂਦਰ ਸਰਕਾਰ ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਰਾਠੌਰ ਅਨੁਸਾਰ, 20 ਫਰਵਰੀ ਨੂੰ ਯੂਥ ਕਾਂਗਰਸ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਅਤੇ ਬੇਰੁਜ਼ਗਾਰੀ ਵਿਰੁੱਧ ਸ਼ਾਂਤੀਪੂਰਨ ਪ੍ਰਦਰਸ਼ਨ ਕੀਤਾ ਸੀ। ਉਨ੍ਹਾਂ ਸਵਾਲ ਕੀਤਾ ਕਿ ਕੀ ਲੋਕਤੰਤਰੀ ਤਰੀਕੇ ਨਾਲ ਵਿਰੋਧ ਕਰਨਾ ਦੇਸ਼ ਧ੍ਰੋਹ ਹੈ? ਰਾਠੌਰ ਨੇ ਪ੍ਰਧਾਨ ਮੰਤਰੀ ਮੋਦੀ ਦੇ ਉਸ ਬਿਆਨ ਦੀ ਵੀ ਨਿੰਦਾ ਕੀਤੀ ਜਿਸ ਵਿੱਚ ਪ੍ਰਦਰਸ਼ਨਕਾਰੀਆਂ 'ਤੇ ਦੇਸ਼ ਦਾ ਅਕਸ ਖਰਾਬ ਕਰਨ ਦਾ ਦੋਸ਼ ਲਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਖਿਲਾਫ ਬੋਲਣ ਵਾਲੇ ਨੂੰ ਦੇਸ਼ ਵਿਰੋਧੀ ਕਹਿਣਾ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ।



# ਸੁਨੀਲ ਜਾਖੜ ਦੇ ਬਿਆਨ 'ਤੇ ਬਲਤੇਜ ਪੰਨੂ ਦਾ ਪਲਟਵਾਰ 'ਨੌਸਿਖੀਆਂ' ਨੇ ਉਹ ਕਰ ਦਿਖਾਇਆ ਜੋ ਤੁਹਾਡੀਆਂ ਸਰਕਾਰਾਂ ਦਹਾਕਿਆਂ 'ਚ ਨਹੀਂ ਕਰ ਸਕੀਆਂ : ਪੰਨੂ

ਚੰਡੀਗੜ੍ਹ, 25 ਫਰਵਰੀ (ਅੰਮ੍ਰਿਤਪਾਲ ਸਿੰਘ): ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਆਮ ਆਦਮੀ ਪਾਰਟੀ ਨੂੰ 'ਨੌਸਿਖੀਆਂ ਦੀ ਪਾਰਟੀ' ਕਹੇ ਜਾਣ 'ਤੇ 'ਆਪ' ਆਗੂ ਬਲਤੇਜ ਪੰਨੂ ਨੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਨ੍ਹਾਂ 'ਨੌਸਿਖੀਆਂ' ਨੇ ਉਹ ਕੰਮ ਕੀਤੇ ਹਨ ਜੋ ਮੰਜੇ ਹੋਏ ਸਿਆਸਤਦਾਨਾਂ ਦੀਆਂ ਸਰਕਾਰਾਂ ਨਹੀਂ ਕਰ ਸਕੀਆਂ। ਪੰਨੂ ਨੇ ਕਿਹਾ ਕਿ ਜਿਸ ਨੂੰ ਜਾਖੜ ਸਾਹਿਬ ਨੌਸਿਖੀਆਂ ਦੀ ਪਾਰਟੀ ਕਹਿ ਰਹੇ ਹਨ, ਉਸੇ ਸਰਕਾਰ ਨੇ ਨਹਿਰੀ ਪਾਣੀ ਦੀ ਪਹੁੰਚ ਨੂੰ 22% ਤੋਂ ਵਧਾ ਕੇ 68% ਤੱਕ ਪਹੁੰਚਾ ਦਿੱਤਾ ਹੈ। ਪੰਜਾਬ ਵਿੱਚ 'ਸੜਕ ਸੁਰੱਖਿਆ ਫੋਰਸ' (ਐਸਐਸਐਫ) ਦਾ ਗਠਨ ਕੀਤਾ ਗਿਆ, ਜਿਸ ਦੇ ਨਤੀਜੇ ਵਜੋਂ ਸੜਕ ਹਾਦਸਿਆਂ ਵਿੱਚ ਮੌਕੇ 'ਤੇ ਹੋਣ ਵਾਲੀਆਂ ਮੌਤਾਂ ਵਿੱਚ 48% ਦੀ ਵੱਡੀ ਕਮੀ ਆਈ ਹੈ।



ਪੰਨੂ ਨੇ ਕਿਹਾ ਕਿ ਅੱਜ ਪੰਜਾਬ ਦੇ ਆਮ ਲੋਕਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਮਿਲ ਰਹੀ ਹੈ। ਇਹ ਰਾਹਤ ਕਿਸੇ ਤਜਰਬੇਕਾਰ ਪਾਰਟੀ ਨੇ ਨਹੀਂ, ਸਗੋਂ ਇਸੇ ਲੋਕ-ਪੱਖੀ 'ਆਪ' ਪਾਰਟੀ ਦੀ ਸਰਕਾਰ ਨੇ ਦਿੱਤੀ ਹੈ, ਜਿਸ ਨੂੰ ਤੁਸੀਂ 'ਨੌਸਿਖੀਆਂ' ਕਹਿ ਰਹੇ ਹੋ। ਪੰਨੂ ਨੇ ਕਿਹਾ ਕਿ ਜਾਖੜ ਸਾਹਿਬ ਨੂੰ ਆਪਣੀ ਊਰਜਾ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਕੇਂਦਰ ਸਰਕਾਰ ਕੋਲ ਪੈਰਵੀ ਕਰਨ ਵਿੱਚ ਲਗਾਉਣੀ ਚਾਹੀਦੀ ਹੈ, ਨਾ ਕਿ ਵਿਰੋਧੀਆਂ ਨੂੰ ਬਦਨਾਮ ਕਰਨ ਵਿੱਚ।

# ਸਰਹੱਦ ਪਾਰੋਂ ਚੱਲ ਰਹੇ ਤਸਕਰੀ ਨੈੱਟਵਰਕ ਦਾ ਇੱਕ ਕਾਰਕੁੰਨ 2.1 ਕਿਲੋ ਹੈਰੋਇਨ, 7 ਪਿਸਤੌਲਾਂ ਸਮੇਤ

ਚੰਡੀਗੜ੍ਹ/ਫਾਜ਼ਿਲਕਾ, 25 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਫਾਜ਼ਿਲਕਾ ਨੇ ਇੱਕ ਦੋਸ਼ੀ ਨੂੰ 2.1 ਕਿਲੋਗ੍ਰਾਮ ਹੈਰੋਇਨ ਅਤੇ ਸੱਤ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥ ਅਤੇ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਨਾਮ ਸਿੰਘ ਉਰਫ਼ ਗਾਮਾ ਵਾਸੀ ਭੰਗੇ ਵਾਲਾ (ਝੁਗੇ ਕਿਸ਼ੋਰ ਸਿੰਘ ਵਾਲਾ), ਫਿਰੋਜ਼ਪੁਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਇੱਕ 9 ਐਮਐਮ ਗਲੌਕ ਅਤੇ ਚਾਰ .30 ਬੋਰ ਦੇ ਪਿਸਤੌਲ ਅਤੇ ਦੋ 9 ਐਮਐਮ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ 10 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ। ਪੁਲਿਸ ਟੀਮਾਂ ਨੇ ਉਸ ਦਾ ਹੀਰੋ ਡੀਲਕਸ ਮੋਟਰਸਾਈਕਲ, ਜਿਸਦੀ ਵਰਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕੀਤੀ ਜਾ ਰਹੀ ਸੀ, ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹੈਰੋਇਨ ਅਤੇ ਹਥਿਆਰਾਂ ਦੀ ਇਹ ਖੇਪ ਪਾਕਿਸਤਾਨ ਸਥਿਤ ਤਸਕਰਾਂ ਵੱਲੋਂ ਡਰੋਨ ਰਾਹੀਂ ਸੂਬੇ ਵਿੱਚ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਭੇਜੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਏਆਈਜੀ ਐਸਐਸਓਸੀ ਫਾਜ਼ਿਲਕਾ ਨਰੇਸ਼ ਕੁਮਾਰ ਡੋਗਰਾ ਨੇ ਦੱਸਿਆ ਕਿ ਭਰੋਸੇਯੋਗ ਸੂਹ 'ਤੇ ਕਾਰਵਾਈ ਕਰਦਿਆਂ, ਐਸਐਸਓਸੀ ਫਾਜ਼ਿਲਕਾ ਦੀਆਂ ਟੀਮਾਂ ਨੇ ਜਲਾਲਾਬਾਦ ਖੇਤਰ ਵਿੱਚ ਇੱਕ ਵਿਸ਼ੇਸ਼ ਆਪਰੇਸ਼ਨ ਚਲਾਇਆ ਅਤੇ ਦੋਸ਼ੀ ਨੂੰ ਫਾਜ਼ਿਲਕਾ ਦੇ ਪਿੰਡ ਬਾਘੇ ਕੇ ਉੱਤਰ ਨੇੜਿਓਂ ਉਸ ਵੇਲੇ ਕਾਬੂ ਕੀਤਾ, ਜਦੋਂ ਉਹ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ।

ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਉਸ ਕੋਲੋਂ 2.1 ਕਿਲੋ ਹੈਰੋਇਨ ਤੇ ਤਿੰਨ ਪਿਸਤੌਲ ਬਰਾਮਦ ਕੀਤੇ ਗਏ। ਉਨ੍ਹਾਂ ਅੱਗੇ ਦੱਸਿਆ ਕਿ ਖੁਲਾਸੇ ਦੌਰਾਨ ਗ੍ਰਿਫ਼ਤਾਰ ਮੁਲਜ਼ਮ ਵੱਲੋਂ ਦੱਸੇ ਗਏ ਟਿਕਾਣੇ ਤੋਂ ਚਾਰ ਹੋਰ ਪਿਸਤੌਲ ਬਰਾਮਦ ਕੀਤੇ ਗਏ। ਇਸ ਸਬੰਧੀ, ਐਫਆਈਆਰ ਨੰਬਰ 02 ਮਿਤੀ 24-02-2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21ਸੀ ਅਤੇ 25 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਥਾਣਾ ਐਸਐਸਓਸੀ ਫਾਜ਼ਿਲਕਾ ਵਿਖੇ ਦਰਜ ਕੀਤੀ ਗਈ ਹੈ।




# ਗੈਂਗਸਟਰਾਂ 'ਤੇ ਵਾਰ ਦੇ 36ਵੇਂ ਦਿਨ 546 ਥਾਈਂ ਛਾਪੇਮਾਰੀ ਦੌਰਾਨ 148 ਕਾਬੂ

ਚੰਡੀਗੜ੍ਹ, 25 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ 'ਤੇ ਵਾਰ" ਦੇ 36ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 546 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ 'ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਇੱਕ ਫੈਸਲਾਕੁੰਨ ਜੰਗ ਹੈ , ਜੋ 20 ਜਨਵਰੀ ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

36ਵੇਂ ਦਿਨ ਪੁਲੀਸ ਟੀਮਾਂ ਨੇ 148 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਥ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 11,413 ਹੋ ਗਈ ਹੈ। ਇਸ ਤੋਂ ਇਲਾਵਾ 143 ਵਿਅਕਤੀਆਂ ਖ਼ਿਲਾਫ਼ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦਕਿ 134 ਵਿਅਕਤੀਆਂ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲੀਸ ਟੀਮਾਂ ਨੇ ਕਾਰਵਾਈ ਦੌਰਾਨ ਤਿੰਨ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਲੋਕ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਸਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਜਾਂ ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ। ਇਸ ਦੌਰਾਨ ਪੁਲੀਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁਧ" ਨੂੰ 361ਵੇਂ ਦਿਨ ਵੀ ਜਾਰੀ ਰੱਖਿਆ ਹੈ, ਜਿਸ ਤਹਿਤ 88 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਕਿਲੋ ਹੈਰੋਇਨ, 175 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 27520 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ ਸਿਰਫ 361 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 51216 ਹੋ ਗਈ ਹੈ। ਦੱਸਣਯੋਗ ਹੈ ਕਿ ਨਸ਼ਾ ਛੁਡਾਊ ਮੁਹਿੰਮ ਦੇ ਤਹਿਤ ਪੰਜਾਬ ਪੁਲਿਸ ਨੇ 30 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।




## ਜਾਅਲੀ ਦਸਤਾਵੇਜ਼ਾਂ ਰਾਹੀਂ ਕਾਊਂਸਲਰ ਦੀ ਨੌਕਰੀ ਲੈਣ ਵਾਲਾ ਵਿਅਕਤੀ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 25 ਫਰਵਰੀ (ਚ.ਨ.ਸ.): ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਪਹੁੰਚ ਅਪਣਾਉਂਦਿਆਂ ਵਿਜੀਲੈਂਸ ਬਿਊਰੋ ਪੰਜਾਬ ਨੇ ਸਿਵਲ ਹਸਪਤਾਲ ਬਰੇਟਾ ਜ਼ਿਲ੍ਹਾ ਮਾਨਸਾ ਦੇ ਨਸ਼ਾ ਛੁਡਾਊ ਕੇਂਦਰ ਵਿੱਚ ਤਾਇਨਾਤ ਸ਼ੰਕਰ ਸਿੰਘ ਕਾਊਂਸਲਰ ਨੂੰ ਜਾਅਲੀ ਡਿਗਰੀ/ਸਰਟੀਫਿਕੇਟ ਦੇ ਆਧਾਰ 'ਤੇ ਕਾਊਂਸਲਰ ਦੀ ਨੌਕਰੀ ਹਾਸਿਲ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਵਿਜੀਲੈਂਸ ਬਿਊਰੋ ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਜਾਂਚ ਕਰਨ ਤੋਂ ਬਾਅਦ ਦੋਸ਼ੀ ਕਾਊਂਸਲਰ ਸ਼ੰਕਰ ਸਿੰਘ, ਵਾਸੀ ਪਿੰਡ ਭੂੰਦੜ ਭੈਣੀ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ ਵਿਰੁੱਧ ਕਾਰਵਾਈ ਕੀਤੀ ਗਈ । ਸਾਲ 2023 ਵਿੱਚ ਇੱਕ ਨਿੱਜੀ ਕੰਪਨੀ ਇਨੋਵਿਜ਼ਨ ਲਿਮਟਿਡ ਰਾਹੀਂ ਆਊਟਸੋਰਸਿੰਗ ਤੇ ਭਰਤੀ ਕੀਤੇ ਗਏ ਕੌਂਸਲਰਾਂ ਅਤੇ ਕੰਪਿਊਟਰ ਆਪਰੇਟਰਾਂ ਦੀਆਂ ਡਿਗਰੀਆਂ/ਸਰਟੀਫਿਕੇਟਾਂ ਦੀ ਸਿਵਲ ਸਰਜਨ, ਮਾਨਸਾ ਦੇ ਦਫ਼ਤਰ ਦੁਆਰਾ ਤਸਦੀਕ ਕਰਵਾਈ ਗਈ ਤੇ ਇਹ ਪਾਇਆ ਗਿਆ ਕਿ ਉਕਤ ਨੇ ਜਾਅਲੀ ਡਿਗਰੀ/ਸਰਟੀਫਿਕੇਟ ਦੇ ਆਧਾਰ 'ਤੇ ਨੌਕਰੀ ਪ੍ਰਾਪਤ ਕੀਤੀ ਸੀ।

ਉਸ ਵਿਰੁੱਧ ਪੁਲਿਸ ਸਟੇਸ਼ਨ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਪੰਜਾਬ ਮੰਡੀ ਬੋਰਡ ਦੇ ਪੂਰਵਲੇ ਸਕੱਤਰ ਨੂੰ ਦਿੱਤੀ ਵਿਦਾਇਗੀ ਪਾਰਟੀ, ਨਵ ਨਿਯੁਕਤ ਸਕੱਤਰ ਤੇ ਸੰਯੁਕਤ ਸਕੱਤਰ ਦਾ ਸਵਾਗਤ



ਐਸ.ਏ.ਐਸ. ਨਗਰ, 25 ਫਰਵਰੀ (ਚ.ਨ.ਸ.): ਪੰਜਾਬ ਮੰਡੀ ਬੋਰਡ ਦੇ ਪੂਰਵਲੇ ਸਕੱਤਰ ਰਾਮਵੀਰ, ਆਈ.ਏ.ਐਸ. ਨੂੰ ਉਨ੍ਹਾਂ ਦੇ ਟ੍ਰਾਂਸਫਰ ਹੋਣ ਉਪਰੰਤ ਅੱਜ ਵਿਦਾਇਗੀ ਪਾਰਟੀ ਦਿੱਤੀ ਗਈ ਤੇ ਨਵ ਨਿਯੁਕਤ ਸਕੱਤਰ ਕੁਮਾਰ ਅਮਿਤ ਆਈ.ਏ.ਐਸ. ਤੇ ਸੰਯੁਕਤ ਸਕੱਤਰ ਹਰਜੀਤ ਸਿੰਘ ਸੰਧੂ ਪੀ.ਸੀ.ਐਸ. ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਅਧਿਕਾਰੀਆਂ ਦੀ ਇਕੱਤਰਤਾ ਵਿਚ ਆਪਣੇ ਵਿਚਾਰ ਰਖਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਰਾਮਵੀਰ ਪੰਜਾਬ ਮੰਡੀ ਬੋਰਡ ਵਿਖੇ ਬਤੌਰ ਸਕੱਤਰ ਰਹਿੰਦਿਆਂ ਮੰਡੀ ਬੋਰਡ ਤੇ ਮੁਲਾਜ਼ਮਾਂ ਦੇ ਸਰਬਪੱਖੀ ਵਿਕਾਸ ਲਈ ਪਹਿਲੇ ਦਿਨ ਤੋਂ ਹੀ ਤੱਤਪਰ ਰਹੇ ਹਨ। ਸਕੱਤਰ ਬੋਰਡ ਰਹਿੰਦੀਆਂ ਪੰਜਾਬ ਮੰਡੀ ਬੋਰਡ ਨਾਲ ਸਬੰਧਤ ਹਰ ਪੱਖ ਤੋਂ ਅਹਿਮ ਫੈਸਲੇ ਲੈਂਦੇ ਹੋਏ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ। ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਬਰਸਟ ਨੇ ਉਮੀਦ ਪ੍ਰਗਟਾਈ ਕਿ ਰਾਮਵੀਰ ਆਉਣ ਵਾਲੇ ਸਮੇਂ ਵਿਚ ਵੀ ਸੂਬੇ ਦੇ ਹਿੱਤ ਵਿਚ ਆਪਣਾ ਯੋਗਦਾਨ ਪਾਉਂਦੇ ਰਹਿਣਗੇ।

ਚੇਅਰਮੈਨ ਵੱਲੋਂ ਪੰਜਾਬ ਮੰਡੀ ਬੋਰਡ ਦੇ ਨਵ ਨਿਯੁਕਤ ਸਕੱਤਰ ਕੁਮਾਰ ਅਮਿਤ ਆਈ.ਏ.ਐਸ. ਤੇ ਸੰਯੁਕਤ ਸਕੱਤਰ ਹਰਜੀਤ ਸਿੰਘ ਸੰਧੂ ਪੀ.ਸੀ.ਐਸ. ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਵ ਨਿਯੁਕਤ ਸਕੱਤਰ ਕੁਮਾਰ ਅਮਿਤ ਤੇ ਸੰਯੁਕਤ ਸਕੱਤਰ ਹਰਜੀਤ ਸਿੰਘ ਸੰਧੂ ਦੇ ਤਜਰਬੇ ਤੇ ਪ੍ਰਸ਼ਾਸਕੀ ਯੋਗਤਾਵਾਂ ਨਾਲ ਮੰਡੀ ਬੋਰਡ ਦੀ ਕਾਰਗੁਜ਼ਾਰੀ ਹੋਰ ਮਜ਼ਬੂਤ ਹੋਵੇਗੀ ਤੇ ਮੰਡੀਆਂ ਵਿੱਚ ਵਿਕਾਸ ਤੇ ਸੁਧਾਰ ਨੂੰ ਹੋਰ ਗਤੀ ਮਿਲੇਗੀ। ਇਸ ਦੌਰਾਨ ਰਾਮਵੀਰ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਇਸ ਮੌਕੇ ਰਾਮਵੀਰ ਆਈ.ਏ.ਐਸ. ਨੇ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਗਟਾਏ ਭਰੋਸੇ ਸਦਕਾ ਹੀ ਉਹ ਸਕੱਤਰ ਦੇ ਅਹੁਦੇ ਦੀ ਜ਼ਿੰਮੇਵਾਰੀ ਨਿਭਾਉਂਦੇ ਰਹੇ ਹਨ ਤੇ ਇਹ ਸਮਾਂ ਉਨ੍ਹਾਂ ਨੂੰ ਪੂਰਾ ਜੀਵਨ ਯਾਦ ਰਹੇਗਾ। ਨਵੇਂ ਸੰਯੁਕਤ ਸਕੱਤਰ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਉਹ ਆਪਣੀਆਂ ਜਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਿਭਾਉਣਗੇ। ਇਸ ਮੌਕੇ ਬੋਰਡ ਦੇ ਸਮੂਹ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ।

# ਵਿਜੀਲੈਂਸ ਵੱਲੋਂ ਏਐਸਆਈ 15000 ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 25 ਫਰਵਰੀ (ਵਿਸ਼ਾਲ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ, ਪੁਲਿਸ ਚੌਕੀ ਕੈਲਾਸ਼ ਚੌਕ, ਲੁਧਿਆਣਾ ਦੇ ਇੰਚਾਰਜ ਵਜੋਂ ਤਾਇਨਾਤ ਸਹਾਇਕ ਸਬ-ਇੰਸਪੈਕਟਰ ਜਨਕ ਰਾਜ ਨੂੰ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ, ਸਟੇਟ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਸਿਵਲ ਲਾਈਨ, ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਭਰਾ ਨੂੰ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਜਿਸ ਵਿੱਚ ਮੁਲਜ਼ਮ ਏਐਸਆਈ ਜਾਂਚ ਅਧਿਕਾਰੀ ਸੀ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਜਦੋਂ ਉਹ ਥਾਣੇ ਵਿੱਚ ਆਪਣੇ ਭਰਾ ਨੂੰ ਮਿਲਣ ਗਿਆ ਤਾਂ ਮੁਲਜ਼ਮ ਏਐਸਆਈ ਨੇ ਉਸਦੇ ਗ੍ਰਿਫ਼ਤਾਰ ਭਰਾ ਨੂੰ ਮਿਲਣ ਬਦਲੇ ਮੌਕੇ 'ਤੇ ਹੀ ਉਸ ਕੋਲੋਂ 10,000 ਰੁਪਏ ਰਿਸ਼ਵਤ ਲਈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਏਐਸਆਈ ਨੇ ਸ਼ਿਕਾਇਤਕਰਤਾ ਦੇ ਭਰਾ ਨੂੰ ਹੋਰ ਪੁਲਿਸ ਰਿਮਾਂਡ 'ਤੇ ਨਾ ਰੱਖਣ ਬਦਲੇ ਐਸਐਚਓ ਲਈ ਦੋ ਲੱਖ ਰੁਪਏ ਅਤੇ ਆਪਣੇ ਲਈ ਪੰਜਾਹ ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਾਰੀ ਗੱਲਬਾਤ ਰਿਕਾਰਡ ਕਰ ਲਈ।

ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ, ਲੁਧਿਆਣਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਏਐਸਆਈ ਜਨਕ ਰਾਜ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ, ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮਾਨ ਸਰਕਾਰ ਦਾ ਵੱਲੋਂ 6 ਸਾਲ ਤੱਕ ਦੇ ਬੱਚਿਆਂ ਦੇ ਭਵਿੱਖ ਲਈ 6110 ਆਂਗਨਵਾੜੀ ਅਸਾਮੀਆਂ ਦੀ ਭਰਤੀ : ਡਾ. ਬਲਜੀਤ ਕੌਰ

ਚੰਡੀਗੜ੍ਹ, 25 ਫਰਵਰੀ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ 0 ਤੋਂ 6 ਸਾਲ ਦੇ ਬੱਚਿਆਂ ਦੇ ਸਰਵਪੱਖੀ ਵਿਕਾਸ ਤੇ ਮੁੱਢਲੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਢੁਕਵੇਂ ਤੇ ਦੂਰਗਾਮੀ ਕਦਮ ਚੁੱਕ ਰਹੀ ਹੈ। ਇਸੇ ਉਦੇਸ਼ ਦੀ ਪੂਰਤੀ ਲਈ ਪੰਜਾਬ ਸਰਕਾਰ ਵੱਲੋਂ ਆਂਗਨਵਾੜੀ ਵਰਕਰਾਂ ਤੇ ਆਂਗਨਵਾੜੀ ਹੈਲਪਰਾਂ ਦੀਆਂ ਕੁੱਲ 6110 ਅਸਾਮੀਆਂ ਭਰਨ ਲਈ ਆਨਲਾਈਨ ਅਰਜ਼ੀਆਂ ਮੰਗੀਆਂ ਗਈਆਂ ਹਨ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਨੇ ਦੱਸਿਆ ਕਿ ਕੁੱਲ 6110 ਅਸਾਮੀਆਂ ਵਿੱਚੋਂ 1316 ਅਸਾਮੀਆਂ ਆਂਗਨਵਾੜੀ ਵਰਕਰਾਂ ਤੇ 4794 ਅਸਾਮੀਆਂ ਆਂਗਨਵਾੜੀ ਹੈਲਪਰਾਂ ਦੀਆਂ ਹਨ। ਉਨ੍ਹਾਂ ਕਿਹਾ ਕਿ ਯੋਗ ਉਮੀਦਵਾਰ 11 ਮਾਰਚ 2026 ਰਾਤ 11.59 ਵਜੇ ਤੱਕ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਪਹਿਲਾਂ ਇਨ੍ਹਾਂ ਅਸਾਮੀਆਂ ਲਈ ਅਰਜ਼ੀਆਂ ਦੇਣ ਦੀ ਆਖਰੀ ਮਿਤੀ 10 ਦਸੰਬਰ 2025 ਨਿਰਧਾਰਤ ਕੀਤੀ ਗਈ ਸੀ, ਜਿਸ ਵਿੱਚ ਹੁਣ ਵਾਧਾ ਕੀਤਾ ਗਿਆ ਹੈ। ਇਸ ਅਨੁਸਾਰ ਹੁਣ ਪੰਜਾਬ ਰਾਜ ਦੀਆਂ ਯੋਗ (ਕੇਵਲ ਇਸਤਰੀਆਂ) ਉਮੀਦਵਾਰਾਂ 25 ਫਰਵਰੀ ਤੋਂ 11 ਮਾਰਚ 2026 ਰਾਤ 11.59 ਵਜੇ ਤੱਕ ਆਨਲਾਈਨ ਅਪਲਾਈ ਕਰ ਸਕਦੀਆਂ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਅਰਜ਼ੀਆਂ ss-



wcd.punjab.gov.in ਲਿੰਕ ਰਾਹੀਂ, ਨਿਰਧਾਰਿਤ ਫਾਰਮੈਟ ਅਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਕੇਵਲ ਆਨਲਾਈਨ ਮੋਡ ਰਾਹੀਂ ਹੀ ਸਵੀਕਾਰ ਕੀਤੀਆਂ ਜਾਣਗੀਆਂ। ਹੋਰ ਕਿਸੇ ਵੀ ਮੋਡ ਰਾਹੀਂ ਅਰਜ਼ੀਆਂ ਮਨਜ਼ੂਰ ਨਹੀਂ ਕੀਤੀਆਂ ਜਾਣਗੀਆਂ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਉਮੀਦਵਾਰਾਂ ਵੱਲੋਂ ਇਨ੍ਹਾਂ ਅਸਾਮੀਆਂ ਲਈ ਪਹਿਲਾਂ ਹੀ ਅਪਲਾਈ ਕੀਤਾ ਗਿਆ ਹੈ, ਉਨ੍ਹਾਂ ਨੂੰ ਮੁੜ ਤੋਂ ਅਰਜ਼ੀ ਦੇਣ ਦੀ ਲੋੜ ਨਹੀਂ। ਹਾਲਾਂਕਿ ਜਿਨ੍ਹਾਂ ਉਮੀਦਵਾਰਾਂ ਦੀਆਂ ਅਰਜ਼ੀਆਂ ਪਹਿਲਾਂ ਦਸਤਾਵੇਜ਼ਾਂ ਦੀ ਘਾਟ ਕਾਰਨ ਰੱਦ ਹੋਈਆਂ ਸਨ, ਉਹ ਉਮੀਦਵਾਰ ਮੁੜ ਤੋਂ ਅਪਲਾਈ ਕਰ ਸਕਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ 0 ਤੋਂ 6 ਸਾਲ ਦੀ ਉਮਰ ਬੱਚੇ ਦੀ ਜ਼ਿੰਦਗੀ ਦਾ ਸਭ ਤੋਂ ਨਾਜ਼ੁਕ ਤੇ ਮਹੱਤਵਪੂਰਨ ਦੌਰ ਹੁੰਦਾ ਹੈ, ਜਿਸ ਦੌਰਾਨ ਮਿਲਣ ਵਾਲੀ ਸਿੱਖਿਆ, ਦੇਖਭਾਲ ਅਤੇ ਪੋਸ਼ਣ ਬੱਚੇ ਦੇ ਪੂਰੇ ਜੀਵਨ ਦੀ ਮਜ਼ਬੂਤ ਨੀਂਹ ਬਣਦੇ ਹਨ। ਉਨ੍ਹਾਂ ਕਿਹਾ ਕਿ ਹਰ ਬੱਚਾ, ਚਾਹੇ ਉਹ ਸ਼ਹਿਰ ਵਿੱਚ ਰਹਿੰਦਾ ਹੋਵੇ ਜਾਂ ਪਿੰਡ ਵਿੱਚ, ਇੱਕ ਸੁਰੱਖਿਅਤ ਤੇ ਉਤਸ਼ਾਹ ਭਰਪੂਰ ਮਾਹੌਲ ਦਾ ਹੱਕਦਾਰ ਹੈ ਤੇ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਬੱਚਾ ਸਿਰਫ਼ ਸਾਧਨਾਂ ਦੀ ਘਾਟ ਕਾਰਨ ਆਪਣੇ ਸੁਪਨਿਆਂ ਤੋਂ ਵੰਚਿਤ ਨਾ ਰਹੇ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਆਂਗਨਵਾੜੀ ਸੈਂਟਰ ਵਿੱਚ ਯੋਗ ਅਤੇ ਕਾਬਿਲ ਸਟਾਫ ਦੀ ਉਪਲਬਧਤਾ ਯਕੀਨੀ ਬਣਾਉਣਾ ਹੈ, ਤਾਂ ਜੋ ਬੱਚਿਆਂ ਨੂੰ ਉੱਚ ਮਿਆਰੀ ਸਿੱਖਿਆ, ਸੰਤੁਲਿਤ ਪੋਸ਼ਣ ਅਤੇ ਸੰਵੇਦਨਸ਼ੀਲ ਦੇਖਭਾਲ ਦੀਆਂ ਸੇਵਾਵਾਂ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਈਆਂ ਜਾ ਸਕਣ। ਇਸ ਭਰਤੀ ਪ੍ਰਕਿਰਿਆ ਨਾਲ ਇੱਕ ਪਾਸੇ ਰੋਜ਼ਗਾਰ ਦੇ ਨਵੇਂ ਮੌਕੇ ਉਪਲਬਧ ਹੋਣਗੇ, ਦੂਜੇ ਪਾਸੇ ਬੱਚਿਆਂ ਦੇ ਸਰਵਪੱਖੀ ਵਿਕਾਸ ਦੇ ਟੀਚੇ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਹਰ ਜ਼ਿਲ੍ਹੇ ਦੇ ਸ਼ਹਿਰਾਂ, ਬਲਾਕਾਂ ਅਤੇ ਪਿੰਡ ਪੱਧਰ 'ਤੇ ਚੱਲ ਰਹੇ ਆਂਗਨਵਾੜੀ ਸੈਂਟਰਾਂ ਰਾਹੀਂ ਬੱਚਿਆਂ ਨੂੰ ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਦੇ ਸਮਾਨ ਗੁਣਵੱਤਾ ਵਾਲੀ ਸਿੱਖਿਆ, ਉਚਿਤ ਫਰਨੀਚਰ ਅਤੇ ਆਧੁਨਿਕ ਕਰੀਕੁਲਮ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

# ਦਿੱਲੀ ਕੈਂਟ 'ਚ ਪ੍ਰੀਖਿਆ ਮੌਕੇ ਅੰਮ੍ਰਿਤਧਾਰੀ ਸਿੱਖ ਦੀ ਕ੍ਰਿਪਾਨ ਉਤਰਵਾਉਣ 'ਤੇ ਪਹੁੰਚੀ ਦਿੱਲੀ ਗੁਰਦੁਆਰਾ ਕਮੇਟੀ ਦੀ ਟੀਮ

## ਅਜਿਹੀਆਂ ਘਟਨਾਵਾਂ ਵਾਰ-ਵਾਰ ਵਾਪਰਨਾ ਬਹੁਤ ਮੰਦਭਾਗਾ : ਕਾਲਕਾ, ਕਾਹਲੋਂ

ਨਵੀਂ ਦਿੱਲੀ, 25 ਫਰਵਰੀ (ਅੰਮ੍ਰਿਤਪਾਲ ਸਿੰਘ): ਦਿੱਲੀ ਕੈਂਟ ਸਥਿਤ ਕੇਂਦਰੀ ਵਿਦਿਆਲਿਆ ਵਿਚ ਪ੍ਰੀਖਿਆ ਮੌਕੇ ਇਕ ਅੰਮ੍ਰਿਤਧਾਰੀ ਵਿਦਿਆਰਥੀ ਦੀ ਕ੍ਰਿਪਾਨ ਉਤਰਾਉਣ 'ਤੇ ਮਾਮਲਾ ਗਰਮਾ ਗਿਆ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਵੱਲੋਂ ਐਜੂਕੇਸ਼ਨ ਸੈਲ ਦੇ ਚੇਅਰਮੈਨ ਕੁਲਤਾਰਨ ਸਿੰਘ ਕੋਛੜ ਦੀ ਅਗਵਾਈ ਹੇਠ ਕਮੇਟੀ ਦੀ ਟੀਮ ਮੌਕੇ 'ਤੇ ਭੇਜੀ ਗਈ। ਇਸ ਮੌਕੇ ਕਾਲਕਾ, ਕਾਹਲੋਂ ਤੇ ਕੋਛੜ ਨੇ ਮੌਕੇ 'ਤੇ ਹਾਜ਼ਰ ਮੁਲਾਜ਼ਮਾਂ ਨੂੰ ਚੰਗੀ ਝਾੜ ਪਾਈ ਜਿਸ ਮਗਰੋਂ ਉਹਨਾਂ ਅੰਮ੍ਰਿਤਧਾਰੀ ਬੱਚੇ ਦੀ ਕ੍ਰਿਪਾਨ ਵਾਪਸ ਉਸਦੇ ਪ੍ਰੀਖਿਆ ਕੇਂਦਰ ਵਿਚ ਭੇਜੀ ਤੇ ਆਪਣੀ ਗਲਤੀ ਦਾ ਅਹਿਸਾਸ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਕਾਲਕਾ, ਕਾਹਲੋਂ ਤੇ ਕੋਛੜ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਜਦੋਂ ਦੇਸ਼ ਵਿਚ ਵਾਰ-ਵਾਰ ਸਿੱਖਾਂ ਦੀ ਗੱਲ ਹੋ ਰਹੀ ਹੈ ਤੇ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਸਿੱਖ ਧਰਮ ਤੇ ਸਿੱਖ ਗੁਰੂ ਸਾਹਿਬਾਨ ਬਾਰੇ ਗੱਲ ਕਰ ਰਹੇ ਹਨ ਤਾਂ ਉਦੋਂ ਹੇਠਲੇ ਪੱਧਰ ਦੇ ਕੁਝ ਅਧਿਕਾਰੀ ਸਿੱਖ ਸਿਧਾਂਤਾਂ ਤੋਂ ਅਣਜਾਣ ਬਣ ਕੇ ਸਿੱਖਾਂ ਦੇ ਪੰਜ ਕੱਕਾਰ ਉਤਰਵਾਉਣ ਦੀ ਆਪਣੀ ਮਾਨਸਿਕਤਾ ਨੂੰ ਸੁਧਾਰ ਨਹੀਂ ਪਾ ਰਹੇ।

ਉਹਨਾਂ ਕਿਹਾ ਕਿ ਦੇਸ਼ ਦੀ ਸਿਖ਼ਰਲੀ ਲੀਡਰਸ਼ਿਪ ਹੀ ਤੁਹਾਨੂੰ ਸਿੱਖਿਆ ਦੇ ਰਹੀ ਹੈ ਤਾਂ ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਿੱਖ ਧਰਮ ਵਿਚ ਤੇ ਖਾਸ ਤੌਰ 'ਤੇ ਅੰਮ੍ਰਿਤਧਾਰੀ ਸਿੱਖ ਦੇ ਜੀਵਨ ਵਿਚ ਪੰਜ ਕੱਕਾਰਾਂ ਦੀ ਕੀ ਮਹੱਤਤਾ ਹੈ। ਉਹਨਾਂ ਕਿਹਾ ਕਿ ਜਿਵੇਂ ਸਰੀਰ ਵਾਸਤੇ ਸੁਆਸ ਜ਼ਰੂਰੀ ਹਨ, ਇਸੇ ਤਰੀਕੇ ਅੰਮ੍ਰਿਤਧਾਰੀ ਸਿੱਖ ਵਾਸਤੇ ਇਹ ਪੰਜ ਕੱਕਾਰ ਜ਼ਰੂਰੀ ਹਨ ਜੋ ਸਾਨੂੰ ਦਸ਼ਮੇਸ਼ ਪਿਤਾ ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਧਾਰਨ ਕਰਨ ਦੇ ਹੁਕਮ ਦਿੱਤੇ ਹਨ।

ਉਹਨਾਂ ਕਿਹਾ ਕਿ ਅਸੀਂ ਤਾਂ ਦੁਨੀਆਂ ਭਰ ਵਿਚ ਪੰਜ ਕੱਕਾਰ ਲਾਗੂ ਕਰਵਾਉਣ ਦੀ ਲੜਾਈ ਲੜ ਰਹੇ ਹਾਂ ਪਰ ਇਥੇ ਭਾਰਤ ਵਿਚ ਹੀ ਕੁਝ ਅਗਿਆਨੀ ਤੇ ਗਿਆਨ ਵਿਹੂਣੇ ਲੋਕ ਜੋ ਸਰਕਾਰੀ ਮੁਲਾਜ਼ਮ ਹਨ, ਅਜਿਹੀਆਂ ਹਰਕਤਾਂ ਕਰ ਦਿੰਦੇ ਹਨ ਜਿਸ ਨਾਲ ਨਵਾਂ ਵਿਵਾਦ ਖੜ੍ਹਾ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਵਾਪਰਨੀਆਂ ਮੰਦਭਾਗੀਆਂ ਹਨ ਤੇ ਖੁਦ ਅਫਸਰਾਂ ਨੂੰ ਵੀ ਇਸ ਗੱਲ ਦਾ ਖਿਆਲ ਰੱਖਣਾ ਚਾਹੀਦਾ ਹੈ ਕਿ ਪ੍ਰੀਖਿਆਵਾਂ ਮੌਕੇ ਕਿਸੇ ਵੀ ਤਰੀਕੇ ਧਾਰਮਿਕ ਵਿਸ਼ਵਾਸ ਤੇ ਮਾਨਤਾਵਾਂ ਨੂੰ ਠੇਸ ਨਾ ਪਹੁੰਚੇ। ਉਨ੍ਹਾਂ ਨੇ ਸਮੁੱਚੀ ਅਫਸਰਸ਼ਾਹੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਧੀਨ ਸਟਾਫ ਨੂੰ ਇਸ ਬਾਰੇ ਜਾਗਰੂਕ ਕਰਵਾਉਣ ਤੋਂ ਭਾਰਤ ਦੇ ਸੰਵਿਧਾਨ ਮੁਤਾਬਕ ਮਿਲੇ ਹੱਕ ਲੋਕ ਪੂਰੀ ਤਰ੍ਹਾਂ ਹੰਢਾ ਸਕਣ।



## ਸੰਪਾਦਕੀ

# ਕੈਨੇਡਾ-ਭਾਰਤ ਸੰਬੰਧਾਂ ਦੀ ਨਵੀਂ ਸ਼ੁਰੂਆਤ

ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਭਾਰਤ ਫੇਰੀ ਕੋਈ ਆਮ ਕੂਟਨੀਤਕ ਸਫ਼ਰ ਨਹੀਂ। ਇਹ ਉਨ੍ਹਾਂ ਦੋ ਮੁਲਕਾਂ ਵਿਚਾਲੇ ਇੱਕ ਨਵੀਂ ਸ਼ੁਰੂਆਤ ਦਾ ਸੰਕੇਤ ਹੈ, ਜਿਨ੍ਹਾਂ ਦੇ ਰਿਸ਼ਤੇ ਕੁਝ ਸਾਲਾਂ ਤੋਂ ਬੇਹੱਦ ਖ਼ਰਾਬ ਦੌਰ ਵਿੱਚੋਂ ਲੰਘੇ ਸਨ। 26 ਫਰਵਰੀ 2026 ਨੂੰ ਕਾਰਨੀ ਮੁੰਬਈ ਪਹੁੰਚਣਗੇ ਅਤੇ ਫਿਰ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਨਗੇ। ਇਹ ਮੁਲਾਕਾਤ ਇਸ ਲਈ ਵੀ ਅਹਿਮ ਹੈ ਕਿਉਂਕਿ ਇਹ ਉਦੋਂ ਹੋ ਰਹੀ ਹੈ, ਜਦੋਂ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੋਵਾਂ ਦੇਸ਼ਾਂ ਲਈ ਆਰਥਿਕ ਤਣਾਅ ਪੈਦਾ ਕਰ ਰਹੇ ਹਨ। ਭਾਰਤ ਅਤੇ ਕੈਨੇਡਾ ਦੇ ਸਬੰਧ 2023 ਵਿੱਚ ਉਦੋਂ ਡੂੰਘੇ ਸੰਕਟ ਵਿੱਚ ਪੈ ਗਏ ਜਦੋਂ ਉਸ ਵੇਲੇ ਦੇ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਵਿੱਚ ਬ੍ਰਿਟਿਸ਼ ਕੋਲੰਬੀਆ ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਭਾਰਤੀ ਏਜੰਟਾਂ ਦੀ ਸ਼ਮੂਲੀਅਤ ਦਾ ਦੋਸ਼ ਲਗਾਇਆ। ਭਾਰਤ ਨੇ ਇਸ ਦੋਸ਼ ਨੂੰ ਬੇਤੁਕਾ ਅਤੇ ਸਿਆਸੀ ਮਨੋਰਥਾਂ ਵਾਲਾ ਕਰਾਰ ਦੇ ਕੇ ਰੱਦ ਕਰ ਦਿੱਤਾ। ਦੋਵੇਂ ਪਾਸਿਆਂ ਤੋਂ ਕੂਟਨੀਤਕ ਅਧਿਕਾਰੀ ਕੱਢੇ ਗਏ ਅਤੇ ਭਾਰਤ ਨੇ ਕੈਨੇਡਾ ਤੋਂ 41 ਕੂਟਨੀਤਕਾਂ ਨੂੰ ਵਾਪਸ ਬੁਲਾਉਣ ਲਈ ਮਜਬੂਰ ਕੀਤਾ। ਇਸ ਕਾਰਨ ਵੀਜ਼ਾ ਸੇਵਾਵਾਂ, ਵਪਾਰ ਅਤੇ ਲੋਕਾਂ ਦੇ ਆਪਸੀ ਸੰਪਰਕ ਉੱਤੇ ਗੰਭੀਰ ਅਸਰ ਪਿਆ। ਜਦੋਂ ਮਾਰਕ ਕਾਰਨੀ ਨੇ 2025 ਦੇ ਸ਼ੁਰੂ ਵਿੱਚ ਟਰੂਡੋ ਦੀ ਥਾਂ ਕੈਨੇਡਾ ਦੀ ਪ੍ਰਧਾਨਗੀ ਸੰਭਾਲੀ, ਤਾਂ ਟੋਨ ਬਦਲ ਗਿਆ। ਕਾਰਨੀ ਅਤੇ ਮੋਦੀ ਦੀ ਪਹਿਲੀ ਮੁਲਾਕਾਤ ਜੂਨ 2025 ਵਿੱਚ ਕੈਨੇਡਾ ਵਿੱਚ ਹੋਏ ਜੀ 7 ਸਿਖ਼ਰ ਸੰਮੇਲਨ ਦੌਰਾਨ ਹੋਈ, ਜਿੱਥੇ ਦੋਵਾਂ ਨੇਤਾਵਾਂ ਨੇ ਹਾਈ ਕਮਿਸ਼ਨਰਾਂ ਨੂੰ ਵਾਪਸ ਕਰਨ ਅਤੇ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਬਾਰੇ ਗੱਲਬਾਤ ਮੁੜ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ। ਇਸ ਤੋਂ ਬਾਅਦ ਕੈਨੇਡਾ ਦੀ ਵਿਦੇਸ਼ ਮੰਤਰੀ ਅਨੀਤਾ ਆਨੰਦ ਭਾਰਤ ਦੇ ਦੌਰੇ ਉੱਤੇ ਗਈ ਅਤੇ ਦੋਵਾਂ ਮੁਲਕਾਂ ਦੇ ਕੂਟਨੀਤਕ ਰਿਸ਼ਤੇ ਹੌਲੀ-ਹੌਲੀ ਬਹਾਲ ਹੁੰਦੇ ਗਏ। ਇਸ ਫੇਰੀ ਦਾ ਧੁਰਾ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ। ਦੋਵਾਂ ਨੇਤਾਵਾਂ ਨੇ ਮਾਲ, ਸੇਵਾਵਾਂ, ਨਿਵੇਸ਼, ਖੇਤੀਬਾੜੀ, ਡਿਜੀਟਲ ਵਪਾਰ ਅਤੇ ਟਿਕਾਊ ਵਿਕਾਸ ਨੂੰ ਸ਼ਾਮਲ ਕਰਦੇ ਹੋਏ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਗੱਲਬਾਤ ਰਸਮੀ ਤੌਰ ਉੱਤੇ ਸ਼ੁਰੂ ਕੀਤੀ ਅਤੇ 2030 ਤੱਕ ਦੋਵਾਂ ਮੁਲਕਾਂ ਵਿਚਾਲੇ ਵਪਾਰ ਨੂੰ 70 ਅਰਬ ਕੈਨੇਡੀਅਨ ਡਾਲਰ ਤੱਕ ਦੁੱਗਣਾ ਕਰਨ ਦਾ ਟੀਚਾ ਰੱਖਿਆ। ਕੈਨੇਡਾ ਦੇ ਪ੍ਰਧਾਨ ਮੰਤਰੀ ਊਰਜਾ, ਤਕਨਾਲੋਜੀ, ਆਰਟੀਫ਼ਿਸ਼ੀਅਲ ਇੰਟੈਲੀਜੈਂਸ ਅਤੇ ਰੱਖਿਆ ਸਹਿਯੋਗ ਵੀ ਚਰਚਾ ਦਾ ਹਿੱਸਾ ਬਣੇ। ਕੈਨੇਡਾ ਅਤੇ ਭਾਰਤ ਲਗਭਗ 2.8 ਅਰਬ ਡਾਲਰ ਦਾ ਦਸ ਸਾਲਾ ਯੂਰੇਨੀਅਮ ਸਪਲਾਈ ਸਮਝੌਤਾ ਕਰਨ ਦੇ ਨੇੜੇ ਵੀ ਦੱਸੇ ਜਾ ਰਹੇ ਸਨ, ਜਿਸ ਵਿੱਚ ਕੈਮੇਕੋ ਕੰਪਨੀ ਸਪਲਾਇਰ ਹੋਵੇਗੀ। ਇਸ ਫੇਰੀ ਦੀ ਸਮਝ ਉਦੋਂ ਤੱਕ ਅਧੂਰੀ ਹੈ ਜਦੋਂ ਤੱਕ ਅਸੀਂ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਭੂਮਿਕਾ ਨੂੰ ਨਹੀਂ ਸਮਝਦੇ। ਕਾਰਨੀ ਨੇ ਕਿਹਾ ਹੈ ਕਿ ਅਮਰੀਕਾ ਦੀ ਅਗਵਾਈ ਵਾਲੀ ਵਿਸ਼ਵ ਵਿਵਸਥਾ ਖ਼ਤਮ ਹੋ ਰਹੀ ਹੈ ਅਤੇ ਕੈਨੇਡਾ ਨੂੰ ਟਰੰਪ ਦੇ ਜਾਣ ਤੋਂ ਬਾਅਦ ਵੀ ਪੁਰਾਣੀ ਵਿਵਸਥਾ ਵਾਪਸ ਆਉਣ ਦੀ ਉਮੀਦ ਨਹੀਂ ਰੱਖਣੀ ਚਾਹੀਦੀ। ਟਰੰਪ ਨੇ ਕੈਨੇਡਾ ਉੱਤੇ ਭਾਰੀ ਟੈਰਿਫ਼ਾਂ ਦੀਆਂ ਧਮਕੀਆਂ ਦਿੱਤੀਆਂ ਹਨ ਅਤੇ ਉਸ ਨੂੰ ਅਮਰੀਕਾ ਦਾ 51ਵਾਂ ਸੂਬਾ ਕਹਿ ਕੇ ਅਪਮਾਨਿਤ ਕੀਤਾ ਹੈ। ਭਾਰਤ ਉੱਤੇ ਵੀ ਟਰੰਪ ਪ੍ਰਸ਼ਾਸਨ ਦਾ ਵਪਾਰਕ ਦਬਾਅ ਵੱਧ ਰਿਹਾ ਹੈ। ਇਸ ਸਾਂਝੇ ਦਬਾਅ ਨੇ ਦੋਵਾਂ ਮੁਲਕਾਂ ਨੂੰ ਇੱਕ-ਦੂਜੇ ਦੇ ਨੇੜੇ ਲਿਆਉਣ ਦਾ ਕੰਮ ਕੀਤਾ ਹੈ। ਕੈਨੇਡਾ ਦੀ ਏਸ਼ੀਆ ਪੈਸੀਫ਼ਕ ਫ਼ਾਊਂਡੇਸ਼ਨ ਦੀ ਮਾਹਰ ਵੀਨਾ ਨਜੀਬੁੱਲਾ ਨੇ ਕਿਹਾ ਕਿ ਟਰੰਪ ਦੀਆਂ ਆਰਥਿਕ ਨੀਤੀਆਂ ਕਾਰਨ ਅਮਰੀਕਾ ਉੱਤੇ ਨਿਰਭਰਤਾ ਘਟਾਉਣ ਦੇ ਯਤਨਾਂ ਵਿੱਚ ਭਾਰਤ ਕੇਂਦਰੀ ਭੂਮਿਕਾ ਨਿਭਾਉਂਦਾ ਹੈ ਅਤੇ ਭਾਰਤ ਰਣਨੀਤੀ ਤੋਂ ਬਿਨਾਂ ਕੈਨੇਡਾ ਆਪਣੇ ਗੈਰ-ਅਮਰੀਕੀ ਨਿਰਯਾਤ ਦੁੱਗਣੇ ਨਹੀਂ ਕਰ ਸਕਦਾ। ਮਾਰਕ ਕਾਰਨੀ ਦੀ ਭਾਰਤ ਫੇਰੀ ਦੱਸਦੀ ਹੈ ਕਿ ਕੂਟਨੀਤੀ ਵਿੱਚ ਸਥਾਈ ਦੁਸ਼ਮਣੀ ਨਹੀਂ ਹੁੰਦੀ, ਸਗੋਂ ਮੌਕੇ ਅਤੇ ਮਜਬੂਰੀਆਂ ਰਿਸ਼ਤਿਆਂ ਨੂੰ ਮੋੜਾ ਦਿੰਦੀਆਂ ਹਨ। ਟਰੂਡੋ ਯੁੱਗ ਦੀ ਕੜਵਾਹਟ ਤੋਂ ਬਾਅਦ ਦੋਵੇਂ ਮੁਲਕ ਇੱਕ ਵਾਰ ਫਿਰ ਵਿਹਾਰਕਤਾ ਦੇ ਰਾਹ ਉੱਤੇ ਚੱਲ ਪਏ ਹਨ। ਵਪਾਰ, ਊਰਜਾ, ਤਕਨਾਲੋਜੀ ਅਤੇ ਰੱਖਿਆ — ਇਹ ਚਾਰ ਥੰਮ੍ਹ ਇਸ ਰਿਸ਼ਤੇ ਨੂੰ ਨਵੀਂ ਮਜ਼ਬੂਤੀ ਦੇ ਸਕਦੇ ਹਨ। ਜ਼ਰੂਰਤ ਹੈ ਕਿ ਦੋਵੇਂ ਸਰਕਾਰਾਂ ਆਪਸੀ ਭਰੋਸੇ ਨੂੰ ਕਾਇਮ ਰੱਖਣ ਅਤੇ ਸੰਵੇਦਨਸ਼ੀਲ ਮੁੱਦਿਆਂ ਨੂੰ ਸਿਆਣਪ ਨਾਲ ਸੁਲਝਾਉਂਦੇ ਰਹਿਣ। ਇਹ ਫੇਰੀ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਹੈ ਅਤੇ ਦੋਵਾਂ ਮੁਲਕਾਂ ਦੇ ਲੋਕਾਂ ਲਈ ਇਹ ਖ਼ੁਸ਼ਖ਼ਬਰੀ ਤੋਂ ਘੱਟ ਨਹੀਂ।

-ਜਗਜੀਤ ਸਿੰਘ ਦਰਦੀ

# ਪੰਜਾਬ ਦੀ ਰਾਜਨੀਤੀ ਵਿੱਚ ਅਕਾਲੀ ਦਲ ਦੇ ਇਕੱਠੇ ਹੋਣ ਦੀਆਂ ਸੰਭਾਵਨਾਵਾਂ 2027 ਦਾ ਦ੍ਰਿਸ਼ ਬਦਲ ਸਕਦੀਆਂ ਨੇ

## ਸਭ ਪਾਰਟੀਆਂ ਹਾਸ਼ੀਏ ’ਤੇ ਜੇ ਅਕਾਲੀ ਏਕਤਾ ਪੰਜਾਬ ਦੇ ਏਜੰਡੇ ’ਤੇ ਪੰਜਾਬ ਦੀਆਂ ਸਮੱਸਿਆਵਾਂ ’ਤੇ ਹੋਵੇ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸ਼੍ਰੋਮਣੀ ਅਕਾਲੀ ਦਲ ਵਿੱਚ ਇਕੱਠੇ ਹੋਣ ਜਾਂ ਏਕਤਾ ਦੀ ਗੱਲ ਬਹੁਤ ਸਮੇਂ ਤੋਂ ਚੱਲ ਰਹੀ ਹੈ, ਖਾਸ ਕਰਕੇ 2022 ਅਸੈਂਬਲੀ ਚੋਣਾਂ ਅਤੇ 2024 ਲੋਕ ਸਭਾ ਚੋਣਾਂ ਵਿੱਚ ਮਿਲੀ ਵੱਡੀ ਹਾਰ ਤੋਂ ਬਾਅਦ। ਲੋਕਾਂ ਦੀ ਇੱਛਾ ਹੈ, ਕਿ ਕਾਸ਼ ਅਕਾਲੀ ਦਲ ਇੱਕ ਮਜ਼ਬੂਤ ਤੇ ਏਕਤਾ ਵਾਲੀ ਪਾਰਟੀ ਬਣ ਜਾਵੇ ਤਾਂ ਪੰਜਾਬ ਦੀਆਂ ਸਮੱਸਿਆਵਾਂ (ਜਿਵੇਂ ਖੇਤੀ, ਨਸ਼ੇ, ਬੇਰੁਜ਼ਗਾਰੀ, ਪੰਜਾਬ ਦੇ ਹੱਕ ਆਦਿ) ’ਤੇ ਇੱਕ ਸਾਂਝੇ ਏਜੰਡੇ ਨਾਲ ਅੱਗੇ ਵੱਧ ਸਕੇ, ਇਹ ਬਹੁਤ ਸਾਰੇ ਸਿੱਖ ਤੇ ਪੰਜਾਬੀ ਭਾਈਚਾਰੇ ਲਈ ਵੀ ਇੱਕ ਵੱਡੀ ਆਸ ਹੈ ਪਰ ਅਸਲੀਅਤ ਵਿੱਚ ਇਹ ਸੰਭਾਵਨਾ ਕਿੰਨੀ ਮਜ਼ਬੂਤ ਹੈ ਤੇ ਇਸ ਦੇ ਨਤੀਜੇ ਕੀ ਹੋ ਸਕਦੇ ਹਨ।

ਅੱਜ ਵਿਸਤਾਰ ਨਾਲ ਵੇਖੀਏ ਤਾਂ ਅਕਾਲੀ ਦਲ ਦੀ ਮੌਜੂਦਾ ਹਾਲਤ ਤੇ ਵੰਡ ਸ਼੍ਰੋਮਣੀ ਅਕਾਲੀ ਦਲ ਵਿੱਚ ਵੰਡ ਮੁੱਖ ਤੌਰ ’ਤੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੇ ਮੁੱਖ ਧੜੇ ਤੇ ਵੱਖਰੇ ਧੜਿਆਂ ਵਿੱਚ ਹੈ।

ਸੁਖਬੀਰ ਬਾਦਲ ਵਾਲੇ ਮੁੱਖ ਅਕਾਲੀ ਦਲ ਵੱਲੋਂ ਅਪ੍ਰੈਲ 2025 ਵਿੱਚ ਸੁਖਬੀਰ ਨੂੰ ਮੁੜ ਪ੍ਰਧਾਨ ਚੁਣਿਆ ਗਿਆ। ਉਹ ਪਾਰਟੀ ਨੂੰ ਮਜ਼ਬੂਤ ਕਰਨ ਤੇ ਪੰਥਕ ਮੁੱਦਿਆਂ ’ਤੇ ਫੋਕਸ ਕਰ ਰਹੇ ਹਨ।

**ਬਾਗੀ ਧੜੇ**: ਸੁਖਦੇਵ ਸਿੰਘ ਢੀਂਡਸਾ (ਜਿਨ੍ਹਾਂ ਦਾ 2025 ਵਿੱਚ ਦੇਹਾਂਤ ਹੋ ਗਿਆ), ਪ੍ਰੇਮ ਸਿੰਘ ਚੰਦੂਮਾਜਰਾ, ਗੁਰਪ੍ਰਤਾਪ ਵਡਾਲਾ ਆਦਿ ਨੇ ਵੱਖਰੇ ਧੜੇ ਬਣਾਏ। ਕੁਝ ਨੇ SAD (ਪੁਨਰ ਸੁਰਜੀਤ) ਵਰਗੇ ਨਾਂ ਨਾਲ ਨਵੀਂ ਸ਼ੁਰੂਆਤ ਕੀਤੀ, ਜਿਸ ਵਿੱਚ ਗਿਆਨੀ ਹਰਪ੍ਰੀਤ ਸਿੰਘ ਵਰਗੇ ਆਗੂ ਸ਼ਾਮਲ ਹਨ।

2024 ਵਿੱਚ ਉਨ੍ਹਾਂ ਨੇ ਆਪਣੀ ਪਾਰਟੀ SAD ਨੂੰ ਸੁਖਬੀਰ ਨਾਲ ਮਿਲਾ ਦਿੱਤਾ ਸੀ, ਪਰ ਬਾਅਦ ਵਿੱਚ ਫਿਰ ਵਿਵਾਦ ਹੋ ਗਿਆ ਤੇ ਐਕਸਪੈਲ ਹੋਏ।

ਅੰਕੜੇ ’ਤੇ ਨਜ਼ਰ ਮਾਰੀਏ ਤਾਂ 2022 ਅਸੈਂਬਲੀ ਚੋਣਾਂ ’ਚ SAD ਨੇ ਸਿਰਫ਼ 3 ਸੀਟਾਂ ਜਿੱਤੀਆਂ (18% ਵੋਟ ਸ਼ੇਅਰ)।

**2024 ਲੋਕ ਸਭਾ**: 13 ਵਿੱਚੋਂ 11 ’ਤੇ ਡਿਪਾਜ਼ਿਟ ਜ਼ਬਤ (13.24% ਵੋਟ ਸ਼ੇਅਰ) - ਇਤਿਹਾਸਕ ਘੱਟੋ-ਘੱਟ। ਇਹਨਾਂ ਹਾਰਾਂ ਨੇ ਪਾਰਟੀ ਨੂੰ ਏਕਤਾ ਵੱਲ ਧੱਕਿਆ ਹੈ, ਕਿਉਂਕਿ ਵੰਡ ਨਾਲ ਵੋਟ ਖਿੰਡਾਈ ਹੋ ਰਹੀ ਹੈ।

ਅੱਜ ਏਕਤਾ ਦੀਆਂ ਸੰਭਾਵਨਾਵਾਂ (2026 ਤੱਕ ਦੀ ਸਥਿਤੀ) 2025-2026 ਵਿੱਚ ਏਕਤਾ ਦੀਆਂ ਗੱਲਾਂ ਚੱਲੀਆਂ:ਸੁਖਦੇਵ ਢੀਂਡਸਾ ਦੇ ਦੇਹਾਂਤ (2025) ਤੋਂ ਬਾਅਦ ਸੁਖਬੀਰ ਨੇ ਉਨ੍ਹਾਂ ਨੂੰ ਯਾਦ ਕਰਦਿਆਂ ਕਿਹਾ ਕਿ ਢੀਂਡਸਾ ਏਕਤਾ ਚਾਹੁੰਦੇ ਸਨ ਤੇ ਪੰਥ ਲਈ ਇੱਕ ਅਕਾਲੀ ਦਲ ਚਾਹੀਦਾ ਹੈ।

ਫਰਵਰੀ 2026 ਵਿੱਚ ਬਿਕਰਮ ਮਜੀਠੀਆ (ਜ਼ਮਾਨਤ ਤੋਂ ਬਾਅਦ) ਨੇ ਕਿਹਾ ਕਿ ਉਹ ਸਾਰੇ ਅਕਾਲੀਆਂ ਨੂੰ ਇੱਕ ਕਰਨਗੇ, ਭਾਵੇਂ ਪੈਰਾਂ ’ਤੇ ਚੱਲ ਕੇ ਵੀ ਉਨ੍ਹਾਂ ਨੇ ਚੰਦੂਮਾਜਰਾ ਤੇ ਰੱਖੜਾ ਵਰਗੇ ਬਾਗੀਆਂ ਨਾਲ ਮੀਟਿੰਗ ਕੀਤੀ, ਜਿਸ ਨੇ ਏਕਤਾ ਦੀਆਂ ਅਫਵਾਹਾਂ ਮਚਾ ਦਿੱਤੀਆਂ।

ਚੰਦੂਮਾਜਰਾ ਨੇ ਕਿਹਾ ਕਿ ਏਕਤਾ ਦਾ ਸਵਾਗਤ ਹੈ, ਪਰ ਅਕਾਲ ਤਖ਼ਤ ਦੇ 2024 ਹੁਕਮਾਂ ਨੂੰ ਸੁਖਬੀਰ ਨੂੰ ਪੂਰਾ ਮੰਨਣਾ ਚਾਹੀਦਾ ਹੈ ਪਰ ਕੁਝ ਧੜੇ (ਜਿਵੇਂ SAD Reorganised ਤੇ Waris Punjab De) ਨੇ ਸਪੱਸ਼ਟ ਕਿਹਾ ਕਿ ਸੁਖਬੀਰ ਦੀ ਅਗਵਾਈ ਹੇਠ ਏਕਤਾ ਨਹੀਂ ਚਾਹੁੰਦੇ - ਉਹਨਾਂ ਲਈ ਬਹੁਤੇ ਮੁੱਦੇ (ਬਿਹਬਲ ਕਲਾਂ ਫਾਇਰਿੰਗ, ਰਾਮ ਰਹੀਮ ਮਾਫ਼ੀ ਆਦਿ) ਅਜੇ ਵੀ ਅੜਿੱਕੇ ਹਨ।

ਅੱਜ ਸੰਭਾਵਨਾ 50-60% ਤੱਕ ਮੱਧਮ-ਮਜ਼ਬੂਤ। ਬਾਗੀ ਆਗੂਆਂ ਦੀ ਵਾਪਸੀ ਹੋ ਸਕਦੀ ਹੈ ਜੇ ਅਕਾਲ ਤਖ਼ਤ ਦੇ ਹੁਕਮਾਂ ’ਤੇ ਪੂਰਾ ਅਮਲ ਹੋਵੇ ਤੇ ਸਾਂਝੇ ਏਜੰਡੇ (ਪੰਜਾਬ ਦੇ ਹੱਕ, ਖੇਤੀ ਸੁਰੱਖਿਆ, ਨਸ਼ਾ ਰੋਕੂ) ’ਤੇ ਫੋਕਸ ਹੋਵੇ। ਪਰ ਪੂਰੀ ਏਕਤਾ (ਸਾਰੇ ਧੜੇ ਇੱਕ) ਮੁਸ਼ਕਲ ਲੱਗ ਰਹੀ ਹੈ।

**ਏਕਤਾ ਦੇ ਨਤੀਜੇ ਤੇ ਪ੍ਰਭਾਵ**: ਜੇ ਅਕਾਲੀ ਦਲ ਇੱਕ ਹੋ ਜਾਵੇ ਤੇ ਪੰਜਾਬੀ ਮੁੱਦਿਆਂ ’ਤੇ ਇੱਕਜੁਟ ਹੋ ਜਾਵੇ:ਵੋਟ ਬੈਂਕ ਵਧੇਗਾ: ਵੰਡ ਨਾਲ ਵੋਟ ਖਿੰਡਰੀ ਹੋ ਰਹੀ ਹੈ। ਏਕਤਾ ਨਾਲ 25-35% ਵੋਟ ਸ਼ੇਅਰ ਸੰਭਵ, ਜੋ AAP (ਜੋ 2022 ਵਿੱਚ ਜਿੱਤੀ) ਤੇ ਕਾਂਗਰਸ ਨੂੰ ਚੁਣੌਤੀ ਦੇ ਸਕਦਾ ਹੈ।

ਅੱਜ ਗਠਜੋੜ ਦੀ ਸੰਭਾਵਨਾ BSP ਨਾਲ ਪਹਿਲਾਂ ਗਠਜੋੜ ਹੋਇਆ ਸੀ ਪਰ ਖਤਮ ਹੋ ਗਿਆ। BJP ਨਾਲ ਵੀ ਗੱਲਾਂ ਚੱਲ ਰਹੀਆਂ ਹਨ (2026 ਵਿੱਚ ਡੇਰਾ ਬਿਆਸ ਮੁਖੀ ਨਾਲ ਜੁਆਇੰਟ ਵਾਕ ਆਦਿ ਨੇ ਅਫਵਾਹਾਂ ਮੱਚਾਈਆਂ)। ਏਕਤਾ ਵਾਲਾ SAD + BJP ਗਠਜੋੜ 2027 ਵਿੱਚ ਸਰਕਾਰ ਬਣਾ ਸਕਦਾ ਹੈ, ਜਿਵੇਂ ਪਹਿਲਾਂ ਹੁੰਦਾ ਸੀ।

AAP ਤੇ ਕਾਂਗਰਸ ’ਤੇ ਪ੍ਰਭਾਵ: AAP ਦੀ ਸਰਕਾਰ ਨੂੰ ਵੱਡੀ ਚੁਣੌਤੀ ਮਿਲੇਗੀ, ਕਿਉਂਕਿ ਅਕਾਲੀ ਪੰਥਕ ਤੇ ਖੇਤੀ ਮੁੱਦਿਆਂ ’ਤੇ ਮਜ਼ਬੂਤ ਹਨ। ਕਾਂਗਰਸ ਵੀ ਪਿੱਛੇ ਰਹਿ ਸਕਦੀ ਹੈ ਜੇ ਅਕਾਲੀ ਏਕਤਾ ਹੋ ਜਾਵੇ।

**ਸਭ ਤੋਂ ਵੱਡੀ ਦੇਣ**: ਜਿਵੇਂ ਕਿਹਾ ਹੈ ਕਿ- ਪੰਜਾਬੀਆਂ ਲਈ ਇਹ ਸਭ ਤੋਂ ਵੱਡੀ ਦੇਣ ਹੋਵੇਗੀ। ਇੱਕ ਮਜ਼ਬੂਤ ਅਕਾਲੀ ਦਲ ਪੰਜਾਬ ਦੇ ਹੱਕਾਂ (ਰਾਜਧਾਨੀ, ਨਦੀਆਂ ਪਾਣੀ, SGPC ਆਦਿ) ਨੂੰ ਕੇਂਦਰ ਵਿੱਚ ਮਜ਼ਬੂਤ ਅਵਾਜ਼ ਦੇ ਸਕਦਾ ਹੈ।

ਅੱਜ ਪਰ ਚੁਣੌਤੀਆਂ ਵੀ ਹਨ - ਅੰਦਰੂਨੀ ਟਕਰਾਅ, ਅਕਾਲ ਤਖ਼ਤ ਦੇ ਹੁਕਮਾਂ ਦਾ ਅਮਲ, ਤੇ ਨਵੀਂ ਪੀੜ੍ਹੀ ਨੂੰ ਜੋੜਨਾ। ਸੰਖੇਪ ਵਿੱਚ, ਏਕਤਾ ਦੀ ਗੱਲ ਚੱਲ ਰਹੀ ਹੈ ਤੇ ਕੁਝ ਕਦਮ ਵਧੇ ਹਨ (ਖਾਸ ਕਰ ਮਜੀਠੀਆ ਦੀ ਕੋਸ਼ਿਸ਼ ਨਾਲ), ਪਰ ਪੂਰੀ ਸਫਲਤਾ ਲਈ ਸਾਰੇ ਧੜਿਆਂ ਨੂੰ ਅਹਿਸਾਸ ਕਰਨਾ ਪਵੇਗਾ ਕਿ ਵੰਡ ਨਾਲ ਪੰਜਾਬ ਨੂੰ ਨੁਕਸਾਨ ਹੋ ਰਿਹਾ ਹੈ। ਕਾਸ਼ ਤੁਹਾਡੀ ਇੱਛਾ ਪੂਰੀ ਹੋਵੇ ਤੇ ਅਕਾਲੀ ਦਲ ਫਿਰ ਤੋਂ ਪੰਜਾਬ ਦੀ ਮਜ਼ਬੂਤ ਆਵਾਜ਼ ਬਣ ਜਾਵੇ।

## ਗੁਜਰਾਤ ਮੀਡੀਆ ਟੂਰ 2026

# ਪਾਰਦਰਸ਼ੀ ਸੰਚਾਰ, ਸੰਸਥਾਗਤ ਮਰਯਾਦਾ ਅਤੇ ‘ਵਿਕਸਿਤ ਭਾਰਤ’ ਦੀ ਦੂਰਦਰਸ਼ੀ ਸੋਚ ਦਾ ਜੀਵੰਤ ਪ੍ਰਤੀਕ

## ਲੋਕਤੰਤਰ ਦਾ ਚੌਥਾ ਸਤੰਭ ਅਤੇ ਸੂਚਨਾ ਦੀ ਪ੍ਰਮਾਣਿਕਤਾ



ਵਿੰਕਲਜੀਤ ਸਿੰਘ ਸਰਾ
9501477889

ਭਾਰਤੀ ਲੋਕਤੰਤਰ ਦੀ ਵਿਸ਼ਾਲਤਾ ਇਸ ਗੱਲ ਵਿੱਚ ਨਿਹਿਤ ਹੈ ਕਿ ਇੱਥੇ ਸ਼ਾਸਨ ਅਤੇ ਜਨਤਾ ਵਿਚਕਾਰ ਸੰਵਾਦ ਨਿਰੰਤਰ ਅਤੇ ਪਾਰਦਰਸ਼ੀ ਹੈ। ਕਿਸੇ ਵੀ ਰਾਸ਼ਟਰ ਦੀ ਪ੍ਰਗਤੀ ਕੇਵਲ ਨੀਤੀਆਂ ਬਣਾਉਣ ਨਾਲ ਨਹੀਂ, ਸਗੋਂ ਉਨ੍ਹਾਂ ਨੀਤੀਆਂ ਨੂੰ ਜਨ-ਮਾਨਸ ਤੱਕ ਸਹੀ ਰੂਪ ਵਿੱਚ ਪਹੁੰਚਾਉਣ ਨਾਲ ਹੁੰਦੀ ਹੈ। ਅਜੋਕੇ ‘ਸੂਚਨਾ ਵਿਸਫੋਟ’ ਦੇ ਯੁੱਗ ਵਿੱਚ, ਜਿੱਥੇ ਸੋਸ਼ਲ ਮੀਡੀਆ ’ਤੇ ਗੁੰਮਰਾਹਕੁੰਨ ਜਾਣਕਾਰੀਆਂ ਦੀ ਭਰਮਾਰ ਹੈ, ਉੱਥੇ ਪੱਤਰ ਸੂਚਨਾ ਬਿਊਰੋ (Press Information Bureau – PIB) ਅਤੇ ਕੇਂਦਰੀ ਬਿਊਰੋ ਆਫ ਕਮਿਊਨੀਕੇਸ਼ਨ (Central Bureau of Communication - CBC) ਵਰਗੀਆਂ ਸੰਸਥਾਵਾਂ ਦੀ ਭੂਮਿਕਾ ਹੋਰ ਵੀ ਅਹਿਮ ਹੋ ਜਾਂਦੀ ਹੈ।

PIB ਚੰਡੀਗੜ੍ਹ, ਜਲੰਧਰ ਅਤੇ ਜੰਮੂ-ਕਸ਼ਮੀਰ ਵੱਲੋਂ ਗੁਜਰਾਤ ਰਾਜ ਲਈ ਆਯੋਜਿਤ ‘ਮੀਡੀਆ ਟੂਰ-2026’ ਇੱਕ ਅਜਿਹਾ ਰਣਨੀਤਕ ਅਤੇ ਵਿਦਿਅਕ ਉਪਰਾਲਾ ਹੈ, ਜੋ ਕੇਂਦਰ ਸਰਕਾਰ ਦੀ ਪਾਰਦਰਸ਼ੀ ਪ੍ਰਸ਼ਾਸਨਿਕ ਸੋਚ ਅਤੇ ਸੰਸਥਾਗਤ ਸਮਨਵਯ ਦਾ ਜੀਵੰਤ ਉਦਾਹਰਣ ਪੇਸ਼ ਕਰਦਾ ਹੈ। ਇਹ ਟੂਰ ਸਿਰਫ਼ ਇੱਕ ਰਾਜ ਦਾ ਦੌਰਾ ਨਹੀਂ, ਸਗੋਂ ਭਾਰਤ ਦੇ ਵਿਕਾਸ ਮਾਡਲ ਨੂੰ ਸਮਝਣ ਦੀ ਇੱਕ ਡੂੰਘੀ ਪ੍ਰਕਿਰਿਆ ਹੈ।

**ਭਾਗ 1: PIB ਅਤੇ CBC - ਸਰਕਾਰੀ ਸੰਚਾਰ ਦੇ ਮਜ਼ਬੂਤ ਸਤੰਭ**

**1.1 ਪੱਤਰ ਸੂਚਨਾ ਬਿਊਰੋ (PIB): ਜਾਣਕਾਰੀ ਦਾ ਅਧਿਕਾਰਤ ਪੁਲ**

PIB ਕੇਂਦਰ ਸਰਕਾਰ ਦਾ ਉਹ ਅਧਿਕਾਰਤ ਮੰਚ ਹੈ ਜੋ ਮੀਡੀਆ ਨੂੰ ਤੱਥਾਤਮਕ ਅਤੇ ਪ੍ਰਮਾਣਿਕ ਜਾਣਕਾਰੀ ਪ੍ਰਦਾਨ ਕਰਦਾ ਹੈ। ਇਹ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਅਧੀਨ ਕੰਮ ਕਰਦਿਆਂ ਇਹ ਯਕੀਨੀ ਬਣਾਉਂਦਾ ਹੈ ਕਿ ਸਰਕਾਰ ਦੇ ਫੈਸਲੇ ਹਰ ਨਾਗਰਿਕ ਤੱਕ ਪਹੁੰਚਣ।

* **ਸੰਸਥਾਗਤ ਮਰਯਾਦਾ**: PIB ਕੇਵਲ ਸੂਚਨਾ ਦਾ ਪ੍ਰਸਾਰਕ ਨਹੀਂ, ਸਗੋਂ ਸੰਚਾਰ ਦੀਆਂ ਨੈਤਿਕ ਕਦਰਾਂ-ਕੀਮਤਾਂ ਦਾ ਰਖਵਾਲਾ ਵੀ ਹੈ।
* **ਮੀਡੀਆ ਇੰਟਰੈਕਸ਼ਨ**: ਪ੍ਰੈੱਸ ਬ੍ਰੀਫਿੰਗਾਂ ਅਤੇ ਮੈਦਾਨੀ ਦੌਰਿਆਂ ਰਾਹੀਂ ਇਹ ਸੰਸਥਾ ਪੱਤਰਕਾਰਾਂ ਨੂੰ ਸਰਕਾਰੀ ਕਾਰਜਪ੍ਰਣਾਲੀ ਦੇ ਨੇੜੇ ਲਿਆਉਂਦੀ ਹੈ।

**1.2 ਕੇਂਦਰੀ ਬਿਊਰੋ ਆਫ ਕਮਿਊਨੀਕੇਸ਼ਨ (CBC): ਜਨਤਕ ਜਾਗਰੂਕਤਾ ਦਾ ਮਾਧਿਅਮ**

CBC ਦਾ ਮੁੱਖ ਕੰਮ ਸਰਕਾਰੀ ਯੋਜਨਾਵਾਂ ਨੂੰ ਆਮ ਲੋਕਾਂ ਦੀ ਭਾਸ਼ਾ ਵਿੱਚ ਪ੍ਰਦਰਸ਼ਨੀਆਂ ਅਤੇ ਮੁਹਿੰਮਾਂ ਰਾਹੀਂ ਸਮਝਾਉਣਾ ਹੈ। PIB ਅਤੇ CBC ਦਾ ਸਾਂਝਾ ਕੰਮ ਕੇਂਦਰ ਸਰਕਾਰ ਦੇ ਸੰਚਾਰਕ ਢਾਂਚੇ ਨੂੰ ਇੱਕ ਵਿਸ਼ਾਲ ਰੂਪ ਪ੍ਰਦਾਨ ਕਰਦਾ ਹੈ।

**ਭਾਗ 2: ਗੁਜਰਾਤ ਮੀਡੀਆ ਟੂਰ-ਯੋਜਨਾਬੰਦੀ ਅਤੇ ਅਗਵਾਈ**

ਇਸ ਟੂਰ ਦੀ ਸਫਲਤਾ ਦੇ ਪਿੱਛੇ ਇੱਕ ਬਹੁਤ ਹੀ ਸੁਚੱਜੀ ਯੋਜਨਾਬੰਦੀ ਕੰਮ ਕਰ ਰਹੀ ਹੈ। 22 ਫਰਵਰੀ ਤੋਂ 28 ਫਰਵਰੀ 2026 ਤੱਕ ਚੱਲਣ ਵਾਲੇ ਇਸ ਦੌਰੇ ਵਿੱਚ ਉੱਤਰ ਭਾਰਤ ਦੇ ਪ੍ਰਮੁੱਖ ਮੀਡੀਆ ਘਰਾਣਿਆਂ ਦੇ ਪ੍ਰਤੀਨਿੱਧੀਆਂ ਨੂੰ ਸ਼ਾਮਲ ਕੀਤਾ ਗਿਆ ਹੈ।

**2.1 ਪ੍ਰਬੰਧਕੀ ਲੀਡਰਸ਼ਿਪ**

ਇਸ ਟੂਰ ਦੀ ਰੂਪ-ਰੇਖਾ ਤਿਆਰ ਕਰਨ ਵਿੱਚ ਹੇਠ ਲਿਖੇ ਅਧਿਕਾਰੀਆਂ ਦਾ ਅਹਿਮ ਯੋਗਦਾਨ ਰਿਹਾ ਹੈ:

* **ਸ਼੍ਰੀ ਵਿਵੇਕ ਵੈਭਵ (Additional Director General, PIB Chandigarh):** ਉਨ੍ਹਾਂ ਦੀ ਦੂਰਅੰਦੇਸ਼ੀ ਅਗਵਾਈ ਹੇਠ ਇਸ ਟੂਰ ਨੂੰ ਰਾਸ਼ਟਰੀ ਨਿਰਮਾਣ ਦੇ ਸੰਦਰਭ ਵਿੱਚ ਤਿਆਰ ਕੀਤਾ ਗਿਆ।
* **ਸ਼੍ਰੀ ਪ੍ਰੀਤਮ ਸਿੰਘ (Director, PIB Chandigarh)**: ਪ੍ਰਬੰਧਕੀ ਕੁਸ਼ਲਤਾ ਅਤੇ ਸੁਚਾਰੂ ਤਾਲਮੇਲ ਦੇ ਸੂਤਰਧਾਰ।
* **ਸ਼੍ਰੀਮਤੀ ਸਪਨਾ ਬੱਟਾ (Deputy Director, PIB Chandigarh)**: ਮੀਡੀਆ ਪ੍ਰਬੰਧਨ ਅਤੇ ਜਾਣਕਾਰੀ ਦੇ ਸਰਲ ਪ੍ਰਵਾਹ ਨੂੰ ਯਕੀਨੀ ਬਣਾਉਣ ਵਾਲੀ ਸ਼ਖਸੀਅਤ।
* **ਸ਼੍ਰੀਮਤੀ ਨੇਹਾ ਜਲਾਲੀ (Director, PIB Jammu & Kashmir)**: ਜੰਮੂ-ਕਸ਼ਮੀਰ ਦੀ ਟੀਮ ਦੀ ਅਗਵਾਈ ਕਰਦਿਆਂ ਉਨ੍ਹਾਂ ਨੇ ਇਸ ਟੂਰ ਵਿੱਚ ਇੱਕ ਵਿਸ਼ੇਸ਼ ਖੇਤਰੀ ਪਰਿਪੇਖ ਜੋੜਿਆ।
* **ਮਨਜੀਤ (Exhibition Assistant, CBC Chandigarh):** ਜ਼ਮੀਨੀ ਪੱਧਰ ’ਤੇ ਸਾਰੇ ਪ੍ਰਬੰਧਾਂ ਨੂੰ ਸਫਲਤਾਪੂਰਵਕ ਲਾਗੂ ਕਰਨ ਵਿੱਚ ਸਰਗਰਮ ਭੂਮਿਕਾ।

**2.2 ਡਾ. ਵਿਕਰਮ ਸਿੰਘ - ਸੰਚਾਰਕ ਦ੍ਰਿੜਤਾ ਅਤੇ ਸੂਝਬੂਝ**

ਡਾ. ਵਿਕਰਮ ਸਿੰਘ (Media & Communication Officer, PIB Jalandhar) ਇਸ ਟੂਰ ਦੇ ਕੇਂਦਰੀ ਧੁਰੇ ਵਜੋਂ ਉੱਭਰੇ ਹਨ। ਉਨ੍ਹਾਂ ਦੀ ਕਾਰਜਸ਼ੈਲੀ ਵਿੱਚ ਸੰਤੁਲਨ ਅਤੇ ਸਪੱਸ਼ਟਤਾ ਸਾਫ਼ ਦਿਖਾਈ ਦਿੰਦੀ ਹੈ। ਉਹ ਸੰਚਾਰ ਨੂੰ ਇੱਕ ਪ੍ਰਸ਼ਾਸਕੀ ਡਿਊਟੀ ਦੇ ਨਾਲ-ਨਾਲ ਇੱਕ ਸਮਾਜਿਕ ਜ਼ਿੰਮੇਵਾਰੀ ਵਜੋਂ ਨਿਭਾਉਂਦੇ ਹਨ। ਉਨ੍ਹਾਂ ਦੇ ਨਿਰਦੇਸ਼ਨ ਹੇਠ ਮੀਡੀਆ ਅਤੇ ਸਰਕਾਰੀ ਤੰਤਰ ਵਿਚਕਾਰ ਇੱਕ ਬਹੁਤ ਹੀ ਸਹਿਜ ਅਤੇ ਸਤਿਕਾਰਯੋਗ ਰਿਸ਼ਤਾ ਸਥਾਪਿਤ ਹੋਇਆ ਹੈ।

**ਭਾਗ 3: ਪ੍ਰਤੱਖ ਪ੍ਰਮਾਣ (Seeing is Believing) - ਵਿਕਾਸ ਦੇ ਮੀਲ ਪੱਥਰ**

ਪੱਤਰਕਾਰਾਂ ਲਈ ਸਿਰਫ਼ ਸੁਣੀਆਂ-ਸੁਣਾਈਆਂ ਗੱਲਾਂ ’ਤੇ ਰਿਪੋਰਟਿੰਗ ਕਰਨਾ ਕਾਫ਼ੀ ਨਹੀਂ ਹੁੰਦਾ। ਇਸ ਟੂਰ ਦਾ ਮੁੱਖ ਉਦੇਸ਼ ਮੀਡੀਆ ਨੂੰ ਮੌਕੇ ’ਤੇ ਲਿਜਾ ਕੇ ਵਿਕਾਸ ਦੇ ਪ੍ਰਤੱਖ ਪ੍ਰਮਾਣ ਦਿਖਾਉਣਾ ਹੈ।

**3.1 ਰਾਸ਼ਟਰੀ ਮਹੱਤਵ ਦੇ ਪ੍ਰਮੁੱਖ ਪ੍ਰੋਜੈਕਟ**

ਇਸ ਦੌਰੇ ਦੌਰਾਨ ਪੱਤਰਕਾਰਾਂ ਨੇ ਉਨ੍ਹਾਂ ਪ੍ਰੋਜੈਕਟਾਂ ਦਾ ਨਿਰੀਖਣ ਕੀਤਾ ਜੋ ਭਾਰਤ ਦੀ ਭਵਿੱਖੀ ਤਸਵੀਰ ਬਦਲਣ ਵਾਲੇ ਹਨ:

* **ਭਾਰਤ ਦਾ ਪਹਿਲਾ ਬੁਲੇਟ ਟਰੇਨ ਪ੍ਰੋਜੈਕਟ (Bullet Train Project)**: ਇਹ ਭਾਰਤ ਦੀ ਤਕਨੀਕੀ ਉੱਨਤੀ ਅਤੇ ਤੇਜ਼ ਰਫ਼ਤਾਰ ਬੁਨਿਆਦੀ ਢਾਂਚੇ ਦਾ ਪ੍ਰਤੀਕ ਹੈ।
* **ਨੈਸ਼ਨਲ ਮੈਰੀਟਾਈਮ ਹੈਰੀਟੇਜ ਕੰਪਲੈਕਸ, ਲੋਥਲ (Lothal)**: ਇੱਥੇ ਹੜੱਪਾ ਸੱਭਿਅਤਾ ਦੇ ਵਿਸ਼ਵ ਦੇ ਸਭ ਤੋਂ ਪੁਰਾਣੇ ਗੋਦੀਵਾੜੇ (Dockyard) ਦੀ ਖੋਜ ਭਾਰਤ ਦੇ ਸਮੁੰਦਰੀ ਇੰਜੀਨੀਅਰਿੰਗ ਕੌਸ਼ਲ ’ਤੇ ਨਵਾਂ ਪ੍ਰਕਾਸ਼ ਪਾਉਂਦੀ ਹੈ। ਇਹ ਸਥਾਨ ਦਰਸਾਉਂਦਾ ਹੈ ਕਿ ਪ੍ਰਾਚੀਨ ਭਾਰਤ ਵਿਗਿਆਨ ਅਤੇ ਵਪਾਰ ਵਿੱਚ ਕਿੰਨਾ ਉੱਨਤ ਸੀ।
* **ਗਿਫਟ ਸਿਟੀ (GIFT City)**: ਭਾਰਤ ਦਾ ਪਹਿਲਾ ਵਿਸ਼ਵ ਪੱਧਰੀ ਸਮਾਰਟ ਸਿਟੀ ਅਤੇ ਅੰਤਰਰਾਸ਼ਟਰੀ ਵਿੱਤੀ ਕੇਂਦਰ।
* **ਸਟੈਚੂ ਆਫ ਯੂਨਿਟੀ ਅਤੇ ਸਰਦਾਰ ਸਰੋਵਰ ਡੈਮ**: ਸਰਦਾਰ ਪਟੇਲ ਜੀ ਦੀ ਵਿਸ਼ਵ ਦੀ ਸਭ ਤੋਂ ਉੱਚੀ ਪ੍ਰਤਿਮਾ ਅਤੇ ਵਿਸ਼ਾਲ ਡੈਮ ਪ੍ਰੋਜੈਕਟ, ਜੋ ਏਕਤਾ ਅਤੇ ਵਿਕਾਸ ਦਾ ਸੁਮੇਲ ਹੈ।
* **ਕੋਚਰਬ ਆਸ਼ਰਮ (Kochrab Ashram)**: ਗਾਂਧੀ ਜੀ ਦਾ ਭਾਰਤ ਵਿੱਚ ਪਹਿਲਾ ਆਸ਼ਰਮ (25 ਮਈ, 1915), ਜੋ ਸਮਾਜਿਕ ਸੁਧਾਰ ਅਤੇ ਆਜ਼ਾਦੀ ਦੇ ਸੰਘਰਸ਼ ਦਾ ਕੇਂਦਰ ਰਿਹਾ।

**3.2 ਵਿਗਿਆਨਕ ਅਤੇ ਸਹਿਕਾਰੀ ਪ੍ਰਾਪਤੀਆਂ**

* **ਇਸਰੋ (ISRO), ਅਹਿਮਦਾਬਾਦ**: ਭਾਰਤ ਦੀ ਪੁਲਾੜ ਵਿੱਚ ਵੱਧਦੀ ਤਾਕਤ ਦਾ ਕੇਂਦਰ।
* **ਨੈਸ਼ਨਲ ਫੋਰੈਂਸਿਕ ਸਾਇੰਸ ਯੂਨੀਵਰਸਿਟੀ (NFSU)**: ਗਾਂਧੀਨਗਰ ਸਥਿਤ ਇਹ ਸੰਸਥਾ ਵਿਗਿਆਨਕ ਜਾਂਚ ਦੇ ਖੇਤਰ ਵਿੱਚ ਵਿਸ਼ਵ ਪੱਧਰ ’ਤੇ ਮੋਹਰੀ ਹੈ।
* **ਅਮੁਲ ਡੇਅਰੀ, ਆਨੰਦ (Amul Dairy)**: ਭਾਰਤ ਦੀ ਸਹਿਕਾਰੀ ਲਹਿਰ ਦੀ ਸਫਲਤਾ ਦੀ ਵਿਸ਼ਵ ਪ੍ਰਸਿੱਧ ਮਿਸਾਲ।
* **IOCL ਰਿਫਾਇਨਰੀ**: ਊਰਜਾ ਦੇ ਖੇਤਰ ਵਿੱਚ ਭਾਰਤ ਦੀ ਮਜ਼ਬੂਤੀ ਦਾ ਪ੍ਰਮਾਣ।

**ਭਾਗ 4: ਮੇਜ਼ਬਾਨੀ ਦੀ ਪ੍ਰੋਫੈਸ਼ਨਲ ਸ਼ਾਨ – PIB ਅਹਿਮਦਾਬਾਦ**

ਜਦੋਂ ਉੱਤਰ ਭਾਰਤ ਦਾ ਇਹ ਮੀਡੀਆ ਦਲ ਅਹਿਮਦਾਬਾਦ ਪਹੁੰਚਿਆ, ਤਾਂ PIB ਅਹਿਮਦਾਬਾਦ ਦੀ ਟੀਮ ਨੇ ਜਿਸ ਗਰਮਜੋਸ਼ੀ ਅਤੇ ਪੇਸ਼ੇਵਰ ਅੰਦਾਜ਼ ਵਿੱਚ ਸਵਾਗਤ ਕੀਤਾ, ਉਹ ਕਾਬਿਲੇ-ਤਾਰੀਫ਼ ਰਿਹਾ।

**4.1 ਡੀਜੀ ਸਾਹਿਬ ਦੀ ਉੱਚ-ਸਤਹਰੀ ਮੀਟਿੰਗ**

ਸ਼੍ਰੀ ਪ੍ਰਸ਼ਾਂਤ ਪਾਥਰਾਬੇ (Director General, PIB Ahmedabad) ਵੱਲੋਂ ਕੀਤੀ ਗਈ ਮੀਟਿੰਗ ਇਸ ਟੂਰ ਦਾ ਸਭ ਤੋਂ ਅਹਿਮ ਬੌਧਿਕ ਪੜਾਅ ਰਹੀ। ਉਨ੍ਹਾਂ ਨੇ ਗੁਜਰਾਤ ਦੇ ਵਿਕਾਸੀ ਮਾਡਲ, ਢਾਂਚਾਗਤ ਪ੍ਰਗਤੀ ਅਤੇ ਰਾਸ਼ਟਰੀ ਪ੍ਰੋਜੈਕਟਾਂ ਬਾਰੇ ਇੱਕ ਵਿਸਤ੍ਰਿਤ ਪ੍ਰਸਤੁਤੀ ਦਿੱਤੀ।

* **ਤੱਥਾਤਮਕ ਸੰਵਾਦ**: ਮੀਟਿੰਗ ਦੌਰਾਨ ਤੱਥਾਤਮਕ ਅੰਕੜੇ ਪੇਸ਼ ਕੀਤੇ ਗਏ ਅਤੇ ਨੀਤੀਆਂ ਦੇ ਲੰਬੇ ਸਮੇਂ ਦੇ ਪ੍ਰਭਾਵਾਂ ਬਾਰੇ ਗੰਭੀਰ ਚਰਚਾ ਹੋਈ।
* **ਖੁੱਲ੍ਹਾ ਸੰਵਾਦ**: ਮੀਡੀਆ ਨੂੰ ਖੁੱਲ੍ਹੇ ਸਵਾਲ ਪੁੱਛਣ ਦਾ ਮੌਕਾ ਦਿੱਤਾ ਗਿਆ, ਜੋ ਸਰਕਾਰ ਦੀ ਜਵਾਬਦੇਹੀ ਨੂੰ ਦਰਸਾਉਂਦਾ ਹੈ।

**4.2 ਅਹਿਮਦਾਬਾਦ ਟੀਮ ਦਾ ਸਹਿਯੋਗ**

ਸ਼੍ਰੀਮਤੀ ਸੁਮਨ ਮਾਛਰ (Assistant Director), ਇੰਦਰਵਦਨ ਸਿੰਘ ਝਾਲਾ (M&CO), ਜਤਿੰਦਰ ਯਾਦਵ (FPO) ਅਤੇ ਨਿਸ਼ਾਂਤ ਪਨਮੀ (Young Professional) ਦੀ ਟੀਮ ਨੇ ਪੂਰੇ ਦੌਰੇ ਦੌਰਾਨ ਸੰਚਾਰਕ ਸੁਚਾਰੂਤਾ ਬਣਾਈ ਰੱਖੀ।

**ਭਾਗ 5: ਸੰਚਾਰ ਦਾ ਮਾਡਲ-ਪਾਰਦਰਸ਼ਤਾ ਅਤੇ ਭਰੋਸਾ**

ਇਹ ਮੀਡੀਆ ਟੂਰ ਕੇਵਲ ਘੁੰਮਣ-ਫਿਰਨ ਦਾ ਸਾਧਨ ਨਹੀਂ ਹੈ, ਸਗੋਂ ਇਹ ‘ਨਿਊ ਇੰਡੀਆ’ ਦੀ ਸੰਚਾਰ ਪ੍ਰਣਾਲੀ ਦਾ ਇੱਕ ਮਾਡਲ ਹੈ।

* **ਸੰਸਥਾਗਤ ਸਮਨਵਯ**: PIB ਚੰਡੀਗੜ੍ਹ, ਜਲੰਧਰ, ਜੰਮੂ-ਕਸ਼ਮੀਰ ਅਤੇ ਅਹਿਮਦਾਬਾਦ ਦੇ ਸਾਂਝੇ ਯਤਨਾਂ ਨੇ ਸਾਬਤ ਕੀਤਾ ਕਿ ਜਦੋਂ ਸਰਕਾਰੀ ਵਿਭਾਗ ਮਿਲ ਕੇ ਕੰਮ ਕਰਦੇ ਹਨ, ਤਾਂ ਸੂਚਨਾ ਦਾ ਪ੍ਰਵਾਹ ਕਿੰਨਾ ਸ਼ਕਤੀਸ਼ਾਲੀ ਹੋ ਸਕਦਾ ਹੈ।
* **ਮੀਡੀਆ ਨਾਲ ਭਾਈਵਾਲੀ**: ਸਰਕਾਰ ਮੀਡੀਆ ਨੂੰ ਇੱਕ ਵਿਰੋਧੀ ਵਜੋਂ ਨਹੀਂ, ਸਗੋਂ ਵਿਕਾਸ ਦੇ ਸਫ਼ਰ ਵਿੱਚ ਇੱਕ ਸਹਿਯੋਗੀ ਵਜੋਂ ਵੇਖਦੀ ਹੈ।
* **ਪਾਰਦਰਸ਼ਤਾ**: ਰਾਸ਼ਟਰੀ ਪ੍ਰੋਜੈਕਟਾਂ ਨੂੰ ਨੇੜਿਓਂ ਦਿਖਾ ਕੇ ਸਰਕਾਰ ਨੇ ਕਿਸੇ ਵੀ ਤਰ੍ਹਾਂ ਦੇ ਭੁਲੇਖੇ ਨੂੰ ਦੂਰ ਕਰਨ ਅਤੇ ਭਰੋਸਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਹੈ।

**ਨਿਸਕਰਸ਼: ਇੱਕ ਮਜ਼ਬੂਤ ਲੋਕਤੰਤਰ ਵੱਲ ਕਦਮ**

PIB ਅਤੇ CBC ਵੱਲੋਂ ਆਯੋਜਿਤ ਇਹ ਗੁਜਰਾਤ ਮੀਡੀਆ ਟੂਰ ਕੇਂਦਰ ਸਰਕਾਰ ਦੀ ਸੰਚਾਰਕ ਦ੍ਰਿੜਤਾ ਅਤੇ ਪ੍ਰਸ਼ਾਸਕੀ ਪਾਰਦਰਸ਼ਤਾ ਦਾ ਉੱਚ ਦਰਜੇ ਦਾ ਪ੍ਰਤੀਕ ਹੈ। ਡਾ. ਵਿਕਰਮ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਮਿਹਨਤ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਜਦੋਂ ਜਾਣਕਾਰੀ ਸਹੀ ਤਰੀਕੇ ਨਾਲ ਅਤੇ ਸਹੀ ਸਮੇਂ ’ਤੇ ਮੀਡੀਆ ਤੱਕ ਪਹੁੰਚਦੀ ਹੈ, ਤਾਂ ਲੋਕਤੰਤਰ ਹੋਰ ਵੀ ਮਜ਼ਬੂਤ ਹੁੰਦਾ ਹੈ।

ਇਹ ਟੂਰ ‘ਏਕ ਭਾਰਤ ਸ੍ਰੇਸ਼ਠ ਭਾਰਤ’ ਦੇ ਸੰਕਲਪ ਨੂੰ ਸੱਚਾਈ ਵਿੱਚ ਬਦਲ ਰਿਹਾ ਹੈ, ਜਿੱਥੇ ਪੰਜਾਬ, ਜੰਮੂ-ਕਸ਼ਮੀਰ ਅਤੇ ਗੁਜਰਾਤ ਦੇ ਵਿਕਾਸੀ ਸਰੋਕਾਰ ਇੱਕ-ਦੂਜੇ ਨਾਲ ਜੁੜ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਇਸ ਦੌਰੇ ਦੇ ਪ੍ਰਭਾਵ ਪੱਤਰਕਾਰਾਂ ਦੀਆਂ ਰਿਪੋਰਟਾਂ ਰਾਹੀਂ ਜਨ-ਜਨ ਤੱਕ ਪਹੁੰਚਣਗੇ ਅਤੇ ਰਾਸ਼ਟਰੀ ਨਿਰਮਾਣ ਵਿੱਚ ਸਹਾਈ ਹੋਣਗੇ।

ਕਮਲਜੀਤ ਸਿੰਘ ਬਨਵੈਤ
98147 34035



# ਅਕਾਲੀਆਂ ਦੀ ਆਪਸੀ ਦਾਲ ਗਲਣੀ ਔਖੀ ਹੋਈ

- ☛ ਕਾਂਗਰਸ ਖੱਖੜੀਆਂ ਕਰੇਲੇ, ਆਪ ਵਿੱਚ ’ਚ ਉੱਠਣ ਲੱਗੀਆਂ ਬਾਗੀ ਸੁਰਾਂ, ਭਾਜਪਾਈਆਂ ਨੂੰ ਫੁੱਟੀ ਅੱਖ ਨਹੀਂ ਭਾਉਂਦੇ ਦੂਜੀਆਂ ਪਾਰਟੀਆਂ ’ਚੋਂ ਆਏ ਲੀਡਰ
- ☛ ਸ਼੍ਰੋਮਣੀ ਅਕਾਲੀ ਦਲ ਨੂੰ ਨਾਂ ਅਤੇ ਚੋਣ ਨਿਸ਼ਾਨ ਹੱਥੋਂ ਨਿਕਲਣ ਦਾ ਡਰ ਬਣਿਆ , ਭਾਰਤੀ ਚੋਣ ਕਮਿਸ਼ਨ ਨੇ ਬਾਗ਼ੀ ਧੜੇ ਦੀ ਪਟੀਸ਼ਨ ਸੁਣਵਾਈ ਲਈ ਕੀਤੀ ਮਨਜ਼ੂਰ
- ☛ ਬਿਕਰਮ ਸਿੰਘ ਮਜੀਠੀਆ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ ਅਤੇ ਸੁਰਜੀਤ ਸਿੰਘ ਰੱਖੜਾ ਦੀ ਜ਼ਿਲ੍ਹਾ ਕਚਹਿਰੀਆਂ ਵਿੱਚ ਹੋਈ ਮੀਟਿੰਗ ਨੇ ਛੇੜੀ ਨਵੀਂ ਚਰਚਾ

ਛੋਟੇ ਹੁੰਦਿਆਂ ਏਕੇ ਵਿੱਚ ਬਰਕਤ ਦੀ ਕਹਾਣੀ ਸਭ ਨੇ ਸੁਣੀ ਹੋਣੀ ਹੈ। ਨਾਨੇ ਨਾਨੀ ਤੇ ਦਾਦੇ ਦਾਦੀ ਵੱਲੋਂ ਸੁਣਾਈਆਂ ਜਾਂਦੀਆਂ ਕਹਾਣੀਆਂ ਉਦੋਂ ਸੁਣਨ ਨੂੰ ਚੰਗੀਆਂ ਲੱਗਦੀਆਂ ਸਨ ਪਰ ਸਮਝ ਪਿੱਛੋਂ ਆ ਕੇ ਪਈ ਕਿ ਬਜ਼ੁਰਗਾਂ ਵੱਲੋਂ ਸੁਣਾਈਆਂ ਜਾਂਦੀਆਂ ਕਹਾਣੀਆਂ ਅਤੇ ਦਿੱਤੀਆਂ ਜਾ ਰਹੀਆਂ ਮੱਤਾਂ ਪਿੱਛੇ ਉਹਨਾਂ ਦੇ ਵੱਡੇ ਤਜ਼ਰਬੇ ਸਨ। ਸਾਡੇ ਸਿਆਸੀ ਲੀਡਰਾਂ ਨੇ ਵੀ ਆਪਣੇ ਬਜ਼ੁਰਗਾਂ ਤੋਂ ਇਹੋ ਜਿਹੀਆਂ ਕਹਾਣੀਆਂ ਤਾਂ ਸੁਣੀਆਂ ਹੋਣਗੀਆਂ। ਛੋਟੇ ਹੁੰਦਿਆਂ ਦਿਲ ਨੂੰ ਜੱਚੀਆਂ ਵੀ ਹੋਣਗੀਆਂ ਪਰ ਰਾਜਨੀਤੀ ਵਿੱਚ ਪੈਰ ਰੱਖਣ ਤੋਂ ਬਾਅਦ ਇਹਨਾਂ ਦੀਆਂ ਲਾਲਸਾਵਾਂ ਵੱਧ ਗਈਆਂ, ਜਿਸ ਦੇ ਚਲਦਿਆਂ ਸਾਰਾ ਕੁਝ ਇਹਨਾਂ ਦੇ ਚੇਤਿਆਂ ਵਿੱਚੋਂ ਵਿਸਰ ਗਿਆ ਲੱਗਦਾ ਹੈ। ਇੰਝ ਲੱਗਦਾ ਹੈ ਕਿ ਇਹਨਾਂ ਨੇ ਬਜ਼ੁਰਗਾਂ ਵੱਲੋਂ ਦਿੱਤੀ ਮੱਤ ਪੱਲੇ ਨਹੀਂ ਬੰਨੀ ਅਤੇ ਅੱਜ ਵੀ ਇਹ ਮੱਤ ਲੈਣ ਦੀ ਲੋੜ ਨਹੀਂ ਸਮਝਦੇ ਹਨ ? ਕਿਉਂਕਿ ਇਹਨਾਂ ਉੱਤੇ ਹਉਮੈ ਇੰਨੀ ਭਾਰੂ ਹੋ ਚੁੱਕੀ ਹੈ।

ਕਾਂਗਰਸ ਖੱਖੜੀਆਂ ਕਰੇਲੇ ਹੋ ਚੁੱਕੀ ਹੈ। ਆਮ ਆਦਮੀ ਪਾਰਟੀ ਵਿੱਚ ਵੀ ਬਾਗੀ ਸੁਰਾਂ ਉੱਠਣ ਲੱਗੀਆਂ ਹਨ। ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਏ ਟਕਸਾਲੀ ਕਾਂਗਰਸੀਆਂ ਅਤੇ ਭਾਜਪਾਈਆਂ ਵਿੱਚ ਆਪਸੀ ਤਹਿ ਨਹੀਂ ਬੈਠ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਲੀਰੋ ਲੀਰ ਹੋ ਕੇ ਰਹਿ ਗਿਆ ਹੈ।

ਅਕਾਲੀ ਦਲ ਦੇ ਦੋਵੇਂ ਧੜੇ ਇਹ ਤਾਂ ਮਹਿਸੂਸ ਕਰਦੇ ਹਨ ਕਿ ਰਲ ਕੇ ਤੁਰਨ ਤੋਂ ਬਿਨਾਂ ਸੱਤਾ ਨੂੰ ਹੱਥ ਨਹੀਂ ਪੈਣਾ। ਦੋਵੇਂ ਨੇੜਤਾ ਵੀ ਲੋਚਦੇ ਹਨ ਪਰ ਹਉਮੈ ਖਹਿੜਾ ਨਹੀਂ ਛੱਡ ਰਹੀ ਹੈ। ਸੁਖਬੀਰ ਸਿੰਘ ਬਾਦਲ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਜਾਰੀ ਹੋਏ 2 ਦਸੰਬਰ ਦੇ ਹੁਕਮਨਾਮੇ ਨੂੰ ਅੰਤ ਤੱਕ ਨਤਮਸਤਕ ਰਹਿੰਦੇ ਤਦ ਸ਼੍ਰੋਮਣੀ ਅਕਾਲੀ ਦਲ ਦਾ ਅੱਜ ਵਾਲਾ ਹਾਲ ਨਹੀਂ ਸੀ ਹੋਣਾ। ਬਾਗੀ ਧੜੇ ਦੇ ਵੀ ਪੈਰ ਨਹੀਂ ਲੱਗ ਰਹੇ ਹਨ। ਅਕਾਲੀ ਦਲ ਪੁਨਰ ਸੁਰਜੀਤ ਰਲ ਕੇ ਤੁਰਨ ਤੋਂ ਪਹਿਲਾਂ ਹੀ ਖੇਰੂੰ ਖੇਰੂੰ ਹੋ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਨਤਕ ਰੈਲੀਆਂ ਕਰਕੇ ਲੋਕਾਂ ਵਿੱਚ ਗੁਆਚਿਆ ਭਰੋਸਾ ਜਿੱਤਣ ਲਈ ਤੀਂਘੜ ਤਾਂ ਰਹੇ ਹਨ ਪਰ ਉਹਨਾਂ ਨੂੰ ਨਿੱਤ ਨਵੀਂ ਮੁਸੀਬਤ ਆ ਘੇਰਦੀ ਹੈ। ਅਕਾਲੀ ਦਲ ਪੁਨਰ ਸੁਰਜੀਤ ਵਿੱਚ ਵੱਡੇ ਲੀਡਰਾਂ ਦੀ ਭੀੜ ਹੈ ਪਰ ਇਹ ਸਿਰ ਜੋੜ ਕੇ ਨਹੀਂ ਚੱਲ ਸਕੇ। ਸਭ ਦੀ ਹਉਮੈ ਨੂੰ ਇੱਛਾ ਅਨੁਸਾਰ ਪੱਠੇ ਨਹੀਂ ਪਏ। ਪੁਨਰ ਸੁਰਜੀਤ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਕਾਹਲ ਵਿੱਚ ਹਨ। ਉਹਨਾਂ ਦੇ ਸੁਭਾਅ ਵਿੱਚੋਂ ਬੇਸਬਰਾਪਣ ਝਲਕਦਾ ਹੈ। ਇਸ ਧੜੇ ਵੱਲੋਂ ਹੋਲੇ ਮੁਹੱਲੇ ਵੇਲੇ ਪਹਿਲੀ ਸਿਆਸੀ ਕਾਨਫਰੰਸ ਕੀਤੀ ਜਾਣੀ ਹੈ। ਜਿਵੇਂ ਦੇ ਹਾਲਾਤ ਚੱਲ ਰਹੇ ਹਨ ਡਰ ਲੱਗਦਾ ਹੈ ਕਿ ਕਿੱਧਰ ਖਿਲਾਰਾ ਹੋਰ ਨਾ ਪੈ ਜਾਵੇ। ਬੀਤੇ ਕੱਲ ਪਿੰਡ ਦੁੰਮਣਾ ਵਿੱਚ ਹੋਈ ਸਿਆਸੀ ਕਾਨਫਰੰਸ ਨੇ ਪੁਨਰ ਸੁਰਜੀਤ ਅਕਾਲੀ ਦਲ ਦੀ ਪੋਲ ਖੋਲ੍ਹ ਦਿੱਤੀ ਹੈ। ਕਾਨਫਰੰਸ ਵਿੱਚ ਸਾਬਕਾ ਸਪੀਕਰ ਅਤੇ ਦਲ ਦੇ ਸੀਨੀਅਰ ਨੇਤਾ ਰਵੀ ਇੰਦਰ ਸਿੰਘ ਦੁਮਣਾ ਅਤੇ ਸੁੱਚਾ ਸਿੰਘ ਛੋਟੇਪੁਰ ਸਮੇਤ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਪੁੱਜੇ। ਉਹਨਾਂ ਦੇ ਲੈਕਚਰ ਵਿੱਚੋਂ ਸਿਆਸੀ ਸਮਝ ਦੀ ਘਾਟ ਸਾਫ਼ ਝਲਕ ਰਹੀ ਸੀ। ਸਾਡੀ ਜਾਣਕਾਰੀ ਅਨੁਸਾਰ ਸੁਖਬੀਰ ਸਿੰਘ ਬਾਦਲ ਦੇ ਧੜੇ ਲਈ ਇੱਕ ਵੱਖਰਾ ਸੰਕਟ ਖੜ੍ਹਾ ਹੋ ਗਿਆ ਹੈ। ਪੁਨਰ ਸੁਰਜੀਤ ਅਕਾਲੀ ਦਲ ਵੱਲੋਂ ਭਾਰਤੀ ਚੋਣ ਕਮਿਸ਼ਨ ਕੋਲ ਜਿਹੜੀ ਅਕਾਲੀ ਦਲ ਨਾਂ ਰੱਖਣ ਲਈ ਪਟੀਸ਼ਨ ਦਾਇਰ ਕੀਤੀ ਗਈ ਸੀ ਉਹ ਸੁਣਵਾਈ ਲਈ ਮਨਜ਼ੂਰ ਹੋ ਗਈ ਹੈ। ਬਾਕੀ ਧੜੇ ਨੂੰ ਅਕਾਲੀ ਦਲ ਦਾ ਨਾਂ ਮਿਲ ਜਾਂਦਾ ਹੈ ਤਾਂ ਸੁਖਬੀਰ ਲਈ ਵੱਡੀ ਸੱਟ ਹੋਵੇਗੀ। ਕੋਈ ਨਹੀਂ ਕਹਿ ਸਕਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਸੁਖਬੀਰ ਤੁਹਾਡੇ ਕੋਲੋਂ ਪਾਰਟੀ ਦਾ ਚੋਣ ਨਿਸ਼ਾਨ ਵੀ ਜਾਂਦਾ ਰਹੇ। ਕਿਉਂਕਿ ਬਾਗੀਆਂ ਵੱਲੋਂ ਭਾਰਤੀ ਚੋਣ ਕਮਿਸ਼ਨ ਕੋਲ ਦਾਇਰ ਅਪੀਲ ਵਿੱਚ ਕਿਹਾ ਗਿਆ ਹੈ ਕਿ ਜਲੰਧਰ ਦੀ ਜ਼ਿਮਨੀ ਚੋਣ ਵੇਲੇ ਅਕਾਲੀ ਦਲ ਨੇ ਆਪਣੇ ਪਾਰਟੀ ਦੇ ਉਮੀਦਵਾਰ ਦਾ ਵਿਰੋਧ ਕਰਕੇ ਜਨ ਸਮਾਜ ਪਾਰਟੀ ਦੀ ਹਮਾਇਤ ਕੀਤੀ ਸੀ। ਸੁਖਬੀਰ ਦਾ ਇਹ ਫੈਸਲਾ ਹੁਣ ਭਾਰੀ ਪੈ ਸਕਦਾ ਹੈ।

ਦੂਜੇ ਪਾਸੇ ਪਾਰਟੀ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਨੇ ਨਾਭਾ ਜੇਲ੍ਹ ਤੋਂ ਬਾਹਰ ਆਉਣ ਵੇਲੇ ਪੰਥ ਏਕਤਾ ਦਾ ਹੋਕਾ ਦਿੱਤਾ ਸੀ। ਉਹਨਾਂ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਸੀ ਕਿ ਉਹ ਉਹ ਏਕਤਾ ਲਈ ਨੰਗੇ ਪੈਰੀ ਵੀ ਤੁਰ ਕੇ ਜਾਣਗੇ। ਉਸ ਤੋਂ ਬਾਅਦ ਦੋਹਾਂ ਧਿਰਾਂ ਦੇ ਕੰਨ ਖੜ੍ਹੇ ਹੋ ਗਏ ਪਰ ਗੱਲ ਅੱਗੇ ਨਾ ਤੁਰੀ। ਬੀਤੇ ਕੱਲ ਚੰਡੀਗੜ੍ਹ ਦੀਆਂ ਜ਼ਿਲ੍ਹਾ ਕਚਹਿਰੀਆਂ ਵਿੱਚ ਇੱਕ ਪੁਰਾਣੇ ਕੇਸ ਦੀ ਸੁਣਵਾਈ ਵੇਲੇ ਮਜੀਠੀਆ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸੁਰਜੀਤ ਸਿੰਘ ਰੱਖੜਾ ਬਗਲਗੀਰ ਹੁੰਦੇ ਹਨ। ਤਿੱਕੜੀ ਦੀ ਮੁਲਾਕਾਤ ਨੂੰ ਲੈ ਕੇ ਏਕਤਾ ਦੀ ਚਰਚਾ ਛਿੜਦੀ ਹੈ। ਪਰ ਲੀਡਰ ਪੈਰਾਂ ’ਤੇ ਪਾਣੀ ਨਹੀਂ ਪੈਣ ਦਿੰਦੇ ਹਨ।

ਅਸਲ ਵਿੱਚ ਸੁਖਬੀਰ ਸਿੰਘ ਬਾਦਲ ਦੋ ਦਸੰਬਰ ਦੇ ਹੁਕਮਨਾਮੇ ਨੂੰ ਵਿੱਚ ਛੱਡਣ ਵੇਲੇ ਧੋਖਾ ਖਾ ਗਏ ਸਨ। ਉਹ ਹੁਕਮਨਾਮੇ ਅਨੁਸਾਰ ਅਹੁਦੇ ਤੋਂ ਅਸਤੀਫਾ ਦੇ ਕੇ ਨਵੇਂ ਅਕਾਲੀ ਦਲ ਦੇ ਅਹੁਦੇਦਾਰਾਂ ਦੀ ਚੋਣ ਕਰਾ ਲੈਂਦੇ ਤਾਂ ਉਹਨਾਂ ਦਾ ਪ੍ਰਧਾਨ ਬਣਨਾ ਪੱਕਾ ਸੀ। ਉਂਝ ਸਿੰਘ ਸਾਹਿਬਾਨ ਨੇ ਪੁਰਾਣੀ ਲੀਡਰਸ਼ਿਪ ਨੂੰ ਪੰਥ ਦੀ ਅਗਵਾਈ ਦੇਣ ਤੋਂ ਅਯੋਗ ਕਰਾਰ ਦੇ ਕੇ ਪਾਸੇ ਹੋ ਜਾਣ ਦੀ ਮੱਤ ਦਿੱਤੀ ਸੀ। ਨਾ ਸੁਖਬੀਰ ਸਿੰਘ ਬਾਦਲ ਪਾਸੇ ਹੋਏ ਅਤੇ ਨਾ ਹੀ ਪੁਨਰ ਸੁਰਜੀਤ ਅਕਾਲੀ ਦਲ ਵਿਚਲੇ ਦੂਜੀ ਕਤਾਰ ਦੇ ਲੀਡਰ ਲਾਂਭੇ ਗਏ ਹਨ।

ਦੋਹਾਂ ਧੜਿਆਂ ਵਿੱਚ ਏਕਤਾ ਦੀ ਗੱਲ ਤੁਰਦੀ ਹੈ ਤਾਂ ਬੜਾ ਕੁਝ ਰਾਹ ਵਿਚਲਾ ਅੜਿੱਕਾ ਬਣੇਗਾ। ਚੰਦੂਮਾਜਰਾ ਜਿਹੜੇ ਬਰਾਸਤਾ ਸੁਖਬੀਰ ਸੱਤਾ ਹੱਥ ਪਾਉਣ ਲਈ ਕਾਹਲੇ ਹਨ, ਦੇ ਪੁੱਤਰ ਹਰਿੰਦਰਪਾਲ ਸਿੰਘ ਚੰਦੂਮਾਜਰਾ ਦੇ ਵਿਧਾਨ ਸਭਾ ਹਲਕਾ ਘਨੌਰ ਤੋਂ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੂੰ ਮੈਦਾਨ ਵਿੱਚ ਉਤਾਰ ਦਿੱਤਾ ਗਿਆ ਹੈ। ਚੰਦੂਮਾਜਰਾ ਪਰਿਵਾਰ ਨੂੰ ਇਹ ਕਿਸੇ ਤਰ੍ਹਾਂ ਵੀ ਵਾਰਾ ਨਹੀਂ ਖਾਵੇਗਾ। ਦੂਜੇ ਬੰਨੇ ਝਿੰਜਰ ਇਕ ਤੇਜ਼ ਤਰਾਰ ਨੇਤਾ ਵਜੋਂ ਜਾਣਿਆ ਜਾਂਦੇ ਹਨ। ਏਕੇ ਦੇ ਰਾਹ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਕਿਵੇਂ ਹੀ ਮੁੜ ਪ੍ਰਧਾਨ ਮੰਨ ਲੈਣਾ ਅੜਿੱਕਾ ਬਣ ਸਕਦਾ ਹੈ। ਸੁਖਬੀਰ ਸਿੰਘ ਬਾਦਲ ਕੋਰ ਕਮੇਟੀ ਨੂੰ ਲਾਂਭੇ ਕਰਕੇ ਆਪਣੇ ਆਪ ਉਮੀਦਵਾਰਾਂ ਦਾ ਐਲਾਨ ਕਰੀ ਜਾ ਰਹੇ ਹਨ। ਇਹੋ ਦੁੱਖ ਪੁਨਰ ਸੁਰਜੀਤ ਅਕਾਲੀ ਦਲ ਨੂੰ ਪਹਿਲਾਂ ਮਾਰਦਾ ਰਿਹਾ ਹੈ। ਹੋਰ ਵੀ ਬੜੇ ਸਾਰੇ ਨੁਕਤੇ ਹਨ ਜਿਨ੍ਹਾਂ ਉੱਤੇ ਦੋਹਾਂ ਧਿਰਾਂ ਦੀ ਸਹਿਮਤੀ ਬਣਨੀ ਜੇ ਅਸੰਭਵ ਨਹੀਂ ਤਾਂ ਮੁਸ਼ਕਲ ਜ਼ਰੂਰ ਹੈ। ਬਸ ਏਕਤਾ ਦਾ ਇੱਕੋ ਇੱਕ ਸਾਂਝਾ ਪਹਾੜਾ ਦੋਹਾਂ ਧਿਰਾਂ ਦੀ ਸੱਤਾ ਨੂੰ ਹੱਥ ਪਾਉਣ ਦੀ ਲਾਲਸਾ ਹੈ।

ਸ਼੍ਰੋਮਣੀ ਅਕਾਲੀ ਦਲ ਬਾਦਲ ਤਾਂ ਭਾਰਤੀ ਜਨਤਾ ਪਾਰਟੀ ਨਾਲ ਵੀ ਸਿਆਸੀ ਗੱਠਜੋੜ ਕਰਨ ਦੀ ਕਾਹਲ ਵਿੱਚ ਹੈ। ਭਾਜਪਾ ਨਾਲ ਗੱਠਜੋੜ ਕਰਨਾ ਵੀ ਉਨ੍ਹਾਂ ਔਖਾ ਹੈ ਜਿੰਨੀ ਬਾਗ਼ੀਆਂ ਨਾਲ ਦਾਲ ਗਲਣੀ ਮੁਸ਼ਕਲ ਹੈ। ਹਾਂ, ਇੱਕ ਗੱਲ ਪੱਕੀ ਹੈ ਕਿ ਸਿਆਸੀ ਲੀਡਰ ਆਪਣੀ ਹਉਮੈ ਪੁਗਾਉਣ, ਸੱਤਾ ਦੀ ਲਾਲਸਾ ਪੂਰੀ ਕਰਨ ਤੇ ਆਪਣੇ ਨਿੱਜੀ ਸਵਾਰਥ ਲਈ ਕਿਸੇ ਵੀ ਹੱਦ ਤੱਕ ਹੇਠਾਂ ਗਿਰ ਸਕਦੇ ਹਨ। ਫਿਰ ਇਹਨਾਂ ਨੂੰ ਸਿਧਾਂਤ ਵੀ ਦਿਸਣੋ ਹੱਟ ਜਾਂਦੇ ਹਨ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅੱਠ ਮਹੀਨਿਆਂ ਦਾ ਸਮਾਂ ਰਹਿ ਗਿਆ ਹੈ। ਬਹੁਤ ਤਰ੍ਹਾਂ ਦੀ ਭੰਨਤੋੜ ਹੋਣ ਵਾਲੀ ਹੈ। ਸੱਚ ਤਾਂ ਇਹ ਹੈ ਕਿ ਸਿਆਸੀ ਲੀਡਰਾਂ ਵਾਸਤੇ ਰਾਜਨੀਤਿਕ ਪਾਰਟੀਆਂ ਫੂਡ ਸ਼ਾਪ ਤੋਂ ਜ਼ਿਆਦਾ ਕੁਝ ਨਹੀਂ ਰਹੀਆਂ। ਵਧੇਰੇ ਸਿਆਸਤਦਾਨ ਖਾਣੇ ਦਾ ਸਵਾਦ ਚੱਖ ਕੇ ਅਗਲੀ ਹੱਟੀ ਜਾ ਖੜਦੇ ਹਨ ।

# 'ਮੇਰੀ ਰਸੋਈ' ਸਕੀਮ ਦਾ ਐਲਾਨ ਸ਼ਲਾਘਾਯੋਗ: ਡਾ. ਕੇ.ਜੇ. ਸਿੰਘ



ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 25 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਕੈਬਨਿਟ ਵੱਲੋਂ ਮੇਰੀ ਰਸੋਈ ਸਕੀਮ ਨੂੰ ਪ੍ਰਵਾਨਗੀ ਦਿੱਤੀ ਗਈ ਹੈ ਜੋ ਬਹੁਤ ਹੀ ਵਧੀਆ ਸਵਾਗਤਯੋਗ ਕਦਮ ਹੈ। ਇਸ ਸਕੀਮ ਦੇ ਤਹਿਤ ਪੰਜਾਬ ਦੇ 42 ਲੱਖ ਨੀਲੇ ਕਾਰਡਾਂ ਵਾਲੇ ਗਰੀਬ ਪਰਿਵਾਰਾਂ ਨੂੰ ਫਾਇਦਾ ਮਿਲੇਗਾ। ਹਰ ਮਹੀਨੇ ਕਣਕ ਮਿਲਦੀ ਹੈ, ਉਨ੍ਹਾਂ ਨੂੰ 2 ਕਿਲੋ ਚਣੇ ਦੀ ਦਾਲ, 2 ਕਿਲੋ ਖੰਡ, 1 ਕਿਲੋ ਨਮਕ, 200 ਗ੍ਰਾਮ ਹਲਦੀ ਤੇ ਇੱਕ ਲੀਟਰ ਸਰੋਂ ਦਾ ਤੇਲ ਮਿਲੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਕਮਲਜੀਤ ਸਿੰਘ ਕੇਜੇ ਸਾਬਕਾ ਆਬਜ਼ਰਵਰ ਤੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਨੇ ਇਸ ਸਕੀਮ ਦਾ ਫਾਇਦਾ ਖਾਸ ਕਰਕੇ ਉਨ੍ਹਾਂ ਗਰੀਬ ਪਰਿਵਾਰਾਂ ਦੇ ਕੁਪੋਸ਼ਣ ਨਾਲ ਜੂਝ ਰਹੇ ਬੱਚਿਆਂ ਨੂੰ ਮਿਲੇਗਾ ਤੇ ਉਨ੍ਹਾਂ ਦੀ ਸਿਹਤ ਲਈ ਲਾਹੇਵੰਦ ਸਾਬਿਤ ਹੋਵੇਗਾ। ਭਗਵੰਤ ਸਿੰਘ ਮਾਨ ਹਮੇਸ਼ਾ ਪੰਜਾਬ ਬਾਰੇ ਸੋਚਦੇ ਰਹਿੰਦੇ ਹਨ ਤੇ ਪੰਜਾਬੀਆਂ ਲਈ ਸਰਕਾਰ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਰਿਆਤਾਂ 'ਤੇ ਤੋਹਫੇ ਦਿੰਦੇ ਰਹਿੰਦੇ ਹਨ। 10 ਲੱਖ ਦਾ ਮੁੱਖ ਮੰਤਰੀ ਸਿਹਤ ਕਾਰਡ ਆਉਣ ਨਾਲ ਵੀ ਸਾਰੇ ਪਰਿਵਾਰਾਂ ਨੂੰ ਵੱਡਾ ਫਾਇਦਾ ਹੋਵੇਗਾ ਕਿਉਂਕਿ ਉਹ ਆਪਣੇ ਪਰਿਵਾਰ ਦਾ ਇਲਾਜ ਸਰਕਾਰੀ ਹਸਪਤਾਲ ਜਾਂ ਨਿੱਜੀ ਹਸਪਤਾਲ ਵਿੱਚ ਮੁਫਤ ਹੋਵੇਗਾ ਤੇ ਇੱਥੇ ਵੀ ਵੱਡੀ ਬੱਚਤ ਹੋਵੇਗੀ। ਜਿਸ ਤਰ੍ਹਾਂ ਦੀਆਂ ਸਹੂਲਤਾਂ ਭਗਵੰਤ ਸਿੰਘ ਮਾਨ ਲੋਕਾਂ ਨੂੰ ਦੇ ਰਹੇ ਹਨ ਪੰਜਾਬ ਦੇ ਲੋਕਾਂ ਦਾ ਦਿਲ ਜਿੱਤ ਰਹੇ ਹਨ, ਇਸ ਨਾਲ ਲੋਕ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ।

# ਗੁ. ਗੁਰੂ ਗ੍ਰੰਥਸਰ ਦਾਦੂ ਸਾਹਿਬ 'ਚ ਸਾਲਾਨਾ ਗੁਰਮਤਿ ਤੇ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ



ਕਰਨਾਲ, 25 ਫਰਵਰੀ (ਚ.ਨ.ਸ): ਸਿੱਖ ਧਰਮ ਪ੍ਰਚਾਰ ਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਨੂੰ ਸਮਰਪਿਤ ਪੰਥਕ ਪ੍ਰਸਿੱਧ ਸ਼ਖਸੀਅਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਨੀਆਂ ਭਰ ਵਿੱਚ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਤੇ ਲੋਕ ਭਲਾਈ ਦੇ ਸੇਵਾ ਕਾਰਜਾਂ ਵਿੱਚ ਚੜ੍ਹਦੀਕਲਾ ਨਾਲ ਸ਼ਲਾਘਾਯੋਗ ਯੋਗਦਾਨ ਪਾਇਆ ਹੈ। ਪਿਛਲੇ ਤਿੰਨ ਦਹਾਕਿਆਂ ਤੋਂ ਜਥੇਦਾਰ ਦਾਦੂਵਾਲ ਦੁਨੀਆਂ ਭਰ ਵਿੱਚ ਇਨ੍ਹਾਂ ਸੇਵਾ ਕਾਰਜਾਂ ਨੂੰ ਹੀ ਸਮਰਪਿਤ ਸ਼ਖਸੀਅਤ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਤਿਕਾਰਯੋਗ ਸਿੰਘ ਸਾਹਿਬਾਨਾਂ, ਪੰਥਕ, ਧਾਰਮਿਕ ਰਾਜਨੀਤਿਕ ਤੇ ਸਮਾਜਿਕ ਆਗੂ ਸਾਹਿਬਾਨਾਂ ਵੱਲੋਂ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸੂਬੇ ਜੋੜਿਆਂ ਦੇ ਅਨੰਦ ਕਾਰਜ ਸਮਾਗਮ ਸਮੇਂ ਕੀਤਾ ਗਿਆ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਇਸ ਸਾਲ ਦੇ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 21 ਤੇ 22 ਫਰਵਰੀ ਨੂੰ ਕੀਤੇ ਗਏ, ਜਿਸ ਵਿੱਚ ਸਿੰਘ ਸਾਹਿਬ ਗਿ. ਰਘਬੀਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸਿੰਘ ਸਾਹਿਬ ਗਿ. ਬਲਦੇਵ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਸਾਹਿਬ ਜੀ ਪਟਨਾ ਸਾਹਿਬ, ਸਿੰਘ ਸਾਹਿਬ ਗਿ. ਗੁਰਦਿਆਲ ਸਿੰਘ ਮੁੱਖ ਗ੍ਰੰਥੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਸੰਤ ਰਜਿੰਦਰ ਸਿੰਘ ਇਸਰਾਣੇ ਵਾਲੇ, ਸੰਤ ਬਰਿੰਦਰ ਸਿੰਘ ਜਗਮਾਲਵਾਲੀ, ਸੰਤ ਜੀਵਨ ਸਿੰਘ ਹਾਂਗਕਾਂਗ, ਸੰਤ ਮਹੇਸ਼ ਮੁਨੀ ਉਦਾਸੀਨ ਵੱਡਾ ਅਖਾੜਾ ਕੁਰੂਕਸ਼ੇਤਰ, ਸੰਤ ਕਰਨੈਲ ਸਿੰਘ ਝੰਮਟ ਵਾਲ ਆਦਿ ਸਮੇਤ ਇਲਾਕੇ ਦੇ ਪੰਚ-ਸਰਪੰਚ ਨੰਬਰਦਾਰ ਗੁਰੂਘਰਾਂ ਦੇ ਗ੍ਰੰਥੀ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਇਸ ਸਮੇਂ ਹਾਜ਼ਰ ਸਨ। ਜਥੇਦਾਰ ਦਾਦੂਵਾਲ ਦੀ ਅਗਵਾਈ 'ਚ ਸੁੱਖ ਸੇਵਾ ਸਿਮਰਨ ਟਰੱਸਟ ਰਜਿਸਟਰਡ ਵੱਲੋਂ 21 ਸਭਾਗੇ ਜੋੜਿਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਰਾ ਸਾਜੋ-ਸਮਾਨ ਦੇ ਕੇ ਤੇ 21-21 ਹਜ਼ਾਰ ਰੁਪਏ ਸ਼ਗਨ ਭੇਟ ਕਰਕੇ ਧੀਆਂ ਨੂੰ ਵਿਦਾ ਕੀਤਾ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

# ਸ਼ਹੀਦ ਸਿੱਖ ਮਿਸ਼ਨਰੀ ਕਾਲਜ ਵੱਲੋਂ ਨਨਕਾਣਾ ਸਾਹਿਬ ਹੱਤਿਆ ਕਾਂਡ 'ਚ ਮਾਰੇ ਸਿੱਖਾਂ ਦੀ ਪਛਾਣ ਦਾ ਕੰਮ ਸ਼ੁਰੂ

ਅੰਮ੍ਰਿਤਸਰ, 25 ਫਰਵਰੀ (ਚ.ਨ.ਸ): ਸ਼ਹੀਦ ਸਿੱਖ ਮਿਸ਼ਨਰੀ ਕਾਲਜ ਨੇ ਨਨਕਾਣਾ ਸਾਹਿਬ ਹੱਤਿਆ ਕਾਂਡ ਵਿੱਚ ਮਾਰੇ ਗਏ ਸਿੱਖਾਂ ਦੀ ਪਛਾਣ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਵੇਰਵਾ ਇਕੱਠਾ ਕਰਨ ਲਈ ਖੋਜ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਇਹ ਪਹਿਲ ਸਿੱਖ ਸ਼ਰਧਾਲੂਆਂ ਦੀ ਯਾਦ ਨੂੰ ਸਮੋਈ ਰੱਖਣ ਦੇ ਉਦੇਸ਼ ਨਾਲ ਕੀਤੀ ਗਈ ਹੈ, ਜਿਨ੍ਹਾਂ ਦੀ 20 ਫਰਵਰੀ 1921 ਨੂੰ ਨਨਕਾਣਾ ਸਾਹਿਬ ਗੁਰਦੁਆਰੇ 'ਚ ਹੱਤਿਆ ਕਰ ਦਿੱਤੀ ਗਈ ਸੀ। ਨਨਕਾਣਾ ਸਾਹਿਬ ਹੁਣ ਪਾਕਿਸਤਾਨ ਵਿੱਚ ਸਥਿਤ ਹੈ ਜੋ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਸਥਾਨ ਹੈ। ਇਹ ਹੱਤਿਆ ਕਾਂਡ ਬ੍ਰਿਟਿਸ਼ ਸ਼ਾਸਨ ਦੌਰਾਨ ਚੱਲ ਰਹੇ ਗੁਰਦੁਆਰਾ ਸੁਧਾਰ ਅੰਦੋਲਨ ਦਾ ਹਿੱਸਾ ਸੀ। ਉਸ ਸਮੇਂ ਬਹੁਤ ਸਾਰੇ ਇਤਿਹਾਸਕ ਗੁਰਦੁਆਰੇ ਅੰਗਰੇਜ਼ਾਂ ਵੱਲੋਂ ਸਮਰਥਤ ਮਹੰਤਾਂ ਦੇ ਕੰਟਰੋਲ ਹੇਠ ਸਨ। ਸਿੱਖ ਦੀ ਭ੍ਰਿਸ਼ਟ ਪ੍ਰਬੰਧਨ ਤੋਂ ਮੁਕਤ ਕਰਨ ਲਈ ਲਹਿਰ ਚਲਾਈ। ਇਸੇ ਪੜਾਅ ਵਿਚ ਵੱਡੀ ਗਿਣਤੀ ਵਿੱਚ ਨਿਹੱਥੇ ਸਿੱਖ ਸ਼ਰਧਾਲੂ ਨਨਕਾਣਾ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ 'ਤੇ ਸੈਨਿਕਾਂ ਨੇ ਗੋਲੀਬਾਰੀ ਕੀਤੀ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ। ਇਤਿਹਾਸਕਾਰਾਂ ਅਨੁਸਾਰ ਇਸ ਕਤਲੇਆਮ ਵਿੱਚ 150 ਤੋਂ ਵੱਧ ਸਿੱਖ ਮਾਰੇ ਗਏ ਸਨ, ਜਦੋਂ ਕਿ ਕੁਝ ਸਰੋਤਾਂ ਰਾਹੀਂ ਇਹ ਗਿਣਤੀ 220 ਤੇ 240 ਦੇ ਵਿੱਚਕਾਰ ਦੱਸੀ ਗਈ ਹੈ। ਮਾਰੇ ਗਏ ਲੋਕਾਂ ਦੀ ਯਾਦ ਵਿੱਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ 1927 ਵਿੱਚ ਅੰਮ੍ਰਿਤਸਰ ਵਿੱਚ ਸਥਾਪਤ ਕੀਤਾ ਗਿਆ ਸੀ। ਸੰਸਥਾ ਨੇ ਹੁਣ ਤੱਕ 86 ਲੋਕਾਂ ਦੇ ਪਰਿਵਾਰਕ ਮੈਂਬਰਾਂ ਦੀ ਪਛਾਣੇ ਸਬੰਧੀ ਜਾਣਕਾਰੀ ਇਕੱਠੀ ਕੀਤੀ ਹੈ। ਕਾਲਜ ਕੈਂਪਸ ਵਿੱਚ ਉਨ੍ਹਾਂ ਦੇ ਨਾਵਾਂ ਵਾਲੀ ਯਾਦਗਾਰੀ ਤਖ਼ਤੀ ਲਗਾਈ ਗਈ ਹੈ। ਪ੍ਰੋ. ਮਨਜੀਤ ਕੌਰ ਅਨੁਸਾਰ ਇਸ ਕੰਮ ਨੂੰ ਉਪਲਬਧ ਇਤਿਹਾਸਕ ਹਵਾਲਿਆਂ ਤੇ ਖੋਜ ਸਮੱਗਰੀ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਇਸ ਖੋਜ ਦਾ ਮੁੱਖ ਆਧਾਰ 1930 ਦੇ ਦਹਾਕੇ ਵਿੱਚ ਸ਼ਮਸ਼ੇਰ ਗੁਰਬਖਸ਼ ਸਿੰਘ ਵੱਲੋਂ ਤਿਆਰ ਕੀਤੇ ਗਏ ਇਤਿਹਾਸਕ ਹਵਾਲੇ ਹਨ। ਹੁਣ ਤੱਕ ਪਛਾਣੇ ਗਏ ਲੋਕਾਂ ਵਿੱਚੋਂ 40 ਮਾਝਾ ਖੇਤਰ ਦੇ, 12 ਦੋਆਬਾ ਦੇ ਤੇ ਕੁਝ ਉਤਰ ਪ੍ਰਦੇਸ਼ ਤੇ ਹਰਿਆਣਾ ਦੇ ਸਨ। ਇਨ੍ਹਾਂ ਵਿੱਚੋਂ 20 ਤੋਂ ਵੱਧ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਫਤਿਹਪੁਰ ਰਾਜਪੂਤਾਂ ਦੇ ਹਨ। ਅੰਮ੍ਰਿਤਸਰ ਕਾਲਜ ਦੀ ਇਹ ਪਹਿਲ ਨਾ ਸਿਰਫ਼ ਇਤਿਹਾਸ ਦੇ ਧੁੰਦਲੇ ਪੰਨਿਆਂ ਨੂੰ ਸਪੱਸ਼ਟ ਕਰਨ ਦੀ ਕੋਸ਼ਿਸ਼ ਹੈ, ਸਗੋਂ ਸ਼ਹੀਦਾਂ ਦੀ ਯਾਦ ਨੂੰ ਸਤਿਕਾਰਪੂਰਵਕ ਸੰਭਾਲਣ ਵੱਲ ਮਹੱਤਵਪੂਰਨ ਕਦਮ ਵੀ ਹੈ।

# ਸਰਕਾਰ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਨੂੰ 1-1 ਕਰੋੜ ਰੁਪਏ ਦੀ ਐਕਸਗ੍ਰੇਸ਼ੀਆ ਰਾਸ਼ੀ ਪ੍ਰਦਾਨ ਕਰੇਗੀ: ਵਿਧਾਇਕ ਕਲਸੀ



ਗੁਰਦਾਸਪੁਰ, 25 ਫਰਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਬਾਗਾ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਬੀਤੇ ਦਿਨੀਂ ਆਦੀਆਂ ਨੇੜੇ ਦੋਰਾਂਗਲਾ ਵਿਖੇ ਵਾਪਰੀ ਮੰਦਭਾਗੀ ਘਟਨਾ ਜਿਸ ਵਿੱਚ ਸ਼ਹੀਦ ਏ.ਐਸ.ਆਈ. ਗੁਰਨਾਮ ਸਿੰਘ ਤੇ ਪੀ.ਐਚ.ਜੀ. ਅਸ਼ੋਕ ਕੁਮਾਰ ਸ਼ਹੀਦ ਹੋ ਗਏ ਸਨ, ਘਟਨਾ ਵਾਲੀ ਸਥਾਨ 'ਤੇ ਪਹੁੰਚੇ। ਇਸ ਮੌਕੇ ਦੀਨਾਨਗਰ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਐਡ. ਸੁੱਚਾ ਸਿੰਘ ਮੁਲਤਾਨੀ ਸਮੇਤ ਪਾਰਟੀ ਦੇ ਆਗੂ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਕਿਹਾ ਕਿ ਸ਼ਹੀਦ ਏ.ਐਸ.ਆਈ. ਗੁਰਨਾਮ ਸਿੰਘ ਤੇ ਪੀ.ਐਚ.ਜੀ. ਅਸ਼ੋਕ ਕੁਮਾਰ ਦੀ ਬਹਾਦਰੀ ਨੂੰ ਸਿਜਦਾ ਹੈ, ਜਿਨ੍ਹਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਵਾਰ ਦਿੱਤੀਆਂ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦਾਂ ਦੇ ਸਨਮਾਨ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਪਰਿਵਾਰਾਂ ਨੂੰ 1-1 ਕਰੋੜ ਰੁਪਏ ਦੀ ਐਕਸਗ੍ਰੇਸ਼ੀਆ ਰਾਸ਼ੀ ਪ੍ਰਦਾਨ ਕਰੇਗੀ, ਜਦੋਂ ਕਿ ਐਚ.ਡੀ.ਐਫ.ਸੀ. ਬੈਂਕ ਵੱਲੋਂ 1-1 ਕਰੋੜ ਰੁਪਏ ਦੀ ਆਪੂ ਬੀਮਾ ਰਾਸ਼ੀ ਦਿੱਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਅਸੀਂ ਆਪਣੇ ਸ਼ਹੀਦਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਇਸ ਦੁੱਖ ਦੀ ਘੜੀ ਵਿੱਚ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੇ ਹਾਂ। ਉਨ੍ਹਾਂ ਦੀ ਕੁਰਬਾਨੀ ਸਾਨੂੰ ਸਾਰਿਆਂ ਨੂੰ ਸਨਮਾਨ ਤੇ ਬਹਾਦਰੀ ਨਾਲ ਡਿਊਟੀ ਨਿਭਾਉਣ ਲਈ ਪ੍ਰੇਰਿਤ ਕਰਦੀ ਹੈ।ਇਸ ਮੌਕੇ ਪੱਤਰਕਾਰਾਂ ਦੇ ਇੱਕ ਸਵਾਲ ਦੇ ਜਵਾਬ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਵਿਰੋਧੀ ਪਾਰਟੀ ਦੇ ਆਗੂਆਂ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਪੁਲਿਸ ਦੇ ਬਹਾਦਰ ਜਵਾਨਾਂ ਦੇ ਪਰਿਵਾਰਾਂ ਨਾਲ ਖੜ੍ਹਨ ਦਾ ਸਮਾਂ ਹੈ ਨਾ ਕਿ ਹਲਕੇ ਪੱਧਰ ਦੀ ਸਿਆਸਤ ਕਰਨ ਦਾ। ਉਨ੍ਹਾਂ ਕਿਹਾ ਪੰਜਾਬ ਪੁਲਿਸ ਨੇ ਹਮੇਸ਼ਾ ਸੂਬੇ ਤੇ ਦੇਸ਼ ਦੀ ਰੱਖਿਆ ਲਈ ਸ਼ਹਾਦਤਾਂ ਦਿੱਤੀਆਂ ਹਨ।

# ਵਿਧਾਇਕ ਸ਼ੈਰੀ ਕਲਸੀ ਨੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੜਕ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ



ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 25 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਰਬਜੀਤ ਸਿੰਘ ਭਿੰਡਰ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਕਲਸੀ ਵੱਲੋਂ ਹਲਕਾ ਬਟਾਲਾ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਬਾਬਾ ਦਰਸ਼ਨ ਦਾਸ ਜੀ ਵਾਲੀ ਰੋਡ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਨੇੜਲੇ ਮੁਹੱਲਾ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਕੀਤੇ ਜਾ ਰਹੇ ਵਿਕਾਸ ਕੰਮਾਂ ਨੂੰ ਸਲਾਹਿਆ ਤੇ ਕਿਹਾ ਵਿਧਾਇਕ ਸ਼ੈਰੀ ਕਲਸੀ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰ ਰਹੇ ਹਨ, ਜਿਸ ਕਾਰਨ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ। ਇਸ ਮੌਕੇ ਲੋਕਾਂ ਵੱਲੋਂ ਦਿੱਤੇ ਪਿਆਰ ਲਈ ਧੰਨਵਾਦ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਹਲਕੇ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਵਚਨਬੱਧ ਹਨ ਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਉਨ੍ਹਾਂ ਦੱਸਿਆ ਕਿ ਪੰਜ ਸਾਲ ਤੱਕ ਇਸ ਸੜਕ ਦੇ ਰੱਖ-ਰਖਾਵ ਲਈ ਸਬੰਧਤ ਵਿਭਾਗ ਨੂੰ ਪਾਬੰਦ ਕੀਤਾ ਗਿਆ ਹੈ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਭਲਾਈ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ, ਵਿਕਾਸ ਕਾਰਜ ਨਿਰੰਤਰ ਜਾਰੀ ਹਨ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਹਲਕਾ ਬਟਾਲਾ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਅੰਦਰ ਚਹੁੰਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਤੇ ਕਰੋੜਾਂ ਰੁਪਏ ਦੇ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ। ਬਟਾਲਾ ਹਲਕੇ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਤੇ ਪਿੰਡ ਵਾਸੀਆਂ ਦੀ ਮੰਗ ਮੁਤਾਬਿਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

# 'ਮੇਰੀ ਰਸੋਈ' ਯੋਜਨਾ ਖੁਰਾਕ ਤੇ ਪੋਸ਼ਣ ਸੁਰੱਖਿਆ ਵੱਲ ਇੱਕ ਸਰਾਹੁਣਯੋਗ ਕਦਮ: ਨੀਲਮ ਘੁਮਾਣ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 25 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਘੋਸ਼ਿਤ 'ਮੇਰੀ ਰਸੋਈ' ਯੋਜਨਾ ਤਹਿਤ 40 ਲੱਖ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਪ੍ਰਦਾਨ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਨੀਲਮ ਘੁਮਾਣ ਨੇ ਕਿਹਾ ਕਿ ਇਹ ਪਹਿਲ ਕੌਮੀ ਖੁਰਾਕ ਸੁਰੱਖਿਆ ਐਕਟ ਦੀ ਆਤਮਾ ਅਨੁਸਾਰ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਹੱਕ ਦੀ ਖੁਰਾਕ ਸਮੇਂ ਸਿਰ ਤੇ ਉਚਿੱਤ ਗੁਣਵੱਤਾ ਨਾਲ ਪ੍ਰਾਪਤ ਹੋਵੇ। ਇਸ ਸੰਦਰਭ ਵਿੱਚ 'ਮੇਰੀ ਰਸੋਈ' ਯੋਜਨਾ ਤਹਿਤ ਤਿਮਾਹੀ ਆਧਾਰ 'ਤੇ ਦਿੱਤੀਆਂ ਜਾਣ ਵਾਲੀਆਂ ਰਾਸ਼ਨ ਕਿੱਟਾਂ ਪੋਸ਼ਣ ਸੁਰੱਖਿਆ ਨੂੰ ਵਧਾਉਣ ਵਿੱਚ ਸਹਾਇਕ ਸਾਬਤ ਹੋਣਗੀਆਂ।ਪ੍ਰਧਾਨ ਨੀਲਮ ਘੁਮਾਣ ਨੇ ਜਾਣਕਾਰੀ ਦਿੱਤੀ ਕਿ ਯੋਜਨਾ ਅਨੁਸਾਰ ਹਰ ਯੋਗ ਪਰਿਵਾਰ ਨੂੰ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਤੇ ਇੱਕ ਲੀਟਰ ਸਰੋਂ ਦਾ ਤੇਲ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ-ਮਜ਼ਦੂਰਾਂ, ਵਪਾਰੀਆਂ ਤੇ ਹਰ ਵਰਗ ਦੇ ਲੋਕਾਂ ਦੀ ਹਮਦਰਦ ਸਰਕਾਰ ਹੈ ਤੇ ਭਗਵੰਤ ਮਾਨ ਸਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਪੂਰੇ ਕੀਤੇ ਗਏ ਹਨ। ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਦੇ ਇਸ ਉਪਰਾਲੇ ਤੋਂ ਹਰ ਵਰਗ ਦੇ ਲੋਕ ਖੁਸ਼ ਦਿਖਾਈ ਦੇ ਰਹੇ ਹਨ। ਇਸ ਮੌਕੇ ਬਲਾਕ ਪ੍ਰਧਾਨ ਗੁਰਦਿਆਲ ਸਿੰਘ ਘੁਮਾਣ, ਅਮਰਜੀਤ ਕੌਰ ਘੁਮਾਣ, ਗੁਰਮਿੰਦਰ ਕੌਰ ਮੀਕੇ, ਕੁਲਦੀਪ ਕੌਰ ਭੋਮਾ, ਰੇਖਾ, ਹਰਜਿੰਦਰ ਕੌਰ ਚਾਚੋਕੇ, ਮਨਜੀਤ ਕੌਰ ਕੋਟਲੀ ਲੇਹਲ ਹਾਜ਼ਰ ਸਨ।

# ਵਾਰਡ ਨੰਬਰ 7 ਵਿਖੇ ਹੈਲਥ ਕਾਰਡ ਬਣਾਉਣ ਦਾ ਕੈਂਪ ਲਗਾਇਆ



ਫਤਹਿਗੜ੍ਹ ਚੂੜੀਆਂ, 25 ਫਰਵਰੀ (ਰਾਜਨ ਸ਼ਰਮਾ): ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਲਈ 10 ਲੱਖ ਦਾ ਮੁਫਤ ਇਲਾਜ ਕਰਵਾਉਣ ਸਬੰਧੀ ਕਾਰਡ ਬਣਾਉਣ ਲਈ ਅੱਜ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਕਸਬਾ ਫਤਹਿਗੜ੍ਹ ਚੂੜੀਆਂ ਦੇ ਹਰ ਵਾਰਡ 'ਚ ਕੈਂਪ ਲਗਾ ਕੇ ਕਾਰਡ ਬਣਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਫਤਗਿੜ੍ਹ ਚੂੜੀਆਂ ਦੀ ਵਾਰਡ ਨੰਬਰ ਸੱਤ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 10 ਲੱਖ ਤੱਕ ਦੇ ਮੁਫ਼ਤ ਇਲਾਜ ਵਾਲੇ ਹੈਲਥ ਕਾਰਡ ਬਣਾਉਣ ਨਾਲ ਸ਼ਹਿਰ ਵਾਸੀਆਂ ਨੂੰ ਸਹੂਲਤਾਂ ਮਿਲਣਗੀਆਂ। ਇਸ ਮੌਕੇ ਸੀਨੀਅਰ ਆਪ ਆਗੂ ਨਵੀਸ ਨੰਦਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 10 ਲੱਖ ਰੁਪਏ ਤੱਕ ਦੇ ਇਲਾਜ ਵਾਲੇ ਹੈਲਥ ਕਾਰਡ ਬਣਾਉਣ ਮੌਕੇ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਭੇਦਭਾਵ ਨਹੀਂ ਰੱਖਿਆ ਜਾਵੇਗਾ।ਉਨ੍ਹਾਂ ਸਮੂਹ ਵਾਰਡ ਵਾਸੀਆਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਇਸ ਸਹੂਲਤ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਇਸ ਨਵੀਸ਼ ਨੰਦਾ, ਮਾਧਵ ਬੇਦੀ, ਅਨੂਪ ਬਿੰਦਰਾ ਤੇ ਵਾਰਡ ਵਾਸੀ ਤੇ ਮਹਿਕਮੇ ਦੇ ਅਧਿਕਾਰੀ ਹਾਜ਼ਰ ਰਹੇ।

# ਯਾਤਰੀਆਂ ਦੀਆਂ ਬੁਨਿਆਦੀ ਸਹੂਲਤਾਂ ਤੋਂ ਸੱਖਣਾ ਹੈ ਰੇਲਵੇ ਸਟੇਸ਼ਨ ਟਾਂਡਾ ਉੜਮੁੜ



ਟਾਂਡਾ ਉੜਮੁੜ, 25 ਫਰਵਰੀ (ਅਰਜੁਨ ਜੈਨ): ਭਾਰਤ ਸਰਕਾਰ ਦਾ ਰੇਲਵੇ ਵਿਭਾਗ ਆਏ ਦਿਨ ਦਾਅਵੇ ਕਰ ਰਿਹਾ ਹੈ ਕਿ ਸਾਡੇ ਵਿਭਾਗ ਵੱਲੋਂ ਲੋਕਾਂ ਨੂੰ ਹੋਰ ਸਹੂਲਤਾਂ ਦੇਣ ਲਈ ਕਈ ਨਵੀਆਂ ਆਧੁਨਿਕ ਸਹੂਲਤਾਂ ਪ੍ਰਧਾਨ ਕਰਨ ਵਾਲੀਆਂ ਟ੍ਰੇਨਾਂ ਚਲਾਈਆਂ ਜਾ ਰਹੀਆਂ ਹਨ ਤਾਂ ਜੋ ਰੇਲ ਰਾਹੀਂ ਸਫ਼ਰ ਕਰਨ ਵਾਲੇ ਯਾਤਰੀਆਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ, ਪਰ ਰੇਲਵੇ ਵਿਭਾਗ ਦੇ ਇਨ੍ਹਾਂ ਸਾਰੇ ਦਾਅਵਿਆਂ ਨੂੰ ਖੋਖਲਾ ਸਾਬਿਤ ਕਰ ਰਿਹਾ ਹੈ ਜਲੰਧਰ-ਪਠਾਨਕੋਟ ਰੇਲ ਮਾਰਗ 'ਤੇ ਪੈਂਦਾ ਸ਼ਹਿਰ ਟਾਂਡਾ ਉੜਮੁੜ ਦਾ ਰੇਲਵੇ ਸਟੇਸ਼ਨ ਜਿੱਥੇ ਯਾਤਰੀਆਂ ਨੂੰ ਕਿਸੇ ਵੀ ਪ੍ਰਕਾਰ ਦੀਆਂ ਸਹੂਲਤਾਂ ਨਾ ਮਿਲਣ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਯਾਤਰੀਆਂ ਨੂੰ ਦਰਪੇਸ਼ ਆ ਰਹੀਆਂ ਇਨ੍ਹਾਂ ਪ੍ਰੇਸ਼ਾਨੀਆਂ ਸਬੰਧੀ ਗੱਲਬਾਤ ਕਰਦੇ ਹੋਏ ਉਘੇ ਸਮਾਜ ਸੇਵੀ ਸੋਨੂੰ ਖੰਨਾ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਰੇਲਵੇ ਵਿਭਾਗ ਨੇ ਟਾਂਡਾ ਉੜਮੁੜ ਦੇ ਰੇਲ ਯਾਤਰੀਆਂ ਨੂੰ ਹੋਰ ਸੁਵਿਧਾਵਾਂ ਦੇਣ ਲਈ ਕਈ ਸਾਲ ਪਹਿਲਾਂ ਟਾਂਡਾ ਰੇਲਵੇ ਸਟੇਸ਼ਨ ਤੇ ਪਲੇਟਫਾਰਮ ਨੰਬਰ 2 ਬਣਾਇਆ ਸੀ, ਪਰ 16-17 ਸਾਲ ਬੀਤ ਜਾਣ 'ਤੇ ਵੀ ਅੱਜ ਤੱਕ ਯਾਤਰੀਆਂ ਦੇ ਬੈਠਨ ਲਈ ਨਾ ਤਾਂ ਕੋਈ ਸ਼ੈਡ ਬਣਾਈ ਗਈ ਹੈ ਤੇ ਨਾ ਹੀ ਕੋਈ ਬਾਥਰੂਮ ਬਣਾਇਆ ਗਿਆ ਹੈ। ਐਚ.ਆਈ.ਐਮ.ਟੀ ਦੇ ਐਮ.ਡੀ ਰੋਹਿਤ ਟੰਡਨ ਨੇ ਕਿਹਾ ਕਿ ਗਰਮੀਆਂ ਦੇ ਦਿਨਾਂ 'ਚ ਕੜਕਤੀ ਧੁੱਪ ਵਿੱਚ ਬਿਨਾਂ ਸ਼ੈਡ ਦੇ ਯਾਤਰੀਆਂ ਨੂੰ ਪਲੇਟਫਾਰਮ 'ਤੇ ਰੇਲ ਦਾ ਇੰਤਜ਼ਾਰ ਕਰਨਾ ਮੁਸ਼ਕਿਲ ਹੈ। ਮੋਬਾਇਲ ਐਸੋਸੀਏਸ਼ਨ ਟਾਂਡਾ ਦੇ ਪ੍ਰਧਾਨ ਜਸਵਿੰਦਰ ਸਿੰਘ ਜੱਸੀ ਨੇ ਕਿਹਾ ਕਿ ਪਲੇਟਫਾਰਮ ਨੰਬਰ 2 'ਤੇ ਖੜ੍ਹੇ ਬਜ਼ੁਰਗਾਂ ਤੇ ਔਰਤਾਂ ਨੂੰ ਟਰੇਨ ਲੇਟ ਹੋ ਜਾਣ ਤੇ ਕਈ ਵਾਰ ਬਾਥਰੂਮ ਜਾਣਾ ਪੈਂਦਾ ਹੈ ਪਰ ਪਲੇਟਫਾਰਮ 'ਤੇ ਕੋਈ ਵੀ ਬਾਥਰੂਮ ਨਾ ਹੋਣ ਕਾਰਨ ਉਨ੍ਹਾਂ ਨੂੰ ਬਹੁਤ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਨਗਰ ਕੌਂਸਲ ਟਾਂਡਾ ਦੇ ਸਾਬਕਾ ਪ੍ਰਧਾਨ ਦੇਸਰਾਜ ਡੋਗਰਾ ਨੇ ਕਿਹਾ ਕਿ ਯਾਤਰੀਆਂ ਦੀਆਂ ਮੁਸ਼ਕਿਲਾਂ ਨੂੰ ਵੇਖਦੇ ਹੋਏ ਰੇਲਵੇ ਵਿਭਾਗ ਦਾ ਇਹ ਫਰਜ਼ ਬਣਦਾ ਹੈ ਕਿ ਉਹ ਇਸ ਪਲੇਟਫਾਰਮ ਨੰਬਰ 2 'ਤੇ ਜਲਦ ਤੋਂ ਜਲਦ ਸ਼ੈਡ ਬਣਾਵੇ ਤੇ ਬਾਥਰੂਮ ਤੋਂ ਇਲਾਵਾ ਪੀਣ ਵਾਲੇ ਪਾਣੀ ਦਾ ਇੰਤਜ਼ਾਮ ਕਰੇ। ਕੀ ਕਹਿੰਦੇ ਹਨ ਟਾਂਡਾ ਰੇਲਵੇ ਸਟੇਸ਼ਨ ਮਾਸਟਰ: ਟਾਂਡਾ ਰੇਲਵੇ ਸਟੇਸ਼ਨ ਮਾਸਟਰ ਕੇਸ਼ਵ ਸਿੰਘ ਨੇ ਕਿਹਾ ਕਿ ਪਲੇਟਫਾਰਮ ਨੰਬਰ 2 'ਤੇ ਸ਼ੈਡ ਸਬੰਧੀ ਆਮ ਜਨਤਾ ਦੀ ਮੰਗ ਨੂੰ ਰੇਲਵੇ ਉਚ ਅਧਿਕਾਰੀਆਂ ਨੂੰ ਲਿਖਤੀ ਰੂਪ ਵਿੱਚ ਭੇਜ ਦਿੱਤਾ ਗਿਆ ਹੈ, ਮਨਜ਼ੂਰੀ ਆਉਣ 'ਤੇ ਇਸ ਪਲੇਟਫਾਰਮ 'ਤੇ ਸ਼ੈਡ ਬਣਾ ਦਿੱਤੀ ਜਾਵੇਗੀ ਤਾਂ ਜੋ ਰੇਲ ਯਾਤਰੀ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਤੋਂ ਰਾਹਤ ਮਿਲ ਸਕੇ।

# ਰਸੂਲਪੁਰ ਦੀ ਅਗਵਾਈ 'ਚ ਨਵ-ਨਿਯੁਕਤ ਸਰਕਲ ਪ੍ਰਧਾਨਾਂ ਤੇ ਜ਼ਿਲ੍ਹਾ ਅਹੁਦੇਦਾਰਾਂ ਦਾ ਸਨਮਾਨ

ਗੜ੍ਹਦੀਵਾਲਾ, 25 ਫਰਵਰੀ (ਗੌਰਵ): ਗੜ੍ਹਦੀਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਵਿਸ਼ੇਸ਼ ਮੀਟਿੰਗ ਨੌਜਵਾਨ ਯੂਥ ਆਗੂ ਲੱਕੀ ਰਾਈ ਬਾਹਲਾ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ ਹਲਕਾ ਇੰਚਾਰਜ ਟਾਂਡਾ ਵਿਸ਼ੇਸ਼ ਰੂਪ ਵਿੱਚ ਸ਼ਾਮਲ ਹੋਏ।



ਜਿਸ ਵਿੱਚ ਸਮੁੱਚੇ ਗੜ੍ਹਦੀਵਾਲ ਦੇ ਪਿੰਡਾਂ ਦੇ ਅਕਾਲੀ ਵਰਕਰਾਂ ਨੇ ਹਿੱਸਾ ਲਿਆ, ਜਿਸ ਵਿੱਚ ਅਰਵਿੰਦਰ ਸਿੰਘ ਰਸੂਲਪੁਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਪਾਰਟੀ ਨੇ ਗੁਰਦੀਪ ਸਿੰਘ ਦਾਰਾਪੁਰ ਨੂੰ ਗੜ੍ਹਦੀਵਾਲ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ। ਇਸ ਤਰ੍ਹਾਂ ਬਲਵੀਰ ਸਿੰਘ ਮਿਰਜਾਪੁਰ ਨੂੰ ਸਰਕਲ ਪੰਡੋਰੀ ਅਟਵਾਲ ਕੰਡੀ ਦਾ ਪ੍ਰਧਾਨ ਨਿਯੁਕਤ ਕੀਤਾ। ਇਸ ਤਰ੍ਹਾਂ ਹੀ ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਜਥੇਬੰਦੀ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਇਕਵਾਲ ਸਿੰਘ ਜੌਹਲ ਨੂੰ ਸਕੱਤਰ ਜਰਨਲ ਨਿਯੁਕਤ ਕੀਤਾ। ਸੀਨੀਅਰ ਵਾਈਸ ਪ੍ਰਧਾਨ ਵਿੱਚ ਸਿਮਰਨਜੀਤ ਸਿੰਘ ਅਟਵਾਲ, ਜਸਵੰਤ ਸਿੰਘ ਪੱਖੋਵਾਲ, ਸ਼ਿਵਦੇਵ ਸਿੰਘ ਮਾਛੀਆਂ, ਹਰਦੀਪ ਸਿੰਘ ਅਰਗੋਵਾਲ, ਬਲਵਿੰਦਰ ਸਿੰਘ ਚਿੱਪੜਾ, ਸੰਜੀਵ ਸਿੰਘ ਨਿਯੁਕਤ ਹੋਏ।ਵਾਈਸ ਪ੍ਰਧਾਨ ਵਿੱਚ ਸੁਰਜੀਤ ਸਿੰਘ ਬਰਾਂਡਾ, ਮਨਜੀਤ ਸਿੰਘ ਮਾਛੀਆਂ, ਚਰਨ ਸਿੰਘ ਬਾਹਲਾ, ਗੁਰਦੀਪ ਸਿੰਘ ਸਰਿਹਾਲਾ, ਇਕਬਾਲ ਸਿੰਘ ਬਾਹਗਾ, ਬਲਵਿੰਦਰ ਸਿੰਘ ਸਰਿਹਾਲਾ, ਪਰਮਜੀਤ ਸਿੰਘ ਬੈਰਮਪੁਰ, ਅਮਨਦੀਪ ਸਿੰਘ ਅੰਬਾਲਾ ਜੱਟਾਂ ਸੁਰਜੀਤ ਸਿੰਘ ਮੱਲੇਵਾਲ ਜਰਨਲ ਸਕੱਤਰ ਬਲਕਾਰ ਸਿੰਘ ਲਿੱਟ ਹਰਵਿੰਦਰ ਸਿੰਘ ਮਾਗਾਂ ਕੁਲਦੀਪ ਸਿੰਘ ਭਾਨਾ ਸੁਖਬੀਰ ਸਿੰਘ ਬਡਿਆਲਾਂ ਜਸਵਿੰਦਰ ਸਿੰਘ ਮਾਛੀਆਂ ਭੁਪਿੰਦਰ ਸਿੰਘ ਗੋਂਦਪੁਰ ਹਰਮਿੰਦਰ ਸਿੰਘ ਬਾਹਲਾ, ਸਤਬੀਰ ਸਿੰਘ ਬੈਰਮਪੁਰ ਜਸਵੀਰ ਸਿੰਘ ਖਿਆਲਾ, ਦਵਿੰਦਰ ਸਿੰਘ ਢੋਲੋਵਾਲ ਬੂਟਾ ਸਿੰਘ ਰਾਜਾਕਲਾਂ ਸਤਵਿੰਦਰ ਸਿੰਘ ਮਿਰਜਾਪੁਰ ਸੁਖਵਿੰਦਰ ਸਿੰਘ ਮਿਰਜਾਪੁਰ ਗੁਰਮੁੱਖ ਸਿੰਘ ਖਿਆਲਾ ਦਿਲਵਾਗ ਸਿੰਘ ਬਾਹਗਾ ਅਮਨਦੀਪ ਸਿੰਘ ਬਾਹਗਾ ਇਕਬਾਲ ਸਿੰਘ ਬਾਹਗਾ ਮੋਹਣ ਸਿੰਘ ਬਾਹਗਾ ਅਵਤਾਰ ਸਿੰਘ ਬਾਹਗਾ ਸਾਧੂ ਸਿੰਘ ਬਾਹਗਾ ਸੀਨੀਅਰ ਆਗੂ ਇੰਦਰਜੀਤ ਸਿੰਘ ਪੰਡੋਰੀ ਅਟਵਾਲ ਗੁਰਜੀਤ ਸਿੰਘ ਕੰਢਾਲੀਆਂ ਲਖਵਿੰਦਰ ਸਿੰਘ ਰਿਆੜ ਵਰਿੰਦਰ ਗੋਇਲ ਗੁਪਤਾ ਦਲਜੀਤ ਸਿੰਘ ਬਾਠ ਸਰਪੰਚ ਜਗਰੂਪ ਸਿੰਘ ਸਰਪੰਚ ਗੱਜਣ ਸਿੰਘ ਸੁਖਵਿੰਦਰ ਸਿੰਘ ਮਾਛੀਆ ਪੰਕਜ ਮਿਨਹਾਸ ਨੌਜਵਾਨ ਆਗੂ ਹਰਕਮਲ ਸਿੰਘ ਬਾਹਗਾ ਅਰਜੁਨ ਥੰਮਨ ਗੜ੍ਹਦੀਵਾਲ ਪ੍ਰਭਜੋਤ ਸਿੰਘ ਬੈਰਮਪੁਰ ਹਾਜ਼ਰ ਸਨ।

# 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੈਲਥ ਕਾਰਡ ਬਣਾਉਣ ਲਈ ਵਾਰਡ ਨੰਬਰ 33 'ਚ ਕੈਂਪ ਲਗਾਇਆ



ਬਟਾਲਾ/ਅੱਚਲ ਸਾਹਿਬ, 25 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਜੁਗਰਾਜ ਸਿੰਘ ਖ਼ਾਲਸਾ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿਥੇ ਲੋਕਾਂ ਵੱਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਬਟਾਲਾ ਸ਼ਹਿਰ ਤੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ। ਵਾਰਡ ਨੰਬਰ 33 ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਕੈਂਪ ਲਗਾਇਆ ਗਿਆ ਤੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਤੇ ਲੋੜ ਪੈਣ 'ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।

# 21 ਮਾਰਚ ਨੂੰ ਡੇਰਾ ਬਾਬਾ ਨਾਨਕ ਵਿਖੇ ਹੋ ਰਹੀ ਅਕਾਲੀ ਦਲ ਦੀ ਰੈਲੀ ਇਤਿਹਾਸਕ ਹੋਵੇਗੀ



ਡੇਰਾ ਬਾਬਾ ਨਾਨਕ, 25 ਫਰਵਰੀ (ਹੈਪੀ ਕੋਟਲੀ): ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਲੈ ਕੇ ਸ਼ੁਰੂ ਕੀਤੀ ਗਈ ਮੁਹਿੰਮ ਪੰਜਾਬ ਬਚਾਓ ਤਹਿਤ ਪਹਿਲੇ ਗੇੜ 'ਚ ਵੱਖ-ਵੱਖ ਵਿਧਾਨ ਸਭਾ ਹਲਕਿਆਂ 'ਚ ਕੀਤੀਆਂ ਜਾ ਰਹੀਆਂ ਰੈਲੀਆਂ ਦੀ ਲੜੀ ਤਹਿਤ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਾਬਕਾ ਕੈਬਨਿਟ ਮੰਤਰੀ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ 21 ਮਾਰਚ ਨੂੰ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਇਤਿਹਾਸਿਕ ਕਸਬਾ ਕਲਾਨੌਰ 'ਚ ਹੋ ਰਹੀ ਪੰਜਾਬ ਬਚਾਓ ਰੈਲੀ ਵਿੱਚ ਐਸਸੀ ਭਾਈਚਾਰਾ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗਾ। ਦਿੱਲੀ ਵਿੱਚ ਹੋਣ ਜਾ ਰਿਹਾ ਵੱਡਾ ਇਕੱਠ ਵਿਰੋਧੀਆਂ ਦੀ ਨੀਂਦ ਉੱਡਾ ਕੇ ਰੱਖ ਦੇਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਐਸਸੀ ਵਿੰਗ ਦੇ ਕੌਮੀ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਦੇ ਬਹੁਤ ਹੀ ਕਰੀਬੀ ਨੌਜਵਾਨ ਆਗੂ ਬਲਵਿੰਦਰ ਸਿੰਘ ਮੰਗਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਪੰਜਾਬ ਦੇ ਵੱਖ-ਵੱਖ ਹਲਕਿਆਂ 'ਚ ਕੀਤੀਆਂ ਜਾ ਰਹੀਆਂ ਪੰਜਾਬ ਬਚਾਓ ਰੈਲੀਆਂ ਵਿੱਚ ਜਿੱਥੇ ਭਾਰੀ ਇਕੱਠ ਹੋ ਰਿਹਾ ਹੈ, ਉਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 2027 ਦੀਆਂ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਨੂੰ ਪੰਜਾਬ ਦਾ ਉਪ-ਮੁੱਖ ਮੰਤਰੀ ਬਣਾਉਣ ਦੇ ਐਲਾਨ ਨੂੰ ਲੈ ਕੇ ਮਗਰੋਂ ਐਸਸੀ ਭਾਈਚਾਰੇ ਦੇ ਲੋਕ ਵੱਡੇ ਪੱਧਰ 'ਤੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ 'ਚ ਵੀ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਕਰਕੇ ਐਸਸੀ ਭਾਈਚਾਰੇ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਿਆ ਜਾਵੇਗਾ।

# ਬੀ.ਸੀ. ਵਿੰਗ ਦੇ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਔਲਖ ਵੱਲੋਂ ਵਿਧਾਇਕ ਦਾ ਧੰਨਵਾਦ



ਸ੍ਰੀ ਹਰਿਗੋਬਿੰਦਪੁਰ ਸਾਹਿਬ, 25 ਫਰਵਰੀ (ਸੁਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਸਿੰਘ ਭਿੰਡਰ): ਹਲਕਾ ਸ੍ਰੀ ਹਰਿਗੋਬਿੰਦਪੁਰ ਤੋਂ ਬੀ.ਸੀ. ਵਿੰਗ ਦਾ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਚਤਰ ਸਿੰਘ ਨੇ ਵਿਧਾਇਕ ਅਮਰਪਾਲ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਨਿਸ਼ਠਾ ਤੇ ਇਮਾਨਦਾਰੀ ਨਾਲ ਨਿਭਾਉਣਗੇ। ਚਤਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਉਹ ਹਲਕੇ ਵਿੱਚ ਬੀ.ਸੀ. ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਉਠਾਉਣਗੇ ਤੇ ਉਨ੍ਹਾਂ ਦੇ ਹੱਕਾਂ ਲਈ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਨੇ ਕਿਹਾ ਕਿ ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਹੇਠ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਹੋ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਰਫ਼ਤਾਰ ਜਾਰੀ ਰਹੇਗੀ। ਚਤਰ ਸਿੰਘ ਔਲਖ ਨੇ ਪਾਰਟੀ ਹਾਈਕਮਾਂਡ ਦਾ ਵੀ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ 'ਤੇ ਖਰੇ ਉਤਰਣ ਲਈ ਹਮੇਸ਼ਾ ਤਤਪਰ ਰਹਿਣਗੇ। ਇਸ ਮੌਕੇ 'ਤੇ ਸਰਪੰਚ ਸੁਰਜੀਤ ਸਿੰਘ ਔਲਖ ਕਲਾਂ, ਸਰਪੰਚ ਗੁਰਜੀਤ ਸਿੰਘ ਔਲਖ ਬੇਟ, ਸਰਪੰਚ ਲਾਭ ਸਿੰਘ ਕਠਾਣਾ, ਮੰਗਲ ਸਿੰਘ ਸੇਠ ਪੰਚ, ਪ੍ਰੇਮ ਸਿੰਘ ਪੰਚ, ਅਵਤਾਰ ਸਿੰਘ ਯੂਥ ਪ੍ਰਧਾਨ, ਹਰਮਨਜੀਤ ਸਿੰਘ ਯੂਥ ਪ੍ਰਧਾਨ ਤੇ ਸਾਰੀ ਔਲਖ ਟੀਮ ਹਾਜ਼ਰ ਸੀ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ ਬੱਚਿਆਂ ਨੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ



ਗੁਰਦਾਸਪੁਰ, 25 ਫਰਵਰੀ (ਜਸਵਿੰਦਰ ਸਿੰਘ): ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਗੁਰਦਾਸਪੁਰ ਸਾਇੰਸ ਓਲੰਪੀਆਡ ਫਾਊਂਡੇਸ਼ਨ ਦੇ ਗੋਲਡ ਮੈਡਲ ਪ੍ਰਾਪਤ ਕਰਨ ਵਾਲਿਆਂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮੇਂ ਪ੍ਰਿੰਸੀਪਲ ਡਾ. ਸ਼ਿਵਾਨੀ ਸਿੰਘ ਵੱਲੋਂ ਦੱਸਿਆ ਗਿਆ ਕਿ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਜਿਸ ਲਈ ਸਕੂਲ ਦੇ ਵਿਦਿਆਰਥੀ ਵਧਾਈ ਦੇ ਪਾਤਰ ਹਨ। ਪ੍ਰਿੰਸੀਪਲ ਡਾ. ਸ਼ਿਵਾਨੀ ਸਿੰਘ ਨੇ ਵਿਦਿਆਰਥੀਆਂ ਦੀ ਉਨ੍ਹਾਂ ਦੇ ਸਮਰਪਣ ਤੇ ਉਤਮਤਾ ਦੀ ਸ਼ਲਾਘਾ ਕੀਤੀ, ਤੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਦੇ ਰਹਿਣ ਤੇ ਭਵਿੱਖ ਵਿੱਚ ਹੋਰ ਸਫਲਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।

# ਸ੍ਰੀ ਪੰਚਮੁਖੀ ਮੰਦਰ ਵਿਖੇ ਬਾਲਾਜੀ ਦੇ ਨਾਮ 'ਤੇ ਜਾਪ ਦੀ ਇੱਕ ਸ਼ਾਮ ਦਾ ਆਯੋਜਨ



ਮੋਗਾ, 25 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਆਰਾ ਰੋਡ 'ਤੇ ਸਥਿਤ ਸ੍ਰੀ ਪੰਚਮੁਖੀ ਮੰਦਰ ਵਿਖੇ ਬਾਲਾਜੀ ਦੇ ਨਾਮ 'ਤੇ ਜਾਪ ਦੀ ਇੱਕ ਸ਼ਾਮ ਦਾ ਆਯੋਜਨ ਕੀਤਾ ਗਿਆ। ਪੰਡਿਤ ਪੁਸ਼ਪਰਾਜ ਸ਼ਰਮਾ ਦੀ ਅਗਵਾਈ ਹੇਠ, ਸਮਾਜ ਸੇਵਕ ਸ਼ਿੰਦਾ ਬਰਾੜ ਤੇ ਜੱਗਾ ਨੇ ਆਪਣੇ ਪਰਿਵਾਰਾਂ ਸਮੇਤ ਬਾਲਾਜੀ ਮਹਾਰਾਜ ਨੂੰ ਭੋਜਨ ਛਕਾਉਣ ਦੀ ਰਸਮ ਨਿਭਾਈ। ਉਨ੍ਹਾਂ ਨੂੰ ਮੰਦਰ ਕਮੇਟੀ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਮੰਦਰ ਕਮੇਟੀ ਦੇ ਮੈਂਬਰ ਮਨੋਜ ਟੰਡਨ, ਸ਼ਿਵ ਟੰਡਨ, ਅਮਨ ਮਦਨ, ਸੁਸ਼ੀਲ ਮਿੱਢਾ, ਮਨੀ ਜਿੰਦਲ ਤੇ ਸੌਰਵ ਗੋਇਲ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ। ਭਜਨ ਗਾਇਕਾਂ ਨੇ 'ਮੇਰੇ ਬਾਬਾ ਕੇ ਦਰਬਾਰ ਮੈਂ ਸਭ ਦੁਨੀਆਂ ਕਾ ਖਾਤਾ', 'ਜਗ ਮੇਂ ਸੁੰਦਰ ਹੈ ਦੋ ਨਾਮ', ਤੇ 'ਕਬਰਬਾਰ ਮੇਰਾ ਬਾਲਾਜੀ ਚਾ' ਵਰਗੇ ਭਜਨਾਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ। ਇਸ ਮੌਕੇ ਮੰਦਰ ਦੇ ਮੁੱਖ ਸੇਵਕ ਮਨੋਜ ਟੰਡਨ ਤੇ ਸ਼ਿਵ ਟੰਡਨ ਨੇ ਐਲਾਨ ਕੀਤਾ ਕਿ ਮੰਦਰ ਕਮੇਟੀ 28 ਮਾਰਚ ਨੂੰ ਸ੍ਰੀ ਰਾਮ ਨੌਮੀ ਦੀ ਯਾਦ ਵਿੱਚ ਸਾਲਾਨਾ ਮੂਰਤੀ ਸਥਾਪਨਾ ਦਿਵਸ ਦਾ ਆਯੋਜਨ ਕਰ ਰਹੀ ਹੈ। ਪ੍ਰਸਿੱਧ ਭਜਨ ਗਾਇਕ ਰਾਕੇਸ਼ ਸਚਦੇਵਾ ਇਸ ਸਮਾਗਮ ਵਿੱਚ ਭਗਵਾਨ ਰਾਮ ਦੀ ਉਸਤਤ ਕਰਨ ਲਈ ਸ਼ਾਮਲ ਹੋਣਗੇ। ਵਿਧਾਇਕ ਡਾ. ਅਮਨਦੀਪ ਅਰੋੜਾ, ਮਾਲਵਿਕਾ ਸੂਦ ਸੱਚਰ, ਸੰਜੀਤ ਸਿੰਘ ਸੰਨੀ ਗਿੱਲ, ਲਾਭ ਸਿੰਘ ਆਹਲੂਵਾਲੀਆ, ਮੇਅਰ ਪ੍ਰਵੀਨ ਸ਼ਰਮਾ ਪੀਨਾ, ਡਿਪਟੀ ਮੇਅਰ ਅਸ਼ੋਕ ਧਮੀਜਾ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮੰਤ ਗਰਗ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਤੁਸ਼ਾਰ ਗੋਇਲ, ਰਾਜ ਅਰੋੜਾ, ਸਾਬਕਾ ਵਿਧਾਇਕ ਡਾ. ਹਰਜੋਤ ਕਮਲ ਤੇ ਵਿੱਕੀ ਸਿਤਾਰਾ ਮੁੱਖ ਮਹਿਮਾਨ ਹੋਣਗੇ। ਮੁਨੀਸ਼ ਸ਼ਰਮਾ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ। ਸ਼ਿਵ ਟੰਡਨ ਨੇ ਅੱਗੇ ਕਿਹਾ ਕਿ ਹਫ਼ਤਾਵਾਰੀ ਸਮਾਗਮ ਵਿੱਚ ਭਜਨ ਕੀਰਤਨ, ਸ੍ਰੀ ਹਨੂੰਮਾਨ ਚਾਲੀਸਾ, ਆਰਤੀ ਤੇ ਇੱਕ ਦਾਅਵਤ ਹੁੰਦੀ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੁੰਦੇ ਹਨ।

# ਖਰੀਦੀ ਗਈ ਇੱਟ ਮਾਮਲੇ 'ਚ ਖਪਤਕਾਰ ਫੋਰਮ ਵੱਲੋਂ ਪਟਿਆਲ ਭੱਠੇ ਨੂੰ ਜੁਰਮਾਨਾ

ਹੁਸ਼ਿਆਰਪੁਰ, 25 ਫਰਵਰੀ (ਦੀਪਕ ਅਗਨੀਹੋਤਰੀ): ਉਪਭੋਗਤਾ ਫੋਰਮ ਦੇ ਜੱਜ ਨਵੀ ਪੁਰੀ, ਪ੍ਰੇਮ ਸਿੰਘ ਸਵਾਰੀਆ, ਸ੍ਰੀਮਤੀ ਹਰਵਿਮਲ ਡੋਗਰਾ ਨੇ ਇੱਕ ਕੇਸ ਵਿੱਚ ਚੱਬੇਵਾਲ ਦੇ ਪਟਿਆਲ ਦੇ ਭੱਠੇ ਦੇ ਮਾਲਕ ਨੂੰ ਇੱਟਾਂ ਦਾ ਸਾਈਜ਼ ਛੋਟਾ ਹੋਣ ਕਰਕੇ 180000 ਤੋਂ ਵੱਧ ਦੀ ਰਕਮ ਉਪਭੋਗਤਾ ਨੂੰ ਮੁਆਵਜ਼ੇ ਵਜੋਂ ਦੇਣ ਦੇ ਹੁਕਮ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਦੱਸ ਹਜ਼ਾਰ ਰੁਪਏ ਕਮਿਸ਼ਨਰ ਦੀ ਫ਼ੀਸ ਜੋ ਚੱਲਦੇ ਕੇਸ ਦੌਰਾਨ ਉਪਭੋਗਤਾ ਨੇ ਅਦਾ ਕੀਤੀ ਸੀ ਤੇ ਪੰਜ ਹਜ਼ਾਰ ਰੁਪਏ ਹੋਰ ਖ਼ਰਚੇ ਵਜੋਂ ਵੀ ਜੋ ਭੱਠੇ ਦਾ ਮਾਲਿਕ ਉਪਭੋਗਤਾ ਨੂੰ ਅਦਾ ਕਰੇਗਾ। ਜਾਣਕਾਰੀ ਦਿੰਦੇ ਹੋਏ ਵਕੀਲ ਸੁਨੀਲ ਪਰਾਸ਼ਰ ਨੇ ਦੱਸਿਆ ਕਿ ਉਨ੍ਹਾਂ ਦੇ ਕਰੀਬੀ ਰਾਜੀਵ ਕੁਮਾਰ ਵਾਸੀ ਚੱਬੇਵਾਲ ਨੇ ਪਟਿਆਲ ਦੇ ਭੱਠੇ ਤੋਂ ਕਾਫ਼ੀ ਮਾਤਰਾ ਵਿੱਚ ਇੱਟਾਂ ਖਰੀਦੀਆਂ ਸਨ। ਉਨ੍ਹਾਂ ਦੱਸਿਆ ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਇਸ ਭੱਠੇ ਦੀਆਂ ਇੱਟਾਂ ਤਾਂ ਮਹਿਕਮੇ ਦੇ ਨਿਯਮਾਂ ਅਨੁਸਾਰ ਚੌੜਾਈ ਤੇ ਮੋਟਾਈ ਵਿੱਚ ਛੋਟੀਆਂ ਹਨ ਤਾਂ ਉਨ੍ਹਾਂ ਨੇ ਪਹਿਲਾਂ ਜ਼ਿਲ੍ਹਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਨੂੰ ਇਸ ਸਬੰਧੀ ਸ਼ਿਕਾਇਤ ਕੀਤੀ। ਸੂਚਨਾ ਅਧਿਕਾਰ ਨਿਯਮ ਰਾਹੀਂ ਪਤਾ ਕੀਤਾ ਤਾਂ ਮਹਿਕਮੇ ਵੱਲੋਂ ਮੈਸ: ਪਟਿਆਲ ਬ੍ਰਿਕਸ, ਪਿੰਡ ਮਹਿਨਾ ਤੇ ਮੈਸ: ਭੋਲੇ ਸ਼ੰਕਰ ਬ੍ਰਿਕ ਇੰਡਸਟਰੀ ਪਿੰਡ ਬਰਕੀਆਂ ਤਨੂਰ, ਜੱਟਪੁਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਦੋਨੋਂ ਭੱਠਿਆਂ 'ਤੇ ਜਾ ਕੇ ਜਾਂਚ ਕਰਵਾਈ ਤਾਂ ਇੱਟਾਂ ਦਾ ਸਾਈਜ਼ ਦੋਹਾਂ ਤੇ ਹੀ ਛੋਟਾ ਪਾਇਆ ਗਿਆ। ਸਬੰਧਤ ਮਹਿਕਮੇ ਨੇ ਨਰਮੀ ਦਾ ਸਲੂਕ ਕਰਦੇ ਹੋਏ ਦੋਹਾਂ ਭੱਠਿਆਂ ਨੂੰ ਦਸ, ਦਸ ਹਜ਼ਾਰ ਰੁਪਏ ਜੁਰਮਾਨਾ ਕੀਤਾ।ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਕਿਹਾ ਕਿ ਸਾਡੇ ਲੋਕ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣੂੰ ਨਹੀਂ ਹਨ ਜਿਸ ਕਰਕੇ ਉਹ ਜਾਣੇ ਅਣਜਾਣੇ ਲੁੱਟ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਦੇਖਿਆ ਜਾਵੇ ਤਾਂ ਇਹ ਵੀ ਇੱਕ ਕਿਸਮ ਦੀ ਚੋਰੀ ਹੀ ਹੈ। ਸਰਕਾਰ ਨੂੰ ਇਸ ਤਰ੍ਹਾਂ ਦੇ ਅਨਸਰਾਂ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਤੇ ਇਸ ਤਰ੍ਹਾਂ ਦੀਆਂ ਚੱਲਦੀਆਂ ਫੈਕਟਰੀਆਂ ਬੰਦ ਕਰਵਾ ਦੇਣੀਆਂ ਚਾਹੀਦੀਆਂ ਹਨ।

# ਸਰਬਜੀਤ ਕੌਰ ਪਾਕਿਸਤਾਨ 'ਚ ਨਵੀਂ ਮੁਸੀਬਤ 'ਚ ਘਿਰੀ, ਵੀਜ਼ੇ ਦੇ ਗਲਤ ਪ੍ਰਯੋਗ ਕਰਨ ਦੇ ਲੱਗੇ ਦੋਸ਼

ਲਾਹੌਰ, 25 ਫਰਵਰੀ (ਚ.ਨ.ਸ): ਭਾਰਤੀ ਨਾਗਰਿਕ ਸਰਬਜੀਤ ਕੌਰ, ਜੋ ਨਵੰਬਰ 2025 ਵਿੱਚ ਗੁਰੂ ਨਾਨਕ ਗੁਰਪੁਰਬ ਸਿੱਖ ਜਥੇ ਦੌਰਾਨ ਪਾਕਿਸਤਾਨ ਵਿੱਚ ਲਾਪਤਾ ਹੋ ਗਈ ਸੀ, ਮੁੜ ਚਰਚਾ ਵਿੱਚ ਆ ਗਈ ਹੈ। ਲਾਹੌਰ ਅਦਾਲਤ ਵਿੱਚ ਵਕੀਲ ਅਲੀ ਚੰਗੇਜ਼ੀ ਸੰਧੂ ਵੱਲੋਂ ਨਵੀਂ ਪਟੀਸ਼ਨ ਦਾਇਰ ਕੀਤੀ ਗਈ ਹੈ, ਜਿਸ ਵਿੱਚ ਉਸ ਤੇ ਉਸਦੇ ਪਾਕਿਸਤਾਨੀ ਪਤੀ ਨਾਸਿਰ ਹੁਸੈਨ ਖ਼ਿਲਾਫ਼ ਵੀਜ਼ਾ ਦੇ ਗਲਤ ਇਸਤੇਮਾਲ ਦੇ ਦੋਸ਼ ਲਗਾਏ ਗਏ ਹਨ। ਪਟੀਸ਼ਨ ਵਿੱਚ ਇਹ ਵੀ ਸਵਾਲ ਉਠਾਇਆ ਗਿਆ ਹੈ ਕਿ ਸਰਬਜੀਤ ਨੇ ਆਪਣੇ ਪਹਿਲੇ ਪਤੀ ਤੋਂ



ਤਲਾਕ ਦਾ ਸਬੂਤ ਪੇਸ਼ ਕੀਤਾ ਹੈ ਜਾਂ ਨਹੀਂ। ਪਹਿਲਾਂ ਰਿਪੋਰਟਾਂ ਵਿੱਚ ਆਇਆ ਸੀ ਕਿ ਸਰਬਜੀਤ ਨੇ ਇਸਲਾਮ ਧਰਮ ਅਪਣਾਇਆ ਤੇ ਆਪਣਾ ਨਾਂ ਨੂਰ (ਜਾਂ ਨੂਰ ਹੁਸੈਨ) ਰੱਖ ਕੇ ਨਾਸਿਰ ਹੁਸੈਨ ਨਾਲ ਵਿਆਹ ਕਰ ਲਿਆ। ਇਸ ਤੋਂ ਪਹਿਲਾਂ ਪਾਕਿਸਤਾਨ ਦੀ ਅਦਾਲਤ ਨੇ ਪੁਲਿਸ ਨੂੰ ਹੁਕਮ ਦਿੱਤਾ ਸੀ ਕਿ ਜੋੜੇ ਨੂੰ ਤੰਗ ਨਾ ਕੀਤਾ ਜਾਵੇ। ਉਸ ਤੋਂ ਬਾਅਦ ਸਰਬਜੀਤ ਨੂੰ ਦਰ-ਉਲ-ਅਮਾਨ ਸ਼ੈਲਟਰ ਵਿੱਚ ਰੱਖਿਆ ਗਿਆ ਸੀ ਤੇ ਫਿਰ ਅਦਾਲਤ ਦੇ ਹੁਕਮਾਂ ਅਨੁਸਾਰ ਉਸਨੂੰ ਆਪਣੇ ਪਤੀ ਨਾਲ ਭੇਜ ਦਿੱਤਾ ਗਿਆ।

# ਅਦਾਲਤੀ ਫੈਸਲੇ ਦੇ ਬਾਵਜੂਦ ਵਪਾਰ ਸਮਝੌਤਿਆਂ ਦੀ ਪਾਲਣਾ ਕਰਨੀ ਹੋਵੇਗੀ: ਟਰੰਪ

## ☛ਅਮਰੀਕੀ ਰਾਸ਼ਟਰਪਤੀ ਵੱਲੋਂ ਕੁੱਲ ਆਲਮ ਦੇ ਮੁਲਕਾਂ ਨੂੰ ਚਿਤਾਵਨੀ

ਵਾਸ਼ਿੰਗਟਨ, 25 ਫਰਵਰੀ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਚਿਤਾਵਨੀ ਦਿੱਤੀ ਕਿ ਸੁਪਰੀਮ ਕੋਰਟ ਵੱਲੋਂ ਉਨ੍ਹਾਂ ਦੇ ਆਲਮੀ ਟੈਰਿਫਾਂ 'ਤੇ ਰੋਕ ਲਗਾਉਣ ਦੇ ਬਾਵਜੂਦ ਮੁਲਕਾਂ ਨੂੰ ਉਨ੍ਹਾਂ ਸਾਰੇ ਵਪਾਰਕ ਸਮਝੌਤਿਆਂ ਦੀ ਪਾਲਣਾ ਕਰਨੀ ਹੋਵੇਗੀ ਜਿਨ੍ਹਾਂ ਬਾਰੇ ਉਹ ਸਹਿਮਤੀ ਦੇ ਚੁੱਕੇ ਹਨ। ਟਰੰਪ ਨੇ ਕਿਹਾ ਕਿ ਉਹ 15 ਫੀਸਦ ਦਾ ਆਲਮੀ ਟੈਰਿਫ ਚਾਹੁੰਦੇ ਹਨ। ਕਾਬਿਲੇਗੌਰ ਹੈ ਕਿ ਅਮਰੀਕੀ ਸੁਪਰੀਮ ਕੋਰਟ ਦੇ ਉਪਰੋਕਤ ਫੈਸਲੇ ਤੋਂ ਫੌਰੀ ਮਗਰੋਂ ਟਰੰਪ ਨੇ 10 ਫੀਸਦ ਆਲਮੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ, ਜਿਸ ਨੂੰ ਮਗਰੋਂ ਵਧਾ ਕੇ 15 ਫੀਸਦ ਕਰ ਦਿੱਤਾ। ਟਰੰਪ ਨੇ ਟਰੁੱਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਸੁਪਰੀਮ ਕੋਰਟ ਦੇ ਹਾਸੋਹੀਣੇ ਫੈਸਲੇ ਮਗਰੋਂ ਜੇਕਰ ਕੋਈ ਮੁਲਕ, ਖਾਸ ਕਰਕੇ ਜੋ ਸਾਲਾਂ ਤੇ ਦਹਾਕਿਆਂ ਤੋਂ




ਅਮਰੀਕਾ ਨੂੰ ਲੁੱਟ ਰਹੇ ਹਨ, ਕੋਈ 'ਖੇਡ ਖੇਡਣਾ' ਚਾਹੁੰਦਾ ਹੈ ਤਾਂ ਉਸ ਨੂੰ ਇਸ ਤੋਂ ਵੀ ਵੱਧ ਟੈਰਿਫ, ਜਿਸ ਬਾਰੇ ਉਸ ਨੇ ਹਾਲ ਹੀ ਵਿੱਚ ਸਹਿਮਤੀ ਦਿੱਤੀ ਹੈ, ਦਾ ਸਾਹਮਣਾ ਕਰਨਾ ਪਵੇਗਾ। ਟਰੰਪ ਦੇ ਇੱਕ ਕਾਰਜਕਾਰੀ ਹੁਕਮ ਵਿੱਚ ਕਿਹਾ ਗਿਆ ਹੈ ਕਿ ਉਹ ਕਾਂਗਰਸ ਨੂੰ ਬਾਈਪਾਸ ਕਰ ਸਕਦੇ ਹਨ ਤੇ ਮੰਗਲਵਾਰ (ਜਿਸ ਦਿਨ ਉਨ੍ਹਾਂ ਅਮਰੀਕੀ ਸੰਸਦ ਦੇ ਸਾਂਝੇ ਸੈਸ਼ਨ ਨੂੰ ਸੰਬੋਧਨ ਕਰਨਾ ਹੈ) ਤੋਂ ਦਰਾਮਦਾਂ 'ਤੇ 10 ਫੀਸਦ ਟੈਕਸ ਲਗਾ ਸਕਦੇ ਹਨ। ਟਰੰਪ ਨੇ ਵ੍ਹਾਈਟ ਹਾਊਸ ਵਿੱਚ ਇੱਕ ਸਮਾਗਮ ਨੂੰ ਸਮੇਟਦਿਆਂ ਕਿਹਾ ਕਿ ਮੈਂ ਭਲਕੇ ਰਾਤੀਂ ਤਕਰੀਰ ਕਰਾਂਗਾ। ਇਹ ਲੰਮੀ ਹੋਵੇਗੀ ਕਿਉਂਕਿ ਸਾਡੇ ਕੋਲ ਗੱਲ ਕਰਨ ਲਈ ਬਹੁਤ ਕੁਝ ਹੈ।" ਗੌਰਤਲਬ ਹੈ ਕਿ ਰੂਸੀ ਤੇਲ ਦੀ ਖਰੀਦ ਕਰਕੇ ਟਰੰਪ ਨੇ ਭਾਰਤ 'ਤੇ ਵਾਧੂ 25 ਫੀਸਦ ਟੈਕਸ ਲਗਾਉਣ ਦਾ ਐਲਾਨ ਕੀਤਾ ਸੀ ਹਾਲਾਂਕਿ ਭਾਰਤ ਵੱਲੋਂ ਦਿੱਤੇ ਭਰੋਸੇ ਤੇ ਦੋਵਾਂ ਮੁਲਕਾਂ ਦਰਮਿਆਨ ਵਪਾਰਕ ਸਮਝੌਤੇ ਬਾਰੇ ਸਹਿਮਤੀ ਬਣਨ ਮਗਰੋਂ ਟਰੰਪ ਨੇ ਵਾਧੂ ਟੈਕਸ ਲਗਾਉਣ ਦੇ ਫੈਸਲੇ ਨੂੰ ਵਾਪਸ ਲੈ ਲਿਆ ਸੀ।

# ਹਰਿਆਣਾ ਕਮੇਟੀ ਵੱਲੋਂ ਹਰਿਆਣਾ 'ਚ ਅੰਮ੍ਰਿਤ ਸੰਚਾਰ ਲਹਿਰ ਸ਼ੁਰੂ ਕੀਤੀ ਜਾਵੇਗੀ: ਝੀਂਡਾ

ਕਰਨਾਲ, 25 ਫਰਵਰੀ (ਚ.ਨ.ਸ): ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਕਰਨਾਲ ਦੇ ਪੀਡਬਲਿਊ ਰੈਸਟ ਹਾਊਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਚੱਲਦੇ ਹਰਿਆਣਾ ਦੇ ਕਿਸੇ ਵੀ ਗੁਰੂਘਰ ਦਾ ਗ੍ਰੰਥੀ ਸਿੰਘ ਆਪਣੇ ਇਲਾਕੇ ਵਿੱਚ ਪੰਜਾਬੀ ਪੜ੍ਹਾਵੇਗਾ ਤਾਂ ਉਸ ਦਾ ਸਨਮਾਨ ਕੀਤਾ ਜਾਵੇਗਾ। ਵਿਵਾਦਾਂ ਤੋਂ ਸਾਰੀ ਦੁਨੀਆਂ ਜਾਣੂ ਹੈ ਕਿ ਸਾਡੀ ਹਰਿਆਣਾ ਕਮੇਟੀ ਦਾ ਅੱਜ ਕਿਸ ਤਰ੍ਹਾਂ ਜਲੂਸ ਨਿਕਲ ਰਿਹਾ ਹੈ ਭਾਵੇਂ ਉਸ ਦੇ ਵਿੱਚ ਦੋਸ਼ੀ ਕੋਈ ਹੋਵੇ ਪਰ ਮੈਂ ਮੁੱਖ ਸੇਵਾਦਾਰ ਹੋਣ ਦੇ ਨਾਤੇ ਮੰਨਦਾ ਹਾਂ ਕਿ ਇਹ ਨਹੀਂ ਸੀ ਹੋਣਾ ਚਾਹੀਦਾ, ਜੋ ਕੁੱਝ ਸਾਡੇ ਵਿਵਾਦ ਚੱਲ ਰਹੇ ਹਨ, ਜਿਸ ਦੇ ਚੱਲਦੇ ਸਾਡਾ ਬਜਟ ਜੋ ਅਸੀਂ ਪਾਸ ਕੀਤਾ ਉਸ 'ਤੇ ਵੀ ਇਤਰਾਜ਼ ਹੋਇਆ ਤੇ ਉਹ ਵੀ ਹਾਲੇ ਪਾਸ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਤਕਰੀਬਨ 9 ਮਹੀਨੇ ਮਹੀਨੇ ਹੋ ਗਏ ਹਨ, ਮੈਨੂੰ ਪ੍ਰਧਾਨ ਬਣਿਆ ਪਰ ਪ੍ਰਧਾਨ ਹੋਣ ਦੇ ਮੈਂ ਹਰਿਆਣਾ ਦੀ ਸੰਗਤ ਲਈ ਕੁੱਝ ਨਹੀਂ ਕਰ ਸਕਿਆ। ਉਨ੍ਹਾਂ ਕਿਹਾ ਕਿ ਮੇਰੇ ਮਨ ਵਿੱਚ ਹਰਿਆਣਾ ਦੀ ਸੰਗਤ ਦੀ ਸੇਵਾ ਕਰਨ ਦਾ ਬੜਾ ਚਾਅ ਹੈ। ਇਸ ਲਈ ਅੱਜ ਮੈਂ ਸਾਰੀ ਸੰਗਤ ਨੂੰ ਦਸ ਰਿਹਾ ਹਾਂ ਕਿ ਹਰਿਆਣਾ ਕਮੇਟੀ ਵੱਲੋਂ ਹਰਿਆਣਾ ਵਿੱਚ ਅੰਮ੍ਰਿਤ ਸੰਚਾਰ ਲਹਿਰ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਸਾਰਿਆਂ ਨੂੰ ਹਰਿਆਣਾ ਕਮੇਟੀ ਆਪਣੀ ਵਿਸ਼ੇਸ਼ ਗੱਡੀ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਜਾਵੇਗੀ ਤੇ ਉਥੇ ਅੰਮ੍ਰਿਤ ਸੰਚਾਰ 14 ਦਿਨ ਕਰਵਾਇਆ ਜਾਵੇਗਾ, ਜਿਸ ਦਾ ਸਾਰਾ ਖਰਚ ਹਰਿਆਣਾ ਕਮੇਟੀ ਵੱਲੋਂ ਕੀਤਾ ਜਾਵੇਗਾ। ਅੰਮ੍ਰਿਤ ਲਈ ਉਨ੍ਹਾਂ ਕਿਹਾ ਕਿ ਜਿੰਨੇ ਗ੍ਰੰਥੀ ਅੰਮ੍ਰਿਤ ਸੰਚਾਰ ਨਾਲ ਜੁੜਨਗੇ। ਉਨ੍ਹਾਂ ਗ੍ਰੰਥੀਆਂ ਦਾ ਬਣਦਾ ਮਾਣ-ਸਨਮਾਨ ਵੀ ਹਰਿਆਣਾ ਕਮੇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੋ ਗ੍ਰੰਥੀ ਸਿੰਘ ਆਪਣੇ ਗੁਰਦਵਾਰਾ ਘਰ ਵਿੱਚ ਹਰ ਰੋਜ਼ ਇੱਕ ਘੰਟਾ ਬੱਚਿਆਂ ਨੂੰ ਪੰਜਾਬੀ ਪੜ੍ਹਾਇਆ ਕਰੇਗਾ ਉਨ੍ਹਾਂ ਦਾ ਸਨਮਾਨ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਰਿਆਣਾ ਸਿੱਖ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਕਿਹਾ ਕਿ ਅੰਮ੍ਰਿਤ ਸੰਚਾਰ ਲਹਿਰ ਸਾਰੇ ਗ੍ਰੰਥੀਆਂ ਦੇ ਸਹਿਯੋਗ ਨਾਲ ਚਲਾਈ ਜਾਵੇਗੀ।



# ਕਾਂਗਰਸ ਦੀ ਬਰਨਾਲਾ ਰੈਲੀ ਇਤਿਹਾਸ ਸਿਰਜੇਗੀ: ਰਾਜੂ ਸਮਰਾ

ਕੋਟ ਈਸੇ ਖਾਂ, 25 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਕਾਂਗਰਸ ਦੀ 28 ਫਰਵਰੀ ਨੂੰ ਬਰਨਾਲਾ ਵਿਖੇ ਹੋਣ ਜਾ ਰਹੀ ਰੈਲੀ ਦੇ ਸਬੰਧ ਵਿੱਚ ਸਥਾਨਕ ਦਾਨਾ ਮੰਡੀ ਵਿੱਚ ਕਾਂਗਰਸ ਦੀ ਬਲਾਕ ਪੱਧਰੀ ਬੈਠਕ ਆੜ੍ਹਤੀ ਗੁਰਭੇਜ ਸਿੰਘ ਕਾਦਰ ਵਾਲਾ ਦੇ ਦਫਤਰ ਵਿਖੇ ਬਲਾਕ ਪ੍ਰਧਾਨ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੇ ਫਰਜ਼ੰਦ ਰੁਪਿੰਦਰ ਸਿੰਘ ਰਾਜੂ ਸਮਰਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਬੈਠਕ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਕਿਹਾ ਕਿ 28 ਫਰਵਰੀ ਨੂੰ ਹੋਣ ਜਾ ਰਹੀ ਇਸ ਕਾਂਗਰਸ ਦੀ ਰੈਲੀ ਵਿੱਚ ਪਾਰਟੀ ਦੇ ਕੌਮੀ ਜਨਰਲ ਸਕੱਤਰ ਰਾਹੁਲ ਗਾਂਧੀ ਤੇ ਹੋਰ ਸੀਨੀਅਰ ਲੀਡਰਸ਼ਿਪ ਪੁੱਜ ਕੇ ਆਪਣੇ ਵਿਚਾਰ ਸਾਂਝੇ ਕਰੇਗੀ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਲੈ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਵੱਡਾ ਉਤਸ਼ਾਹ ਹੈ, ਆਗੂਆਂ ਨੇ ਕਿਹਾ ਕਿ ਹਲਕਾ ਧਰਮਕੋਟ ਤੋਂ ਸਾਬਕਾ ਵਿਧਾਇਕ ਸੁਰਜੀਤ ਸਿੰਘ ਕਾਕਾ ਲੋਹਗੜ੍ਹ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਹਲਕੇ ਤੋਂ ਇਸ ਰੈਲੀ ਲਈ ਰਵਾਨਗੀ ਕੀਤੀ ਜਾਵੇਗੀ, ਜਿਸ ਸਬੰਧੀ ਪਾਰਟੀ ਦੇ ਜੁਝਾਰੂ ਵਰਕਰਾਂ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਗਈਆਂ ਹਨ, ਆਗੂਆਂ ਨੇ ਕਿਹਾ ਕਿ ਇਹ ਰੈਲੀ ਕਾਂਗਰਸ ਪਾਰਟੀ ਦੀਆਂ ਸੂਬੇ ਵਿੱਚ ਚੱਲ ਰਹੀਆਂ ਸਰਗਰਮੀਆਂ ਵਿੱਚ ਵਾਧੇ ਤੋਂ ਇਲਾਵਾ ਕਾਂਗਰਸ ਪਾਰਟੀ ਦੀ ਵੱਧ ਰਹੀ ਲਹਿਰ ਲਈ ਸੰਜੀਵਨੀ ਦਾ ਕੰਮ ਕਰੇਗੀ ਤੇ ਅਗਲੇਰੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਸੂਬੇ ਵਿੱਚ ਨੂੰ ਸ਼ਾਨਦਾਰ ਵਾਪਸੀ ਕਰਵਾਉਣ ਦਾ ਕੰਮ ਕਰੇਗੀ। ਇਸ ਬੈਠਕ ਵਿੱਚ ਰੁਪਿੰਦਰ ਸਿੰਘ ਰਾਜੂ ਸਮਰਾ, ਬਲਾਕ ਪ੍ਰਧਾਨ ਸ਼ਵਾਜ ਭੋਲਾ ਮਸਤੇਵਾਲਾ, ਸੋਹਣ ਸਿੰਘ ਖੇਲਾ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ, ਸੀਨੀਅਰ ਕਾਂਗਰਸੀ ਆਗੂ ਗੁਰਭੇਜ ਸਿੰਘ ਕਾਦਰਵਾਲਾ, ਰਾਜ ਕਾਦਰਵਾਲਾ ਸਾਬਕਾ ਮੈਂਬਰ ਬਲਾਕ ਸੰਮਤੀ, ਭਾਉ ਲਖਬੀਰ ਸਿੰਘ ਲੱਖਾ, ਸਾਬਕਾ ਸਰਪੰਚ ਨਰਿੰਦਰ ਸਿੰਘ ਜਾਫਰਵਾਲਾ, ਗੁਰਵੰਤ ਸਿੰਘ ਫੌਜੀ ਸਦਰਕੋਟ, ਦਵਿੰਦਰ ਸਿੰਘ ਬਿੰਦਰ ਸਾਬਕਾ ਸਰਪੰਚ ਘਲੋਟੀ, ਗੋਪਾਲ ਗਰਗ ਯੂਥ ਸ਼ਹਿਰੀ ਪ੍ਰਧਾਨ, ਬਲਰਾਮ ਸ਼ਰਮਾ ਬੱਬੀ, ਹਰਜੀਤ ਸਿੰਘ ਲੌਂਗੀਵਿੰਡ, ਦਰਸ਼ਨ ਸਿੰਘ ਸਾਬਕਾ ਸਰਪੰਚ, ਰਸਪਾਲ ਸੰਧੂ ਦਾਤੇਵਾਲ, ਅਮਨਦੀਪ ਸਿੰਘ ਮਨਾਵਾਂ ਸਾਬਕਾ ਉਪ-ਚੇਅਰਮੈਨ, ਮਨਦੀਪ ਸਿੰਘ ਚੂਹੜਚੱਕ, ਭੁਪਿੰਦਰ ਸਿੰਘ ਖੋਸਾ, ਅਮਨਦੀਪ ਕਾਦਰਵਾਲਾ, ਰੁਪਿੰਦਰ ਸਿੰਘ ਕੜਿਆਲ, ਸਾਹਿਬ ਸਿੰਘ ਜਾਣੀਆ, ਸੁਖਦੇਵ ਸਿੰਘ ਜਾਣੀਆ, ਡਾ. ਸੋਨੂੰ ਮਸੀਤਾਂ, ਗੁਰਮਿਹਰ ਸਿੰਘ ਮਸੀਤਾਂ, ਬਿੱਕਰ ਸਿੰਘ ਸੈਦ ਮੁਹੰਮਦ, ਇੰਦਰਪਾਲ ਸਿੰਘ ਦਾਤੇਵਾਲ, ਸੁਖਵਿੰਦਰ ਸਿੰਘ ਸ਼ੈਂਕੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।



# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਵਿਸ਼ਾਲ ਪੰਥਕ ਇਕੱਤਰਤਾ ਭਲਕੇ: ਜਸਟਿਸ ਨਿਰਮਲ ਸਿੰਘ

ਸ੍ਰੀ ਫਤਹਿਗੜ੍ਹ ਸਾਹਿਬ, 25 ਫਰਵਰੀ (ਨਰਿੰਦਰ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਇੱਕ ਮੀਟਿੰਗ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦੇ ਹੋਏ ਸਾਬਕਾ ਵਿਧਾਇਕ ਜਸਟਿਸ ਨਿਰਮਲ ਸਿੰਘ ਨੇ ਕਿਹਾ ਕਿ 25 ਫਰਵਰੀ ਨੂੰ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਵਿਸ਼ਾਲ ਪੰਥਕ ਇਕੱਤਰਤਾ ਸਰਹਿੰਦ ਵਿਖੇ ਰੱਖੀ ਗਈ ਸੀ ਜੋ ਕਿ ਮੁਲਤਵੀ ਕਰ ਦਿੱਤੀ ਗਈ ਸੀ ਤੇ ਹੁਣ ਵਿਸ਼ਾਲ ਪੰਥਕ ਇਕੱਤਰਤਾ 27 ਫਰਵਰੀ ਨੂੰ ਡੀਸੀ ਦਫਤਰ ਫਤਹਿਗੜ੍ਹ ਸਾਹਿਬ ਦੇ ਸਾਹਮਣੇ ਰੱਖੀ ਗਈ ਹੈ, ਜਿਸ ਦਾ ਮਕਸਦ ਜਥੇਬੰਦੀ ਦੇ ਵਰਕਰਾਂ ਨੂੰ ਸਰਗਰਮ ਕਰਨਾ ਤੇ ਲੋਕਾਂ ਨੂੰ ਪੰਥਕ ਮਸਲਿਆਂ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਦੱਸਿਆ ਕਿ 27 ਫਰਵਰੀ ਨੂੰ ਹੀ ਸਵੇਰੇ 11 ਵਜੇ ਦਫਤਰ ਦਾ ਉਦਘਾਟਨ ਵੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਗਿਆਨੀ ਹਰਪ੍ਰੀਤ ਸਿੰਘ ਵੀ ਪਹੁੰਚ ਰਹੇ ਹਨ।



ਉਨ੍ਹਾਂ ਦੋਸ਼ ਲਗਾਇਆ ਕਿ ਬਾਦਲ ਪਰਿਵਾਰ ਦੀ ਗਲਤ ਨੀਤੀਆਂ ਤੇ ਫ਼ੈਸਲਿਆਂ ਕਾਰਨ ਪੰਥਕ ਸੰਸਥਾਵਾਂ ਦੇ ਅਕਸ ਨੂੰ ਢਾਹ ਲੱਗੀ ਹੈ, ਜਿਸ ਦਾ ਖਮਿਆਜ਼ਾ ਸਾਰਾ ਪੰਜਾਬ ਭੁਗਤ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਦਾ ਏਜੰਡਾ ਤਿਆਰ ਹੈ ਜੋ ਸ੍ਰੀ ਅਨੰਦਪੁਰ ਸਾਹਿਬ ਵਿੱਚ 3 ਮਾਰਚ ਨੂੰ ਹੋਲਾ-ਮਹੱਲਾ ਮੌਕੇ ਹੋ ਰਹੇ ਇਕੱਠ ਦੌਰਾਨ ਜਾਰੀ ਕੀਤਾ ਜਾਵੇਗਾ। ਇਸ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੀਤ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ, ਜਨਰਲ ਸਕੱਤਰ ਗੁਰਜੀਤ ਸਿੰਘ ਤਲਵੰਡੀ ਤੇ ਸਟੇਟ ਡੈਲੀਗੇਟ ਚਰਨਜੀਤ ਸਿੰਘ ਖਾਲਸਪੁਰ ਨੇ ਕਿਹਾ ਕਿ ਸੁਖਬੀਰ ਬਾਦਲ ਦੀ ਅਗਵਾਈ ਵਾਲੇ ਦਲ ਨਾਲ ਗਠਜੋੜ ਸ੍ਰੀ ਅਕਾਲ ਤਖ਼ਤ ਵੱਲੋਂ 2 ਦਸੰਬਰ ਨੂੰ ਸੁਣਾਏ ਗਏ ਫ਼ੈਸਲੇ ਤਹਿਤ ਹੀ ਹੋ ਸਕਦਾ ਹੈ। ਇਸ ਮੌਕੇ 'ਤੇ ਜ਼ਿਲ੍ਹਾ ਡੈਲੀਗੇਟ ਸਾਬਕਾ ਮੈਨੇਜਰ ਅਮਰਜੀਤ ਸਿੰਘ, ਮਾਸਟਰ ਅਜੀਤ ਸਿੰਘ ਸਰਕਲ ਪ੍ਰਧਾਨ ਫਤਹਿਗੜ੍ਹ ਸਾਹਿਬ, ਜਸਵੀਰ ਸਿੰਘ ਸਰਕਲ ਪ੍ਰਧਾਨ ਬੱਸੀ ਪਠਾਣਾ ਦਿਹਾਤੀ, ਰਕੇਸ਼ ਕੁਮਾਰ ਸਰਕਲ ਪ੍ਰਧਾਨ ਸ਼ਹਿਰੀ ਬੱਸੀ ਪਠਾਣਾ, ਜਗਤਾਰ ਸਿੰਘ ਭੱਟੀਆਂ ਸਰਕਲ ਪ੍ਰਧਾਨ ਸੰਘੋਲ, ਸੁਰਜੀਤ ਸਿੰਘ ਨੰਬਰਦਾਰ ਸਰਕਲ ਪ੍ਰਧਾਨ ਮੂਲੇਪੁਰ, ਰਿਟਾਇਰਡ ਡੀਐਸਪੀ ਗੁਰਇਕਬਾਲ ਸਿੰਘ, ਜਗਦੀਸ਼ ਸਿੰਘ, ਜਸਦੀਪ ਸਿੰਘ ਮੌਜੂਦ ਸਨ।

# ਜ਼ਮੀਨ ਦੀ ਵੰਡ ਨੂੰ ਲੈ ਕੇ ਪੁੱਤ ਨੇ ਕੁਹਾੜੀ ਨਾਲ ਪਿਓ ਦਾ ਕੀਤਾ ਕਤਲ

## ☛ਛੋਟੇ ਭਰਾ ਤੇ ਮਾਂ ਨੂੰ ਕੀਤਾ ਜ਼ਖ਼ਮੀ, ਵਾਰਦਾਤ ਨੂੰ ਅੰਜਾਮ ਦੇਣ ਮਗਰੋਂ ਮੁਲਜ਼ਮ ਰਾਏ ਸਿੰਘ ਫ਼ਰਾਰ

ਮਾਨਸਾ, 25 ਫਰਵਰੀ (ਚ.ਨ.ਸ): ਮਾਨਸਾ ਜ਼ਿਲ੍ਹੇ ਦੇ ਪਿੰਡ ਧਨਪੁਰਾ ਤੋਂ ਦਿਲ ਨੂੰ ਝੰਜੋੜ ਕੇ ਰੱਖ ਦੇਣ ਵਾਲੀ ਖ਼ਬਰ ਸਾਹਮਣੇ ਆਈ ਹੈ, ਇਥੇ ਜ਼ਮੀਨ ਦੀ ਵੰਡ ਨੂੰ ਲੈ ਕੇ ਵੱਡੇ ਪੁੱਤਰ ਨੇ ਆਪਣੇ ਪਿਓ ਦਾ ਕੁਹਾੜੀ ਨਾਲ ਕਤਲ ਕਰ ਦਿੱਤਾ। ਇੰਨਾ ਹੀ ਨਹੀਂ ਮੁਲਜ਼ਮ ਨੇ ਮਾਂ ਤੇ ਛੋਟੇ ਭਰਾ 'ਤੇ ਵੀ ਹਮਲਾ ਕੀਤਾ ਜਿਸ ਕਾਰਨ ਉਹ ਜ਼ਖ਼ਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਨੌਜਵਾਨ ਰਾਏ ਸਿੰਘ ਦਾ ਆਪਣੇ ਪਿਤਾ ਗੁਰਜੰਟ ਸਿੰਘ (65) ਨਾਲ ਜ਼ਮੀਨ ਦੀ ਵੰਡ ਨੂੰ ਲੈ ਕੇ ਝਗੜਾ ਚੱਲ ਰਿਹਾ ਸੀ। ਬੀਤੀ ਰਾਤ ਮੁਲਜ਼ਮ ਰਾਏ ਸਿੰਘ ਨੇ ਛੋਟੇ ਭਰਾ ਸੁਖਪਾਲ ਸਿੰਘ ਦੇ ਘਰ ਦੀ ਕੰਧ ਟੱਪ ਕੇ ਪਿਤਾ 'ਤੇ ਕੁਹਾੜੀ ਨਾਲ ਹਮਲਾ ਕਰਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਗੁਰਜੰਟ ਸਿੰਘ ਕੋਲ 4 ਏਕੜ ਜ਼ਮੀਨ ਸੀ, ਜਿਸ ਦੀ ਵੰਡ ਨੂੰ ਲੈ ਕੇ ਅਕਸਰ ਘਰ ਦਾ ਵੱਡਾ ਪੁੱਤਰ ਝਗੜਾ ਕਰਦਾ ਸੀ ਤੇ ਜ਼ਮੀਨ ਦੀ ਵੰਡ ਵਿੱਚ ਦੋ ਏਕੜ ਜ਼ਮੀਨ ਲੈਣ ਲਈ ਲੜਦਾ ਸੀ। ਉਸ ਨੇ ਆਪਣੀ ਮਾਂ ਤੇ ਛੋਟੇ ਭਰਾ ਸੁਖਪਾਲ ਸਿੰਘ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ। ਮੁਲਜ਼ਮ ਵਾਰਦਾਤ ਨੂੰ ਅੰਜਾਮ ਦੇਣ ਮਗਰੋਂ ਫ਼ਰਾਰ ਹੋ ਗਿਆ। ਥਾਣਾ ਬਰੇਟਾ ਦੇ ਮੁਖੀ ਮੇਲਾ ਸਿੰਘ ਨੇ ਦੱਸਿਆ ਕਿ ਪਰਿਵਾਰ ਦੇ ਬਿਆਨ 'ਤੇ ਰਾਏ ਸਿੰਘ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰ ਲਿਆ ਪਰ ਹਾਲੇ ਉਹ ਫ਼ਰਾਰ ਹੈ।



# 'ਮਨਰੇਗਾ ਬਚਾਓ ਸੰਗਰਾਮ' ਮਹਾਂ ਰੈਲੀ ਇਤਿਹਾਸਕ ਸਾਬਤ ਹੋਵੇਗੀ: ਘੁਬਾਇਆ

ਫਾਜ਼ਿਲਕਾ, 25 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਾਬਕਾ ਹਲਕਾ ਵਿਧਾਇਕ ਦਵਿੰਦਰ ਸਿੰਘ ਘੁਬਾਇਆ ਨੇ ਕਿਹਾ ਹੈ ਕਿ 28 ਫਰਵਰੀ ਨੂੰ ਬਰਨਾਲਾ ਵਿੱਚ ਹੋਣ ਜਾ ਰਹੀ 'ਮਨਰੇਗਾ ਬਚਾਓ ਸੰਗਰਾਮ' ਮਹਾਂ ਰੈਲੀ ਇਤਿਹਾਸਕ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਮਜ਼ਦੂਰ, ਕਿਰਤੀ ਕਾਮੇ ਤੇ ਕਾਂਗਰਸ ਵਰਕਰ ਸ਼ਿਰਕਤ ਕਰਕੇ ਆਪਣੇ ਹੱਕਾਂ ਲਈ ਇਕਜੁੱਟਤਾ ਦਾ ਪ੍ਰਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਮਨਰੇਗਾ ਯੋਜਨਾ ਪਿੰਡਾਂ ਦੇ ਗਰੀਬ ਤੇ ਮਜ਼ਦੂਰ ਵਰਗ ਲਈ ਜੀਵਨ ਰੇਖਾ ਵਜੋਂ ਕੰਮ ਕਰਦੀ ਆ ਰਹੀ ਹੈ, ਪਰ ਸਰਕਾਰ ਦੀਆਂ ਨੀਤੀਆਂ ਕਾਰਨ ਇਸ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕਾਂਗਰਸ ਪਾਰਟੀ ਹਮੇਸ਼ਾ ਗਰੀਬਾਂ ਤੇ ਮਜ਼ਦੂਰਾਂ ਦੇ ਹੱਕਾਂ ਲਈ ਡੱਟ ਕੇ ਖੜ੍ਹੀ ਰਹੀ ਹੈ ਤੇ ਅੱਗੇ ਵੀ ਰਹੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਮਨਰੇਗਾ ਬਚਾਓ ਸੰਗਰਾਮ' ਸਿਰਫ ਇੱਕ ਰੈਲੀ ਨਹੀਂ, ਸਗੋਂ ਮਜ਼ਦੂਰਾਂ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਮੰਚ ਹੈ। ਇਸ ਰਾਹੀਂ ਸਰਕਾਰ ਨੂੰ ਸਪੱਸ਼ਟ ਸੰਦੇਸ਼ ਦਿੱਤਾ ਜਾਵੇਗਾ ਕਿ ਮਜ਼ਦੂਰ ਵਰਗ ਦੇ ਹੱਕਾਂ ਨਾਲ ਕਿਸੇ ਤਰ੍ਹਾਂ ਦੀ ਛੇੜਛਾੜ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਰਤੀ ਕਾਮਿਆਂ, ਮਜ਼ਦੂਰਾਂ, ਕਾਂਗਰਸ ਵਰਕਰਾਂ ਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ 28 ਫਰਵਰੀ ਨੂੰ ਬਰਨਾਲਾ ਪਹੁੰਚ ਕੇ ਮਹਾਂ ਰੈਲੀ ਨੂੰ ਕਾਮਯਾਬ ਬਣਾਉਣ। ਅੰਤ ਵਿੱਚ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਆਮ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਦੀ ਆਈ ਹੈ ਤੇ ਭਵਿੱਖ ਵਿੱਚ ਵੀ ਮਜ਼ਦੂਰ ਵਰਗ ਦੀ ਭਲਾਈ ਲਈ ਆਪਣੀ ਲੜਾਈ ਜਾਰੀ ਰੱਖੇਗੀ।



# ਮਖੂ-ਮੋਗਾ ਹਾਈਵੇ 'ਤੇ ਖੜ੍ਹਾ ਗੰਦਾ ਪਾਣੀ ਦੇ ਰਿਹੈ ਕਿਸੇ ਅਣਕਿਆਸੇ ਖਤਰਨਾਕ ਹਾਦਸੇ ਨੂੰ ਸੱਦਾ

ਕੋਟ ਈਸੇ ਖਾਂ, 25 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਮਖੂ-ਮੋਗਾ ਹਾਈਵੇ ਦੇ ਮੋਗਾ ਰੋਡ 'ਤੇ ਦਾਨਾ ਮੰਡੀ ਦੇ ਨਜ਼ਦੀਕ ਸੜਕ 'ਤੇ ਖੜ੍ਹਾ ਗੰਦਾ ਪਾਣੀ ਕਿਸੇ ਅਣਕਿਆਸੇ ਖਤਰਨਾਕ ਹਾਦਸੇ ਨੂੰ ਸੱਦਾ ਦੇ ਰਿਹਾ ਹੈ। ਲੰਘੀ 23/24 ਫਰਵਰੀ ਦੀ ਰਾਤ ਨੂੰ ਵੀ ਇਸ ਗੰਦੇ ਪਾਣੀ ਕਾਰਨ ਵਾਪਰੇ ਇੱਕ ਹਾਦਸੇ ਦੌਰਾਨ ਇੱਕ ਦੋਧੀ ਦੀ ਜਾਨ ਵਾਲ-ਵਾਲ ਬਚੀ, ਮੌਕੇ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਲੰਘੇ ਸੋਮਵਾਰ ਦੀ ਦੇਰ ਸ਼ਾਮ ਮੋਗੇ ਵਾਲੇ ਪਾਸਿਓਂ ਕੋਟ ਈਸੇ ਖਾਂ ਨੂੰ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਜਦੋਂ ਇਸ ਗੰਦੇ ਪਾਣੀ ਕੋਲੋਂ ਗੁਜ਼ਰਨ ਲੱਗੀ ਤਾਂ ਇਹ ਸੜਕ 'ਤੇ ਖੜ੍ਹਾ ਗੰਦਾ ਪਾਣੀ ਕਾਰ ਦੇ ਟਾਇਰਾਂ ਨਾਲ ਉਡਦਾ ਹੋਇਆ, ਕੋਲੋਂ ਲੰਘਦੇ ਇੱਕ ਮੋਟਰਸਾਈਕਲ ਸਵਾਰ ਦੋਧੀ 'ਤੇ ਪਿਆ ਤਾਂ ਉਸ ਦਾ ਮੋਟਰਸਾਈਕਲ ਬੇਕਾਬੂ ਹੋ ਕੇ ਸੜਕ 'ਤੇ ਡਿੱਗ ਪਿਆ, ਜਿਸ ਨਾਲ ਉਸ ਨੂੰ ਗੰਭੀਰ ਸੱਟਾਂ ਵੀ ਲੱਗੀਆਂ ਤੇ ਮੋਟਰਸਾਈਕਲ ਦਾ ਵੀ ਕਾਫੀ ਨੁਕਸਾਨ ਹੋ ਗਿਆ। ਮਨੁੱਖੀ ਅਧਿਕਾਰ ਸੰਸਥਾ ਕੋਟ ਈਸੇ ਖਾਂ ਦੇ ਪ੍ਰਧਾਨ ਜਸਪਾਲ ਸਿੰਘ ਬਤਰਾ ਤੇ ਹੋਰਨਾਂ ਸਮਾਜ ਸੇਵੀ ਆਗੂਆਂ ਨੇ ਇਸ ਸਬੰਧੀ ਗੱਲਬਾਤ ਕਰਦਿਆਂ ਦੱਸਿਆ ਕਿ ਬੀਤੇ ਲੰਬੇ ਸਮੇਂ ਤੋਂ ਇਸ ਮੋਗਾ ਮਖੂ ਹਾਈਵੇ ਉਪਰ ਦਾਨਾ ਮੰਡੀ ਦੇ ਨਜ਼ਦੀਕ ਗੰਦਾ ਪਾਣੀ ਖੜ੍ਹਾ ਹੋਇਆ ਹੈ ਤੇ ਇਸ ਗੰਦੇ ਪਾਣੀ ਕਾਰਨ ਕਈ ਵਾਰ ਹਾਦਸੇ ਵਾਪਰ ਚੁੱਕੇ ਹਨ, ਪਰ ਪਤਾ ਨਹੀਂ ਕਿਉਂ ਇਸ ਸੜਕ ਤੋਂ ਨਿੱਤ ਦਿਹਾੜੇ ਗੁਜ਼ਰਦੇ ਸਰਕਾਰੀ ਅਧਿਕਾਰੀਆਂ ਜਾਂ ਮੰਤਰੀਆਂ-ਸੰਤਰੀਆਂ ਦੀ ਸਵੱਲੀ ਨਜ਼ਰ ਇਸ 'ਤੇ ਕਿਉਂ ਨਹੀਂ ਪਈ। ਜਸਪਾਲ ਸਿੰਘ ਬਤਰਾ ਤੇ ਹੋਰਨਾਂ ਸਮਾਜ ਸੇਵੀ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਗੰਦੇ ਪਾਣੀ ਦਾ ਹੱਲ ਤੁਰੰਤ ਕਰਵਾਇਆ ਜਾਵੇ ਤਾਂ ਜੋ ਇਸ ਪਾਣੀ ਕਾਰਨ ਕੋਈ ਅਣਕਿਸਿਆ ਖਤਰਨਾਕ ਹਾਦਸਾ ਨਾ ਵਾਪਰ ਸਕੇ।



# ਸੜਕ ਹਾਦਸੇ 'ਚ 1 ਦੀ ਮੌਤ, 2 ਜ਼ਖ਼ਮੀ

ਮੋਗਾ, 25 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ-ਲੁਧਿਆਣਾ ਜੀ.ਟੀ ਰੋਡ 'ਤੇ ਪਿੰਡ ਮਟਵਾਣੀ ਦੇ ਕੋਲ ਇੱਕ ਤੇਜ਼ ਰਫਤਾਰ ਡਿਜਾਇਰ ਕਾਰ ਦੇ ਪੁਲ ਦੇ ਰੇਲਿੰਗ ਨਾਲ ਟਕਰਾਉਣ ਕਾਰਨ ਵਾਪਰੇ ਹਾਦਸੇ ਵਿੱਚ ਚਰਨਜੀਤ ਕੌਰ ਨਿਵਾਸੀ ਪਿੰਡ ਕੁੱਸਾ ਦੀ ਮੌਤ ਹੋ ਗਈ, ਜਦਕਿ ਇਕਬਾਲਵੀਰ ਸਿੰਘ ਤੇ ਗੁਰਦੇਵ ਸਿੰਘ ਬੁਰੀ ਤਰ੍ਹਾਂ ਨਾਲ ਜ਼ਖ਼ਮੀ ਹੋ ਗਏ। ਹਾਦਸੇ ਦੀ ਜਾਣਕਾਰੀ ਮਿਲਣ 'ਤੇ ਅਜੀਤਵਾਲ ਪੁਲਿਸ ਦੇ ਮੁਲਾਜ਼ਮ ਤੁਰੰਤ ਉਥੇ ਪੁੱਜੇ ਤੇ ਜ਼ਖ਼ਮੀਆਂ ਨੂੰ ਡੀਐਮਸੀ ਲੁਧਿਆਣਾ ਪਹੁੰਚਾਇਆ ਗਿਆ ਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਉਸ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਮੋਗਾ ਭੇਜਿਆ ਗਿਆ। ਮਿਲੀ ਜਾਣਕਾਰੀ ਦੇ ਅਨੁਸਾਰ ਇਕਬਾਲਵੀਰ ਸਿੰਘ, ਗੁਰਦੇਵ ਸਿੰਘ ਤੇ ਚਰਨਜੀਤ ਕੌਰ ਨਿਵਾਸੀ ਪਿੰਡ ਕੁੱਸਾ ਆਪਣੀ ਕਾਰ 'ਤੇ ਲੁਧਿਆਣਾ ਵੱਲ ਜਾ ਰਹੇ ਸੀ ਤਾਂ ਜਦੋਂ ਉਹ ਪਿੰਡ ਮਟਵਾਣੀ ਦੇ ਕੋਲ ਪੁੱਜੇ ਤਾਂ ਸੜਕ ਕਰਾਸ ਕਰਨ ਸਮੇਂ ਉਨ੍ਹਾਂ ਦੀ ਕਾਰ ਦਾ ਸੰਤੁਲਨ ਵਿਗੜ ਗਿਆ, ਜਿਸ ਕਾਰਨ ਕਾਰ ਬੇਕਾਬੂ ਹੋ ਕੇ ਪੁਲ ਦੀ ਰੇਲਿੰਗ ਨਾਲ ਜਾ ਟਕਰਾਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕਾ ਦੀ ਲਾਸ਼ ਨੂੰ ਪੋਸਟਮਾਰਟਮ ਦੇ ਬਾਅਦ ਵਾਰਸਾਂ ਦੇ ਹਵਾਲੇ ਕੀਤਾ ਜਾਵੇਗਾ।




**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)**
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਮਾਮਲਾ ਨੰ. : ਓਏ/172/2024 ਈਐਕਸਐਚ ਨੰ. 29668
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਐਚਡੀਐਫਸੀ ਬੈਂਕ
ਬਨਾਮ
ਮੈਸ. ਫਰੈਂਡਜ਼ ਟ੍ਰੇਡਿੰਗ ਕੰਪਨੀ ਅਤੇ ਹੋਰ
ਵੱਲ,
(1) ਮੈਸਰਜ਼ ਫ੍ਰੈਂਡਜ਼ ਟ੍ਰੇਡਿੰਗ ਕੰਪਨੀ ਸ੍ਰੀ ਦੀ ਇੱਕ ਸਹਿਭਾਗੀ ਫਰਮ, ਕੁਲਵੰਤ ਰਾਏ ਅਤੇ ਸ੍ਰੀ ਬਲਵਿੰਦਰ ਸਿੰਘ ਕਾਰੋਬਾਰੀ ਸਥਾਨ ਨੇੜੇ ਗ੍ਰਾਮੀਣ ਬੈਂਕ, ਪਿੰਡ ਅਤੇ ਡਾਕਖਾਨਾ ਸੇਖਾ ਕਲਾਂ, ਤਹਿਸੀਲ ਬਾਘਾ ਪੁਰਾਣਾ, ਜ਼ਿਲ੍ਹਾ ਮੋਗਾ, ਪੰਜਾਬ-151207
(2) ਸ੍ਰੀ ਕੁਲਵੰਤ ਰਾਏ ਪੁੱਤਰ ਸ੍ਰੀ ਰਾਮ ਪਾਲ ਵਾਸੀ ਮਕਾਨ ਨੰ: 533, ਪਿੰਡ ਸਮਾਲਸਰ, ਜ਼ਿਲ੍ਹਾ ਮੋਗਾ, ਪੰਜਾਬ-142049
(3) ਸ਼. ਬਲਵਿੰਦਰ ਸਿੰਘ ਪੁੱਤਰ ਸ. ਜੰਗੀਰ ਸਿੰਘ ਮਕਾਨ ਨੰ: 535 ਭਾਗ-2, ਪਿੰਡ ਸੇਖਾ ਕਲਾਂ, ਤਹਿਸੀਲ ਬਾਘਾਪੁਰਾਣਾ, ਜ਼ਿਲ੍ਹਾ ਮੋਗਾ, ਪੰਜਾਬ-142049
ਸੰਮਨ
ਜਿਥੇ ਕਿ, ਓਏ/172/2024, 10.02.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 34,48,968.33/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 06.05.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 11.02.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ



**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)**
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਕੇਸ ਨੰ. ਓਏ/53/2024 ਈਐਕਸਐਚ ਨੰ. : 29825
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਐਚਡੀਐਫਸੀ ਬੈਂਕ ਲਿਮ.
ਬਨਾਮ
ਮੈਸ. ਲਾਜਪਤ ਰਾਏ ਦਵਿੰਦਰ ਕੁਮਾਰ ਅਤੇ ਹੋਰ
ਵੱਲ,
(1) ਮੈਸ. ਲਾਜਪਤ ਰਾਏ ਦਵਿੰਦਰ ਕੁਮਾਰ, ਇੱਕ ਭਾਈਵਾਲੀ ਫਰਮ, ਜਿਸ ਵਿਚ ਸ਼ਾਮਲ ਹਨ : ਸ੍ਰੀ ਲਾਜਪਤ ਰਾਏ ਸਪੁੱਤਰ ਸ੍ਰੀ ਸਾਂਵਲ ਦਾਸ, ਸ੍ਰੀ ਦੇਵ ਰਾਜ ਸਪੁੱਤਰ ਸ੍ਰੀ ਆਇਆ ਰਾਮ (ਭਾਈਵਾਲ), ਵਪਾਰ ਦਾ ਪਤਾ : ਦੁਕਾਨ ਨੰ. 12, ਨਵੀਂ ਅਨਾਜ ਮੰਡੀ, ਲਾਲੜੂ ਮੰਡੀ, ਜ਼ਿਲ੍ਹਾ ਐਸਏਐਸ ਨਗਰ, ਮੋਹਾਲੀ, ਪੰਜਾਬ-140501
(2) ਸ੍ਰੀ ਲਾਜਪਤ ਰਾਏ ਸਪੁੱਤਰ ਸ੍ਰੀ ਸਾਂਵਲ ਦਾਸ, ਵਾਸੀ ਸਾਹਮਣੇ ਪੀਐਨਬੀ, ਲਾਲੜੂ ਮੰਡੀ, ਜ਼ਿਲ੍ਹਾ ਐਸਏਐਸ ਨਗਰ, ਮੋਹਾਲੀ, ਪੰਜਾਬ-140501
(3) ਸ੍ਰੀ ਦੇਵ ਰਾਜ ਸਪੁੱਤਰ ਸ੍ਰੀ ਆਇਆ ਰਾਮ, ਵਾਸੀ #2542, ਭਾਗ-6, ਜੈ ਮਾਂ ਕਲੋਨੀ, ਲਾਲੜੂ, ਜ਼ਿਲ੍ਹਾ ਐਸਏਐਸ ਨਗਰ, ਪੰਜਾਬ-140501 (ਭਾਈਵਾਲ ਅਤੇ ਜ਼ਾਮਨ)-ਮ੍ਰਿਤਕ ਹੋਣ ਕਾਰਨ ਕਾਨੂੰਨੀ ਵਾਰਸਾਂ ਰਾਹੀਂ :
(i) ਸ੍ਰੀਮਤੀ ਕਾਂਤਾ ਦੇਵੀ ਸੁਪਤਨੀ ਸਵਰਗੀ ਸ੍ਰੀ ਦੇਵ ਰਾਜ, #2542, ਭਾਗ-6, ਜੈ ਮਾਂ ਕਲੋਨੀ, ਲਾਲੜੂ, ਜ਼ਿਲ੍ਹਾ ਐਸਏਐਸ ਨਗਰ, ਪੰਜਾਬ-140501
(ii) ਸ੍ਰੀ ਮੋਹਿਤ ਕੁਮਾਰ ਸਪੁੱਤਰ ਸਵਰਗੀ ਸ੍ਰੀ ਦੇਵ ਰਾਜ, #2542, ਭਾਗ-6, ਜੈ ਮਾਂ ਕਲੋਨੀ, ਲਾਲੜੂ, ਜ਼ਿਲ੍ਹਾ ਐਸਏਐਸ ਨਗਰ, ਪੰਜਾਬ-140501
(iii) ਮਿਸ ਰੂਪ ਰਾਣੀ ਉਰਫ ਦਿਵਿਆਂਸ਼ੀ ਖੱਟਰ ਸੁਪਤਨੀ ਸੁਨੀਲ ਖੱਟਰ (ਸਪੁੱਤਰੀ), ਵਾਸੀ #2542, ਭਾਗ-6, ਜੈ ਮਾਂ ਕਲੋਨੀ, ਲਾਲੜੂ, ਜ਼ਿਲ੍ਹਾ ਐਸਏਐਸ ਨਗਰ, ਪੰਜਾਬ-140501
(iv) ਸ੍ਰੀਮਤੀ ਰੀਨਾ ਚਾਵਲਾ ਸੁਪਤਨੀ ਸ੍ਰੀ ਦੀਪਕ ਚਾਵਲਾ (ਸਪੁੱਤਰੀ), ਵਾਸੀ 307 ਗਲੀ ਨੰ. 3, ਤ੍ਰਿਪੜੀ, ਪਟਿਆਲਾ, ਪੰਜਾਬ-147004
ਸੰਮਨ
ਜਿਥੇ ਕਿ, ਓ. ਏ./53/2024, 12.01.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 31,45,366.11 ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 01.04.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 16.02.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ



**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)**
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਕੇਸ ਨੰ. ਓਏ/244/2023 ਈਐਕਸਐਚ ਨੰ. : 29470
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਐਚਡੀਐਫਸੀ ਬੈਂਕ
ਬਨਾਮ
ਮੈਸ. ਦੇਵ ਰਾਜ ਐਂਡ ਕੰਪਨੀ ਅਤੇ ਹੋਰ
ਵੱਲ,
(1) ਮੈਸ. ਦੇਵ ਰਾਜ ਐਂਡ ਕੰਪਨੀ, ਦੁਕਾਨ ਨੰ. ਬੀ3/2, ਨਵੀਂ ਅਨਾਜ ਮੰਡੀ, ਖੰਨਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141401, ਰਾਹੀਂ ਇਸਦੇ ਭਾਈਵਾਲਾਂ।
(6) ਮੈਸ. ਦੇਵ ਰਾਜ ਮੋਹਨ ਲਾਲ, ਦੁਕਾਨ ਨੰ. ਬੀ3/2, ਨਵੀਂ ਅਨਾਜ ਮੰਡੀ, ਖੰਨਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141401, ਰਾਹੀਂ ਇਸਦੇ ਭਾਈਵਾਲਾਂ।
(7) ਮੁਨੀਸ਼ ਗੁਪਤਾ ਸਪੁੱਤਰ ਮੁਰਾਰੀ ਲਾਲ, ਵਾਸੀ ਮਕਾਨ ਨੰ. 61-ਏ, ਗੁਰੂ ਰਾਮ ਦਾਸ ਨਗਰ, ਖੰਨਾ, ਜ਼ਿਲ੍ਹਾ ਲੁਧਿਆਣਾ ਪੰਜਾਬ-141401
(8) ਰਾਜਨ ਗੁਪਤਾ ਸਪੁੱਤਰ ਮੁਰਾਰੀ ਲਾਲ, ਵਾਸੀ ਮਕਾਨ ਨੰ. 61-ਏ, ਗੁਰੂ ਰਾਮ ਦਾਸ ਨਗਰ, ਖੰਨਾ, ਜ਼ਿਲ੍ਹਾ ਲੁਧਿਆਣਾ ਪੰਜਾਬ-141401
(9) ਮੰਜੂ ਬਾਲਾ ਸੁਪਤਨੀ ਅਸ਼ਵਨੀ ਕੁਮਾਰ, ਵਾਸੀ ਮਕਾਨ ਨੰ. 64/73, ਵਾਰਡ ਨੰ. 6, ਖੰਨਾ, ਜ਼ਿਲ੍ਹਾ ਲੁਧਿਆਣਾ ਪੰਜਾਬ-141401
ਸੰਮਨ
ਜਿਥੇ ਕਿ, ਓ.ਏ./244/2023, 27.01.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 46,40,571.52 ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 08.04.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 04.02.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖ਼ਰ



**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)**
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਮਾਮਲਾ ਨੰ. : ਓਏ/745/2024 ਈਐਕਸਐਚ ਨੰ. 29490
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਐਚਡੀਐਫਸੀ ਬੈਂਕ
ਬਨਾਮ
ਮੈਸਰਜ਼ ਸੁੰਦਰ ਲਾਲ ਐਂਡ ਸੰਨਜ਼
ਵੱਲ,
(1) ਮੈਸਰਜ਼ ਸੁੰਦਰ ਲਾਲ ਐਂਡ ਸਨਜ਼ (HUF) ਆਪਣੇ ਕਰਤਾ ਸ਼ ਦੁਆਰਾ। ਸੁੰਦਰ ਲਾਲ ਪੁੱਤਰ ਲਾਲ ਚੰਦ ਦਾ ਕਾਰੋਬਾਰ ਦਾ ਸਥਾਨ: ਪੁਰਾਣੀ ਅਨਾਜ ਮੰਡੀ, ਸੰਗਰੂਰ, ਜ਼ਿਲ੍ਹਾ ਸੰਗਰੂਰ, ਪੰਜਾਬ-148028
(2) ਸੁੰਦਰ ਲਾਲ ਪੁੱਤਰ ਸ਼. ਲਾਲ ਚੰਦ, ਪੁਰਾਣੀ ਅਨਾਜ ਮੰਡੀ ਨੇੜੇ ਪੀ.ਐਨ.ਬੀ. ਸੁਨਾਮ, ਜ਼ਿਲ੍ਹਾ ਸੰਗਰੂਰ, ਪੰਜਾਬ-148028
(3) ਰਵੀ ਕੁਮਾਰ ਪੁੱਤਰ ਸ਼. ਸੁੰਦਰ ਲਾਲ, ਮਕਾਨ ਨੰ.5, ਵਾਰਡ ਨੰ.17, ਮੁਹੱਲਾ ਭੋਜੇਕਾ, ਸੁਨਾਮ, ਜ਼ਿਲਾ. ਸੰਗਰੂਰ-148028
ਇੱਥੇ ਵੀ: ਮਾਰਫਤ ਸ੍ਰੀ ਸੁੰਦਰ ਲਾਲ ਪੁੱਤਰ ਸ. ਲਾਲ ਚੰਦ, ਪੁਰਾਣੀ ਅਨਾਜ ਮੰਡੀ, ਨੇੜੇ ਪੀਐਨਬੀ, ਸੁਨਾਮ, ਜ਼ਿਲ੍ਹਾ ਸੰਗਰੂਰ-148028
(4) ਗੋਬਿੰਦੀ ਦੇਵੀ ਪਤਨੀ ਸ੍ਰੀ ਸੁੰਦਰ ਲਾਲ ਪੁੱਤਰ ਲਾਲ ਚੰਦ, ਵਾਸੀ ਪੁਰਾਣੀ ਅਨਾਜ ਮੰਡੀ, ਨੇੜੇ ਪੀਐਨਬੀ ਸੁਨਾਮ, ਜ਼ਿਲ੍ਹਾ ਸੰਗਰੂਰ-148028
ਸੰਮਨ
ਜਿਥੇ ਕਿ, ਓਏ/745/2024, 04.02.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 1,12,87,507.45/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 29.04.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 05.02.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ



SMFG Grihashakti
Nayi Asha. Naya Vishwas.

**ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.**
ਕਾਰਪੋਰੇਟ ਦਫਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇਸਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051
ਰਜਿ. ਦਫ਼ਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰ. 111, ਮਾਊਂਟ ਪੂਨਾਮਲੀ ਰੋਡ, ਪੋਰੂਰ, ਚੇਨੱਈ-600116, ਤਾਮਿਲਨਾਡੂ

**ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਲਈ 30 ਰੋਜ਼ਾ ਈ-ਨਿਲਾਮੀ ਵਿਕਰੀ ਸੂਚਨਾ।
ਆਮ ਕਰਕੇ ਜਨਤਾ ਨੂੰ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (†) ਅਤੇ ਜ਼ਾਮਨ (†) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਸੂਚੀਬੱਧ ਅਚੱਲ ਸੰਪੱਤੀਆਂ ("ਸੁਰੱਖਿਅਤ ਅਸਾਸੇ"), ਜਿਨ੍ਹਾਂ ਦਾ ਕਬਜ਼ਾ ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ. (ਇਥੇ ਬਾਅਦ ਵਿਚ ਐਸਐਮਐਚਐਫਸੀ ਵਜੋਂ ਸੰਦਰਭਿਤ) ("ਸੁਰੱਖਿਅਤ ਕਰਜ਼ਦਾਤਾ") ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਨਿਮਨ ਦਰਸਾਈ ਬਕਾਇਆ ਰਕਮ ਅਤੇ ਇਸ 'ਤੇ ਅਗਲੇਰੇ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਨਿਮਨ ਦਰਸਾਈ ਮਿਤੀ ਅਤੇ ਸਮੇਂ ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" 'ਤੇ ਕੀਤੀ ਜਾਵੇਗੀ। ਜੋ ਕਿ ਹੇਠ ਦਰਸਾਈ ਸਾਰਣੀ ਵਿਚ ਦਰਸਾਏ ਕਰਜ਼ਦਾਰ (†) ਅਤੇ ਜ਼ਾਮਨ (†) ਤੋਂ ਐਸਐਮਐਚਐਫਸੀ ਸੁਰੱਖਿਅਤ ਕਰਜ਼ਦਾਤਾ ਵੱਲੋਂ ਵਸੂਲੇ ਜਾਣੇ ਹਨ।

| ਲ. ਨੰ. | ਕਰਜ਼ਦਾਰ(†)/ਜ਼ਾਮਨ (†) ਦਾ ਨਾਮ ਕਰਜ਼ ਖਾਤਾ ਨੰਬਰ | ਸੰਪੱਤੀਆਂ ਦੇ ਵੇਰਵੇ | ਰਾਖਵੀਂ ਕੀਮਤ / ਬਿਆਨਾ ਰਕਮ ਜਮ੍ਹਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਬਿਆਨਾ ਰਕਮ ਜਮ੍ਹਾਂ ਕਰਨ ਦੀ ਮਿਤੀ |
|---|---|---|---|---|---|
| 1. | Lan No. - 609939511551057<br>1. ਅੰਮ੍ਰਿਤਪਾਲ ਸਿੰਘ<br>2. ਸਿਮਰਜੀਤ ਕੌਰ<br>3. ਸੁਰਜੀਤ ਕੌਰ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 7 ਮਰਲੇ, ਕੁੱਲ 22 ਕਨਾਲ 10 ਮਰਲੇ ਜ਼ਮੀਨ ਦਾ 7/450 ਹਿੱਸਾ, ਖੇਵਟ ਨੰਬਰ-81, ਖਤੌਣੀ ਨੰਬਰ-129, ਖਸਰਾ ਨੰਬਰ-1233 (22-10), ਸਾਲ 2003-2004 ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਗਿੱਦੜਬਾਹਾ, ਜ਼ਿਲ੍ਹਾ-ਮੁਕਤਸਰ ਸਾਹਿਬ ਵਿਖੇ ਸਥਿਤ ਵਿਕਰੀ ਡੀਡ ਅਨੁਸਾਰ ਵਸੀਕਾ ਨੰਬਰ-348 ਮਿਤੀ 10-5-2010 ਸੁਰਜੀਤ ਕੌਰ ਪਤਨੀ ਗੁਰਾ ਸਿੰਘ ਦੇ ਨਾਮ 'ਤੇ ਦਰਜ ਹੈ। ਇਸ ਤਰ੍ਹਾਂ ਹੱਦਬੰਦੀ :-ਪੂਰਬ-ਤਰਸੇਮ ਸਿੰਘ ਦਾ ਮਕਾਨ, ਪੱਛਮ-ਅਮਰਜੀਤ ਸਿੰਘ ਦਾ ਮਕਾਨ, ਉੱਤਰ-ਨਜ਼ਰ ਸਿੰਘ ਦਾ ਮਕਾਨ, ਦੱਖਣੀ-ਗਲੀ। | Rs. 9,60,000/-<br>Rs. 96,000/- | 07.04.2026 at 11.00 AM to 01.00 PM | 06.04.2026 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਨਿਮਨ ਦਰਸਾਏ ਅਨੁਸਾਰ ਹਨ ਅਤੇ ਵੇਰਵੇ ਨਿਮਨਲਿਖਤ ਲਿੰਕ/ਵੈਬਸਾਈਟ ਪਤੇ (https://BidDeal.in and https://www.grihashakti.com/pdf/E-Auction.pdf) 'ਤੇ ਸਾਡੀ/ਸੁਰੱਖਿਅਤ ਕਰਜ਼ਦਾਤਾ ਦੀ ਵੈਬਸਾਈਟ ਵਿਚ ਵੀ ਵਿਵਸਥਿਤ ਹਨ। ਇਛੁੱਕ ਬੋਲੀਕਾਰ ਸ੍ਰੀ ਹਨੂਵੰਤ ਸਿੰਘ, ਅਧਿਕਾਰਤ ਵਿਅਕਤੀ ਦਾ ਨਾਮ, ਮੋਬ. ਨੰ. 9988898312, ਈ-ਮੇਲ : Hanuwant.Singh@grihashakti.com ਅਤੇ ਸ੍ਰੀ ਨਿਲੋਏ ਡੇਅ ਨੂੰ ਉਨ੍ਹਾਂ ਦੇ ਮੋਬ. ਨੰ. 8655619157, ਈ-ਮੇਲ : Niloy.Dey@grihashakti.com 'ਤੇ ਵੀ ਸੰਪਰਕ ਕਰ ਸਕਦੇ ਹਨ।
ਸਹੀ/-
ਅਧਿਕਾਰਤ ਅਧਿਕਾਰੀ,
ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮਟਿਡ
ਸਥਾਨ : ਮੁਕਤਸਰ ਸਾਹਿਬ, ਪੰਜਾਬ
ਮਿਤੀ : 24.02.2026



SMFG Grihashakti
Nayi Asha. Naya Vishwas.

**ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.**
ਕਾਰਪੋਰੇਟ ਦਫਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇਸਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051
ਰਜਿ. ਦਫ਼ਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰ. 111, ਮਾਊਂਟ ਪੂਨਾਮਲੀ ਰੋਡ, ਪੋਰੂਰ, ਚੇਨੱਈ-600116, ਤਾਮਿਲਨਾਡੂ

**ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਲਈ 15 ਰੋਜ਼ਾ ਈ-ਨਿਲਾਮੀ ਵਿਕਰੀ ਸੂਚਨਾ।
ਆਮ ਕਰਕੇ ਜਨਤਾ ਨੂੰ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (†) ਅਤੇ ਜ਼ਾਮਨ (†) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਸੂਚੀਬੱਧ ਅਚੱਲ ਸੰਪੱਤੀਆਂ ("ਸੁਰੱਖਿਅਤ ਅਸਾਸੇ"), ਜਿਨ੍ਹਾਂ ਦਾ ਕਬਜ਼ਾ ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ. (ਇਥੇ ਬਾਅਦ ਵਿਚ ਐਸਐਮਐਚਐਫਸੀ ਵਜੋਂ ਸੰਦਰਭਿਤ) ("ਸੁਰੱਖਿਅਤ ਕਰਜ਼ਦਾਤਾ") ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਨਿਮਨ ਦਰਸਾਈ ਬਕਾਇਆ ਰਕਮ ਅਤੇ ਇਸ 'ਤੇ ਅਗਲੇਰੇ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਨਿਮਨ ਦਰਸਾਈ ਮਿਤੀ ਅਤੇ ਸਮੇਂ ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" 'ਤੇ ਕੀਤੀ ਜਾਵੇਗੀ। ਜੋ ਕਿ ਹੇਠ ਦਰਸਾਈ ਸਾਰਣੀ ਵਿਚ ਦਰਸਾਏ ਕਰਜ਼ਦਾਰ (†) ਅਤੇ ਜ਼ਾਮਨ (†) ਤੋਂ ਐਸਐਮਐਚਐਫਸੀ ਸੁਰੱਖਿਅਤ ਕਰਜ਼ਦਾਤਾ ਵੱਲੋਂ ਵਸੂਲੇ ਜਾਣੇ ਹਨ।

| ਲ. ਨੰ. | ਕਰਜ਼ਦਾਰ(†)/ਜ਼ਾਮਨ (†) ਦਾ ਨਾਮ ਕਰਜ਼ ਖਾਤਾ ਨੰਬਰ | ਸੰਪੱਤੀਆਂ ਦੇ ਵੇਰਵੇ | ਰਾਖਵੀਂ ਕੀਮਤ / ਬਿਆਨਾ ਰਕਮ ਜਮ੍ਹਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਬਿਆਨਾ ਰਕਮ ਜਮ੍ਹਾਂ ਕਰਨ ਦੀ ਮਿਤੀ |
|---|---|---|---|---|---|
| 1. | Lan No. - 610139211683389<br>1. ਸ਼ੁਭਮ ਮਾਹੇ<br>2. ਹਰਦਿਸ਼ ਕੌਰ | ਜਾਇਦਾਦ ਦਾ ਸਾਰਾ ਟੁਕੜਾ ਅਤੇ ਪਾਰਸਲ ਇੱਕ ਮਕਾਨ ਜਿਸਦਾ ਮਾਪ 0 ਕਨਾਲ-8 ਮਰਲੇ ਹੈ, ਖਸਰਾ ਨੰਬਰ-6//23(7-2), ਖਤਾ ਨੰਬਰ-9/9, ਸਾਲ 2018-19 ਲਈ ਜਮ੍ਹਾਂਬੰਦੀ ਦੇ ਅਨੁਸਾਰ, ਹਦਬਸਤ ਨੰ-152, ਪਿੰਡ-ਗੜ੍ਹਾ, ਤਹਿਸੀਲ-ਫਿਲੌਰ, ਜ਼ਿਲ੍ਹਾ-ਜਲੰਧਰ ਵਿਖੇ ਸਥਿਤ ਹੈ, ਵਿਕਰੀ ਡੀਡ ਵਸੀਕਾ ਨੰਬਰ-2024-25/180/1/143 ਮਿਤੀ 16-4-2024 ਅਨੁਸਾਰ ਹਰਦੀਸ਼ ਕੌਰ ਪਤਨੀ ਰੇਸ਼ਮ ਲਾਲ ਦੇ ਨਾਮ 'ਤੇ ਦਰਜ ਹੈ। ਹੇਠ ਲਿਖੇ ਅਨੁਸਾਰ ਹੱਦਬੰਦੀ:- ਕਸ਼ਮੀਰੋ ਦਾ ਪੂਰਬੀ ਘਰ, ਵਿਜੇ ਮੋਮੀ ਦਾ ਪੱਛਮੀ ਘਰ, ਉੱਤਰ-ਰਾਸਤਾ, ਦੱਖਣੀ-ਰਾਸਤਾ | Rs. 13,00,000/-<br>Rs. 1,30,000/- | 17.03.2026 at 11.00 AM to 01.00 PM | 16.03.2026 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਨਿਮਨ ਦਰਸਾਏ ਅਨੁਸਾਰ ਹਨ ਅਤੇ ਵੇਰਵੇ ਨਿਮਨਲਿਖਤ ਲਿੰਕ/ਵੈਬਸਾਈਟ ਪਤੇ (https://BidDeal.in and https://www.grihashakti.com/pdf/E-Auction.pdf) 'ਤੇ ਸਾਡੀ/ਸੁਰੱਖਿਅਤ ਕਰਜ਼ਦਾਤਾ ਦੀ ਵੈਬਸਾਈਟ ਵਿਚ ਵੀ ਵਿਵਸਥਿਤ ਹਨ। ਇਛੁੱਕ ਬੋਲੀਕਾਰ ਸ੍ਰੀ ਹਨੂਵੰਤ ਸਿੰਘ, ਅਧਿਕਾਰਤ ਵਿਅਕਤੀ ਦਾ ਨਾਮ, ਮੋਬ. ਨੰ. 9988898312, ਈ-ਮੇਲ : Hanuwant.Singh@grihashakti.com ਅਤੇ ਸ੍ਰੀ ਨਿਲੋਏ ਡੇਅ ਨੂੰ ਉਨ੍ਹਾਂ ਦੇ ਮੋਬ. ਨੰ. 8655619157, ਈ-ਮੇਲ : Niloy.Dey@grihashakti.com 'ਤੇ ਵੀ ਸੰਪਰਕ ਕਰ ਸਕਦੇ ਹਨ।
ਸਹੀ/-
ਅਧਿਕਾਰਤ ਅਧਿਕਾਰੀ,
ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮਟਿਡ
ਸਥਾਨ : ਜਲੰਧਰ, ਪੰਜਾਬ
ਮਿਤੀ : 24.02.2026

## ਪੀ.ਏ.ਯੂ.ਛ ਕਰਮਚਾਰੀ ਯੂਨੀਅਨ ਚੋਣਾਂ 'ਚ ਦੋ ਗੁਟਾਂ ਦਾ ਸਿੱਧਾ ਮੁਕਾਬਲਾ



ਲੁਧਿਆਣਾ, 25 ਫਰਵਰੀ (ਵਿਸ਼ਾਲ ਸ਼ਰਮਾ): ਪੰਜਾਬ ਐਗਰੀਕਲਚਰ ਯੂਨੀਵਰਸਿਟੀ (ਪੀਏਯੂ) ਵਿਖੇ ਕਰਮਚਾਰੀ ਯੂਨੀਅਨ ਚੋਣਾਂ ਨੂੰ ਲੈ ਕੇ ਪੀਏਯੂ ਕੈਂਪਸ ਚੁਣਾਵੀ ਰੰਗਾਂ ਵਿੱਚ ਰੰਗਿਆ ਹੋਇਆ ਹੈ। ਲੰਬੇ ਸਮੇਂ ਦੇ ਬਾਅਦ ਹੋ ਰਹੀਆਂ ਚੋਣਾਂ ਨੇ ਕਰਮਚਾਰੀਆਂ ਦੇ ਵਿੱਚ ਭਾਰੀ ਜੋਸ਼ ਭਰ ਦਿੱਤਾ ਹੈ। ਨਾਮਜ਼ਦਗੀ ਪੱਤਰ ਦਾਖਲ ਹੁੰਦਿਆਂ ਸਾਫ ਹੋ ਗਿਆ ਕਿ ਇਸ ਵਾਰ ਦਾ ਮੁਕਾਬਲਾ ਕਾਫੀ ਦਿਲਚਸਪ ਅਤੇ 2 ਗਰੁੱਪਾਂ ਵਿੱਚ ਹੀ ਹੈ ਇੱਕ ਪਾਸੇ ਪੀਏਯੂ ਕਰਮਚਾਰੀ ਫੋਰਮ ਆਪਣੇ 6 ਸਹਿਯੋਗੀ ਗੁੱਟਾਂ ਨਾਲ ਮੈਦਾਨ ਵਿੱਚ ਉਤਰਿਆ ਹੈ। ਅਤੇ ਦੂਜੇ ਪਾਸੇ ਪਹਿਲੀ ਵਾਰ ਚੋਣਾਂ ਦੇ ਅਖਾੜੇ ਵਿੱਚ ਉਤਰੇ ਪੀਏਯੂ ਇੰਟੈਲੈਕਚੁਅਲਜ ਅਲਾਇਡ ਇਕੱਲਿਆਂ ਹੀ ਆਪਣੇ ਦਮ ਉੱਤੇ ਚੁਣੌਤੀ ਦੇ ਰਿਹਾ ਹੈ। ਪੀਏਯੂ ਕਰਮਚਾਰੀ ਫੋਰਮ ਦੀ ਟੀਮ ਨੇ ਥਾਪਰ ਹਾਲ ਵਿਚ ਰੈਲੀ ਕੀਤੀ ਫੋਰਮ ਵੱਲੋਂ ਬਲਦੇਵ ਸਿੰਘ ਵਾਲੀਆ ਪ੍ਰਧਾਨ ਅਹੁਦੇ ਲਈ ਨਾਮਜ਼ਦਗੀ ਦਾਖ਼ਲ ਕੀਤੀਹੋਈ ਹੈ ਉਹਨਾਂ ਦੇ ਨਾਲ ਅਲੱਗ ਅਲੱਗ ਅਹੁਦਿਆਂ ਲਈ ਨਵਰੀਤ ਸ਼ਰਮਾ, ਨਰਿੰਦਰ ਸਿੰਘ ਸੇਖੋਂ, ਰਣਜੀਤ ਸਿੰਘ, ਧਰਮਿੰਦਰ ਸਿੰਘ ਸਿੱਧੂ, ਮਨਮੋਹਨ ਸਿੰਘ, ਭੁਪਿੰਦਰ ਸਿੰਘ, ਗੁਰਇਕਬਾਲ ਸਿੰਘ ਸੋਹੀ, ਸਤਵਿੰਦਰ ਸਿੰਘ, ਹਰਵਿੰਦਰ ਸਿੰਘ, ਸੁਰਿੰਦਰ ਸਿੰਘ, ਵਰਿੰਦਰ ਸਿੰਘ, ਸੁਰਜੀਤ ਸਿੰਘ ਆਦੀ ਨੇ ਆਪਣੇ ਆਪਣੇ ਅਹੁਦਿਆਂ ਲਈ ਪਰਚੇ ਦਾਖਲ ਕੀਤੇ ਹੋਏ ਹਨ। ਪੀਏਯੂ ਇੰਟੈਲੈਕਚੁਅਲਜ ਅਲਾਇਡ ਦੇ ਵੱਲੋਂ ਪ੍ਰਧਾਨ ਦੇ ਲਈ ਮਨੋਜ ਕੁਮਾਰ, ਜਰਨਲ ਸਕੱਤਰ ਲਈ ਜਤਿੰਦਰ ਕੁਮਾਰ, ਸੀਨੀਅਰ ਉਪ ਪ੍ਰਧਾਨ (ਓਪਨ) ਲਈ ਪੂਜਾ ਸ਼ਰਮਾ, ਸੀਨੀਅਰ ਉਪ ਪ੍ਰਧਾਨ ਰਿਜਰਵ ਲਈ ਮੰਨਦੀਪ ਸਿੰਘ, ਖਜਾਨਚੀ ਲਈ ਮੀਨ ਬਹਾਦੁਰ, ਜਾਇੰਟ ਖਜ਼ਾਨਚੀ ਲਈ ਖੇਮ ਰਾਜ, ਸੰਗਠਨ ਸਕੱਤਰ ਲਈ ਸ਼ੇਰ ਸ਼ਿਵ ਨਾਗ ਸਿੰਘ, ਪ੍ਰਚਾਰ ਸਕੱਤਰ ਓਪਨ ਦੇ ਲਈ ਦਵਿੰਦਰ ਸਿੰਘ ਨੇ ਨਾਮਜਾਦਗੀ ਪੱਤਰ ਦਾਖਲ ਕੀਤੇ ਹੋਏ ਹਨ। ਗਰੁੱਪ ਦੇ ਮੈਂਬਰਾਂ ਦਾ ਕਹਿਣਾ ਸੀ ਕਿ ਉਹ ਇੱਕ ਨਵੀਂ ਸੋਚ ਦੇ ਨਾਲ ਯੂਨੀਅਨ ਨੂੰ ਨਵੀਂ ਦਿਸ਼ਾ ਦੇਣਾ ਚਾਹੁੰਦੇ ਹਨ। ਨਾਮਜਾਦਗੀ ਵਾਪਸ ਲੈਣ ਦਾ ਆਖਰੀ ਸਮਾਂ ਮੰਗਲਵਾਰ ਦੁਪਹਿਰ ਸੀ ਇਸ ਤੋਂ ਬਾਅਦ ਸ਼ਾਮ ਨੂੰ ਉਮੀਦਵਾਰਾਂ ਦੀ ਆਖਰੀ ਸੂਚੀ ਜਾਰੀ ਕਰ ਦਿੱਤੀ ਗਈ ਅਤੇ ਰੈਲੀਆਂ ਦੇ ਲਈ ਸਥਾਨ ਅਤੇ ਚੋਣ ਚਿੰਨ ਵੀ ਅਲਾਟ ਕਰ ਦਿੱਤੇ ਗਏ ਚੋਣ ਮੁਕਾਬਲਾ 27 ਫਰਵਰੀ ਨੂੰ ਹੋਵੇਗਾ।

## ਸਿੱਖਿਆ ਪ੍ਰਣਾਲੀ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ : ਸਿੱਧੂ



ਲੁਧਿਆਣਾ, 25 ਫਰਵਰੀ (ਵਿਸ਼ਾਲ ਸ਼ਰਮਾ) : ਪੰਜਾਬ ਵਿੱਚ ਸਿੱਖਿਆ ਪ੍ਰਣਾਲੀ ਨੂੰ ਪਾਰਦਰਸ਼ਤਾ ਅਤੇ ਸੰਚਾਰੂ ਢੰਗ ਨਾਲ ਚਲਾਉਣ ਲਈ ਵਿਧਾਨ ਸਭਾ ਕਮੇਟੀ ਦੀ ਮੀਟਿੰਗ ਬਚਤ ਭਵਨ ਵਿਖੇ ਚੇਅਰਮੈਨ ਅਧੀਨ ਸੇਵਾਵਾ ਕਮੇਟੀ ਵਿਧਾਨ ਸਭਾ ਐਡਵੋਕੇਟ ਕੁਲਵੰਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਚੰਡੀਗੜ੍ਹ ਤੋਂ ਸਿੱਖਿਆ ਵਿਭਾਗ ਦੇ ਸੈਕਟਰੀ ਅਤੇ ਹੋਰ ਵਿਭਾਗ ਨਾਲ ਸੰਬੰਧਿਤ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਏਡੀਸੀ, ਜ਼ਿਲ੍ਹਾ ਸਿੱਖਿਆ ਅਫਸਰ ਅਤੇ ਵੱਖ ਵੱਖ ਸਕੂਲਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ। ਮੀਟਿੰਗ ਵਿੱਚ ਪਹੁੰਚੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਡੀਸੀ ਦੀ ਮੌਜੂਦਗੀ ਵਿੱਚ ਹਦਾਇਤਾਂ ਜਾਰੀ ਕਰਦਿਆਂ ਐਡਵੋਕੇਟ ਕੁਲਵੰਤ ਸਿੰਘ ਸਿੱਧੂ ਨੇ ਆਖਿਆ ਕਿ ਮਾਪਿਆਂ ਨੂੰ ਹਰ ਸਾਲ ਫੀਸਾਂ ਦੇ ਵਾਧੇ ਦਾ ਸਾਹਮਣਾ ਕਰਨਾ ਪੈਂਦਾ ਹੈ। ਸਕੂਲ ਮਾਪਿਆਂ ਕੋਲੋਂ ਲੁਕਵੇ ਢੰਗ ਨਾਲ ਕਦੇ ਬਿਲਡਿੰਗ ਫੰਡ, ਜਰਨੇਟਰ ਦਾ ਖਰਚਾ, ਏਸੀ ਦਾ ਖਰਚਾ, ਸਪੋਰਟਸ ਖਰਚਾ ਵਗੈਰਾ ਵਸੂਲ ਕਰਦੇ ਹਨ, ਜਿਨਾਂ ਨੂੰ ਹੁਣ ਸਕੂਲਾਂ ਨੂੰ ਬੰਦ ਕਰਨਾ ਹੋਵੇਗਾ। ਉਹਨਾਂ ਕਿਹਾ ਕਿ ਅਗਰ ਕੋਈ ਸਕੂਲ ਅਣਗਹਿਲੀ ਜਾਂ ਮਨਮਾਨੀ ਕਰਦਾ ਪਾਇਆ ਗਿਆ, ਤਾਂ ਉਸ ਖਿਲਾਫ ਸਖਤ ਕਾਰਵਾਈ ਹੋਵੇਗੀ। ਚੇਅਰਮੈਨ ਸਿੱਧੂ ਨੇ ਡੀਸੀ ਨੂੰ ਹਦਾਇਤ ਜਾਰੀ ਕੀਤੀ ਕਿ ਉਹ ਸਮੇਂ ਸਮੇਂ 'ਤੇ ਸਕੂਲਾਂ ਵਿੱਚ ਜਾ ਕੇ ਚੈਕਿੰਗ ਕਰਦੇ ਰਹਿਣ ਅਤੇ ਇਹ ਯਕੀਨੀ ਬਣਾਉਣ ਕਿ ਮਾਪੇ ਕਿਤਾਬਾਂ ਅਤੇ ਵਰਦੀਆਂ ਆਪਣੀ ਮਨ ਪਸੰਦ ਜਗ੍ਹਾ ਤੋਂ ਲੈ ਸਕਣ। ਉਹਨਾਂ ਕਿਹਾ ਕਿ ਸਕੂਲ ਮਾਪਿਆਂ ਉੱਤੇ ਕਿਤਾਬਾਂ ਅਤੇ ਵਰਦੀਆਂ ਲਈ ਦੁਬਾਅ ਨਹੀਂ ਬਣਾ ਸਕਣਗੇ। ਉਹਨਾਂ ਸੰਬੰਧਿਤ ਅਧਿਕਾਰੀਆਂ ਨੂੰ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਿਲੇਬਸ ਦੀਆਂ ਕਿਤਾਬਾਂ ਬਾਜ਼ਾਰਾਂ ਵਿੱਚੋਂ ਸੁਖਾਲੇ ਤੌਰ 'ਤੇ ਉਪਲੱਬਧ ਹੋ ਸਕਣ। ਇਸ ਵਕਤ ਵੱਖ ਵੱਖ ਸਕੂਲਾਂ ਵੱਲੋਂ ਪਹੁੰਚੇ ਪ੍ਰਿੰਸੀਪਲਾ ਵੱਲੋਂ ਚੇਅਰਮੈਨ ਕਲਵੰਤ ਸਿੰਘ ਸਿੱਧੂ ਅੱਗੇ ਸਕੂਲਾਂ ਨੂੰ ਆ ਰਹੀਆਂ ਦਿੱਕਤਾਂ ਬਾਰੇ ਦੱਸਿਆ ਗਿਆ, ਜਿਸ ਦਾ ਨੋਟਿਸ ਲੈਂਦੇ ਹੋਏ ਐਡਵੋਕੇਟ ਕੁਲਵੰਤ ਸਿੰਘ ਸਿੱਧੂ ਵੱਲੋਂ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਮੀਟਿੰਗ ਵਿੱਚ ਮਾਨਯੋਗ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੋਂ ਇਲਾਵਾ ਐਮਐਲਏ ਫਿਰੋਜ਼ਪੁਰ ਸ਼ਹਿਰੀ ਸ੍ਰੀ ਰਜਨੀਸ਼ ਦਈਆ, ਐਮਐਲਏ ਫਾਜਲਕਾ ਨਰਿੰਦਰ ਸਪਨਾ, ਐਮਐਲਏ ਜਲੰਧਰ ਕੈਂਟ ਪ੍ਰਗਟ ਸਿੰਘ ਵੀ ਹਾਜ਼ਰ ਸਨ।

## ਡੀ.ਆਈ.ਜੀ ਲੁਧਿਆਣਾ ਰੇਂਜ ਸਤਿੰਦਰ ਸਿੰਘ ਵੱਲੋਂ ਥਾਣਾ ਦੋਰਾਹਾ ਦਾ ਗੈਰ-ਰਸਮੀ ਨਿਰੀਖਣ



ਲੁਧਿਆਣਾ/ਖੰਨਾ, 25 ਫਰਵਰੀ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੁਲਿਸ ਜ਼ਿਲ੍ਹਾ ਖੰਨਾ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਡੀ.ਆਈ.ਜੀ ਲੁਧਿਆਣਾ ਰੇਂਜ ਸਤਿੰਦਰ ਸਿੰਘ ਵੱਲੋਂ ਥਾਣਾ ਦੋਰਾਹਾ ਵਿਖੇ ਇੱਕ ਗੈਰ-ਰਸਮੀ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਅਤੇ ਹੋਰ ਜ਼ਿਲ੍ਹਾ ਪੱਧਰੀ ਅਧਿਕਾਰੀ ਵੀ ਮੌਜੂਦ ਰਹੇ।

ਨਿਰੀਖਣ ਦੌਰਾਨ ਡੀ.ਆਈ.ਜੀ ਸਤਿੰਦਰ ਸਿੰਘ ਨੇ ਥਾਣੇ ਦੇ ਪੁਲਿਸ ਰਿਕਾਰਡਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਸੁਰੱਖਿਆ ਪ੍ਰਬੰਧਾਂ ਦਾ ਡੂੰਘਾਈ ਨਾਲ ਮੁਲਾਂਕਣ ਕੀਤਾ। ਉਨ੍ਹਾਂ ਨੇ ਥਾਣੇ ਦੀ ਕਾਰਗੁਜ਼ਾਰੀ, ਕੇਸਾਂ ਦੀ ਜਾਂਚ ਦੀ ਪ੍ਰਗਤੀ, ਅਮਨ-ਕਾਨੂੰਨ ਦੀ ਸਥਿਤੀ ਅਤੇ ਲੋਕਾਂ ਨਾਲ ਪੁਲਿਸ ਦੇ ਵਿਹਾਰ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਰਿਕਾਰਡ ਸਹੀ, ਅੱਪਡੇਟ ਅਤੇ ਪਾਰਦਰਸ਼ੀ ਹੋਣੇ ਚਾਹੀਦੇ ਹਨ, ਤਾਂ ਜੋ ਕਿਸੇ ਵੀ ਸਥਿਤੀ ਵਿੱਚ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ। ਡੀ.ਆਈ.ਜੀ ਨੇ ਗਜ਼ਟਿਡ ਅਧਿਕਾਰੀਆਂ (ਜੀ.ਓ.), ਐਸ.ਐਚ.ਓ ਅਤੇ ਪੁਲਿਸ ਫੋਰਸ ਨਾਲ ਵਿਸ਼ੇਸ਼ ਮੀਟਿੰਗ ਵੀ ਕੀਤੀ। ਇਸ ਮੀਟਿੰਗ ਦੌਰਾਨ ਪੁਲਿਸ ਜ਼ਿਲ੍ਹਾ ਖੰਨਾ ਦੀ ਸਮੁੱਚੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਸਪੱਸ਼ਟ ਅਤੇ ਕਰੜੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਚੌਕਸ ਰਹਿਣ, ਗਸ਼ਤ ਵਧਾਉਣ, ਸੰਵੇਦਨਸ਼ੀਲ ਇਲਾਕਿਆਂ 'ਚ ਖਾਸ ਨਿਗਰਾਨੀ ਬਣਾਈ ਰੱਖਣ ਅਤੇ ਕਿਸੇ ਵੀ ਕਾਨੂੰਨ-ਵਿਵਸਥਾ ਦੀ ਸਥਿਤੀ 'ਤੇ ਤੁਰੰਤ ਅਤੇ ਪ੍ਰਭਾਵਸ਼ਾਲੀ ਜਵਾਬ ਦੇਣ ਲਈ ਕਿਹਾ। ਡੀ.ਆਈ.ਜੀ ਸਤਿੰਦਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਪੁਲਿਸ ਦੀ ਪਹਿਲੀ ਤਰਜੀਹ ਲੋਕਾਂ ਦੀ ਸੁਰੱਖਿਆ ਅਤੇ ਭਰੋਸਾ ਬਣਾਈ ਰੱਖਣਾ ਹੈ। ਇਸ ਲਈ ਹਰ ਪੁਲਿਸ ਕਰਮਚਾਰੀ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਜ਼ਿੰਮੇਵਾਰੀ ਅਤੇ ਸਮਰਪਣ ਨਾਲ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ, ਗੈਰ-ਕਾਨੂੰਨੀ ਸਰਗਰਮੀਆਂ, ਚੋਰੀਆਂ ਅਤੇ ਹੋਰ ਅਪਰਾਧਿਕ ਘਟਨਾਵਾਂ ਨੂੰ ਰੋਕਣ ਲਈ ਗੁਪਤ ਸੂਚਨਾ ਤੰਤਰ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਅਤੇ ਜਨਤਾ ਨਾਲ ਸਾਂਝ ਵਧਾਈ ਜਾਵੇ। ਇਸ ਮੌਕੇ ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਡੀ.ਆਈ.ਜੀ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਜ਼ਿਲ੍ਹਾ ਖੰਨਾ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ ਅਤੇ ਜਨਤਕ

## ਵਿਧਾਇਕ ਸਿੱਧੂ ਨੇ ਪਾਣੀ ਪਾਈਪਲਾਈਨ ਲਗਾਉਣ ਲਈ ਪ੍ਰੋਜੈਕਟ ਦੀ ਕੀਤੀ ਸ਼ੁਰੂਆਤ



ਲੁਧਿਆਣਾ, 25 ਫਰਵਰੀ (ਵਿਸ਼ਾਲ ਸ਼ਰਮਾ) : ਨਹਿਰੀ ਅਧਾਰਤ ਜਲ ਸਪਲਾਈ ਪ੍ਰੋਜੈਕਟ ਦੇ ਤਹਿਤ ਅੱਗੇ ਵਧਦੇ ਹੋਏ, ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਬੁੱਧਵਾਰ ਨੂੰ ਮਾਡਲ ਟਾਊਨ ਖੇਤਰ (ਵਾਰਡ ਨੰਬਰ 51) ਵਿੱਚ ਪਾਣੀ ਸਪਲਾਈ ਪਾਈਪਲਾਈਨ ਲਗਾਉਣ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਇਸ ਪ੍ਰੋਜੈਕਟ ਦੇ ਤਹਿਤ, ਲਗਭਗ 1.20 ਕਰੋੜ ਰੁਪਏ ਦੀ ਲਾਗਤ ਨਾਲ 1 ਕਿਲੋਮੀਟਰ ਲੰਬੀ ਪਾਈਪਲਾਈਨ ਲਗਾਈ ਜਾਵੇਗੀ। ਇਲਾਕਾ ਕੌਂਸਲਰ ਕੋਮਲਪ੍ਰੀਤ ਮੋਂਟੀ ਸਚਦੇਵਾ ਦੇ ਨਾਲ, ਵਿਧਾਇਕ ਸਿੱਧੂ ਨੇ ਕਿਹਾ ਕਿ ਖੇਤਰ ਵਿੱਚ ਇੱਕ ਓਵਰਹੈੱਡ ਵਾਟਰ ਰਿਜ਼ਰਵਾਇਰ (OHSR) ਮੌਜੂਦ ਹੈ ਅਤੇ ਇਸ ਪ੍ਰੋਜੈਕਟ ਦੇ ਤਹਿਤ, OHSR ਨਾਲ ਸੰਬੰਧਿਤ ਪਾਈਪਲਾਈਨ ਲਗਾਈ ਜਾ ਰਹੀ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ (CM) ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੰਮ ਕਰਦੇ ਹੋਏ, ਸੂਬੇ ਭਰ ਵਿੱਚ ਲੋਕ-ਕੇਂਦ੍ਰਿਤ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਵਿਧਾਇਕ ਨੇ ਅੱਗੇ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਪਾਈਪਲਾਈਨ ਲਗਾਉਂਦੇ ਸਮੇਂ ਵਸਨੀਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਉਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪ੍ਰੋਜੈਕਟ ਨੂੰ ਪੂਰਾ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਇਹ ਕੰਮ ਵਿਸ਼ਵ ਬੈਂਕ ਅਤੇ ਏਆਈਆਈਬੀ ਦੁਆਰਾ ਫੰਡ ਕੀਤੇ ਨਹਿਰੀ ਅਧਾਰਤ ਜਲ ਸਪਲਾਈ ਪ੍ਰੋਜੈਕਟ ਦੇ ਪਹਿਲੇ ਪੜਾਅ ਅਧੀਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਬਿਲਗਾ (ਸਾਹਨੇਵਾਲ ਦੇ ਨੇੜੇ) ਵਿੱਚ ਇੱਕ ਵਿਸ਼ਵ ਪੱਧਰੀ ਜਲ ਟ੍ਰੀਟਮੈਂਟ ਪਲਾਂਟ (ਡਬਲਯੂਟੀਪੀ) ਵੀ ਸਥਾਪਤ ਕੀਤਾ ਜਾ ਰਿਹਾ ਹੈ। ਲਗਭਗ 1300 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤੇ ਜਾ ਰਹੇ ਇਸ ਪ੍ਰੋਜੈਕਟ ਦੇ ਪਹਿਲੇ ਪੜਾਅ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਓਵਰਹੈੱਡ ਜਲ ਭੰਡਾਰ ਅਤੇ ਸੰਬੰਧਿਤ ਪਾਈਪਲਾਈਨਾਂ ਵੀ ਲਗਾਈਆਂ ਜਾ ਰਹੀਆਂ ਹਨ। ਉਦਘਾਟਨ ਸਮਾਰੋਹ ਦੌਰਾਨ ਤੇਜਿੰਦਰ ਸਿੰਘ ਚੀਮਾ, ਗੁਰਿੰਦਰ ਸਿੰਘ, ਅਜੈਦੀਪ ਸਿੰਘ, ਜਗਪ੍ਰੀਤ ਸਿੰਘ, ਹਿਰਦੇਪਾਲ ਸਿੰਘ, ਰਾਜੀਵ ਪਾਹਵਾ, ਬਾਦਲ ਸਿੰਘ ਸਮੇਤ ਹੋਰ ਮੌਜੂਦ ਸਨ।

## 'ਪੰਜਾਬ ਸਖੀ ਸ਼ਕਤੀ ਮੇਲਾ' 'ਚ ਪੁੱਜੇ ਡੀ.ਸੀ.



ਲੁਧਿਆਣਾ, 25 ਫਰਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਖੰਨਾ ਦੇ ਦੁਸਹਿਰਾ ਗਰਾਊਂਡ ਵਿਖੇ 21 ਫਰਵਰੀ ਤੋਂ 2 ਮਾਰਚ ਤੱਕ ਆਯੋਜਿਤ ਕੀਤੇ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲਾ 2026 ਦੇ ਪੰਜਵੇਂ ਦਿਨ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਜੈਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡੀਸੀ ਦੀ ਮੌਜੂਦਗੀ ਨਾਲ ਮੇਲੇ ਦੀ ਰੌਣਕ ਹੋਰ ਵੀ ਵੱਧ ਗਈ ਅਤੇ ਲੋਕਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਡਿਪਟੀ ਕਮਿਸ਼ਨਰ ਨੇ ਮੇਲੇ ਦਾ ਪੂਰੀ ਤਰ੍ਹਾਂ ਆਨੰਦ ਮਾਣਦੇ ਹੋਏ ਵੱਖ-ਵੱਖ ਸਟਾਲਾਂ ਦਾ ਦੌਰਾ ਕੀਤਾ, ਪ੍ਰਬੰਧਾਂ ਦਾ ਨਿਰੀਖਣ ਕੀਤਾ ਅਤੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਸਿੱਧਾ ਫੀਡਬੈਕ ਵੀ ਲਿਆ। ਮੇਲੇ ਵਿੱਚ ਪਹੁੰਚ ਕੇ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਜੈਨ ਨੇ ਸਭ ਤੋਂ ਪਹਿਲਾਂ ਸੈਲਫ ਹੈਲਪ ਗਰੁੱਪਾਂ ਵੱਲੋਂ ਲਗਾਏ ਸਟਾਲਾਂ 'ਤੇ ਜਾ ਕੇ ਉਥੇ ਤਿਆਰ ਕੀਤੇ ਸਮਾਨ ਦੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਹੱਥੋਂ ਬਣੇ ਕੱਪੜੇ, ਫੁਲਕਾਰੀ, ਸਜਾਵਟੀ ਸਮਾਨ, ਘਰੇਲੂ ਖਾਣ-ਪੀਣ ਦੀਆਂ ਵਸਤਾਂ ਅਤੇ ਹਸਤ-ਸ਼ਿਲਪ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਸੈਲਫ ਹੈਲਪ ਗਰੁੱਪਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਮੇਲੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਬਹੁਤ ਵੱਡਾ ਕਦਮ ਹਨ। ਉਨ੍ਹਾਂ ਨੇ ਮਹਿਲਾਵਾਂ ਤੋਂ ਮੇਲੇ ਸਬੰਧੀ ਉਨ੍ਹਾਂ ਦੇ ਤਜਰਬੇ ਅਤੇ ਵਿਕਰੀ ਬਾਰੇ ਫੀਡਬੈਕ ਲਿਆ ਅਤੇ ਉਨ੍ਹਾਂ ਨੂੰ ਹੋਰ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਡਿਪਟੀ ਕਮਿਸ਼ਨਰ ਨੇ ਸਿਰਫ਼ ਪ੍ਰਬੰਧਾਂ ਦਾ ਨਿਰੀਖਣ ਹੀ ਨਹੀਂ ਕੀਤਾ, ਸਗੋਂ ਮੇਲੇ ਦੀ ਰੌਣਕ ਦਾ ਪੂਰਾ ਆਨੰਦ ਵੀ ਮਾਣਿਆ।

## ਕੈਨੇਡਾ ਦੇ ਐਮਪੀ ਗਿੱਲ ਨੇ ਬਾਬਾ ਬੰਦਾ ਸਿੰਘ ਬਹਾਦਰ ਭਵਨ ਦੇ ਦਰਸ਼ਨ ਕੀਤੇ



ਲੁਧਿਆਣਾ/ਮੁੱਲਾਂਪੁਰ ਦਾਖਾ, 25 ਫਰਵਰੀ (ਨਿੱਝਰ/ਦਵਿੰਦਰ ਲੰਮੇ): ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਕੈਨੇਡਾ (ਬਰੈਮਪਟਨ) ਦੇ ਮੈਂਬਰ ਪਾਰਲੀਮੈਂਟ ਅਮਰਜੀਤ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਸਮੇਂ ਉਹਨਾਂ ਦਾ ਸਵਾਗਤ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਫਾਊਂਡੇਸ਼ਨ ਦੇ ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ ਅਤੇ ਗੁਰਪਾਲ ਸਿੰਘ ਜਨਰਲ ਸਕੱਤਰ ਫਾਊਂਡੇਸ਼ਨ ਪੰਜਾਬ ਨੇ ਕੀਤਾ ਜਦਕਿ ਉਹਨਾਂ ਨਾਲ ਰਿਟਾਇਰਡ ਤਹਿਸੀਲਦਾਰ ਮੁਕੇਸ਼ ਕੁਮਾਰ, ਡਾ. ਚਰਨਜੀਤ ਸਿੰਘ ਚੱਕ ਕਲਾਂ ਜਨਰਲ ਸਕੱਤਰ ਫਾਊਂਡੇਸ਼ਨ ਕੈਨੇਡਾ, ਸਾਧੂ ਸਿੰਘ ਸਾਬਕਾ ਸਰਪੰਚ, ਬੀਬੀ ਗੁਰਮੇਲ ਕੌਰ, ਸ. ਗਿੱਲ ਦੀ ਧਰਮਪਤਨੀ ਅਮਨ ਗਿੱਲ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਸਮੇਂ ਅਮਰਜੀਤ ਸਿੰਘ ਗਿੱਲ ਨੇ ਸ਼ਬਦ ਪ੍ਰਕਾਸ਼ ਅਜਾਇਬ ਘਰ ਦੇ ਦਰਸ਼ਨ ਕੀਤੇ।ਇਸ ਸਮੇਂ ਬਾਵਾ, ਗਿੱਲ ਅਤੇ ਗੁਰਪਾਲ ਨੇ ਉਹਨਾਂ ਦਾ ਵਿਸ਼ੇਸ਼ ਤੌਰ 'ਤੇ ਪਹੁੰਚਣ ਲਈ ਧੰਨਵਾਦ ਕੀਤਾ ਅਤੇ ਸਨਮਾਨ ਵਜੋਂ ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਸਤਿਕਾਰ ਸਹਿਤ ਭੇਂਟ ਕੀਤੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਹਾਲ ਦੇ ਦਰਸ਼ਨ ਕਰਵਾਏ ਅਤੇ ਲੋਕ ਸੇਵਾ ਲਈ ਬਣਾਈ ਲੈਬੋਰਟਰੀ ਦਿਖਾਈ।

## ਨਵੀਂ ਏ.ਆਈ. ਤਕਨਾਲੌਜੀ ਵਾਲੀ ਐਂਡੋਸਕੋਪੀ ਸ਼ੁਰੂ



ਲੁਧਿਆਣਾ, 25 ਫ਼ਰਵਰੀ (ਰਵਿੰਦਰ ਸਿੰਘ ਨਿੱਝਰ): ਮਰੀਜ਼ਾਂ ਨੂੰ ਵਧੀਆ ਤੇ ਆਧੁਨਿਕ ਇਲਾਜ ਦੇਣ ਲਈ ਫੋਰਟਿਸ ਹਸਪਤਾਲ, ਚੰਡੀਗੜ੍ਹ ਰੋਡ, ਲੁਧਿਆਣਾ ਨੇ ਨਵੀਂ ਤੇ ਆਧੁਨਿਕ ਐਂਡੋਸਕੋਪੀ ਮਸ਼ੀਨ ਸ਼ੁਰੂ ਕੀਤੀ ਹੈ। ਇਹ ਇਲਾਕੇ ਦਾ ਪਹਿਲਾ ਅਤੇ ਪੰਜਾਬ ਦਾ ਦੂਜਾ ਹਸਪਤਾਲ ਹੈ (ਫੋਰਟਿਸ ਮੋਹਾਲੀ ਤੋਂ ਬਾਅਦ) ਜਿੱਥੇ ਇਹ ਤਕਨਾਲੋਜੀ ਲੱਗੀ ਹੈ।ਡਾ. ਰਾਜੂ ਸਿੰਘ ਛਿੰਨਾ, ਡਾਇਰੈਕਟਰ ਨੇ ਕਿਹਾ ਕਿ ਇਹ ਨਵੀਂ ਮਸ਼ੀਨ ਪੇਟ ਅਤੇ ਆਂਤਾਂ ਦੀਆਂ ਬਿਮਾਰੀਆਂ ਦੀ ਜਾਂਚ ਹੋਰ ਵੀ ਸਪੱਸ਼ਟ ਅਤੇ ਸਹੀ ਬਣਾਉਂਦੀ ਹੈ। ਡਾਕਟਰ ਬਿਮਾਰੀ ਨੂੰ ਜਲਦੀ ਪਛਾਣ ਸਕਦੇਹਨ।ਡਾ. ਨਿਤਿਨ ਸ਼ੰਕਰ ਬਹਿਲ ਨੇ ਕਿਹਾ ਕਿ ਇਸ ਮਸ਼ੀਨ ਨਾਲ ਮਿਹਦੇ ਨਾਲ ਸੰਬੰਧਿਤ ਬਿਮਾਰੀਆਂ ਨੂੰ ਸ਼ੁਰੂਆਤੀ ਦੌਰ ਵਿੱਚ ਹੀ ਪਛਾਣਿਆ ਜਾ ਸਕਦਾ ਹੈ। ਜਿਸ ਨਾਲ ਉਸ ਦਾ ਇਲਾਜ ਸੌਖਾ ਅਤੇ ਘੱਟ ਖਰਚੀਲਾ ਹੋਵੇਗਾ। ਡਾ. ਅਮਿਤ ਬੰਸਲ ਨੇ ਕਿਹਾ ਕਿ ਇਸ ਤਕਨਾਲੋਜੀ ਨਾਲ ਅਸੀਂ ਅੰਦਰੂਨੀ ਹਿੱਸਿਆਂ ਦੀਆਂ ਬਹੁਤ ਸਾਫ਼ ਤਸਵੀਰਾਂ ਵੇਖ ਸਕਦੇ ਹਾਂ, ਜਿਸ ਨਾਲ ਛੋਟੀਆਂ ਸਮੱਸਿਆਵਾਂ ਵੀ ਸਮੇਂ 'ਤੇ ਪਤਾ ਲੱਗਦੀਆਂ ਹਨ।ਡਾ. ਵਿਵੇਕ ਪ੍ਰਕਾਸ਼ ਨੇ ਕਿਹਾ ਕਿ ਵਧੀਆ ਇਮੇਜ ਕਵਾਲਟੀ ਨਾਲ ਮਰੀਜ਼ਾਂ ਲਈ ਇਲਾਜ ਦੀ ਯੋਜਨਾ ਹੋਰ ਵੀ ਸਹੀ ਬਣਦੀ ਹੈ। ਸੁਨਵੀਰ ਸਿੰਘ ਭਾਮਬਰਾ ਨੇ ਕਿਹਾ, ਇਸ ਨਵੀਂ ਮਸ਼ੀਨ ਨਾਲ ਫੋਰਟਿਸ ਹਸਪਤਾਲ ਲੁਧਿਆਣਾ ਇਲਾਕੇ ਵਿੱਚ ਅਧੁਨਿਕ ਇਲਾਜ ਵਿੱਚ ਬਹੁਤ ਅੱਗੇ ਵੱਧ ਗਿਆ ਹੈ।

## ਰਾਹੁਲ ਗਾਂਧੀ ਦੀ 28 ਦੀ ਬਰਨਾਲਾ ਰੈਲੀ ਦੀਆਂ ਤਿਆਰੀਆਂ ਸਬੰਧੀ ਮੀਟਿੰਗ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ) : ਬਰਨਾਲਾ ਵਿਖੇ 28 ਫਰਵਰੀ ਨੂੰ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਸੀਨੀਅਰ ਕਾਂਗਰਸੀ ਆਗੂ ਰਾਹੁਲ ਗਾਂਧੀ ਦੀ ਹੋਣ ਵਾਲੀ ਮਨਰੇਗਾ ਬਚਾਓ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਇੱਕ ਮੀਟਿੰਗ ਜਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਸਰਾਭਾ ਨਗਰ ਵਿਖੇ ਹੋਈ।

ਇਸ ਮੌਕੇ ਸੰਬੋਧਨ ਕਰਦਿਆਂ, ਦੀਵਾਨ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਖਤਮ ਕਰਕੇ ਦੇਸ਼ ਦੇ ਕਰੋੜਾਂ ਲੋਕਾਂ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਇਆ ਗਿਆ ਹੈ। ਕਾਂਗਰਸ ਪਾਰਟੀ ਇਹਨਾਂ ਲੋਕਾਂ ਦੀ ਲੜਾਈ ਨੂੰ ਨਿਰਣਾਇਕ ਅੰਤ ਤੱਕ ਲੈ ਕੇ ਜਾਏਗੀ ਅਤੇ ਜਦੋਂ ਤੱਕ ਮਨਰੇਗਾ ਦੀ ਮੁੜ ਬਹਾਲੀ ਨਹੀਂ ਹੁੰਦੀ, ਪਾਰਟੀ ਸੰਘਰਸ਼ ਜਾਰੀ ਰੱਖੇਗੀ। ਉਹਨਾਂ ਨੇ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਬਰਨਾਲਾ ਵਿੱਚ ਕੀਤੀ ਜਾ ਰਹੀ ਰੈਲੀ ਦੌਰਾਨ ਵੱਡੇ ਗਿਣਤੀ ਵਿੱਚ ਲੋਕ ਸ਼ਾਮਿਲ ਹੋਣਗੇ। ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ, ਇੰਦਰਜੀਤ ਕਪੂਰ, ਜਿਲ੍ਹਾ ਕਾਂਗਰਸ ਐਸ.ਸੀ. ਡਿਪਾਰਟਮੈਂਟ ਦੇ ਪ੍ਰਧਾਨ ਦੀਪਕ ਹੰਸ, ਰੋਹਿਤ ਪਾਹਵਾ, ਜਸਵਿੰਦਰ ਸਿੰਘ ਨਾਮਧਾਰੀ, ਕੇ.ਕੇ. ਸੂਰੀ, ਹੈਪੀ ਕਪੂਰ, ਜੋਧਾ ਰਾਮ ਜਖਮੀ, ਮੋਹਿਤ ਚੁੱਘ, ਮਨਿੰਦਰ ਸਿੰਘ ਉੱਭੀ, ਰਵਿੰਦਰ ਬਾਵਾ, ਪਰਮਜੀਤ, ਵਰੁਨ ਸ਼ਰਮਾ, ਗੁਰਨਾਮ ਸਿੰਘ ਕਲੇਰ, ਰਜਨੀਸ਼ ਸਿੰਗਲਾ, ਧਰਮਿੰਦਰ ਵਰਮਾ ਵੀ ਮੌਜੂਦ ਰਹੇ।

## ਤਿਵਾੜੀ ਦਾ ਇੰਡੀਆ-ਆਸਟ੍ਰੇਲੀਆ ਪਾਰਲੀਮੈਂਟ ਫਰੈਂਡਸ਼ਿਪ ਗਰੁੱਪ ਦਾ ਪ੍ਰਧਾਨ ਬਣਨਾ ਦੋਵਾਂ ਦੇਸ਼ਾਂ ਲਈ ਲਾਹੇਵੰਦ : ਬਾਵਾ ਆਸਟ੍ਰੇਲੀਆ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ): ਅਸ਼ਵਨੀ ਬਾਵਾ ਨੇ ਆਸਟ੍ਰੇਲੀਆ ਤੋਂ ਇਕ ਜਾਰੀ ਬਿਆਨ 'ਚ ਕਿਹਾ ਹੈ ਕਿ ਉਹ ਭਾਰਤ ਦੇਸ਼ ਦੇ ਪਾਰਲੀਮੈਂਟ ਬੋਰਡ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਸਾਬਕਾ ਪ੍ਰਸਾਰਨ ਕੇਂਦਰੀ ਮੰਤਰੀ ਤੇ ਚੰਡੀਗੜ੍ਹ ਦੇ ਮੈਂਬਰ ਪਾਰਲੀਮੈਂਟ ਮੁਨੀਸ਼ ਤਿਵਾੜੀ ਨੂੰ ਇੰਡੀਆ ਆਸਟ੍ਰੇਲੀਆ ਪਾਰਲੀਮੈਂਟ ਫਰੈਂਡਸ਼ਿਪ ਗਰੁੱਪ ਦਾ ਪ੍ਰਧਾਨ ਬਣਾਇਆ ਹੈ। ਅਸ਼ਵਨੀ ਬਾਵਾ ਨੇ ਮੁਨੀਸ਼ ਤਿਵਾੜੀ ਨੂੰ ਵਧਾਈਆਂ ਦਿੱਤੀਆਂ ਅਤੇ ਆਖਿਆ ਕਿ ਉਹਨਾਂ ਦੇ ਪ੍ਰਧਾਨ ਬਣਨ ਨਾਲ ਦੋਵਾਂ ਦੇਸ਼ਾਂ ਦੇ ਸਬੰਧ ਹੋਰ ਮਜਬੂਤ ਹੋਣਗੇ ਅਤੇ ਵਪਾਰ ਦੇ ਹੋਰ ਰਸਤੇ ਖੁੱਲਣਗੇ। ਸ੍ਰੀ ਬਾਬਾ ਨੇ ਆਖਿਆ ਕਿ ਸ੍ਰੀ ਤਿਵਾੜੀ ਪੜ੍ਹੇ ਲਿਖੇ ਸਮਝਦਾਰ ਇਮਾਨਦਾਰ ਅਤੇ ਦੂਰ ਅੰਦੇਸ਼ੀ ਵਾਲੇ ਨੇਤਾ ਹਨ ਜਿਨ੍ਹਾਂ ਦੀ ਵਿਲੱਖਣ ਸੋਚਦਾ ਭਾਰਤ ਅਤੇ ਆਸਟਰੇਲੀਆ ਦੋਵਾਂ ਦੇਸ਼ਾਂ ਨੂੰ ਵੱਡਾ ਲਾਭ ਪ੍ਰਾਪਤ ਹੋਵੇਗਾ।

## ਗੁਰਦੁਆਰਾ ਹਾਊਸਿੰਗ ਬੋਰਡ ਕਲੋਨੀ ਵਿਖੇ ਬੀਬੀਆਂ ਵੱਲੋਂ ਗੁਰਮਤਿ ਸਮਾਗਮਾਂ ਦੀ ਸਮਾਪਤੀ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਤਿਸੰਗ ਸਭਾ ਹਾਉਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਮਾਘ ਮਹੀਨੇ ਚ 40 ਦਿਨ ਇਸਤਰੀ ਸਤਿਸੰਗ ਸਭਾ ਦੀਆ ਬੀਬੀਆਂ ਅਤੇ ਸੰਗਤਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਰਤਨ ਸਮਾਗਮਾ ਦੀ ਅੱਜ ਸਮਾਪਤੀ ਹੋਈ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰ ਸਬਦ ਨਾਲ ਜੋੜਿਆ। ਹਜ਼ੂਰੀ ਗ੍ਰੰਥੀ ਸਿੰਘ ਭਾਈ ਗੁਰਜੀਤ ਸਿੰਘ ਨੇ ਅਰਦਾਸ ਉਪਰੰਤ ਸੰਗਤਾਂ ਨੂੰ ਹੁਕਮਨਾਮਾ ਸਰਵਣ ਕਰਾਇਆ ਗਿਆ। ਇਸਤਰੀ ਸਤਿਸੰਗ ਸਭਾ ਦੀ ਪ੍ਰਧਾਨ ਬੀਬੀ ਤੇਜਿੰਦਰ ਕੌਰ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਨਛੱਤਰ ਸਿੰਘ ਸਿੱਧੂ ਨੇ ਸਮੂਹ ਸੰਗਤਾ ਦਾ ਧੰਨਵਾਦ ਕਰਦਿਆਂ ਵਧਾਈ ਦਿੱਤੀ। ਇਸ ਸਮੇਂ ਜਨਰਲ ਸਕੱਤਰ ਗੁਰਦੀਪ ਸਿੰਘ ਲੀਲ ਨੇ ਸਾਰੀਆਂ ਬੀਬੀਆਂ ਦਾ ਸਮੂਹ ਭੈਣਾਂ ਦਾ ਧੰਨਵਾਦ ਕਰਦਿਆਂ ਕਿਹਾ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਅਤੇ ਸੰਗਤਾਂ ਜੋ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਹਮੇਸ਼ਾ ਸਮਰਪਿਤ ਹਨ ਇਹ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਇੱਕ ਸਿੱਖੀ ਨਾਲ ਦਾ ਬਹੁਤ ਵੱਡਾ ਉਪਰਾਲਾ ਕਰ ਰਹੀਆ ਹਨ ਅੱਜ ਸਮੂਹ ਸੰਗਤ ਦਾ ਜਿਨ੍ਹਾਂ ਨੇ ਰੋਜ਼ਾਨਾ ਹਾਜ਼ਰੀ ਭਰੀ ਉਨ੍ਹਾਂ ਸਾਰੀਆਂ ਭੈਣਾਂ ਦਾ ਸਤਿਕਾਰ ਸਹਿਤ ਸਨਮਾਨ ਕੀਤਾ ਗਿਆ।ਇਸ ਸਮੇ ਤੇਜਿੰਦਰ ਕੌਰ, ਇਕਬਾਲ ਕੌਰ, ਗੁਰਵਿੰਦਰ ਕੌਰ, ਸੀਤਲਪ੍ਰਕਾਸ ਕੌਰ, ਪ੍ਰਿਤਪਾਲ ਕੌਰ, ਸੁਰਿੰਦਰ ਕੌਰ, ਭੱਠਲ , ਭਾਟੀਆ, ਦਲਜੀਤ ਕੌਰ, ਪਰਮਜੀਤ ਕੌਰ, ਰਵਨੀਤ ਕੌਰ, ਹਰਭਜਨ ਕੌਰ, ਮਨਜੀਤ ਕੌਰ, ਗੁਰਪ੍ਰੀਤ ਕੌਰ, ਨਰਿੰਦਰ ਕੌਰ, ਮਨਿੰਦਰ ਕੌਰ ਧਾਲੀਵਾਲ, ਦਵਿੰਦਰ ਕੌਰ, ਕੁਲਵੰਤ ਕੌਰ, ਸੁਖਵਿੰਦਰ ਕੌਰ, ਕਮਲਜੀਤ ਕੌਰ, ਸਰਬਜੀਤ ਕੌਰ, ਅਮਰਜੀਤ ਕੌਰ, ਦਲਜੀਤ ਕੌਰ, ਜਸਵਿੰਦਰ ਕੌਰ ਸਿੱਧੂ, ਜਗਜੀਤ ਕੌਰ, ਨਿਰਮਲਪ੍ਰੀਤ ਕੌਰ, ਗੁਰਜੀਤ ਕੌਰ, ਮੀਨਾ ਬਾਵਾ, ਜਸਵਿੰਦਰ ਕੌਰ, ਬਿੰਦਰਾ , ਬਿਮਲਾ , ਸਰਬਜੀਤ ਕੌਰ, ਰਾਜਵਿੰਦਰ ਕੌਰ, ਬਲਵਿੰਦਰ ਕੌਰ, ਬਲਵੀਰ ਕੌਰ, ਅਮਨ, ਗੁਰਚਰਨ ਕੌਰ, ਸੁਖਜੀਤ ਕੌਰ, ਦਿਉਲ, ਬਲਵੰਤ ਕੌਰ ਪਾਸੀ , ਇੰਦਰਜੀਤ ਕੌਰ, ਜਗਦੀਪ ਸਿੰਘ ਭੱਠਲ, ਬਲਰਾਜ ਸਿੰਘ, ਚਰਨ ਸਿੰਘ, ਬਲਵੀਰ ਸਿੰਘ ਗਰੇਵਾਲ, ਦਵਿੰਦਰ ਸਿੰਘ ਮਾਨ , ਅਵਤਾਰ ਸਿੰਘ ਨਿਰਬਾਣ, ਹਰਮਿੰਦਰ ਸਿੰਘ, ਰਤਨ ਚੋਪੜਾ, ਅਮਨਦੀਪ ਸਿੰਘ ਸੱਪਲ ਆਦਿ ਹਾਜ਼ਰ ਸਨ

## 22ਵਾਂ ਅੰਮ੍ਰਿਤ ਸਾਗਰ ਸ਼ੁਕਰਾਨਾ ਸਮਾਗਮ ਸੰਪੰਨ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ) : ਗੁਰਬਾਣੀ ਕੀਰਤਨ ਦੇ ਪ੍ਰਚਾਰ ਤੇ ਪ੍ਰਸਾਰ ਕਾਰਜਾਂ ਵਿੱਚ ਪਿਛਲੇ 35 ਸਾਲਾਂ ਤੋਂ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਵਾਲੀ ਕੰਪਨੀ ਅੰਮ੍ਰਿਤ ਸਾਗਰ ਦੇ ਪ੍ਰੀਵਾਰ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲਟਾਊਨ ਐਕਸਟੈਨਸ਼ਨ ਲੁਧਿਆਣਾ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਕੀਤੇ ਗਏ ਦੋ ਰੋਜ਼ਾ 22ਵੇਂ ਅੰਮ੍ਰਿਤ ਸਾਗਰ ਸ਼ੁਕਰਨਾ ਸਮਾਗਮ ਦੀ ਸਮਾਪਤੀ ਬੀਤੀ ਦੇਰ ਰਾਤ ਜੈਕਾਰਿਆਂ ਦੀ ਗੂੰਜ ਵਿੱਚ ਹੋਈ।ਇਸ ਮੌਕੇ ਸੰਬੋਧਨ ਕਰਦਿਆਂ ਜਵੱਦੀ ਟਕਸਾਲ ਦੇ ਮੁੱਖੀ ਸੰਤ ਬਾਬਾ ਅਮੀਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਉਚਰੀ ਇਲਾਹੀ ਬਾਣੀ ਦੇ ਕੀਰਤਨ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਦੇ ਲਈ ਜੋ ਵੱਡਮੁੱਲੇ ਯਤਨ ਅੰਮ੍ਰਿਤ ਸਾਗਰ ਕੰਪਨੀ ਪਿਛਲੇ ਲੰਮੇ ਸਮੇਂ ਤੋਂ ਕਰ ਰਹੀ ਹੈ।ਉਹ ਇੱਕ ਸ਼ਲਾਘਾਯੋਗ ਕਾਰਜ ਹੈ। ਸਮਾਗਮ ਦੇ ਦੂਜੇ ਦਿਨ ਦੇ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਪ੍ਰਚਾਰਕ ਤੇ ਕੀਰਤਨੀਏ ਭਾਈ ਗੁਰਸ਼ਰਨ ਸਿੰਘ (ਮੁੱਖੀ ਭਾਈ ਦਇਆ ਸਿੰਘ ਚੈਰੀਟੇਬਲ ਟਰੱਸਟ) ਭਾਈ ਅਨੰਤਵੀਰ ਸਿੰਘ ਐਲ. ਏ ਵਾਲੇ, ਭਾਈ ਗਗਨਦੀਪ ਸਿੰਘ ਸ੍ਰੀ ਗੰਗਾਨਗਰ ਵਾਲੇ ਅਤੇ ਬੀਬੀ ਰਵਿੰਦਰ ਕੌਰ ਪਟਿਆਲੇ ਵਾਲਿਆਂ ਦੇ ਕੀਰਤਨੀ ਜੱਥਿਆਂ ਨੇ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਜਸ ਰਾਹੀਂ ਨਿਹਾਲ ਕੀਤਾ। ਇਸ ਦੌਰਾਨ ਅੰਮ੍ਰਿਤ ਸਾਗਰ ਕੰਪਨੀ ਦੇ ਪ੍ਰਮੁੱਖ .ਬਲਬੀਰ ਸਿੰਘ ਭਾਟੀਆ,ਕਰਨਪ੍ਰੀਤ ਸਿੰਘ ਭਾਟੀਆ ,ਗੁਰਦੁਆਰਾ ਸਾਹਿਬ ਦੇ ਪ੍ਰਧਾਨ.ਇੰਦਰਜੀਤ ਸਿੰਘ ਮੱਕੜ, ਭਾਈ ਮੇਜਰ ਸਿੰਘ ਖਾਲਸਾ, ਬਲਜੀਤ ਸਿੰਘ ਬੀਤਾ,ਮਾਤਾ ਵਿਪਨਪ੍ਰੀਤ ਕੌਰ ਅਤੇ ਮਨਿੰਦਰ ਸਿੰਘ ਆਹੂਜਾ ਆਦਿ ਨੇ ਸਮੂਹ ਕੀਰਤਨੀ ਜੱਥਿਆਂ ਦੇ ਮੈਂਬਰਾਂ ਨੂੰ ਸਨਮਾਨ ਚਿੰਨ੍ਹ ਤੇ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ।ਬਲਬੀਰ ਸਿੰਘ ਭਾਟੀਆ, ਕਰਨਪ੍ਰੀਤ ਸਿੰਘ ਭਾਟੀਆ ਅਤੇ ਪਰਿਵਾਰਕ ਮੈਬਰਾਂ ਵੱਲੋਂ ਪੰਥ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਬਲਬੀਰ ਸਿੰਘ ਭਾਟੀਆ ਨੂੰ ਵੀ ਜੈਕਾਰਿਆਂ ਦੀ ਗੂੰਜ ਵਿੱਚ ਸਨਮਾਨਿਤ ਕੀਤਾ ਗਿਆ।

## ਸੰਗਤਾਂ ਨੇ ਜੱਪਤੱਪ ਚੌਪਹਿਰਾ ਸਮਾਗਮ 'ਚ ਸ਼ਹੀਦ ਸਿੰਘਾਂ ਨੂੰ ਯਾਦ ਕੀਤਾ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ) ਗੁਰਦੁਆਰਾ ਸ਼ਹੀਦਾਂ ਫੇਰੂਮਾਨ ਵਿਖੇ ਬੀਤੇ ਦਿਨ ਜੱਪਤੱਪ ਚੌਪਹਿਰਾ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨੇ ਗੁਰਬਾਣੀ ਦੇ ਚੱਲ ਰਹੇ ਪ੍ਰਵਾਹ ਵਿੱਚ ਨਾਮ-ਸਿਮਰਨ ਰਾਹੀਂ ਆਤਮਕ ਸ਼ਾਂਤੀ ਦਾ ਅਨੁਭਵ ਕੀਤਾ। ਸਮਾਗਮ ਵਿੱਚ ਚੌਪਈ ਸਾਹਿਬ, ਜਪੁਜੀ ਸਾਹਿਬ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਨਾਲ ਨਾਲ ਸਤਿਨਾਮ ਵਾਹਿਗੁਰੂ ਦੇ ਜਾਪ ਉਚਾਰੇ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਧਰਮ ਵਿੱਚ ਜੱਪਤੱਪ ਅਤੇ ਗੁਰਬਾਣੀ ਦਾ ਅਭਿਆਸ ਮਨੁੱਖੀ ਜੀਵਨ ਨੂੰ ਆਤਮਿਕ ਤਾਕਤ ਅਤੇ ਸੱਚੇ ਮਾਰਗ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਪਵਿੱਤਰ ਧਰਤੀ 'ਤੇ ਹੋਣ ਵਾਲੇ ਇਸ ਪ੍ਰਕਾਰ ਦੇ ਸਮਾਗਮ ਸੰਗਤਾਂ ਵਿੱਚ ਚੜ੍ਹਦੀ ਕਲਾ, ਏਕਤਾ ਅਤੇ ਗੁਰਮਤਿ ਪ੍ਰਤੀ ਅਡੋਲ ਵਿਸ਼ਵਾਸ ਪੈਦਾ ਕਰਦੇ ਹਨ। ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਗੁਰੂ ਕੇ ਲੰਗਰ ਅਤੁੱਟ ਵਰਤੇ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰਕੇ ਗੁਰਬਾਣੀ ਦੇ ਰਸ ਦਾ ਆਨੰਦ ਮਾਣਿਆ। ਇਸ ਮੌਕੇ ਦਵਿੰਦਰ ਕੌਰ ਸੋਹਲ, ਹਰਭਜਨ ਕੌਰ, ਹਰਮਿੰਦਰ ਕੌਰ, ਪਰਵਿੰਦਰ ਕੌਰ ਲਾਇਲਪੁਰੀ, ਅਮਰਜੀਤ ਕੌਰ, ਬਲਜੀਤ ਕੌਰ, ਅਨੂਪ ਕੌਰ, ਰਣਜੀਤ ਕੌਰ, ਮਨਜੀਤ ਕੌਰ ਬੱਬਲ, ਕੁਲਵੰਤ ਕੌਰ ਡੰਗ, ਪਰਮਜੀਤ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰ ਕੌਰ, ਸੁਖਵਿੰਦਰ ਕੌਰ, ਗੁਰਿੰਦਰ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਲਵਦੀਪ ਕੌਰ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਤੇਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਮੋਹਨ ਸਿੰਘ ਚੌਹਾਨ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ , ਸੁਰਿੰਦਰ ਸਿੰਘ. ਨਾਰੰਗ ਵੀ ਗੁਰੂ ਘਰ ਨਤਮਸਤਕ ਹੋਏ।

## ਦੋ ਦਿਨਾਂ ਕਥਾ ਸਮਾਗਮ ਵਿੱਚ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਬਾਰੇ ਵਿਚਾਰਾਂ ਹੋਈਆਂ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ): ਫੈਂਸੀ ਜਿਊਲਰਜ਼ ਦੇ ਡਾਇਰੈਕਟਰ ਅਵਤਾਰ ਸਿੰਘ ਕੰਡਾ ਅਤੇ ਉਸ ਦੀ ਟੀਮ ਵੱਲੋਂ ਗੁਰਦੁਆਰਾ ਸ੍ਰੀ ਸੁਖਮਨੀ ਸਾਹਿਬ ਫੇਸ ਦੋ, ਦੁੱਗਰੀ ਵਿਖੇ ਦੋ ਦਿਨਾਂ ਕਥਾ ਵਿਚਾਰ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸੰਸਾਰ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਧੂੰਦਾ ਨੇ ਕਥਾ ਅਤੇ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰਬਾਣੀ ਦੇ ਕੁਝ ਖਾਸ ਪਹਿਲੂਆਂ ਤੋਂ ਜਾਣੂੰ ਕਰਵਾਇਆ। ਸਮਾਗਮ ਦੇ ਪਹਿਲੇ ਦਿਨ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਦੇ ਗੁਰਪੁਰਬ 15 ਅਪ੍ਰੈਲ ਨੂੰ ਮਨਾਉਣ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਭਾਈ ਧੂੰਦਾ ਨੇ ਸੰਗਤ ਨੂੰ ਅੱਜ ਤੋਂ 100 ਸਾਲ ਪਹਿਲਾਂ ਕਰਮ ਸਿੰਘ ਹਿਸਟੋਰੀਅਨ ਦੁਆਰਾ ਲਿਖੀ ਪੁਸਤਕ ਕੱਤਕ ਕਿ ਵਿਸਾਖ ਪੜ੍ਹਨ ਦੀ ਵੀ ਅਪੀਲ ਕੀਤੀ। ਸ੍ਰੀ ਕੰਡਾ ਵੱਲੋਂ ਵੱਡੀ ਗਿਣਤੀ ਵਿੱਚ ਇਹ ਕਿਤਾਬਾਂ ਸੰਗਤ ਨੂੰ ਵੰਡੀਆਂ ਗਈਆਂ। ਦੂਜੇ ਦਿਨ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਚੇਤੇ ਕੀਤਾ ਗਿਆ ਅਤੇ ਉਹਨਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਸਮਾਗਮ ਵਿੱਚ ਹਲਕਾ ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੰਘ ਸਿੱਧੂ, ਇੰਦਰਜੀਤ ਸਿੰਘ ਰਾਣਾ ਚੇਅਰਮੈਨ ਸਿੱਖ ਮਿਸ਼ਨਰੀ ਕਾਲਜ ਅਤੇ ਉਹਨਾਂ ਦੀ ਟੀਮ, ਗੁਰਦੁਆਰਾ ਸੁਖਮਨੀ ਸਾਹਿਬ ਦੇ ਪ੍ਰਧਾਨ ਅਰਵਿੰਦਰ ਸਿੰਘ, ਦਸਤਾਰ ਕੋਚ ਨਰਿੰਦਰ ਸਿੰਘ ਵਿਰਦੀ, ਰਜਿੰਦਰ ਸਿੰਘ ਕੰਡਾ, ਧਰਮਿੰਦਰ ਸਿੰਘ ਸਰਾਂ, ਰਜੇਸ਼ ਕੁਮਾਰ ਸੋਨੀ, ਗੁਰਮੀਤ ਸਿੰਘ ਹੂੰਝਣ, ਰਵਿੰਦਰ ਸਿੰਘ ਕੈਲੇ, ਦਵਿੰਦਰ ਸਿੰਘ ਬਿੱਲਾ, ਦਵਿੰਦਰ ਸਿੰਘ ਕੜਵਲ, ਇੰਦਰਜੀਤ ਸਿੰਘ ਕੜਵਲ, ਨਵਪ੍ਰੀਤ ਸਿੰਘ ਕੰਡਾ, ਵਿਸ਼ਵਦੀਪ ਸਿੰਘ ਕੰਡਾ, ਜਸਕਰਨ ਸਿੰਘ ਕੰਡਾ, ਫਤਿਹ ਵੀਰ ਸਿੰਘ ਅਤੇ ਗੁਰਬਾਜ ਸਿੰਘ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਕਥਾ ਵਿਚਾਰ ਸਰਵਣ ਕੀਤਾ। ਗੁਰੂ ਕੇ ਲੰਗਰ ਅਤੁੱਟ ਵਰਤੇ।

## ਹਲਕਾ ਆਤਮ ਨਗਰ ਸਮੇਤ ਸਮੁੱਚੇ ਸ਼ਹਿਰ ਵਾਸੀ ਮੁੱਢਲੀਆਂ ਸਹੂਲਤਾਂ ਤੋਂ ਵੀ ਵਾਂਝੇ: ਸੋਖੀ



ਲੁਧਿਆਣਾ, 25 ਫਰਵਰੀ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਦੀ ਇਸ਼ਤਿਹਾਰਬਾਜ਼ੀ ਦਿੱਲੀ ਜਿਹੇ ਦੂਜੇ ਰਾਜਾਂ ਵਿੱਚ ਕਰਨਾ ਬਿਲਕੁਲ ਗਲਤ ਅਤੇ ਗੈਰ-ਜ਼ਰੂਰੀ ਕਦਮ ਹੈ। ਉਨਾਂ ਕਿਹਾ ਕਿ ਵਿਧਾਨ ਸਭਾ ਹਲਕਾ ਆਤਮ ਨਗਰ ਸਮੇਤ ਸਮੁੱਚੇ ਸ਼ਹਿਰ ਵਾਸੀ ਮੁਢਲੀਆਂ ਸਹੂਲਤਾਂ ਤੋਂ ਵੀ ਵਾਂਝੇ ਹਨ ਕਿਉਂਕਿ ਬਹੁਤ ਸਾਰੇ ਇਲਾਕਿਆਂ ਦੇ ਵਿੱਚ ਟੁੱਟੀਆਂ ਸੜਕਾਂ, ਮਾੜੀ ਸੀਵਰੇਜ ਵਿਵਸਥਾ, ਪੀਣ ਵਾਲਾ ਪਾਣੀ ਗੰਧਲਾ, ਬੰਦ ਪਈਆਂ ਸਟਰੇਟ ਲਾਈਟਾਂ, ਪਾਰਕਾਂ ਦਾ ਸਹੀ ਰੱਖ ਰਖਾਵ ਨਾ ਹੋਣ ਸਮੇਤ ਸ਼ਹਿਰ ਦੇ ਵਿੱਚ ਜਗ੍ਹਾ ਜਗ੍ਹਾ ਲੱਗੇ ਗੰਦਗੀ ਦੇ ਢੇਰ ਸਰਕਾਰ ਦੀ ਕਾਰੁਜਗਾਰੀ ਤੇ ਸਵਾਲੀਆ ਚਿੰਨ ਹਨ। ਉਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਟੈਕਸ ਦੇ ਪੈਸਿਆਂ ਦੀ ਵਰਤੋਂ ਪੰਜਾਬ ਦੇ ਅੰਦਰ ਹੀ ਕਰਨ ਦੀ ਬਜਾਏ ਆਪ ਦੀ ਮਾਨ ਸਰਕਾਰ ਵੱਲੋਂ ਰਾਜਨੀਤਿਕ ਲਾਭ ਲੈਣ ਲਈ ਦੂਜੇ ਰਾਜਾਂ ਵਿੱਚ ਕੀਤਾ ਜਾ ਰਿਹਾ ਪ੍ਰਚਾਰ ਜਿੱਥੇ ਸਰਕਾਰੀ ਧਨ ਦੀ ਫ਼ਜ਼ੂਲ ਖ਼ਰਚੀ ਹੈ, ਉੱਥੇ ਹੀ ਨਿਯਮਾਂ ਤੋਂ ਉਲਟ ਵੀ ਹੈ ਜਿਸ ਨਾਲ ਪੰਜਾਬ ਦੇ ਖਜ਼ਾਨੇ 'ਤੇ ਵੱਧ ਬੋਝ ਪੈ ਰਿਹਾ ਹੈ। ਜਦਕਿ ਇੱਕ ਪਾਸੇ ਪੰਜਾਬ ਖ਼ੁਦ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਹੈ, ਕਿਸਾਨਾਂ, ਕਰਮਚਾਰੀਆਂ ਅਤੇ ਨੌਜਵਾਨਾਂ ਦੇ ਮੁੱਦੇ ਹੱਲ ਨਹੀਂ ਹੋ ਰਹੇ ਤੇ ਦੂਜੇ ਪਾਸੇ ਇਸ ਤਰ੍ਹਾਂ ਦੇ ਮਹਿੰਗੇ ਇਸ਼ਤਿਹਾਰ ਲੋਕਾਂ ਦੀਆਂ ਮਿਹਨਤਾਂ ਦੁਆਰਾ ਟੈਕਸਾਂ ਦੇ ਰੂਪ ਵਿੱਚ ਦਿੱਤੇ ਗਏ ਪੈਸੇ ਦੀ ਸਰਕਾਰ ਵੱਲੋਂ ਦੁਰਵਰਤੋਂ ਵੀ ਕੀਤੀ ਜਾ ਰਹੀ ਹੈ। ਜਦਕਿ ਮਾਨ ਸਰਕਾਰ ਨੂੰ ਆਪਣੀ ਤਵੱਜੋ ਰਾਜ ਦੇ ਵਿਕਾਸ, ਰੋਜ਼ਗਾਰ ਦੇ ਮੌਕਿਆਂ ਅਤੇ ਕਾਨੂੰਨ-ਵਿਵਸਥਾ ਵਿੱਚ ਸੁਧਾਰ 'ਤੇ ਦੇਣੀ ਚਾਹੀਦੀ ਹੈ। ਸੋਖੀ ਨੇ ਕਿਹਾ ਕਿ ਇਹ ਇਸ਼ਤਿਹਾਰਬਾਜ਼ੀ ਸਿਰਫ਼ ਆਪਣਾ ਪਾਰਟੀ ਅਕਸ ਚਮਕਾਉਣ ਲਈ ਕੀਤੀ ਜਾ ਰਹੀ ਹੈ। ਪੰਜਾਬ ਦੇ ਲੋਕਾਂ ਦੀ ਕਮਾਈ ਦਾ ਪੈਸਾ ਦਿੱਲੀ ਵਿੱਚ ਰਾਜਨੀਤਿਕ ਪ੍ਰਚਾਰ ਲਈ ਵਰਤਣਾ ਬਿਲਕੁਲ ਵੀ ਜਾਇਜ਼ ਨਹੀਂ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਇਸ ਤਰ੍ਹਾਂ ਦੇ ਇਸ਼ਤਿਹਾਰ ਰੋਕੇ ਅਤੇ ਖਰਚੇ ਦਾ ਪੂਰਾ ਹਿਸਾਬ ਜਨਤਾ ਸਾਹਮਣੇ ਰੱਖੇ। ਨਹੀਂ ਤਾਂ ਅਕਾਲੀ ਜੱਥਾ ਸ਼ਹਿਰੀ ਇਸ ਮਾਮਲੇ 'ਤੇ ਚੁੱਪ ਨਹੀਂ ਬੈਠੇਗਾ ਅਤੇ ਲੋਕਤਾਂਤਰਿਕ ਢੰਗ ਨਾਲ ਸੰਘਰਸ਼ ਜਾਰੀ ਰੱਖੇਗਾ ਤਾਂ ਜੋ ਪੰਜਾਬ ਦੇ ਹੱਕਾਂ ਦੀ ਰੱਖਿਆ ਕੀਤੀ ਜਾ ਸਕੇ।

# ਮਹਾਂਰਾਸ਼ਟਰ ’ਚ 1 ਕਰੋੜ ਸਕੂਲੀ ਬੱਚੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਮੁਕਾਬਲਿਆਂ ’ਚ ਲੈਣਗੇ ਭਾਗ

ਚੌਕ ਮਹਿਤਾ, 25 ਫਰਵਰੀ (ਬਲਜਿੰਦਰ ਸਿੰਘ ਰੰਧਾਵਾ): ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 28 ਫਰਵਰੀ ਦਿਨ ਸ਼ਨੀਵਾਰ ਤੇ 1 ਮਾਰਚ ਦਿਨ ਐਤਵਾਰ ਨੂੰ ਖਾਰਘਰ (ਨਵੀਂ ਮੁੰਬਈ) ਦੇ ਉਵੇ ਮੈਦਾਨ 'ਚ ਤੀਸਰੇ ਪੜਾਅ ਦੇ ਹੋਣ ਜਾ ਰਹੇ ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਗੁਰਦੁਆਰਾ ਸੁਪਰੀਮ ਕੌਂਸਲ ਨਵੀਂ ਮੁੰਬਈ ਦੇ ਚੇਅਰਮੈਨ ਭਾਈ ਜਸਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸਰਪ੍ਰਸਤੀ 'ਚ ਹੋ ਰਹੇ ਇਹ ਆਖਰੀ ਸ਼ਹੀਦੀ ਸ਼ਤਾਬਦੀ ਸਮਾਗਮ ਬਹੁਤ ਹੀ ਆਲੌਕਿਕ ਤੇ ਵਿਸ਼ਾਲ ਹੋਣਗੇ। ਉਨ੍ਹਾਂ ਕਿਹਾ ਕਿ ਇਸ ਮੌਕੇ ਮਹਾਰਾਸ਼ਟਰ 'ਚ ਕੌਂਕਣ ਏਰੀਆ ਅੰਦਰ ਬਹੁਤ ਹੀ ਧਾਰਮਿਕ ਮਾਹੌਲ ਉਸਰਿਆ ਹੋਇਆ ਹੈ। ਸਕੂਲਾਂ ਅੰਦਰ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਲੇਖ,ਪੇਟਿੰਗ ਤੇ ਸੁੰਦਰ ਲਿਖਾਈ ਆਦਿ ਬਹੁਤ ਸਾਰੇ ਵਿਦਿਅਕ ਮੁਕਾਬਲੇ ਕਰਵਾਏ ਜਾ ਰਹੇ ਹਨ,ਜਿਸ ਵਿੱਚ ਹੁਣ ਤੱਕ 50 ਲੱਖ ਤੋਂ ਵੱਧ ਬੱਚੇ ਭਾਗ ਲੈ ਚੁੱਕੇ ਹਨ ਤੇ ਹੁਣ ਇਸ ਗਿਣਤੀ ਨੂੰ 1 ਕਰੋੜ ਤੱਕ ਲੈ ਕੇ ਜਾਣ ਦਾ ਟੀਚਾ ਹੈ।ਇਹ ਵਿੱਦਿਅਕ ਮੁਕਾਬਲੇ 25 ਫਰਵਰੀ ਤੱਕ ਹੋਣਗੇ,ਉਪਰੰਤ ਕੌਂਕਣ ਡਿਵੀਜ਼ਨ ਦੇ ਕੁਲੈਕਟਰ ਵੱਲੋਂ 15 ਮੁੱਖ ਬੱਚਿਆਂ ਦੀ ਚੋਣ ਕੀਤੀ ਜਾਵੇਗੀ,ਜਿੰਨ੍ਹਾਂ ਨੂੰ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋ ਰਹੇ ਪ੍ਰਧਾਨ ਮੰਤਰੀ ਨੇਰੇਂਦਰ ਮੋਦੀ ਦੁਆਰਾ ਸਨਮਾਨਿਤ ਕੀਤਾ ਜਾਵੇਗਾ। ਸਿੱਧੂ ਨੇ ਦੱਸਿਆ ਕਿ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ 4 ਲੱਖ ਤੋਂ ਵੱਧ ਸਕੂਲੀ ਬੱਚਿਆਂ ਵੱਲੋਂ ਵੱਖ ਵੱਖ ਨਗਰ ਕੀਰਤਨ ਵੀ ਸਜਾਏ ਗਏ ਹਨ।ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਦੇ ਸੰਦਰਭ 'ਚ ਇਸ ਸਮੇਂ ਹੋਰ ਵੀ ਬਹੁਤ ਸਾਰੀਆਂ ਗਤੀਵਿਧੀਆਂ ਆਰੰਭੀਆਂ ਗਈਆਂ ਹਨ ।



ਚੇਅਰਮੈਨ ਸਿੱਧੂ ਨੇ ਕਿਹਾ ਕਿ 8 ਦਸੰਬਰ ਨੂੰ ਨਾਗਪੁਰ ਤੇ 24-25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਤੋਂ ਬਾਅਦ ਹੁਣ ਲੜੀ ਦਾ ਤੀਸਰਾ ਤੇ ਆਖਰੀ ਸਮਾਗਮ ਖਾਰਗਰ ਵਿਖੇ ਹੋਣ ਜਾ ਰਿਹਾ ਹੈ, ਜਿਸ ਦੀਆਂ ਸਾਰੀਆਂ ਤਿਆਰੀਆਂ ਲਗਭਗ ਮੁਕੰਮਲ ਹਨ। ਮੈਦਾਨ ਅੰਦਰ ਸੁੰਦਰ ਤੇ ਵਿਸ਼ਾਲ ਪੰਡਾਲ ਦੀ ਤਿਆਰੀ ਹੋ ਚੁੱਕੀ ਹੈ ਤੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਸ ਤੀਸਰੇ ਤੇ ਆਖਰੀ ਸਮਾਗਮ ਪ੍ਰਤੀ ਦੇਸ਼ ਵਿਦੇਸ਼ 'ਚ ਵੱਸਦੀ ਨਾਨਕ ਨਾਮ ਲੇਵਾ ਸੰਗਤਾਂ ਤੇ ਸਮੁੱਚੇ ਸਿੱਖ ਸਮੁਦਾਏ 'ਚ ਭਾਰੀ ਉਤਸ਼ਾਹ ਹੈ।ਉਨ੍ਹਾਂ ਨੇ ਇਸ ਇਤਿਹਾਸਕ ਉਪਰਾਲੇ ਲਈ ਮਹਾਰਾਸ਼ਟਰ ਸਰਕਾਰ ਤੇ ਦਮਦਮੀ ਟਕਸਾਲ ਦਾ ਦਿਲੀ ਧੰਨਵਾਦ ਕਰਦੇ ਹੋਏ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਮਨਾ ਕੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਸੁਪਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਹਾਰਾਸ਼ਟਰ ਵੱਸਦੇ ਵੱਖ ਵੱਖ ਸਿੱਖ ਸਮਾਜਾਂ ਨੂੰ ਇਕੱਤਰ ਕਰਕੇ ਸਭ ਨੂੰ ਮੋਤੀਆਂ ਵਾਂਗ ਸਭ ਨੂੰ ਇੱਕ ਧਾਗੇ 'ਚ ਪਰੋਣ ਦਾ ਮਹਾਨ ਕਾਰਜ ਕੀਤਾ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ ਜ਼ਿਲ੍ਹੇ ’ਚ 71 ਹਜ਼ਾਰ ਤੋਂ ਵੱਧ ਪਰਿਵਾਰ ਹੋਏ ਰਜਿਸਟਰਡ : ਡੀ.ਸੀ.

ਹੁਸ਼ਿਆਰਪੁਰ, 25 ਫਰਵਰੀ (ਦੀਪਕ ਅਗਨੀਹੋਤਰੀ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਦਾ ਲੋਕ ਵੱਧ ਤੋਂ ਵੱਧ ਲਾਭ ਲੈਂਦੇ ਹੋਏ ਆਪਣੀ ਰਜਿਸਟਰੇਸ਼ਨ ਕਰਵਾਉਣ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਹੁਣ ਤੱਕ ਕੁੱਲ 71,187 ਕਾਰਡ ਬਣਾਏ ਗਏ ਹਨ, ਜਿਨ੍ਹਾਂ ਵਿੱਚੋਂ 45,425 ਕਾਮਨ ਸਰਵਿਸ ਸੈਂਟਰਾਂ ਰਾਹੀਂ ਅਤੇ 20,144 ਸੇਵਾ ਕੇਂਦਰ ਕੈਂਪਾਂ ਰਾਹੀਂ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਦੇ ਪਹਿਲੇ ਦਿਨ ਤੋਂ ਹੀ ਲਾਭਪਾਤਰੀਆਂ ਨੂੰ ਕੈਸ਼ਲੈਸ ਇਲਾਜ ਦੀ ਸਹੂਲਤ ਮਿਲੇਗੀ। ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਵਿੱਚ ਹੀ ਨਹੀਂ ਸਗੋਂ ਸੂਬੇ ਭਰ ਦੇ ਨਿੱਜੀ ਹਸਪਤਾਲਾਂ ਵਿੱਚ ਵੀ ਲਾਗੂ ਹੈ। ਜਿਗਰ, ਗੁਰਦੇ, ਕੈਂਸਰ ਤੇ ਵੱਖ-ਵੱਖ ਸਰਜਰੀਆਂ ਸਮੇਤ ਗੰਭੀਰ ਬਿਮਾਰੀਆਂ ਦਾ ਇਲਾਜ ਇਸ ਯੋਜਨਾ ਦੇ ਅਧੀਨ ਆਉਂਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਲਾਭਪਾਤਰੀਆਂ ਕੋਲ ਪਹਿਲਾਂ ਹੀ 5 ਲੱਖ ਰੁਪਏ ਦਾ ਆਯੁਸ਼ਮਾਨ ਕਾਰਡ ਹੈ, ਉਹ ਇੱਕ ਸਧਾਰਨ ਈ-ਕੇ .ਵਾਈ. ਸੀ ਪ੍ਰਕਿਰਿਆ ਰਾਹੀਂ ਇਸ ਨੂੰ 10 ਲੱਖ ਰੁਪਏ ਦੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਵਿੱਚ ਅਪਗ੍ਰੇਡ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਿਰੰਤਰ ਯਤਨਾਂ ਸਦਕਾ, ਹੁਸ਼ਿਆਰਪੁਰ ਜ਼ਿਲ੍ਹਾ ਰਜਿਸਟ੍ਰੇਸ਼ਨ ਦਰ ਦੇ ਮਾਮਲੇ ਵਿੱਚ ਪੰਜਾਬ ਵਿੱਚ ਤੀਜੇ ਸਥਾਨ 'ਤੇ ਪਹੁੰਚ ਗਿਆ ਹੈ। ਜਨਤਕ ਸਹੂਲਤ ਲਈ ਇੱਕ ਹੈਲਪਲਾਈਨ ਨੰਬਰ 75899-44720 ਵੀ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਨਾਗਰਿਕ ਇਹ ਪਤਾ ਲਗਾ ਸਕਦੇ ਹਨ ਕਿ ਆਪਣੇ ਕਾਰਡ ਕਿੱਥੇ ਅਤੇ ਕਿਵੇਂ ਬਣਵਾਉਣੇ ਹਨ।

ਆਸ਼ਿਕਾ ਜੈਨ ਨੇ ਦੱਸਿਆ ਕਿ ਇਹ ਯੋਜਨਾ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ 'ਤੇ ਵੀ ਲਾਗੂ ਹੈ। ਕਾਰਡ ਬਣਾਉਣ ਲਈ ਆਧਾਰ ਕਾਰਡ (ਮੋਬਾਈਲ ਨਾਲ ਜੁੜਿਆ), ਵੋਟਰ ਕਾਰਡ ਅਤੇ ਨਾਬਾਲਗ ਬੱਚਿਆਂ ਲਈ ਜਨਮ ਸਰਟੀਫਿਕੇਟ ਜ਼ਰੂਰੀ ਹੈ। ਕਾਰਡ ਬਣਾਉਣ ਲਈ ਘੱਟੋ-ਘੱਟ ਦੋ ਪਰਿਵਾਰਕ ਮੈਂਬਰ ਮੌਜੂਦ ਹੋਣੇ ਚਾਹੀਦੇ ਹਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤੁਰੰਤ ਆਪਣੇ ਨੇੜਲੇ ਸੇਵਾ ਕੇਂਦਰ ਕੈਂਪ ਜਾਂ ਕਾਮਨ ਸਰਵਿਸ ਸੈਂਟਰ ਵਿੱਚ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਪਰਿਵਾਰਾਂ ਨੂੰ ਸਿਹਤ ਸੁਰੱਖਿਆ ਦਾ ਲਾਭ ਦਿਵਾਉਣ।

# ਪੂਨੇ ਤੋਂ ਪੰਜਾਬ ਤੱਕ: ਸੈਂਟਰ ਫਾਰ ਯੂਥ ਡਿਵੈਲਪਮੈਂਟ ਐਂਡ ਐਕਟਿਵਿਟੀਜ਼ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਉਮੀਦ ਤੇ ਉਦਯਮਿਤਾ ਦੀ ਨਵੀਂ ਕਿਰਣ

ਧਾਰੀਵਾਲ, 25 ਫਰਵਰੀ (ਅਸ਼ੋਕ ਕੁਮਾਰ): ਪੂਨੇ ਸ਼ਹਿਰ ਤੋਂ ਲੈ ਕੇ ਪੰਜਾਬ ਦੇ ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਤੱਕ, Centre for Youth Development and Activities ਨੁਕਸਾਨ ਦੀਆਂ ਕਹਾਣੀਆਂ ਨੂੰ ਮੁੜ ਉਤਥਾਨ ਦੀਆਂ ਕਹਾਣੀਆਂ ਵਿੱਚ ਬਦਲ ਰਿਹਾ ਹੈ।YouthAid Foundation ਤੇ UDAAN NGO ਦੇ ਸਹਿਯੋਗ ਨਾਲ, ਸੀ.ਵਾਈ.ਡੀ.ਏ. ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਰਾਮਦਾਸ ਵਿੱਚ ਸਫਲਤਾਪੂਰਵਕ ਉਦਯਮਿਤਾ ਵਿਕਾਸ ਪ੍ਰੋਗਰਾਮ (ਈ.ਡੀ.ਪੀ.) ਆਯੋਜਿਤ ਕੀਤਾ। ਇਸ ਪਹਿਲ ਦਾ ਮੁੱਖ ਉਦੇਸ਼ ਪੰਜਾਬ ਵਿੱਚ ਆਈ ਭਿਆਨਕ ਹੜ੍ਹ ਦੌਰਾਨ ਪ੍ਰਭਾਵਿਤ ਹੋਏ ਰੋਜ਼ਗਾਰਾਂ ਨੂੰ ਮੁੜ ਖੜ੍ਹਾ ਕਰਨਾ ਹੈ। ਜਦੋਂ ਬਾੜ੍ਹ ਨੇ ਅੰਮ੍ਰਿਤਸਰ ਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਕਈ ਪਿੰਡਾਂ ਜਿਨ੍ਹਾਂ ਵਿੱਚ ਅਜਨਾਲਾ ਤੇ ਡੇਰਾ ਬਾਬਾ ਨਾਨਕ ਤਹਿਸੀਲਾਂ ਸ਼ਾਮਲ ਹਨ ਨੂੰ ਆਪਣੀ ਲਪੇਟ ਵਿੱਚ ਲਿਆ, ਤਾਂ ਇਸ ਨੇ ਸਿਰਫ਼ ਘਰ ਹੀ ਨਹੀਂ ਤਬਾਹ ਕੀਤੇ, ਸਗੋਂ ਸਾਲਾਂ ਦੀ ਮਿਹਨਤ ਨਾਲ ਬਣੇ ਸੁਪਨਿਆਂ ਨੂੰ ਵੀ ਨੁਕਸਾਨ ਪਹੁੰਚਾਇਆ। ਛੋਟੇ ਦੁਕਾਨਦਾਰਾਂ, ਰੇਹੜੀ-ਫੜੀ ਵਾਲਿਆਂ ਅਤੇ ਸੂਖਮ ਉਦਯਮੀਆਂ ਦੇ ਕਾਰੋਬਾਰ ਇਕ ਰਾਤ ਵਿੱਚ ਠੱਪ ਹੋ ਗਏ। ਕਈਆਂ ਨੇ ਚੁੱਪਚਾਪ ਆਪਣਾ ਨੁਕਸਾਨ ਸਹਾਰਿਆ ਅਤੇ ਮਦਦ ਮੰਗਣ ਤੋਂ ਵੀ ਹਿਚਕਿਚਾਏ।



ਸੀ.ਵਾਈ.ਡੀ.ਏ. ਨੇ ਅਜਿਹੇ ਪਰਿਵਾਰਾਂ ਲਈ ਅੱਗੇ ਆ ਕੇ ਸਹਿਯੋਗ ਦਾ ਹੱਥ ਵਧਾਇਆ।ਤੁਰੰਤ ਰਾਹਤ ਮੁਹੱਈਆ ਕਰਵਾਉਣ ਤੋਂ ਲੈ ਕੇ ਪੁਨਰਵਾਸ ਕਾਰਜਾਂ ਦੀ ਅਗਵਾਈ ਕਰਨ ਤੱਕ, ਸੀ.ਵਾਈ.ਡੀ.ਏ. ਪ੍ਰਭਾਵਿਤ ਪਰਿਵਾਰਾਂ ਦੇ ਨਾਲ ਮੋਰੇ ਨਾਲ ਮੋਰਾ ਜੋੜ ਕੇ ਖੜ੍ਹਾ ਹੈ। ਇਸ ਦੀਆਂ ਮਹੱਤਵਪੂਰਨ ਪਹਿਲਾਂ ਵਿੱਚੋਂ ਇੱਕ ਸੂਰਜੀ ਊਰਜਾ ਆਧਾਰਿਤ ਆਰ.ਓ. 'ਜਲਮੀਨਾਰ' ਪ੍ਰਣਾਲੀਆਂ ਦੀ ਸਥਾਪਨਾ ਹੈ, ਜਿਸ ਨਾਲ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਸੁਰੱਖਿਅਤ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਲੰਬੇ ਸਮੇਂ ਲਈ ਟਿਕਾਊ ਸਹੂਲਤ ਯਕੀਨੀ ਬਣਾਈ ਜਾ ਰਹੀ ਹੈ।

ਪਰ ਕੇਵਲ ਢਾਂਚਾਗਤ ਸੁਵਿਧਾਵਾਂ ਦਾ ਮੁੜ ਨਿਰਮਾਣ ਹੀ ਕਾਫ਼ੀ ਨਹੀਂ। ਅਸਲ ਮਕਸਦ ਲੋਕਾਂ ਦਾ ਵਿਸ਼ਵਾਸ ਮੁੜ ਸਥਾਪਿਤ ਕਰਨਾ ਹੈ।ਉਦਯਮਿਤਾ ਵਿਕਾਸ ਪ੍ਰੋਗਰਾਮ ਰਾਹੀਂ, ਸੀ.ਵਾਈ.ਡੀ.ਏ. ਸਿਰਫ਼ ਵਿੱਤੀ ਮਾਰਗਦਰਸ਼ਨ ਹੀ ਨਹੀਂ ਦੇ ਰਿਹਾ, ਸਗੋਂ ਲੋਕਾਂ ਦੇ ਅੰਦਰ ਆਤਮ-ਵਿਸ਼ਵਾਸ ਵੀ ਜਗਾ ਰਿਹਾ ਹੈ। ਇਸ ਪ੍ਰੋਗਰਾਮ ਵਿੱਚ ਉਦਯਮਿਤਾ ਦੀ ਜਾਣ-ਪਛਾਣ, ਕਾਰੋਬਾਰੀ ਦਸਤਾਵੇਜ਼ ਤਿਆਰ ਕਰਨ ਦੀ ਪ੍ਰਕਿਰਿਆ, ਵਿੱਤੀ ਅਤੇ ਡਿਜ਼ਿਟਲ ਸਾਖਰਤਾ, ਕਾਰੋਬਾਰੀ ਯੋਜਨਾ ਬਣਾਉਣ ਤੇ ਬਚਤ ਤੇ ਵਿਕਾਸ ਲਈ ਵਿਹਾਰਕ ਰਣਨੀਤੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਹ ਸੂਖਮ ਪੱਧਰ ਦੇ ਉਦਯਮੀਆਂ ਨੂੰ ਪ੍ਰੇਰਿਤ ਕਰਦਾ ਹੈ ਕਿ ਉਹ ਯੋਜਨਾਬੱਧ ਢੰਗ ਨਾਲ ਮੁੜ ਸ਼ੁਰੂਆਤ ਕਰਨ ਤੇ ਆਪਣਾ ਰੋਜ਼ਗਾਰ ਮਜ਼ਬੂਤ ਬਣਾਉਣ।

ਖ਼ਾਸ ਤੌਰ 'ਤੇ, ਸੀ.ਵਾਈ.ਡੀ.ਏ. ਨੇ ਉਹਨਾਂ ਸੂਖਮ ਕਾਰੋਬਾਰੀਆਂ ਦੀ ਪਛਾਣ ਕਰਕੇ ਉਨ੍ਹਾਂ ਨਾਲ ਸਿੱਧਾ ਸੰਪਰਕ ਕੀਤਾ, ਜਿਨ੍ਹਾਂ ਨੇ ਬਾੜ੍ਹ ਤੋਂ ਬਾਅਦ ਆਪਣਾ ਕੰਮ ਬੰਦ ਕਰ ਦਿੱਤਾ ਸੀ। ਅਰਜ਼ੀਆਂ ਦੀ ਉਡੀਕ ਕਰਨ ਦੀ ਬਜਾਏ, ਸੰਸਥਾ ਉਨ੍ਹਾਂ ਦੇ ਘਰਾਂ ਤੱਕ ਪਹੁੰਚੀ, ਉਨ੍ਹਾਂ ਦੀ ਗੱਲ ਸੁਣੀ ਤੇ ਉਨ੍ਹਾਂ ਨੂੰ ਮੁੜ ਖੜ੍ਹੇ ਹੋਣ ਲਈ ਹੌਸਲਾ ਦਿੱਤਾ। ਇਹ ਉਪਰਾਲਾ ASK Foundation ਦੇ ਮਜ਼ਬੂਤ ਸਹਿਯੋਗ ਨਾਲ ਸੰਭਵ ਹੋਇਆ, ਜੋ ਇਸ ਪ੍ਰੋਗਰਾਮ ਦਾ ਪ੍ਰਾਯੋਜਕ ਹੈ। ਜਦੋਂ ਲੋੜ ਸਭ ਤੋਂ ਵੱਧ ਸੀ, ASK Foundation ਨੇ ਸੀ.ਵਾਈ.ਡੀ.ਏ. ਦਾ ਪੂਰਾ ਸਾਥ ਦਿੱਤਾ ਅਤੇ ਇਹ ਯਕੀਨੀ ਬਣਾਇਆ ਕਿ ਰਾਹਤ ਕਾਰਜ ਅਸਲ ਪੁਨਰਵਾਸ ਅਤੇ ਲੰਬੇ ਸਮੇਂ ਦੇ ਵਿਕਾਸ ਵਿੱਚ ਤਬਦੀਲ ਹੋਣ। ਇਸ ਪ੍ਰੋਗਰਾਮ ਦੌਰਾਨ ਮੱਛੀਵਾਲਾ, ਘੋਣੇਵਾਲਾ ਅਤੇ ਮੁਹੰਮਦ ਮੁੰਦਰਨਵਾਲਾ ਪਿੰਡਾਂ ਦੇ ਸਰਪੰਚਾਂ ਅਤੇ ਰਾਮਦਾਸ ਦੇ ਵਾਰਡ ਮੈਂਬਰਾਂ ਦੀ ਹਾਜ਼ਰੀ ਵੀ ਰਹੀ, ਜੋ ਮਜ਼ਬੂਤ ਸਮੁਦਾਇਕ ਭਾਗੀਦਾਰੀ ਅਤੇ ਸਾਂਝੀ ਜ਼ਿੰਮੇਵਾਰੀ ਦਾ ਪ੍ਰਤੀਕ ਹੈ।ਪੰਜਾਬ ਆਪਣੀ ਉਦਯਮੀ ਰੂਹ ਲਈ ਜਾਣਿਆ ਜਾਂਦਾ ਹੈ। ਇੱਥੇ ਹਰ ਪਿੰਡ ਅਤੇ ਕਸਬੇ ਵਿੱਚ ਛੋਟੇ ਕਾਰੋਬਾਰ ਲੋਕਾਂ ਦੀ ਆਰਥਿਕ ਰੀੜ੍ਹ ਦੀ ਹੱਡੀ ਹਨ। ਇਸ ਪਹਿਲ ਰਾਹੀਂ ਸੀ.ਵਾਈ.ਡੀ.ਏ. ਇਹ ਯਕੀਨੀ ਬਣਾ ਰਿਹਾ ਹੈ ਕਿ ਕਿਸੇ ਵੀ ਆਫ਼ਤ ਤੋਂ ਬਾਅਦ ਇਹ ਜਜ਼ਬਾ ਮੰਦ ਨਾ ਪਏ, ਸਗੋਂ ਹੋਰ ਦ੍ਰਿੜਤਾ ਨਾਲ ਮੁੜ ਉਭਰੇ।ਪੂਨੇ ਤੋਂ ਪੰਜਾਬ ਤੱਕ-ਇਹ ਸਿਰਫ਼ ਇੱਕ ਪ੍ਰੋਗਰਾਮ ਨਹੀਂ, ਸਗੋਂ ਵਿਸ਼ਵਾਸ, ਸਨਮਾਨ ਅਤੇ ਨਵੀਂ ਸ਼ੁਰੂਆਤ ਦਾ ਇੱਕ ਮਜ਼ਬੂਤ ਪੁਲ ਹੈ।

# ਕਾਲਵੰਜਾਰਾ ਵਿਖੇ ਅੱਖਾਂ ਦੇ ਮੁਫ਼ਤ ਕੈਂਪ ਵਿੱਚ 400 ਮਰੀਜ਼ਾਂ ਦਾ ਚੈੱਕਅਪ

ਲਹਿਰਾਗਾਗਾ, 25 ਫਰਵਰੀ (ਗੁਰਦੀਪ ਸਿੰਘ): ਲਹਿਰਾ ਗਾਗਾ ਦੇ ਨੇੜਲੇ ਪਿੰਡ ਕਾਲਵੰਜਾਰਾ ਵਿਖੇ ਬੀਤੇ ਕੱਲ ਉੱਘੇ ਸਮਾਜ ਸੇਵਕ ਸੱਜੂ ਸਿੰਘ ਸਰਾਓ ਵੱਲੋਂ ਆਪਣੇ ਦਾਦਾ ਜੀ ਸਵਰਗਵਾਸੀ ਮੇਹਰ ਸਿੰਘ ਸਰਾਓ ਦੀ ਯਾਦ ਨੂੰ ਸਮਰਪਿਤ ਦੂਜਾ ਅੱਖਾਂ ਦਾ ਮੁਫਤ ਚੈਕ ਅਪ ਤੇ ਆਪਰੇਸ਼ਨ ਕੈਂਪ ਲਗਵਾਇਆ ਗਿਆ। ਇਹ ਕੈਂਪ ਸ਼ੰਕਰਾ ਅੱਖਾਂ ਦਾ ਹਸਪਤਾਲ ਲੁਧਿਆਣੇ ਦੇ ਸਹਿਯੋਗ ਨਾਲ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲਗਾਇਆ ਗਿਆ, ਜਿਸ ਦਾ ਉਦਘਾਟਨ ਸੰਤ ਗੁਰਜੀਤ ਸਿੰਘ ਹਰੀਗੜ ਵਾਲਿਆਂ ਨੇ ਕੀਤਾ, ਕੈਂਪ ਵਿੱਚ ਅੱਖਾਂ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਲਗਭਗ 400 ਮਰੀਜ਼ਾਂ ਦਾ ਚੈੱਕ ਅਪ ਕੀਤਾ ਗਿਆ ਜਿਨਾਂ ਵਿੱਚੋਂ 65 ਮਰੀਜ਼ ਅੱਖਾਂ ਦੇ ਆਪਰੇਸ਼ਨ ਲਈ ਯੋਗ ਪਾਏ ਗਏ, ਇਲਾਕੇ ਦੇ ਉੱਘੇ ਸਮਾਜ ਸੇਵੀ ਛੱਜੂ ਸਿੰਘ ਸਰਾਓ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮਰੀਜ਼ਾਂ ਦਾ ਚੈੱਕਅਪ ਤੋਂ ਇਲਾਵਾ ਆਪਰੇਸ਼ਨ ਲਈ ਲੈ ਕੇ ਜਾਣ ਦਾ ਪ੍ਰਬੰਧ ਬਿਲਕੁਲ ਫਰੀ ਕੀਤਾ ਗਿਆ ਹੈ। ਕੈਂਪ ਦੌਰਾਨ ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ ਹਨ, ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਸਪੁੱਤਰ ਗੌਰਵ ਗੋਇਲ, ਸ਼੍ਰੋਮਣੀ ਅਕਾਲੀ ਦਲ ਵਲੋਂ ਹਲਕਾ ਲਹਿਰਾ ਦੇ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ, ਜਥੇਦਾਰ ਰਾਮਪਾਲ ਸਿੰਘ ਬਹਿਨੀਵਾਲ, ਸਾਬਕਾ ਏਡੀਸੀ ਸਰਦਾਰ ਸੁਖਵੰਤ ਸਿੰਘ ਸਰਾਓ, ਜਥੇਦਾਰ ਹਰਦੇਵ ਸਿੰਘ ਰੋਗਲਾ, ਜਥੇਦਾਰ ਤੇਜਾ ਸਿੰਘ ਕਮਾਲਪੁਰ, ਡੀ ਐਸ ਪੀ ਲਹਿਰਾ ਸਰਦਾਰ ਰਣਬੀਰ ਸਿੰਘ, ਐਸਐਚ ਓ ਸਦਰ ਲਹਿਰਾ ਮਨਪ੍ਰੀਤ ਸਿੰਘ, ਸਿਟੀ ਇੰਚਾਰਜ ਸਰਦਾਰ ਗੁਰਦੇਵ ਸਿੰਘ ਸਮੇਤ ਵੱਖ-ਵੱਖ ਰਾਜਨੀਤਿਕ ਤੇ ਧਾਰਮਿਕ ਸ਼ਖਸ਼ੀਅਤਾਂ ਤੇ ਮੋਹਤਵਰ ਸੱਜਣਾਂ ਨੇ ਵੱਡੀ ਗਿਣਤੀ ਵਿੱਚ ਪਾਰਟੀਬਾਜੀ ਤੋਂ ਉਪਰੋਂ ਉੱਠ ਕੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕਰਦੇ ਹੋਏ ਸਰਾਓ ਪਰਿਵਾਰ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ।



# ਪੰਜਾਬ ਸਰਕਾਰ ਨੇ ਕਣਕ ਦੇ ਨਾਲ ਰਸੋਈ ’ਚ ਵਰਤਣ ਵਾਲਾ ਸਮਾਨ ਵੀ ਦੇਵੇਗੀ : ਰਾਜੀਵ ਸ਼ਰਮਾ

ਫਤਿਹਗੜ੍ਹ ਚੂੜੀਆਂ, 25 ਫਰਵਰੀ (ਰਾਜਨ ਸ਼ਰਮਾ): ਫਤਿਹਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਹਰ ਦਿਨ ਹਰ ਵਰਗ ਲਈ ਕੋਈ ਨਾ ਕੋਈ ਪਿਟਾਰਾ ਖੋਲ੍ਹਦੀ ਰਹਿੰਦੀ ਹੈ। ਪੰਜਾਬ ਚ ਆਮ ਆਦਮੀ ਸਰਕਾਰ ਬਣਦਿਆਂ ਹੀ ਹਜਾਰਾਂ ਨੌਜਵਾਨ ਲੜਕਾ ਲੜਕੀਆਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਸਨ ਤੇ ਇਹ ਸਿਲਸਲਾ ਚਲਦਾ ਆ ਰਿਹਾ ਹੈ,ਤੇ ਨਾਲ ਹੀ ਹੀ ਪੰਜਾਬ ਦੇ ਲੋਕਾਂ ਨੂੰ ਸਮੇਂ ਅਨੁਸਾਰ ਸਹੂਲਤਾਂ ਵੀ ਮਿਲ ਰਹੀਆਂ ਹਨ।



ਰਾਜੀਵ ਸ਼ਰਮਾ ਨੇ ਕਿਹਾ ਕਿ ਅੱਜਤੱਕ ਕੋਈ ਵੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਇਹਨੀਆਂ ਸਹੂਲਤਾਂ ਨਹੀਂ ਦਿੱਤੀਆਂ ਜਿੰਨੀਆਂ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਨੇ ਦਿੱਤੀਆਂ ਹੋਣ। ਪੰਜਾਬ ਸਰਕਾਰ ਵਲੋਂ ਗਰੀਬ ਲੋਕਾਂ ਨੂੰ ਮਿਲਣ ਵਾਲੀ ਫ੍ਰੀ ਕਣਕ ਦੇ ਨਾਲ ਹੁਣ ਪੰਜਾਬ ਸਰਕਾਰ ਇਕ ਥੈਲੀ ਵੀ ਜਿਸ ਦੇ ਵਿੱਚ ਖੰਡ, ਦਾਲ, ਨਮਕ, ਹਲਦੀ, ਤੇਲ ਜੋਂ ਹੁਣ ਪੰਜਾਬ ਦੇ 40 ਲੱਖ ਪਰਿਵਾਰਾਂ ਨੂੰ ਮਿਲੇਗਾ। ਇਸ ਮੌਕੇ ਚੇਅਰਮੈਨ ਰਜੀਵ ਸਰਮਾ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦੇ ਕੀਤੇ ਸਨ ਉਹਨਾਂ ਤੋਂ ਵੀ ਵੱਧ ਪੰਜਾਬ ਸਰਕਾਰ ਲੋਕਾਂ ਨੂੰ ਸਹੂਲਤ ਦੇਣ ਵਿੱਚ ਕਾਮਯਾਬ ਹੋਈ ਹੈ ਤੇ ਅੱਗੋਂ ਵੀ ਸਹੂਲਤਾਂ ਮਿਲਦੀਆਂ ਰਹਿਣਗੀਆਂ। ਰਜੀਵ ਸਰਮਾ ਨੇ ਕਿਹਾ ਕਿ ਪੰਜਾਬ ਦਾ ਹਰ ਨਾਗਰਿਕ ਆਮ ਆਦਮੀ ਪਾਰਟੀ ਨਾਲ ਜੁੜਨਾ ਚਾਹੁੰਦਾ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਗਰੀਬ ਲੋਕਾਂ ਵਾਸਤੇ ਕੁਝ ਨਹੀਂ ਕੀਤਾ। ਆਖਿਰ ਵਿੱਚੋਂ ਉਹਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਤੇ ਸਮੁੱਚੀ ਲੀਡਰਸ਼ਿਪ ਦਾ ਨਵੀਂ ਸ਼ੁਰੂ ਕੀਤੀ ਗਈ ਰਸੋਈ ਸਕੀਮ ਦੇ ਲਈ ਧੰਨਵਾਦ ਕੀਤਾ।

# ਜਨਗਣਨਾ 2027 ਸਬੰਧੀ ਜ਼ਿਲ੍ਹੇ ਦੇ ਸਮੂਹ ਚਾਰਜ ਅਫ਼ਸਰ ਤੇ ਜਨਗਣਨਾ ਸਟਾਫ਼ ਦੀ ਦੋ ਦਿਨਾਂ ਸਿਖਲਾਈ ਸ਼ੁਰੂ

ਗੁਰਦਾਸਪੁਰ, 25 ਫਰਵਰੀ (ਸੰਧੂ/ਬਸਰਾ): ਜਨਗਣਨਾ 2027 ਦੇ ਸਬੰਧ ਵਿੱਚ ਜਿਲ੍ਹੇ ਦੇ ਸਮੂਹ ਚਾਰਜ ਅਫਸਰ ਤੇ ਜਨਗਣਨਾ ਸਟਾਫ ਨੂੰ ਦੋ ਦਿਨਾਂ ਸਿਖਲਾਈ ਦੇਣ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਆਦਿੱਤਿਆ ਉੱਪਲ, ਡਿਪਟੀ ਕਮਿਸ਼ਨਰ ਕਮ-ਪ੍ਰਿੰਸੀਪਲ ਜਨਗਣਨਾ ਅਫਸਰ ਗੁਰਦਾਸਪੁਰ ਵਿਸ਼ੇਸ ਤੌਰ 'ਤੇ ਪਹੁੰਚੇ ਤੇ ਸਮੂਹ ਚਾਰਜ ਅਫਸਰ ਤੇ ਜਨਗਣਨਾ ਸਟਾਫ ਨੂੰ ਜਨਗਣਨਾ 2027 ਦੇ ਵੱਖ-ਵੱਖ ਪਹਿਲੂਆਂ ਸਬੰਧੀ ਗੰਭੀਰਤਾ ਨਾਲ ਸਿਖਲਾਈ ਲੈਣ ਲਈ ਕਿਹਾ। ਇਸ ਮੌਕੇ ਜਨਗਣਨਾ ਵਿਭਾਗ ਚੰਡੀਗੜ੍ਹ ਤੋਂ ਵਿਨੋਦ ਯਾਦਵ ਸਹਾਇਕ ਡਾਇਰੈਕਟਰ, ਰਾਜੇਸ਼ ਬਾਲੋਤਰਾ ਏ.ਆਰ.ਓ, ਅੰਕੁਰ ਸ਼ਰਮਾ ਇੰਨਵੈਸਟੀਗੇਟਰ ਗਰੇਡ-1 ਤੇ ਰਾਜੇਸ਼ ਸ਼ਰਮਾ ਉਪ ਅਰਥ ਤੇ ਅੰਕੜਾ ਸਲਾਹਕਾਰ-ਕਮ-ਐਡੀਸ਼ਨਲ ਜਨਗਣਨਾ ਅਫਸਰ ਗੁਰਦਾਸਪੁਰ ਹਾਜ਼ਰ ਸਨ। ਇਸ ਮੌਕੇ ਵਿਨੋਦ ਯਾਦਵ ਸਹਾਇਕ ਡਾਇਰੈਕਟਰ ਤੇ ਅੰਕੁਰ ਸ਼ਰਮਾ ਇੰਨਵੈਸਟੀਗੇਟਰ ਵੱਲੋਂ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਸਿਖਲਾਈ ਦੌਰਾਨ ਜਨਗਣਨਾ ਸਬੰਧੀ ਵੱਖ-ਵੱਖ ਪਹਿਲੂਆਂ ਜਿਵੇਂ ਜਨਗਣਨਾ ਸਬੰਧੀ ਕਾਨੂੰਨੀ ਪਹਿਲ, ਫੰਡ ਮੈਨੇਜਮੈਂਟ, ਮੈਨ ਪਾਵਰ ਤੇ ਪਬਲੀਸਿਟੀ ਗਤੀਵਿਧੀਆਂ, ਐਚ,ਐਲ.ਓ ਸਡਿਊਲ, ਸੀ.ਐਮ.ਐਮ.ਐਸ. ਮਾਡਿਊਲ ਆਦਿ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜਨਗਣਨਾ ਦੋ ਪੜਾਵਾਂ ਵਿੱਚ ਕੀਤੀ ਜਾਵੇ ਗਈ। ਪਹਿਲਾ ਪੜਾਅ ਅਪ੍ਰੈਲ 2026 ਤੋਂ ਸਤੰਬਰ 2026 ਤੱਕ ਹੋਵੇਗਾ, ਜਿਸ ਵਿੱਚ ਘਰਾਂ ਦੀ ਸੂਚੀ ਅਤੇ ਰਿਹਾਇਸ਼ ਦੀ ਜਨਗਣਨਾ ਹੋਵੇਗੀ। ਦੂਸਰਾ ਪੜਾਅ ਫਰਵਰੀ 2027 ਨੂੰ ਹੋਵੇਗਾ, ਜਿਸ ਵਿੱਚ ਆਬਾਦੀ ਦੀ ਗਣਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਮੂਹ ਚਾਰਜ ਅਫਸਰ ਤੇ ਜਨਗਣਨਾ ਸਟਾਫ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ।



# ਝੀਰ ਦਾ ਖੂਹ ਨੇੜੇ ਸਟੋਨ ਕਰੈਸ਼ਰਾਂ ਦੀਆਂ ਭਾਰੀ ਟਿੱਪਰਾਂ ਕਾਰਨ ਪੁਲ ਦੀ ਹਾਲਤ ਨਾਜ਼ੁਕ : ਹੈਪੀ

ਤਲਵਾੜਾ, 25 ਫਰਵਰੀ (ਜਗਮੋਹਨ ਸ਼ਰਮਾ): ਮੁਕੇਰੀਆਂ ਹਾਈਡਲ ਪ੍ਰੋਜੈਕਟ (ਸ਼ਾਹ ਨਹਿਰ) ਦੇ ਝੀਰ ਦਾ ਖੂਹ ਨੇੜੇ ਸਥਿਤ ਨਹਿਰ ਦਾ ਪੁਲ ਇਸ ਵੇਲੇ ਗੰਭੀਰ ਖਤਰੇ ਹੇਠ ਦਿਖਾਈ ਦੇ ਰਿਹਾ ਹੈ। ਇਲਾਕੇ ਵਿੱਚ ਚੱਲ ਰਹੇ ਲਗਭਗ 12 ਸਟੋਨ ਕਰੈਸ਼ਰਾਂ ਤੋਂ ਨਿਕਲ ਰਹੀਆਂ ਭਾਰੀ ਭਰਕਮ ਟਿੱਪਰਾਂ ਰਾਤ-ਦਿਨ ਇਸ ਪੁਲ ਤੋਂ ਗੁਜ਼ਰ ਰਹੀਆਂ ਹਨ, ਜਿਸ ਕਾਰਨ ਪੁਲ ਦੀ ਸੰਰਚਨਾ ਕਮਜ਼ੋਰ ਹੋ ਰਹੀ ਹੈ। ਸਥਾਨਕ ਲੋਕਾਂ ਦਾ ਮੰਨਣਾ ਹੈ ਕਿ ਜੇਕਰ ਸਮੇਂ ਸਿਰ ਢੰਗ ਦੇ ਕਦਮ ਨਾ ਚੁੱਕੇ ਗਏ ਤਾਂ ਪੁਲ ਕਦੇ ਵੀ ਟੁੱਟ ਸਕਦਾ ਹੈ ਅਤੇ ਵੱਡਾ ਹਾਦਸਾ ਵਾਪਰ ਸਕਦਾ ਹੈ।ਇਹ ਗੱਲਾਂ ਸ਼ਿਵ ਸੈਨਾ ਸਮਾਜਵਾਦੀ ਪਾਰਟੀ ਦੇ ਯੁਵਾ ਪ੍ਰਵਾਰੀ ਹਰਜਿੰਦਰ ਪਾਲ ਹੈਪੀ ਨੇ ਤਲਵਾੜਾ ਵਿਖੇ ਪ੍ਰੈਸ ਨਾਲ ਗੱਲਬਾਤ ਦੌਰਾਨ ਕਹੀਆਂ। ਉਨ੍ਹਾਂ ਕਿਹਾ ਕਿ ਸ਼ਾਹ ਨਹਿਰ ਦੇ ਇਸ ਪੁਲ ਤੋਂ ਭਾਰੀ ਵਾਹਨਾਂ ਦੀ ਆਵਾਜਾਈ ਤੁਰੰਤ ਬੰਦ ਕੀਤੀ ਜਾਵੇ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਸੱਤ ਦਿਨਾਂ ਅੰਦਰ ਇਸ ਮਸਲੇ ਦਾ ਹੱਲ ਨਾ ਕੀਤਾ ਤਾਂ ਸ਼ਿਵ ਸੈਨਿਕ ਵੱਡਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਮੁਕੇਰੀਆਂ ਹਾਈਡਲ ਪ੍ਰੋਜੈਕਟ ਦੇ ਅਧਿਕਾਰੀਆਂ ਦੀ ਹੋਵੇਗੀ।ਹਰਜਿੰਦਰ ਪਾਲ ਹੈਪੀ ਨੇ ਦੋਸ਼ ਲਗਾਇਆ ਕਿ ਅੱਜ ਤੱਕ ਕਿਸੇ ਵੀ ਸੰਬੰਧਿਤ ਅਧਿਕਾਰੀ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ। ਨਾ ਤਾਂ ਪੁਲ ਦੀ ਤਕਨੀਕੀ ਜਾਂਚ ਕਰਵਾਈ ਗਈ ਹੈ ਅਤੇ ਨਾ ਹੀ ਭਾਰੀ ਵਾਹਨਾਂ 'ਤੇ ਕੋਈ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਅਣਚਾਹੇ ਹਾਦਸੇ ਦੌਰਾਨ ਜਾਨੀ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਪ੍ਰਸ਼ਾਸਨ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੋ ਵੇ ਗਾ । ਇ ਲਾ ਕਾ ਵਾਸੀਆਂ ਨੇ ਵੀ ਪੰਜਾਬ ਸਰਕਾਰ, ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਤੋਂ ਮੰਗ ਕੀਤੀ ਹੈ ਕਿ ਤੁਰੰਤ ਪੁਲ ਦੀ ਮੁਰੰਮਤ ਕਰਵਾਈ ਜਾਵੇ ਅਤੇ ਭਾਰੀ ਟਿੱਪਰਾਂ ਲਈ ਵੱਖਰਾ ਰਸਤਾ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਆਮ ਲੋਕਾਂ ਦੀ ਜਾਨਮਾਲ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਲੋਕਾਂ ਦਾ ਕਹਿਣਾ ਹੈ ਕਿ ਸਮੇਂ ਸਿਰ ਕਦਮ ਨਾ ਚੁੱਕੇ ਜਾਣ ਨਾਲ ਹਾਲਾਤ ਹੋਰ ਵੀ ਗੰਭੀਰ ਹੋ ਸਕਦੇ ਹਨ।



# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਵਾਹਨਾਂ ਦੀ ਚੈਕਿੰਗ, ਦੋ ਸਕੂਲੀ ਬਸਾਂ ਦੇ ਕਟੇ ਚਲਾਨ

ਨਵਾਂਸ਼ਹਿਰ, 25 ਫਰਵਰੀ (ਸੁਖਦੇਵ ਸਿੰਘ ਉੜਾਪੜ): ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾ ਤਹਿਤ ਤੇ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ (ਆਈ.ਏ.ਐਸ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਦੀ ਅਗਵਾਈ ਹੇਠ ਜਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਵਲੋਂ ਟੀਮ ਦੇ ਸਹਿਯੋਗ ਨਾਲ ਸਾਂਝੇ ਤੌਰ ਤੇ ਸੇਫ ਸਕੂਲ ਵਾਹਨ ਪਾਲਿਸੀ ਨੂੰ ਲਾਗੂ ਕਰਨ ਦੀ ਪੁਰਜੋਰ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦੇ ਤਹਿਤ ਨਵਾਂ ਸ਼ਹਿਰ ਜਿਲ੍ਹੇ ਵਿੱਚ 25 ਫਰਵਰੀ ਨੂੰ ਸਕੂਲੀ ਵਾਹਨਾ ਦੀ ਚੈਕਿੰਗ ਕੀਤੀ ਗਈ ਅਤੇ ਸਕੂਲੀ ਬਸਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪੋਲੀਸੀ ਦੀਆਂ ਸ਼ਰਤਾਂ ਬਾਰੇ ਜਾਣੂੰ ਕਰਵਾਇਆ ਗਿਆ। ਚੈਕਿੰਗ ਦੌਰਾਨ ਕੈਂਬਰਿਜ ਪਬਲਿਕ ਸਕੂਲ, ਡੇਰਿਕ ਇੰਟਰਨੈਸ਼ਨਲ International Public School ਪਬਲਿਕ ਸਕੂਲ, inter international ਗੁਰੂ ਰਾਮ ਦਾਸ ਇੰਟਰਨੈਸ਼ਨਲ ਪਬਲਿਕ ਸਕੂਲ, ਸ਼ਿਵ ਚੰਦ ਪਬਲਿਕ ਸਕੂਲ ਸਕਾਲਰ ਪਬਲਿਕ ਸਕੂਲ ਅਤੇ ਐਮ ਆਰ ਇੰਟਰਨੈਸ਼ਨਲ ਪਬਲਿਕ ਸਕੂਲ ਪਨਾਮ ਦੀਆਂ ਬੱਸਾਂ ਵੀ ਸ਼ਾਮਲ ਸਨ। ਇਸ ਮੁਹਿੰਮ ਦੌਰਾਨ ਤਕਰੀਬਨ 6 ਸਕੂਲਾਂ ਦੀਆਂ ਕੁੱਲ 12 ਸਕੂਲੀ ਬੱਸਾਂ ਦੇ ਦਸਤਾਵੇਜ ਚੈੱਕ ਕੀਤੇ ਗਏ ਅਤੇ ਸੇਫ ਸਕੂਲ ਵਾਹਨ ਪਾਲਸੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ 2 ਸਕੂਲੀ ਬੱਸਾਂ ਦੇ ਚਲਾਨ (ਲੇਡੀ ਅਟੈਂਡੈਂਟ ਨਾ ਹੋਣ ਕਾਰਨ ਅਤੇ ਬੱਸ ਵਿੱਚ ਫਸਟ ਐਡ ਬਾਕਸ ਨਾ ਹੋਣ ਕਾਰਨ) ਕੀਤੇ ਗਏ। ਇਸ ਮੌਕੇ ਟੀਮ ਵਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਵਾਹਨਾਂ ਤੇ ਬਣਦੀ ਕਾਨੂੰਨੀ ਕਾਰਵਾਈ ਹੋਣੀ ਯਕੀਨੀ ਬਣਾਈ ਜਾਵੇਗੀ। ਜਿਲ੍ਹਾ ਬਾਲ ਸੁਰੱਖਿਆ ਦਫਤਰ ਵਲੋ ਸਮੇ-ਸਮੇ ਤੇ ਸਕੂਲ ਦੇ ਪ੍ਰਿੰਸੀਪਲਾਂ ਤੇ ਸਕੂਲ ਵਾਹਨਾ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਜਿਵੇ ਕਿ ਸੀ.ਸੀ ਟੀ. ਵੀ. ਕੈਮਰਾ, ਖਿੜਕੀ ਤੇ ਲੋਹੇ ਦੀ ਗਰਿਲ, ਫਸਟ ਐਡ ਬਾਕਸ, ਲੇਡੀ ਕੰਡਕਟਰ, ਬਸ ਡਰਾਈਵਰ ਦਾ ਸਕੂਲ ਯੂਨੀਫੋਮ ਵਿੱਚ ਹੋਣਾ, ਸੀਟ ਬੈਲਟ ਲਗਾਣਾ, ਕਪੈਸਿਟੀ ਤੋਂ ਵੱਧ ਬੱਚੇ ਸਕੂਲ ਬੱਸ ਵਿੱਚ ਨਾ ਬਿਠਾਣਾ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋ ਇਲਾਵਾ ਸਕੂਲ ਵਾਰਨ ਦੇ ਡਰਾਇਵਰਾ ਕੋਲ ਵਾਹਨ ਦੇ ਕਾਗਜਾਤ ਵੀ ਪੂਰੇ ਹੋਣੇ ਚਾਹੀਦੇ ਹਨ ਤਾਂ ਜੋ ਉਹਨਾ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਟਰਾਂਸਪੋਰਟ ਵਿਭਾਗ ਵੱਲੋਂ ਕਮਲੇਸ਼ ਏ ਆਰ ਟੀ ਉ ਵੱਲੋਂ ਆਮ ਜਨਤਾ ਨੂੰ ਅਪੀਲ ਵੀ ਕੀਤੀ ਗਈ ਹੈ ਕਿ ਆਪਣੇ ਬੱਚਿਆਂ ਨੂੰ ਸਕੂਲੀ ਬੱਸਾਂ ਵਿੱਚ ਭੇਜਣ ਤੋਂ ਪਹਿਲੇ ਸਕੂਲੀ ਬੱਸਾਂ ਦਾ ਜਾਇਜ਼ਾ ਜ਼ਰੂਰ ਲੈਣ ਤਾਂ ਜੋ ਆਪਣੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾ ਸਕਣ। ਇਸਦੇ ਨਾਲ ਹੀ ਉਨ੍ਹਾਂ ਵੱਲੋਂ ਸਕੂਲੀ ਬੱਸਾਂ ਦੇ ਡਰਾਈਵਰਾਂ ਨੂੰ ਚੇਤਾਵਨੀ ਦਿੱਤੀ ਗਈ ਕਿ ਸੇਫ ਸਕੂਲ ਵਾਹਨ ਪਾਲਸੀ ਦੀ ਉਲੰਘਣਾ ਕਰਨ ਤੇ ਬਸਾਂ ਨੂੰ ਬੰਦ ਕਰਨ ਜਾਂ ਚਲਾਨ ਕੱਟਣ ਤੇ ਕਿਸੇ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਏਗੀ। ਸਾਰੇ ਡਰਾਈਵਰ, ਬੱਸਾਂ ਨੂੰ ਰੋਡ ਤੇ ਲਿਆਣ ਤੋਂ ਪਹਿਲਾਂ ਆਪਣੇ ਤੇ ਆਪਣੀ ਬਸਾਂ ਦੇ ਦਸਤਾਵੇਜ਼ ਤੰਦਰੁਸਤ ਕਰ ਲੈਣ। ਇਸ ਮੌਕੇ ਟੀਮ ਵਿੱਚ ਜਿਲਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ, ਕਮਲੇਸ਼ ਅਸਿਸਟੈਂਟ ਰੀਜਨਲ ਟਰਾਂਸਪੋਰਟ ਅਫ਼ਸਰ, ਸਿੱਖਿਆ ਵਿਭਾਗ ਤੋਂ ਪ੍ਰਿੰਸੀਪਲ ਸੁਰਿੰਦਰਪਾਲ ਅਗਨੀਹੋਤਰੀ, ਪੁਲਿਸ ਵਿਭਾਗ ਤੋਂ ਧਰਮਿੰਦਰ ਸਿੰਘ, ਟ੍ਰੈਫਿਕ ਪੁਲਿਸ ਤੋਂ ਰਵਿੰਦਰ ਕੌਰ ਤੇ ਦਿਲਾਵਰ ਸਿੰਘ ਏ ਐਸ ਆਈ ਦੇ ਨਾਲ ਨਾਲ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਤੇ ਸੰਤੋਸ਼ ਵੀ ਮੌਜੂਦ ਸਨ।




# ਹਰਿਆਣਾ ਕਾਲਜ ਵਿਖੇ ਤਿੰਨ ਰੋਜ਼ਾ ਵਰਕਸ਼ਾਪ ਕਰਵਾਈ

ਹਰਿਆਣਾ, 25 ਫਰਵਰੀ (ਚੰਦਰ ਪ੍ਰਕਾਸ਼): ਜੀ.ਜੀ.ਡੀ.ਐਸ.ਡੀ.ਕਾਲਜ ਹਰਿਆਣਾ ਵਿਖੇ ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਡਾ. ਦੇਸ਼ ਬੰਧੂ, ਸਕੱਤਰ ਡਾ. ਗੁਰਦੀਪ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾ ਅਧੀਨ 'ਤੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਦੀ ਯੋਗ ਅਗਵਾਈ ਹੇਠ ਕੈਰੀਅਰ ਗਾਈਡੈਂਸ ਪਲੇਸਮੈਂਟ ਸੈੱਲ ਅਤੇ ਆਈ.ਆਈ.ਸੀ ਵੱਲੋਂ ਐਨ.ਆਈ.ਆਈ.ਟੀ ਫਾਊਂਡੇਸ਼ਨ ਨਵੀ ਦਿੱਲੀ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨੌਕਰੀਆਂ ਬਾਰੇ ਵੱਖ-ਵੱਖ ਤਰ੍ਹਾਂ ਦੀਆਂ ਜਾਣਕਾਰੀ ਪ੍ਰਦਾਨ ਕਰਨਾ ਹੈ। ਇਸ ਵਰਕਸ਼ਾਪ ਦਾ ਆਯੋਜਨ ਆਨ-ਲਾਇਨ ਮੋਡ ਦੁਆਰਾ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸ਼ੈਸ਼ਨ ਦਾ ਸੰਚਾਲਨ ਮੈਡਮ ਜਸਮੀਤ ਕੌਰ (ਵਰਕਸ਼ਾਪ ਕੋਆਰਡੀਨੇਟਰ) ਦੁਆਰਾ ਕੀਤਾ ਗਿਆ। ਨਿਰਦੇਸ਼ਨ ਅਕਾਂਕਸ਼ਾ ਗੁਪਤਾ (ਸਾਫਟ ਸਕਿਲਜ਼ ਟਰੇਨਰ) ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਸਾਫਟ ਸਕਿਲਜ਼ ਵਿਦਿਆਰਥੀਆਂ ਨੂੰ ਕਾਮਯਾਬ ਪੇਸ਼ੇਵਰ ਬਣਾਉਂਦੇ ਹਨ। ਇਸ ਹੁਨਰ ਨਾਲ ਵਿਦਿਆਰਥੀਆਂ ਵਿੱਚ ਉਨ੍ਹਾਂ ਦਾ ਵਿਅਕਤੀਤਵ ਸਿਖਰ ਕੇ ਸਾਹਮਣੇ ਆਉਂਦਾ ਹੈ 'ਤੇ ਉਨ੍ਹਾਂ ਵਿੱਚ ਸਕਾਰਾਤਮਕ ਮੰਚ ਪੈਦਾ ਕਰਦਾ ਹੈ। ਇਸ ਤੋਂ ਇਲਾਵਾ ਮੈਡਮ ਈਸ਼ਾ ਅਹੂਜਾ (ਟ੍ਰੇਨਿਗ ਮੈਨੇਜਰ) ਨੇ ਵਿਦਿਆਰਥੀਆਂ ਨੂੰ ਈਮੇਲ ਲਿਖਣ ਦੇ ਢੰਗ, ਆਨ-ਲਾਇਨ ਮੀਟਿੰਗ ਵਿੱਚ ਵਿਹਾਰ ਤੇ ਇੰਟਰਵਿਊ ਦੇ ਤਰੀਕੇ ਸਮਝਾਏ। ਗੋਪਾਲ ਚੰਦ (ਸਾਫਟ ਸਕਿੱਲਜ਼ ਆਈ.ਆਈ.ਟੀ ਟ੍ਰੇਨਰ) ਨੇ ਵਿਦਿਆਰਥੀਆਂ ਨੂੰ ਬਾਇਉਡਾਟਾ ਬਣਾਉਣ ਤੇ ਸਾਫਟ ਸਕਿੱਲਜ਼ ਨੂੰ ਆਪਣੀ ਰੋਜ਼ਾਨਾ ਜਿੰਦਗੀ ਵਿੱਚ ਕਿਵੇਂ ਵਰਤਣਾ ਹੈ, ਬਾਰੇ ਦੱਸਿਆ। ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਫਟ ਸਕਿੱਲਜ਼ ਤੁਹਾਡੇ ਕੈਰੀਅਰ ਨੂੰ ਵਧੀਆ ਬਣਾਉਣ ਵਿੱਚ ਸਹਾਇਤਾ ਕਰ ਸਕਦਾ ਹੈ ਤੇ ਤੁਹਾਡੀ ਸ਼ਖਸ਼ੀਅਤ ਨੂੰ ਨਿਖਾਰਨ ਤੇ ਤੁਹਾਡੀ ਦੂਜਿਆ ਨਾਲ ਗੱਲਬਾਤ ਕਰਨ ਵਿੱਚ ਸਹਾਇਤਾ ਕਰਦਾ ਹੈ। ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਡਾ. ਦੇਸ਼ ਬੰਧੂ 'ਤੇ ਸਕੱਤਰ ਡਾ. ਗੁਰਦੀਪ ਕੁਮਾਰ ਸ਼ਰਮਾ ਨੇ ਕਾਲਜ ਦੁਆਰਾ ਕਰਵਾਈ ਗਈ ਇਸ ਵਰਕਸ਼ਾਪ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਵਿਦਿਆਰਥੀਆਂ ਦੇ ਵਿਕਾਸ ਲਈ ਮਹੱਤਵਪੂਰਨ ਕਦਮ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਕੈਰੀਅਰ ਗਾਈਡੈਂਸ ਸੈੱਲ ਦੇ ਮੈਬਰਾਂ ਨੂੰ ਵਧਾਈ ਦਿੱਤੀ। ਇਸ ਵਰਕਸ਼ਾਪ ਨੂੰ ਨੇਪਰੇ ਚਾੜ੍ਹਨ ਵਿੱਚ ਪ੍ਰੋ. ਸੁਖਵਿੰਦਰ ਕੌਰ, ਡਾ. ਫੂਲਾ ਰਾਣੀ, ਪ੍ਰੋ. ਪਾਰਸ, ਪ੍ਰੋ. ਮੇਜਰ ਮਹੁੰਮਦ ਨੇ ਆਪਣਾ ਵਿਸ਼ੇਸ਼ ਯੋਗਦਾਨ ਦਿੱਤਾ।



# ‘ਮੇਰੀ ਰਸੋਈ’ ਸਕੀਮ ਦਾ ਐਲਾਨ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਕਦਮ : ਅਸ਼ਵਨੀ ਦੁੱਗਲ

ਧਾਰੀਵਾਲ, 25 ਫਰਵਰੀ (ਅਸ਼ੋਕ ਕੁਮਾਰ): 'ਮੇਰੀ ਰਸੋਈ ਸਕੀਮ' ਦਾ ਐਲਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤਾ ਗਿਆ ਇਕ ਸ਼ਲਾਘਾਯੋਗ ਤੇ ਲੋਕ-ਹਿਤੈਸ਼ੀ ਕਦਮ ਹੈ। ਇਹ ਵਿਚਾਰ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਕੁਮਾਰ ਦੁੱਗਲ ਨੇ ਪ੍ਰਗਟ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ, ਆਮ ਲੋਕਾਂ ਲਈ ਵਚਨਬੱਧ ਹੈ। ਇਸ ਯੋਜਨਾ ਨਾਲ ਗਰੀਬ ਅਤੇ ਜ਼ਰੂਰਤਮੰਦ ਵਰਗ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਕਈ ਪਰਿਵਾਰਾਂ ਲਈ ਦੋ ਵਕਤ ਦੀ ਰੋਟੀ ਜੁਟਾਉਣਾ ਵੀ ਮੁਸ਼ਕਲ ਬਣ ਜਾਂਦਾ ਹੈ, ਅਜਿਹੇ ਵਿੱਚ 'ਮੇਰੀ ਰਸੋਈ ਸਕੀਮ' ਉਨ੍ਹਾਂ ਲਈ ਆਸ ਦੀ ਕਿਰਣ ਸਾਬਤ ਹੋਵੇਗੀ।



ਪ੍ਰਧਾਨ ਅਸ਼ਵਨੀ ਕੁਮਾਰ ਦੁੱਗਲ ਨੇ ਕਿਹਾ ਕਿ ਇਸ ਸਕੀਮ ਦਾ ਮਕਸਦ ਘੱਟ ਕੀਮਤ 'ਤੇ ਸਾਫ-ਸੁਥਰਾ ਤੇ ਪੌਸ਼ਟਿਕ ਭੋਜਨ ਮੁਹੱਈਆ ਕਰਵਾਉਣਾ ਹੈ, ਤਾਂ ਜੋ ਕੋਈ ਵੀ ਵਿਅਕਤੀ ਭੁੱਖਾ ਨਾ ਸੋਵੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਲਈ ਲਗਾਤਾਰ ਕੀਤੇ ਜਾ ਰਹੇ ਉਪਰਾਲੇ ਕਾ ਬਿ ਲ - ਏ - ਤਾਰੀਫ਼ ਹਨ ਅਤੇ ਇਹ ਯੋਜਨਾ ਵੀ ਉਸੇ ਕੜੀ ਦਾ ਹਿੱਸਾ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ 'ਮੇਰੀ ਰਸੋਈ ਸਕੀਮ' ਸਮਾਜ ਵਿੱਚ ਭਾਈਚਾਰੇ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰੇਗੀ ਤੇ ਲੋੜਵੰਦ ਲੋਕਾਂ ਲਈ ਵੱਡਾ ਸਹਾਰਾ ਬਣੇਗੀ।

# ਵਿਦਿਆਰਥੀਆਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਕੀਤਾ ਜਾਗਰੂਕ




ਗੁਰਦਾਸਪੁਰ, 25 ਫਰਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਬਸਰਾ): ਟ੍ਰੈਫਿਕ ਪੁਲਿਸ ਗੁਰਦਾਸਪੁਰ ਵੱਲੋਂ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਸੈਮੀਨਾਰ ਕੈਂਬਰਿਜ਼ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਲਗਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਸ਼ਾਮਲ ਕਰਕੇ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ ਤੇ ਐਕਸੀਡੈਂਟ ਤੋਂ ਬਚਣ ਲਈ ਹਮੇਸ਼ਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਤ ਕੀਤਾ ਗਿਆ।

ਟ੍ਰੈਫਿਕ ਇੰਚਾਰਜ ਸਤਨਾਮ ਸਿੰਘ ਏ.ਐਸ.ਆਈ. ਨੇ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੌਰਾਨ ਹੈਲਮਟ ਸੀਟ ਬੈਲਟ ਦੀ ਅਹਿਮੀਅਤ ਬਾਰੇ ਦੱਸਿਆ ਗਿਆ। ਡਰਾਈਵਿੰਗ ਲਾਇਸੰਸ ਦੀ ਅਹਿਮੀਅਤ ਬਾਰੇ ਦੱਸਿਆ ਗਿਆ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ਉੱਪਰ ਹੋਣ ਵਾਲੀ ਕਾਨੂੰਨੀ ਕਾਰਵਾਈ ਸਬੰਧੀ ਵਿਸਥਾਰ ਪੂਰਵਕ ਦੱਸਿਆ ਗਿਆ ਤੇ ਐਕਸੀਡੈਂਟ ਪੀੜਤ ਦੀ ਮਦਦ ਲਈ ਅੱਗੇ ਆਉਣ ਲਈ ਅਪੀਲ ਕੀਤੀ ਗਈ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ। ਸੈਮੀਨਾਰ 'ਚ ਅਮਨਦੀਪ ਸਿੰਘ ਪ੍ਰਿੰਸੀਪਲ ਸਾਹਿਬ ਤੇ ਸਮੂਹ ਸਟਾਫ ਨੇ ਹਿੱਸਾ ਲਿਆ।

# ਨੈਸ਼ਨਲ ਡਿਗਰੀ ਕਾਲਜ ਦੇ ਬੀ.ਸੀ.ਏ. ਵਿਦਿਆਰਥੀਆਂ ਦਾ ਸ਼ਾਨਦਾਰ ਨਤੀਜਾ



ਫਾਜ਼ਿਲਕਾ, 25 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਬੀਤੇ ਦਿਨ ਇਲਾਕੇ ਦੇ ਪ੍ਰਸਿੱਧ ਸਿੱਖਿਆ ਸੰਸਥਾਨ ਨੈਸ਼ਨਲ ਡਿਗਰੀ ਕਾਲਜ, ਚੁਵਾੜਿਆਂਵਾਲੀ (ਫਾਜ਼ਿਲਕਾ) ਵਿੱਚ ਬੀ.ਸੀ.ਏ ਭਾਗ ਤੀਜਾ (ਸਮੈਸਟਰ ਪੰਜਵਾਂ) ਦੇ ਵਿਦਿਆਰਥੀਆਂ ਨੇ ਇਮਤਿਹਾਨਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਚੰਗੇ ਅੰਕ ਪ੍ਰਾਪਤ ਕੀਤੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੰਪਿਊਟਰ ਵਿਭਾਗ ਦੇ ਮੁਖੀ ਸਹਾਇਕ ਪ੍ਰੋਫੈਸਰ ਸੁਖਦੇਵ ਸਿੰਘ ਨੇ ਦੱਸਿਆ ਕਿ ਅਮਨਦੀਪ ਕੌਰ ਸਪੁੱਤਰੀ ਬਲਵੀਰ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਪਾਯਲ ਸਪੁੱਤਰੀ ਮੁਕੇਸ਼ ਕੁਮਾਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਰਜਤ ਸਪੁੱਤਰ ਜਗਦੀਸ਼ ਕੁਮਾਰ ਅਤੇ ਪਲਕ ਸਪੁੱਤਰੀ ਰਵੀ ਕੁਮਾਰ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਵਧੀਆ ਅੰਕ ਪ੍ਰਾਪਤ ਕਰਕੇ ਵਿਦਿਆਰਥੀਆਂ ਨੇ ਆਪਣੇ ਮਾਤਾ-ਪਿਤਾ ਤੇ ਕਾਲਜ ਦਾ ਮਾਣ ਵਧਾਇਆ ਹੈ। ਕਾਲਜ ਦੇ ਚੇਅਰਮੈਨ ਜਸਪਾਲ ਸਿੰਘ ਸੰਧੂ ਤੇ ਸਮੂਹ ਮੈਨੇਜਮੈਂਟ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਕਾਲਜ ਦੀ ਕਾਰਜਕਾਰੀ ਪ੍ਰਿੰਸੀਪਲ ਡਾ. ਰਚਨਾ ਮਹਿਰੋਕ ਨੇ ਵੀ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।


## ਨਗਰ ਨਿਗਮ ਚੰਡੀਗੜ੍ਹ

### ਈ-ਟੈਂਡਰ ਸੂਚਨਾ

| ਲ. ਨੰ. | ਕੰਮ ਦਾ ਨਾਮ | ਬੋਲੀ ਜਮ੍ਹਾਂ ਸੂਚੀ (ਆਨਲਾਈਨ) | ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ) |
|---|---|---|---|
| | **ਕਾਰਜਕਾਰੀ ਇੰਜੀਨੀਅਰ - ਐਮ.ਸੀ.ਪੀ.ਐਚ.ਡਵੀਜ਼ਨ ਨੰ. 1** | | |
| 1. | 1. ਡੀ.ਆਈ. ਦੀ ਸਪਲਾਈ ਅਤੇ ਵਿਛਾਉਣਾ। ਪਿੰਡ ਬੁੜੈਲ, ਚੰਡੀਗੜ੍ਹ ਵਿੱਚ ਪੀਣ ਵਾਲੇ ਪਾਣੀ ਦੇ ਦੂਸ਼ਿਤ ਹੋਣ ਤੋਂ ਬਚਣ ਲਈ ਵੱਖ-ਵੱਖ ਗਲੀਆਂ (ਲਾਇਬ੍ਰੇਰੀ ਦੇ ਨੇੜੇ ਅਤੇ ਪਿਛਲੇ ਪਾਸੇ ਗੁਰਦੁਆਰਾ ਸਾਹਿਬ ਸੈਣੀ ਮੁਹੱਲਾ) ਵਿੱਚ ਛੱਡੇ ਹੋਏ ਖੇਤਰ ਵਿੱਚ ਪਾਣੀ ਸਪਲਾਈ ਪਾਈਪ ਲਾਈਨ (ਚੌਥਾ ਤੋਂ: ਪਿੰਡ ਵਿਕਾਸ ਫੰਡ)। (ਮੁੜ ਸੱਦਾ ਦਿੱਤਾ ਗਿਆ)<br>ਰਾਸ਼ੀ: 45,23,375/- ਰੁਪਏ ਬਿਆਨਾ ਰਕਮ: 90,467/- ਰੁਪਏ<br>ਸਮਾਂ ਹੱਦ: 04 ਮਹੀਨੇ | 25.02.2026 To 05.03.2026 at 11:15 AM | 05.03.2026 at 11:30 AM |
| | **ਕਾਰਜਕਾਰੀ ਇੰਜੀਨੀਅਰ - ਐਮ.ਸੀ.ਪੀ.ਐਚ.ਡਵੀਜ਼ਨ ਨੰ. 3** | | |
| 2. | ਸੈਕਟਰ-48 (ਵਾਰਡ ਨੰ. 35) ਚੰਡੀਗੜ੍ਹ (ਸੀਐਚ ਤੋਂ: ਕੈਪੀਟਲ ਹੈਡ : ਐਸਡਬਲਿਊਡੀ ਸਿਸਟਮ) ਦੇ ਵੱਖ-ਵੱਖ ਸਥਾਨਾਂ 'ਤੇ ਮੀਂਹ ਦੇ ਪਾਣੀ ਦੇ ਸਹੀ ਨਿਪਟਾਰੇ ਲਈ ਮਸ਼ੀਨ ਹੋਲ ਅਤੇ ਰੋਡ ਗਲੀ ਚੈਂਬਰਾਂ ਦੀ ਉਸਾਰੀ ਦੇ ਨਾਲ-ਨਾਲ 450mm (18") i/d RCC NP-2 SWD ਲਾਈਨ ਪ੍ਰਦਾਨ ਕਰਨਾ ਅਤੇ ਵਿਛਾਉਣਾ<br>ਅਨੁਸੂਚਿਤ ਲਾਗਤ: 17,80,639/- ਰੁਪਏ ਬਿਆਨਾ ਰਕਮ: 35,613/- ਰੁਪਏ<br>ਸਮਾਂ ਹੱਦ: 03 ਮਹੀਨੇ ਟੈਂਡਰ ਫੀਸ: 1,000/- ਰੁਪਏ | 26-02-2026 To 05-03-2026 upto 1.00 P.M. | 05-03-2026 at 03.00 P.M. |
| | **ਕਾਰਜਕਾਰੀ ਇੰਜੀਨੀਅਰ - ਡਵੀਜ਼ਨ ਰੋਡਜ਼ ਨੰ. 1** | | |
| 3. | ਚੰਡੀਗੜ੍ਹ ਮਾਸਟਰ ਪਲਾਨ 2031 ਦੇ ਅਨੁਸਾਰ V-5 ਸੜਕ ਸੈਕਟਰ 34 ਏ ਅਤੇ ਬੀ ਦੇ ਨਾਲ ਪੈਦਲ ਚੱਲਣ ਵਾਲੇ ਰਸਤੇ ਦੀ ਉਸਾਰੀ। ਪੂੰਜੀ ਮੁਖੀ: ਸੜਕਾਂ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਸੁਧਾਰ।<br>ਅਨੁਮਾਨਿਤ ਲਾਗਤ: 58.38 ਲੱਖ ਰੁਪਏ ਬਿਆਨਾ ਰਕਮ: 1,16,770/- ਰੁਪਏ<br>ਸਮਾਂ ਹੱਦ: 06 ਮਹੀਨੇ | 26.02.2026 To 05.03.2026 upto 12.00 noon | 05.03.2026 at 12.00 noon |
| | **ਕਾਰਜਕਾਰੀ ਇੰਜੀਨੀਅਰ - ਡਵੀਜ਼ਨ ਰੋਡਜ਼ ਨੰ. 3** | | |
| 4. | ਚੰਡੀਗੜ੍ਹ ਦੇ ਮਲੋਆ ਕਲੋਨੀ ਵਿੱਚ ਗਵਾਲਾ ਕਲੋਨੀ ਅਤੇ ਜੀ.ਆਈ. ਪਾਈਪ ਰੇਲਿੰਗ ਵਿਖੇ 80mm ਮੋਟੀ ਪੇਵਰ ਬਲਾਕ ਨੂੰ ਪੱਧਰ ਕਰਕੇ ਅਤੇ ਵਿਛਾ ਕੇ ਬਚੀਆਂ ਹੋਈਆਂ ਅੰਦਰੂਨੀ ਗਲੀਆਂ ਦਾ ਨਿਰਮਾਣ। ਹੈਡ: ਪੁਨਰਵਾਸ ਕਲੋਨੀਆਂ ਵਿੱਚ ਸਹੂਲਤਾਂ।<br>ਅਨੁਮਾਨਿਤ ਲਾਗਤ: 43.12 ਲੱਖ ਰੁਪਏ ਬੋਲੀ ਵਾਧਾ ਰਕਮ: 86,240/- ਰੁਪਏ<br>ਸਮਾਂ ਹੱਦ: 03 ਮਹੀਨੇ | 25.02.2026 To 09.03.2026 upto 12.00 noon | 09.03.2026 at 15.00 PM |

ਨੋਟ:- 1) ਟੈਂਡਰ ਨੋਟਿਸ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਦੇ ਨਾਲ ਵੈੱਬਸਾਈਟ www.chandigarh.gov.in ਜਾਂ etenders.chd.nic.in 'ਤੇ ਉਪਲਬਧ/ਅੱਪਲੋਡ ਕੀਤਾ ਜਾ ਸਕਦਾ ਹੈ।

ਕਾਰਜਕਾਰੀ ਇੰਜੀਨੀਅਰ

ਐਮ.ਸੀ.ਪੀ.ਐਚ. ਡਿਵੀਜ਼ਨ ਨੰਬਰ 1, ਕਰੁਣਾ ਸਦਨ ਦੇ ਨੇੜੇ, ਸੈਕਟਰ 11, ਚੰਡੀਗੜ੍ਹ, ਐਮ.ਸੀ.ਪੀ.ਐਚ. ਡਿਵੀਜ਼ਨ ਨੰਬਰ 3, ਚੰਡੀਗੜ੍ਹ, ਰੋਡਜ਼ ਡਿਵੀਜ਼ਨ ਨੰਬਰ 1, ਕਮਰਾ ਨੰਬਰ 304, ਐਮ.ਸੀ. ਚੰਡੀਗੜ੍ਹ। (0) 0172-5021626 ਅਤੇ ਰੋਡਜ਼ ਡਿਵੀਜ਼ਨ ਨੰਬਰ 3, ਕਮਰਾ ਨੰਬਰ 311, ਐਮ.ਸੀ. ਚੰਡੀਗੜ੍ਹ। 0172-5021482 xenroad3.mcc@chd.nic.in


ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ


## ਸਿਰਫ਼ ਸਬਜ਼ੀ ਹੀ ਨਹੀਂ, ਸਗੋਂ ਕੁਦਰਤੀ ਦਵਾਈ ਹੈ ਪਿਆਜ਼!

ਭਾਰਤੀ ਖਾਣੇ 'ਚ ਪਿਆਜ਼ ਦੀ ਵਰਤੋਂ ਸਦੀਆਂ ਤੋਂ ਕੀਤੀ ਜਾ ਰਹੀ ਹੈ ਪਰ ਬਹੁਤ ਘੱਟ ਲੋਕ ਜਾਣਦੇ ਹਨ ਕਿ ਆਯੁਰਵੇਦ ਅਤੇ ਆਧੁਨਿਕ ਵਿਗਿਆਨ ਦੋਵੇਂ ਪਿਆਜ਼



ਨੂੰ ਇਕ ਸੁਪਰਫੂਡ ਮੰਨਦੇ ਹਨ। ਵਿਟਾਮਿਨ 3, ਫਾਈਬਰ ਅਤੇ ਐਂਟੀ-ਆਕਸੀਡੈਂਟਸ ਨਾਲ ਭਰਪੂਰ ਪਿਆਜ਼ ਸਰੀਰ ਦੀ ਇਮਿਊਨਿਟੀ ਵਧਾਉਣ ਤੋਂ ਲੈ ਕੇ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ 'ਚ ਬੇਹੱਦ ਸਹਾਇਕ ਹੈ।

**ਸ਼ੂਗਰ ਕੰਟਰੋਲ ਕਰਨ 'ਚ ਮਦਦਗਾਰ**- ਕਈ ਖੋਜਾਂ ਮੁਤਾਬਕ, ਪਿਆਜ਼ (ਖਾਸ ਕਰਕੇ ਲਾਲ ਪਿਆਜ਼) 'ਚ ਮੌਜੂਦ ਕਵੇਰਸੈਟੀਨ ਅਤੇ ਸਲਫਰ ਮਿਸ਼ਰਣ ਬਲੱਡ ਸ਼ੂਗਰ ਲੈਵਲ ਨੂੰ ਘੱਟ ਕਰਨ 'ਚ ਮਦਦ ਕਰਦੇ ਹਨ।

**ਪਾਚਨ ਪ੍ਰਣਾਲੀ 'ਚ ਸੁਧਾਰ**- ਪਿਆਜ਼ ਫਾਈਬਰ ਅਤੇ ਪ੍ਰੀਬਾਇਓਟਿਕਸ ਦਾ ਇਕ ਵਧੀਆ ਸਰੋਤ ਹੈ। ਇਹ ਪੇਟ 'ਚ ਚੰਗੇ ਬੈਕਟੀਰੀਆ ਨੂੰ ਵਧਾਉਂਦਾ ਹੈ, ਜਿਸ ਨਾਲ ਕਬਜ਼ ਦੀ ਸਮੱਸਿਆ ਦੂਰ ਹੁੰਦੀ ਹੈ ਅਤੇ ਪਾਚਨ ਸ਼ਕਤੀ ਵਧਦੀ ਹੈ।

**ਲੂ ਤੋਂ ਬਚਾਅ**- ਗਰਮੀਆਂ 'ਚ ਕੱਚਾ ਪਿਆਜ਼ ਖਾਣਾ ਬਹੁਤ ਜ਼ਰੂਰੀ ਮੰਨਿਆ ਜਾਂਦਾ ਹੈ। ਇਹ ਸਰੀਰ ਨੂੰ ਅੰਦਰੋਂ ਠੰਡਾ ਰੱਖਦਾ ਹੈ ਅਤੇ ਗਰਮ ਹਵਾਵਾਂ ਦੇ ਮਾਰੂ ਪ੍ਰਭਾਵ ਤੋਂ ਬਚਾਉਣ 'ਚ ਮਦਦ ਕਰਦਾ ਹੈ।

ਵਾਲਾਂ ਅਤੇ ਚਮੜੀ ਲਈ- ਪਿਆਜ਼ ਦਾ ਰਸ ਵਾਲਾਂ ਦੇ ਝੜਨ ਨੂੰ ਰੋਕਣ ਅਤੇ ਉਹਨਾਂ ਨੂੰ ਸੰਘਣਾ ਬਣਾਉਣ ਲਈ ਇਕ ਰਾਮਬਾਣ ਇਲਾਜ ਹੈ। ਇਸ 'ਚ ਮੌਜੂਦ ਵਿਟਾਮਿਨ 3 ਅਤੇ ਐਂਟੀਬੈਕਟੀਰੀਅਲ ਗੁਣ ਚਮੜੀ ਨੂੰ ਇਨਫੈਕਸ਼ਨ ਤੋਂ ਵੀ ਬਚਾਉਂਦੇ ਹਨ।

**ਹੱਡੀਆਂ ਦੀ ਮਜ਼ਬੂਤੀ**- ਪਿਆਜ਼ 'ਚ ਕੈਲਸ਼ੀਅਮ ਵੀ ਪਾਇਆ ਜਾਂਦਾ ਹੈ। ਨਿਯਮਤ ਸੇਵਨ ਨਾਲ ਹੱਡੀਆਂ ਦੀ ਘਣਤਾ ਵਧਦੀ ਹੈ, ਜੋ ਖਾਸ ਕਰਕੇ ਵਧਦੀ ਉਮਰ ਦੀਆਂ ਔਰਤਾਂ ਲਈ ਫਾਇਦੇਮੰਦ ਹੈ।

## ਬ੍ਰਹਮਾ ਕੁਮਾਰੀ ਸੰਸਥਾਨ ਦੇ ਪ੍ਰੋਗਰਾਮ 'ਚ ਦ੍ਰੋਪਦੀ ਮੁਰਮੂ ਵੱਲੋਂ ਸ਼ਿਰਕਤ

ਨਾਗਪੁਰ, 25 ਫਰਵਰੀ (ਚ.ਨ.ਸ.) : ਮੈਨੂੰ ਅੱਜ ਵਿਸ਼ਵ ਸ਼ਾਂਤੀ ਸਰੋਵਰ ਵਿਖੇ ਬ੍ਰਹਮਾ ਕੁਮਾਰੀ ਸੰਸਥਾਨ ਵੱਲੋਂ ਆਯੋਜਿਤ ÷ਏਕਤਾ ਅਤੇ ਵਿਸ਼ਵਾਸ ਰਾਹੀਂ ਸੁਨਹਿਰੀ ਮਹਾਰਾਸ਼ਟਰ÷ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਤੁਹਾਡੇ ਵਿਚਕਾਰ ਆ ਕੇ ਖੁਸ਼ੀ ਹੋ ਰਹੀ ਹੈ। ਮੈਂ ਇਸ ਸਮਾਗਮ ਲਈ ਬ੍ਰਹਮਾ ਕੁਮਾਰੀ ਸੰਸਥਾਨ ਨੂੰ ਦਿਲੋਂ ਵਧਾਈ ਦਿੰਦਾ ਹਾਂ। ਮਹਾਰਾਸ਼ਟਰ ਨੇ ਦੇਸ਼ ਵਿੱਚ




ਸਮਾਜਿਕ, ਆਰਥਿਕ, ਸੱਭਿਆਚਾਰਕ ਅਤੇ ਅਧਿਆਤਮਿਕ ਵਿਕਾਸ ਦੀਆਂ ਉਦਾਹਰਣਾਂ ਲਗਾਤਾਰ ਕਾਇਮ ਕੀਤੀਆਂ ਹਨ। ਇਹ ਪਵਿੱਤਰ ਧਰਤੀ ਰਾਸ਼ਟਰ ਨਿਰਮਾਣ ਦੀਆਂ ਮਹਾਨ ਵਿਚਾਰਧਾਰਾਵਾਂ ਅਤੇ ਆਦਰਸ਼ਾਂ ਦੀ ਜਨਮ ਭੂਮੀ ਰਹੀ ਹੈ ਜਿਨ੍ਹਾਂ ਨੇ ਭਾਰਤੀਆਂ ਵਿੱਚ ਇੱਕ ਨਵੀਂ ਚੇਤਨਾ ਪੈਦਾ ਕੀਤੀ ਹੈ। ਛਤਰਪਤੀ ਸ਼ਿਵਾਜੀ ਮਹਾਰਾਜ, ਮਹਾਤਮਾ ਜੋਤੀਬਾ ਫੂਲੇ, ਵਾਸੂਦੇਵ ਬਲਵੰਤ ਫੜਕੇ, ਮਹਾਰਿਸ਼ੀ ਢੋਂਡੋ ਕਰਵੇ, ਰਾਜਰਿਸ਼ੀ ਸ਼ਾਹੂ ਮਹਾਰਾਜ, ਲੋਕਮਾਨਿਆ ਬਾਲ ਗੰਗਾਧਰ ਤਿਲਕ, ਗੋਪਾਲ ਕ੍ਰਿਸ਼ਨ ਗੋਖਲੇ, ਵਿਨਾਇਕ ਦਾਮੋਦਰ ਸਾਵਰਕਰ ਅਤੇ ਡਾ. ਭੀਮ ਰਾਓ ਅੰਬੇਡਕਰ ਵਰਗੀਆਂ ਮਹਾਨ ਸ਼ਖਸੀਅਤਾਂ ਦੇ ਵਿਚਾਰਾਂ, ਸੰਘਰਸ਼ਾਂ ਅਤੇ ਯੋਗਦਾਨ ਨੇ ਸਾਡੇ ਰਾਸ਼ਟਰ ਨੂੰ ਸਸ਼ਕਤ ਬਣਾਇਆ ਹੈ। ਉਨ੍ਹਾਂ ਦੇ ਜੀਵਨ ਮੁੱਲਾਂ ਤੋਂ ਪ੍ਰਾਪਤ ਪ੍ਰੇਰਨਾ ਅੱਜ ਵੀ ਸਾਨੂੰ ਸਹੀ ਦਿਸ਼ਾ ਵੱਲ ਲੈ ਜਾਂਦੀ ਹੈ।

## ਪੁਲਾੜ ਤਕਨਾਲੋਜੀ ਤੋਂ ਲੋਕ ਕਲਿਆਣ ਤੱਕ: ਇਸਰੋ ਦੇ 'ਸੈਕ' ਕੇਂਦਰ ਵਿਖੇ ਮੀਡੀਆ ਨੇ ਦੇਖੀ ਭਾਰਤ ਦੀ ਵਿਗਿਆਨਕ ਉਡਾਣ

ਅਹਿਮਦਾਬਾਦ, 25 ਫਰਵਰੀ (ਵਿੰਕਲਜੀਤ ਸਿੰਘ ਸਰਾ): ਭਾਰਤ ਸਰਕਾਰ ਦੇ ਪ੍ਰੈਸ ਇਨਫ਼ਰਮੇਸ਼ਨ ਬਿਊਰੋ (PIB) ਵੱਲੋਂ ਅੱਜ ਭਾਰਤੀ ਅੰਤਰਿਕਸ਼ ਅਨੁਸੰਧਾਨ ਸੰਗਠਨ (ISRO) ਦੇ ਵੱਕਾਰੀ ਸਪੇਸ ਐਪਲੀਕੇਸ਼ਨਜ਼ ਸੈਂਟਰ (SAC), ਅਹਿਮਦਾਬਾਦ ਵਿਖੇ ਮੀਡੀਆ ਪ੍ਰਤੀਨਿਧੀਆਂ ਲਈ ਇੱਕ ਉੱਚ-ਪੱਧਰੀ ਐਕਸਪੋਜ਼ਰ ਟੂਰ ਦਾ ਆਯੋਜਨ ਕੀਤਾ ਗਿਆ। ਇਸ ਰਸਮੀ ਪਹਿਲਕਦਮੀ ਦਾ ਮੁੱਖ ਉਦੇਸ਼ ਰਾਸ਼ਟਰੀ ਅੰਤਰਿਕਸ਼ ਪ੍ਰੋਗਰਾਮ ਦੀਆਂ ਰਣਨੀਤਕ ਪ੍ਰਾਪਤੀਆਂ ਅਤੇ ਅੰਤਰਿਕਸ਼-ਆਧਾਰਿਤ ਸੇਵਾਵਾਂ ਰਾਹੀਂ ਆਮ ਨਾਗਰਿਕਾਂ ਦੇ ਜੀਵਨ ਵਿੱਚ ਆ ਰਹੇ ਸਕਾਰਾਤਮਕ ਬਦਲਾਅ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕਰਨਾ ਸੀ। ਪ੍ਰੋਗਰਾਮ ਦੌਰਾਨ ਇਸਰੋ ਦੇ ਸੀਨੀਅਰ ਵਿਗਿਆਨੀਆਂ ਨੇ ਦੱਸਿਆ ਕਿ ਅੰਤਰਿਕਸ਼ ਤਕਨਾਲੋਜੀ ਹੁਣ ਸਿਰਫ਼ ਖੋਜ ਤੱਕ ਸੀਮਤ ਨਹੀਂ ਹੈ, ਸਗੋਂ ਇਹ ਰਾਸ਼ਟਰੀ ਵਿਕਾਸ ਦੇ ਇੱਕ ਮਜ਼ਬੂਤ ਥੰਮ੍ਹ ਵਜੋਂ ਉੱਭਰ ਰਹੀ ਹੈ। ਮਾਹਿਰਾਂ ਨੇ ਵਿਸਥਾਰ ਵਿੱਚ ਦੱਸਿਆ ਕਿ ਕਿਵੇਂ ਸੈਟੇਲਾਈਟ ਡਾਟਾ ਦੀ ਵਰਤੋਂ ਸਹੀ ਮੌਸਮ ਪੂਰਵ-ਅਨੁਮਾਨ, ਆਫ਼ਤ ਪ੍ਰਬੰਧਨ, ਖੇਤੀਬਾੜੀ ਉਤਪਾਦਕਤਾ ਦੀ ਨਿਗਰਾਨੀ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਸਿੱਖਿਆ ਤੇ ਸਿਹਤ ਸੇਵਾਵਾਂ ਪਹੁੰਚਾਉਣ ਲਈ ਕੀਤੀ ਜਾ ਰਹੀ ਹੈ। ਮੀਡੀਆ ਨੁਮਾਇੰਦਿਆਂ ਨੇ ਕੇਂਦਰ




ਦੀਆਂ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਦਾ ਨਿਰੀਖਣ ਕੀਤਾ ਅਤੇ ਸਵਦੇਸ਼ੀ ਉਪਗ੍ਰਹਿਆਂ ਦੀ ਗੁੰਝਲਦਾਰ ਅਸੈਂਬਲੀ ਤੇ ਡਾਟਾ ਪ੍ਰੋਸੈਸਿੰਗ ਯੂਨਿਟਾਂ ਦੀ ਕਾਰਜਪ੍ਰਣਾਲੀ ਨੂੰ ਨੇੜਿਓਂ ਦੇਖਿਆ। ਵਿਗਿਆਨੀਆਂ ਨੇ ਨੈਵੀਗੇਸ਼ਨ (NavIC) ਦੀ ਮਹੱਤਤਾ @ਤੇ ਰੌਸ਼ਨੀ ਪਾਉਂਦਿਆਂ ਦੱਸਿਆ ਕਿ ਇਹ ਤਕਨਾਲੋਜੀਆਂ ਕੁਦਰਤੀ ਆਫ਼ਤਾਂ ਦੀ ਅਗਾਊਂ ਚੇਤਾਵਨੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਨਿਰਣਾਇਕ ਭੂਮਿਕਾ ਨਿਭਾ ਰਹੀਆਂ ਹਨ।

## ਬਗਦਾਦ ਦੇ ਮਿਊਜ਼ੀਅਮ ਵਿੱਚ ਸੁਸ਼ੋਭਿਤ 550 ਸਾਲ ਪਹਿਲਾਂ ਦੀ ਬਣੀ ਹੋਈ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪੇਂਟਿੰਗ



**ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਇਹ ਤਸਵੀਰ 16ਵੀਂ ਸਦੀ ਦੇ ਮੁਸਲਮਾਨ ਪੇਂਟਰ ਕਮਾਲ ਉਦ ਦੀਨ ਬੇ ਜਦ ਨੇ ਬਣਾਈ ਸੀ ਤੇ ਮੁਸਲਮਾਨ ਲੋਕਾਂ ਦਾ ਮੰਨਣਾ ਹੈ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਉਦਾਸੀ ਦੌਰਾਨ ਬਗਦਾਦ ਵਿੱਚ ਹੂਬਹੂ ਗੁਰੂ ਸਾਹਿਬ ਦੇ ਦਰਸ਼ਨ ਕਰਕੇ ਤਸਵੀਰ ਬਣਾਈ ਗਈ ਸੀ।**

## ਅਰੁਣਾਚਲ ਪ੍ਰਦੇਸ਼ ਅਤੇ ਮਿਜ਼ੋਰਮ ਦਾ ਸਥਾਪਨਾ ਦਿਵਸ ਪੰਜਾਬ ਲੋਕ ਭਵਨ ਵਿਖੇ ਉਤਸ਼ਾਹ ਨਾਲ ਮਨਾਇਆ

ਚੰਡੀਗੜ੍ਹ, 25 ਫਰਵਰੀ (ਚ.ਨ.ਸ.) : ਅਰੁਣਾਚਲ ਪ੍ਰਦੇਸ਼ ਅਤੇ ਮਿਜ਼ੋਰਮ ਦਾ ਸਥਾਪਨਾ ਦਿਵਸ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਯੂਟੀ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਇਸ ਮੌਕੇ ਮੁੱਖ ਮਹਿਮਾਨ ਸਨ। ਇਹ ਸਮਾਗਮ ਏਕ ਭਾਰਤ, ਸ੍ਰੇਸ਼ਠ ਭਾਰਤ ਪਹਿਲਕਦਮੀ ਤਹਿਤ ਆਯੋਜਿਤ ਕੀਤਾ ਗਿਆ ਸੀ, ਜਿਸਦਾ ਉਦੇਸ਼ ਵੱਖ-ਵੱਖ ਰਾਜਾਂ ਵਿੱਚ ਏਕਤਾ ਅਤੇ ਆਪਸੀ ਸਮਝ ਨੂੰ ਉਤਸ਼ਾਹਿਤ ਕਰਨਾ ਹੈ।



ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਦੋਵਾਂ ਰਾਜਾਂ ਦੇ ਨਾਗਰਿਕਾਂ ਨੂੰ ਸਥਾਪਨਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਰੁਣਾਚਲ ਪ੍ਰਦੇਸ਼ ਅਤੇ ਮਿਜ਼ੋਰਮ ਆਪਣੀ ਕੁਦਰਤੀ ਸੁੰਦਰਤਾ, ਅਮੀਰ ਕਬਾਇਲੀ ਸੱਭਿਆਚਾਰ ਅਤੇ ਮਜ਼ਬੂਤ ??ਪਰੰਪਰਾਵਾਂ ਲਈ ਮਸ਼ਹੂਰ ਹਨ। ਉਨ੍ਹਾਂ ਕਿਹਾ ਕਿ ਦੋਵਾਂ ਰਾਜਾਂ ਨੇ 20 ਫਰਵਰੀ, 1987 ਨੂੰ ਪੂਰਨ ਰਾਜ ਦਾ ਦਰਜਾ ਪ੍ਰਾਪਤ ਕੀਤਾ, ਜੋ ਕਿ ਭਾਰਤ ਦੀ ਲੋਕਤੰਤਰੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸੀ। ਉਨ੍ਹਾਂ ਨੇ ਕੁਦਰਤ ਨਾਲ ਉਨ੍ਹਾਂ ਦੇ ਡੂੰਘੇ ਸਬੰਧ ਅਤੇ ਸੱਭਿਆਚਾਰਕ ਅਤੇ ਵਾਤਾਵਰਣ ਸੰਭਾਲ ਵਿੱਚ ਉਨ੍ਹਾਂ ਦੀ ਭੂਮਿਕਾ ਲਈ ਆਦਿਵਾਸੀ ਭਾਈਚਾਰਿਆਂ ਦੀ ਪ੍ਰਸ਼ੰਸਾ ਕੀਤੀ।

ਰਾਜਪਾਲ ਨੇ ਮਿਜ਼ੋਰਮ ਦੀ ਉੱਚ ਸਾਖਰਤਾ ਦਰ ਅਤੇ ਅਨੁਸ਼ਾਸਿਤ ਸਮਾਜ ਦੀ ਪ੍ਰਸ਼ੰਸਾ ਕੀਤੀ, ਅਤੇ ਅਰੁਣਾਚਲ ਪ੍ਰਦੇਸ਼ ਦੀ ਕਬਾਇਲੀ ਵਿਭਿੰਨਤਾ ਦਾ ਜ਼ਿਕਰ ਕੀਤਾ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ @ਏਕ ਭਾਰਤ, ਸ੍ਰੇਸ਼ਠ ਭਾਰਤ@ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵੱਖ-ਵੱਖ ਰਾਜਾਂ ਦੇ ਲੋਕਾਂ ਨੂੰ ਇੱਕ ਦੂਜੇ ਦੇ ਨੇੜੇ ਲਿਆਉਂਦੇ ਹਨ। ਉਨ੍ਹਾਂ ਉੱਤਰ-ਪੂਰਬੀ ਖੇਤਰ ਵਿੱਚ ਕੇਂਦਰ ਸਰਕਾਰ ਦੇ ਵਿਕਾਸ ਯਤਨਾਂ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਭਾਰਤ ਦੀ ਵਿਭਿੰਨਤਾ ਇਸਦੀ ਸਭ ਤੋਂ ਵੱਡੀ ਤਾਕਤ ਹੈ। ਇਸ ਮੌਕੇ ਰੰਗੀਨ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਦਰਸ਼ਕਾਂ ਨੇ ਮਿਜ਼ੋਰਮ ਦੇ ਖੁਆਲਮ ਅਤੇ ਚੇਰਾ ਨਾਚਾਂ ਅਤੇ ਅਰੁਣਾਚਲ ਪ੍ਰਦੇਸ਼ ਦੇ ਗਾਲੋ ਅਤੇ ਮੋਪਿਨ ਨਾਚਾਂ ਦਾ ਆਨੰਦ ਮਾਣਿਆ। ਪ੍ਰੋਗਰਾਮ ਦਾ ਅੰਤ ਸਾਰੇ ਕਲਾਕਾਰਾਂ ਦੁਆਰਾ ਪੇਸ਼ ਕੀਤੇ ਗਏ ਇੱਕ ਸ਼ਾਨਦਾਰ ਗ੍ਰੈਂਡ ਫਿਨਾਲੇ ਨਾਲ ਹੋਇਆ, ਜੋ ਰਾਸ਼ਟਰੀ ਏਕਤਾ ਅਤੇ ਮਾਣ ਦਾ ਪ੍ਰਤੀਕ ਹੈ।

ਇਸ ਮੌਕੇ ਮੌਜੂਦ ਰਾਸ਼ਟਰਪਤੀਆਂ ਵਿੱਚ ਸ਼੍ਰੀ ਨਛੱਤਰ ਪਾਲ, ਵਿਧਾਇਕ, ਪੰਜਾਬ; ਸ਼੍ਰੀ ਸੱਤਿਆ ਪਾਲ ਜੈਨ, ਭਾਰਤ ਦੇ ਵਧੀਕ ਸਾਲਿਸਟਰ ਜਨਰਲ; ਸ਼੍ਰੀ ਵਿਵੇਕ ਪ੍ਰਤਾਪ ਸਿੰਘ, ਪੰਜਾਬ ਦੇ ਰਾਜਪਾਲ ਦੇ ਪ੍ਰਮੁੱਖ ਸਕੱਤਰ; ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ; ਸ਼੍ਰੀ ਸਾਗਰਪ੍ਰੀਤ ਹੁੱਡਾ, ਡੀਜੀਪੀ, ਚੰਡੀਗੜ੍ਹ; ਅਤੇ ਸ਼੍ਰੀ ਸਵਪਨਿਲ ਐਮ. ਨਾਇਕ, ਸਕੱਤਰ (ਪ੍ਰਸੋਨਲ) ਸਮੇਤ ਹੋਰ ਅਧਿਕਾਰੀ ਅਤੇ ਪਤਵੰਤੇ ਵੀ ਮੌਜੂਦ ਸਨ।

## ਵਿਗਿਆਨਕ ਸਬੂਤ ਅਤੇ ਨਿਆਂ ਦੀ ਗਾਰੰਟੀ NFSU ਗਾਂਧੀਨਗਰ ਵਿਖੇ ਮੀਡੀਆ ਨੇ ਜਾਣਿਆ ਕਿਵੇਂ ਸੁਲਝਦੀਆਂ ਨੇ ਅਪਰਾਧਿਕ ਗੁੰਝਲਾਂ



ਅਹਿਮਦਾਬਾਦ, 25 ਫਰਵਰੀ (ਵਿੰਕਲਜੀਤ ਸਿੰਘ ਸਰਾ): ਪ੍ਰੈਸ ਇਨਫ਼ਰਮੇਸ਼ਨ ਬਿਊਰੋ (PIB) ਵੱਲੋਂ ਅੱਜ ਗੁਜਰਾਤ ਦੇ ਗਾਂਧੀਨਗਰ ਸਥਿਤ ਨੈਸ਼ਨਲ ਫੋਰੈਂਸਿਕ ਸਾਇੰਸ ਯੂਨੀਵਰਸਿਟੀ (NFSU) ਵਿਖੇ ਮੀਡੀਆ ਪ੍ਰਤੀਨਿਧੀਆਂ ਲਈ ਇੱਕ ਵਿਸ਼ੇਸ਼ ਅਕਾਦਮਿਕ ਅਤੇ ਤਕਨੀਕੀ ਦੌਰੇ ਦਾ ਆਯੋਜਨ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਮੀਡੀਆ ਜਗਤ ਨੂੰ ਫੋਰੈਂਸਿਕ ਵਿਗਿਆਨ ਅਤੇ ਅਪਰਾਧ ਜਾਂਚ ਦੇ ਖੇਤਰ ਵਿੱਚ ਭਾਰਤ ਦੀਆਂ ਉੱਨਤ ਸਮਰੱਥਾਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। NFSU, ਜੋ ਕਿ ਇੱਕ ਰਾਸ਼ਟਰੀ ਮਹੱਤਵ ਦੀ ਸੰਸਥਾ ਹੈ, ਦੇਸ਼ ਦੀ ਨਿਆਂ ਪ੍ਰਣਾਲੀ ਨੂੰ ਵਿਗਿਆਨਕ ਅਧਾਰ 'ਤੇ ਮਜ਼ਬੂਤ ਕਰਨ ਲਈ ਵਿਸ਼ਵ ਪੱਧਰ 'ਤੇ ਮੋਹਰੀ ਭੂਮਿਕਾ ਨਿਭਾ ਰਹੀ ਹੈ। ਮੀਡੀਆ ਟੂਰ ਦੌਰਾਨ ਪ੍ਰਤੀਨਿਧੀਆਂ ਨੇ ਯੂਨੀਵਰਸਿਟੀ ਦੀਆਂ ਅਤਿ-ਆਧੁਨਿਕ ਫੋਰੈਂਸਿਕ ਪ੍ਰਯੋਗਸ਼ਾਲਾਵਾਂ ਦਾ ਨਿਰੀਖਣ ਕੀਤਾ, ਜਿੱਥੇ ਡੀਐਨਏ ਟੈਸਟਿੰਗ, ਬੈਲਿਸਟਿਕਸ ਅਤੇ ਡਿਜੀਟਲ ਫੋਰੈਂਸਿਕ ਵਰਗੀਆਂ ਉੱਨਤ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ ਗਿਆ। ਮਾਹਿਰਾਂ ਨੇ ਦੱਸਿਆ ਕਿ ਇਹ ਪ੍ਰਯੋਗਸ਼ਾਲਾਵਾਂ ਗੁੰਝਲਦਾਰ ਅਪਰਾਧਿਕ ਮਾਮਲਿਆਂ ਨੂੰ ਸੁਲਝਾਉਣ ਲਈ ਅਹਿਮ ਵਿਗਿਆਨਕ ਸਬੂਤ ਮੁਹੱਈਆ ਕਰਵਾਉਂਦੀਆਂ ਹਨ। ਇਸ ਤੋਂ ਇਲਾਵਾ, ਸਾਈਬਰ ਸੁਰੱਖਿਆ ਕੇਂਦਰ ਦੀ ਕਾਰਜਪ੍ਰਣਾਲੀ ਨੂੰ ਵਿਸ਼ੇਸ਼ ਤੌਰ @ਤੇ ਉਜਾਗਰ ਕੀਤਾ ਗਿਆ, ਜੋ ਡਾਟਾ ਸੁਰੱਖਿਆ ਅਤੇ ਸਾਈਬਰ ਹਮਲਿਆਂ ਤੋਂ ਬਚਾਅ ਲਈ ਮਹੱਤਵਪੂਰਨ ਖੋਜ ਕਾਰਜ ਕਰ ਰਿਹਾ ਹੈ। ਇਹ ਯੂਨੀਵਰਸਿਟੀ ਨਾ ਕੇਵਲ ਮਾਹਿਰ ਪੇਸ਼ੇਵਰ ਤਿਆਰ ਕਰ ਰਹੀ ਹੈ, ਸਗੋਂ ਪੁਲਿਸ ਵਿਭਾਗਾਂ ਅਤੇ ਨਿਆਂਇਕ ਅਧਿਕਾਰੀਆਂ ਲਈ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਵੀ ਚਲਾ ਰਹੀ ਹੈ ਤਾਂ ਜੋ ਭਾਰਤੀ ਨਿਆਂ ਪ੍ਰਣਾਲੀ ਨੂੰ ਵਧੇਰੇ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।

## ਮਹਾਰਾਸ਼ਟਰ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 'ਹਿੰਦ ਦੀ ਚਾਦਰ' ਸਿਹਤ ਕੈਂਪ ਆਯੋਜਿਤ

ਬਾਬਾ ਬਕਾਲਾ ਸਾਹਿਬ, 25 ਫਰਵਰੀ (ਬਲਰਾਜ ਸਿੰਘ ਰਾਜਾ) : ਮਹਾਰਾਸ਼ਟਰ ਵਿਖੇ ਖਾਰਘਰ (ਨਵੀਂ ਮੁੰਬਈ) ਦੇ ਉਵੇ ਮੈਦਾਨ 'ਚ 28 ਫਰਵਰੀ ਤੇ 01 ਮਾਰਚ ਨੂੰ ਤੀਸਰੇ ਪੜਾਅ ਦੇ ਹੋਣ ਜਾ ਰਹੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਤੋਂ ਪਹਿਲਾਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ 'ਹਿੰਦ-ਦੀ-ਚਾਦਰ' ਸਿਹਤ ਕੈਂਪ ਲਗਾਏ ਜਾ ਰਹੇ ਹਨ।



ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਵੱਲੋਂ ਜਾਰੀ ਵਿਸ਼ੇਸ਼ ਹਦਾਇਤਾਂ ਅਨੁਸਾਰ ਇਹ ਸਿਹਤ ਕੈਂਪ ਗੁਰੂ ਜੀ ਦੀ ਮਾਨਵਤਾ ਪ੍ਰਤੀ ਸੇਵਾ ਤੇ ਬਲਿਦਾਨ ਨੂੰ ਯਾਦ ਕਰਦੇ ਹੋਏ ਲੋੜਵੰਦ ਲੋਕਾਂ ਨੂੰ ਮੁਫਤ ਸਿਹਤ ਸਬੰਧੀ ਸਲਾਹ ,ਡਾਕਟਰੀ ਸਹਾਇਤਾ ਅਤੇ ਦਵਾਈਆਂ ਮੁਹੱਈਆ ਕਰਵਾਉਣ ਲਈ ਆਯੋਜਿਤ ਕੀਤੇ ਗਏ,ਜਿਸਦਾ ਉਦੇਸ਼ ਸ਼ਹੀਦੀ ਦਿਵਸ ਮੌਕੇ ਮਾਨਵਤਾ ਦੀ ਸੇਵਾ ਤੇ ਗੁਰੂ ਜੀ ਦੇ ਸੰਦੇਸ਼ ਨੂੰ ਮਹਾਰਾਸ਼ਟਰ ਦੇ ਘਰ-ਘਰ ਫੈਲਾਉਣਾ ਹੈ।

ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮਹਾਰਾਸ਼ਟਰ ਸਰਕਾਰ ਵੱਲੋਂ 'ਹਿੰਦ ਦੀ ਚਾਦਰ' ਨਾਮ ਅਧੀਨ ਚਲਾਈ ਜਾ ਰਹੀ ਇਸ ਮੁਹਿੰਮ ਅਧੀਨ ਕੋਂਕਣ ਖੇਤਰ ਦੇ ਵੱਖ-ਵੱਖ ਹਿੱਸਿਆਂ 'ਚ, ਜਿੱਥੇ ਸਿਹਤ ਸੇਵਾਵਾਂ ਦੀ ਲੋੜ ਹੈ,ਉੱਥੇ ਮਾਹਿਰ ਡਾਕਟਰਾਂ ਦੀ ਦੇਖ ਰੇਖ ਹੇਠ ਇੰਨ੍ਹਾ ਸਿਹਤ ਕੈਂਪਾਂ ਦੀ ਵਿਵਸਥਾ ਕੀਤੀ ਜਾ ਰਹੀ ਹੈ।ਸਿਹਤ ਕੈਂਪਾਂ ਦੌਰਾਨ ਲੋੜਵੰਦਾਂ ਲਈ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਐਕਸ-ਰੇ ਜਾਂਚ, ਹਰ ਤਰ੍ਹਾਂ ਦੇ ਖ਼ੂਨ ਦੇ ਟੈਸਟ, ਈ.ਸੀ.ਜੀ., ਕੈਂਸਰ ਦੀ ਜਾਂਚ ਤੇ ਇਲਾਜ ਤੋਂ ਇਲਾਵਾ ਗਰਭਵਤੀ ਮਹਿਲਾਵਾਂ ਦੀ ਜਾਂਚ, ਬੱਚੇ ਦੇ ਜਨਮ ਤੋਂ ਪਹਿਲਾਂ ਤੇ ਬਾਅਦ ਦੀਆਂ ਸੇਵਾਵਾਂ, ਟੀਕਾਕਰਨ, ਖੁਰਾਕ ਤੇ ਪੋਸ਼ਣ ਸੰਬੰਧੀ ਸਲਾਹ ਆਦਿ ਮੈਡੀਕਲ ਸੁਵਿਧਾਵਾਂ ਸ਼ਾਮਲ ਹਨ, ਜੋ ਲੋੜ ਅਨੁਸਾਰ ਮਰੀਜ਼ਾਂਨੂੰ ਮੁਫਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਸ੍ਰੀ ਨਾਇਕ ਨੇ ਦੱਸਿਆ ਕਿ ਇਹ ਸਿਹਤ ਕੈਂਪ 25 ਫਰਵਰੀ ਤੱਕ ਚੱਲਣਗੇ ਤੇ ਹੁਣ ਤੱਕ ਢਾਈ ਲੱਖ ਦੇ ਕਰੀਬ ਲੋੜਵੰਦ ਇੰਨ੍ਹਾਂ ਸੇਵਾਵਾਂ ਦਾ ਫਾਇਦਾ ਲੈ ਚੁੱਕੇ ਹਨ।

ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੀ ਪੁਰਜ਼ੋਰ ਸ਼ਲਾਘਾ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਮਾਜ ਭਲਾਈ ਲਈ ਸਰਕਾਰ ਦਾ ਇਹ ਇੱਕ ਮਹੱਤਵਪੂਰਨ ਕਦਮ ਹੈ।

## ਵੈਦਿਕ ਸਨਾਤਨ ਗਿਆਨ ਦਾ ਸੰਗਮ ਹੀ ਭਵਿੱਖ ਦੀਆਂ ਡਾਕਟਰੀ ਪ੍ਰਣਾਲੀਆਂ ਦੀ ਦਿਸ਼ਾ ਨਿਰਧਾਰਤ ਕਰ ਸਕਦੈ : ਸਵਾਮੀ ਰਾਮਦੇਵ




ਹਰਿਦੁਆਰ, 25 ਫਰਵਰੀ (ਅੰਮ੍ਰਿਤਪਾਲ ਸਿੰਘ) : ਪਤੰਜਲੀ ਰਿਸਰਚ ਇਸਟੀਚਿਊਟ ਅਤੇ ਪਤੰਜਲੀ ਯੂਨੀਵਰਸਿਟੀ ਦੀ ਅਗਵਾਈ ਹੇਠ ਦੋ-ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਪਲਾਂਟਸ ਟੂ ਪੇਸ਼ੈਂਟਸ ਸੀਰੀਜ਼ 4 - ਐਥਨੋਫਾਰਮਾਕੋਲੋਜੀ ਬਿਓਂਡ ਟਾਈਮਜ਼ ਅੱਜ ਸਮਾਪਤ ਹੋਈ। ਇਸ ਕਾਨਫਰੰਸ ਨੇ ਦੁਨੀਆ ਨੂੰ ਇੱਕ ਸਪੱਸ਼ਟ ਸੁਨੇਹਾ ਦਿੱਤਾ ਕਿ ਪਰੰਪਰਾਗਤ ਇਲਾਜ ਅਭਿਆਸ ਸਿਰਫ਼ ਵਿਸ਼ਵਾਸ ਦਾ ਮਾਮਲਾ ਨਹੀਂ ਹਨ, ਸਗੋਂ ਵਿਗਿਆਨਕ ਜਾਂਚ ਅਤੇ ਸਬੂਤਾਂ ਰਾਹੀਂ, ਭਵਿੱਖ ਦੀ ਵਿਸ਼ਵ ਸਿਹਤ ਪ੍ਰਣਾਲੀ ਲਈ ਇੱਕ ਮਜ਼ਬੂਤ ਨੀਂਹ ਬਣ ਸਕਦੇ ਹਨ। ਇਸ ਅੰਤਰਰਾਸ਼ਟਰੀ ਕਾਨਫਰੰਸ ਵਿੱਚ, ਭਾਰਤ ਅਤੇ ਵਿਦੇਸ਼ਾਂ ਦੇ ਉੱਘੇ ਵਿਗਿਆਨੀ, ਖੋਜਕਰਤਾ ਅਤੇ ਡਾਕਟਰੀ ਮਾਹਿਰ, ਜਿਨ੍ਹਾਂ ਵਿੱਚ ਇਟਲੀ ਦੀ ਪੇਰੂਜੀਆ ਯੂਨੀਵਰਸਿਟੀ ਤੋਂ ਪ੍ਰੋਫੈਸਰ ਡੋਮੇਨੀਕੋ ਵਿਟੋਰੀਓ ਡੇਲਫਿਨੋ ਅਤੇ ਇੰਟਰਨੈਸ਼ਨਲ ਸੋਸਾਇਟੀ ਫਾਰ ਐਥਨੋਫਾਰਮਾਕੋਲੋਜੀ ਦੇ ਪ੍ਰਧਾਨ, ਫਰਾਂਸ ਦੀ ਕੋਟ ਡੀ@ਅਜ਼ੂਰ ਯੂਨੀਵਰਸਿਟੀ ਤੋਂ ਪ੍ਰੋਫੈਸਰ ਲੂਈਸ-ਫੇਲਿਕਸ ਨੋਟੀਅਸ, ਆਸਟਰੀਆ ਦੀ ਗ੍ਰੇਜ਼ ਯੂਨੀਵਰਸਿਟੀ ਤੋਂ ਪ੍ਰੋਫੈਸਰ ਰੁਡੋਲਫ ਬਾਉਰ, ਨੀਦਰਲੈਂਡ ਤੋਂ ਐਲਸੇਵੀਅਰ ਪ੍ਰਕਾਸ਼ਨ ਦੇ ਸੀਨੀਅਰ ਪ੍ਰਕਾਸ਼ਕ ਪ੍ਰੋਫੈਸਰ ਐਨ-ਮੈਰੀ ਸ਼ੋਨੀ-ਪੋਰਡਨ, ਥਾਈਲੈਂਡ ਦੀ ਮਾਏ ਫਾ ਲੁਆਂਗ ਯੂਨੀਵਰਸਿਟੀ ਤੋਂ ਪ੍ਰੋਫੈਸਰ ਤਿਦਰਤ ਡੁਆਂਗਯੋਟ, ਸੋਸਾਇਟੀ ਫਾਰ ਐਥਨੋਫਾਰਮਾਕੋਲੋਜੀ ਦੇ ਸੰਸਥਾਪਕ ਪੁਲਕ ਕੇ.ਮੁਖਰਜੀ, ਏਮਜ਼, ਕਲਿਆਣੀ ਤੋਂ ਪ੍ਰੋਫੈਸਰ ਵਾਈ. ਕੇ. ਗੁਪਤਾ, ਏਮਜ਼, ਰਿਸ਼ੀਕੇਸ਼ ਦੇ ਡਾਇਰੈਕਟਰ ਪ੍ਰੋਫੈਸਰ ਮੀਨੂ ਸਿੰਘ, ਏਮਜ਼, ਨਵੀਂ ਦਿੱਲੀ ਤੋਂ ਪ੍ਰੋਫੈਸਰ ਪੁਨੀਤ ਧਮੀਜਾ, ਪ੍ਰੋਫੈਸਰ (ਮੇਜਰ) ਐਮ. ਡੀ. ਰੇ, ਟਾਟਾ ਮੈਮੋਰੀਅਲ ਹਸਪਤਾਲ (ਏ.ਸੀ.ਟੀ.ਆਰ.ਈ.ਸੀ.), ਮੁੰਬਈ ਤੋਂ ਪ੍ਰੋਫੈਸਰ ਵਿਕਰਮ ਗੋਟਾ ਅਤੇ ਐਨਆਈਪੀਈਆਰ, ਮੋਹਾਲੀ ਤੋਂ ਪ੍ਰੋਫੈਸਰ ਸੰਜੇ ਜਾਚਕ ਸ਼ਾਮਲ ਸਨ, ਨੇ ਹਿੱਸਾ ਲਿਆ ਅਤੇ ਆਯੁਰਵੇਦ, ਆਧੁਨਿਕ ਵਿਗਿਆਨ ਅਤੇ ਦਵਾਈ ਦੇ ਏਕੀਕਰਨ 'ਤੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ 'ਤੇ, ਆਚਾਰੀਆ ਬਾਲਕ੍ਰਿਸ਼ਨ ਨੇ ਕਿਹਾ ਕਿ ਆਯੁਰਵੇਦ ਅਤੇ ਸਿੱਧ ਦਵਾਈ ਪ੍ਰਣਾਲੀਆਂ ਦੇ ਨਾਲ, ਯੂਨਾਨੀ, ਮਿਸਰੀ, ਯੂਨਾਨੀ, ਤਿੱਬਤੀ, ਚੀਨੀ, ਜਾਪਾਨੀ ਅਤੇ ਕੋਰੀਆਈ ਦਵਾਈ ਪ੍ਰਣਾਲੀਆਂ ਦੁਨੀਆ ਭਰ ਵਿੱਚ ਮੌਜੂਦ ਹਨ। ਲੋੜ ਇਸ ਗੱਲ ਦੀ ਹੈ ਕਿ ਇਨ੍ਹਾਂ ਡਾਕਟਰੀ ਪ੍ਰਣਾਲੀਆਂ ਨੂੰ ਖੋਜ ਅਤੇ ਵਿਗਿਆਨਕ ਪ੍ਰਮਾਣਿਕਤਾ ਦੇ ਨਾਲ ਦੁਨੀਆ ਦੇ ਸਾਹਮਣੇ ਪੇਸ਼ ਕੀਤਾ ਜਾਵੇ, ਤਾਂ ਜੋ ਇੱਕ ਸੰਪੂਰਨ ਅਤੇ ਰੋਕਥਾਮ ਸਿਹਤ ਸੰਭਾਲ ਮਾਡਲ ਅਤੇ ਵਿਸ਼ਵ ਸਿਹਤ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਬਣਾਇਆ ਜਾ ਸਕੇ, ਜਿਸ ਨਾਲ ਜਨਤਾ ਨੂੰ ਬਿਮਾਰੀਆਂ ਦੇ ਆਸਾਨ, ਸੁਰੱਖਿਅਤ ਅਤੇ ਪਹੁੰਚਯੋਗ ਹੱਲ ਪ੍ਰਦਾਨ ਕੀਤੇ ਜਾ ਸਕਣ।

## ਆਈਟੀਆਈ ਅਤੇ ਪੌਲੀਟੈਕਨਿਕ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਅਤੇ ਜਾਗਰੂਕਤਾ ਵਰਕਸ਼ਾਪ ਲੜੀ ਲਗਾਈ

ਚੰਡੀਗੜ੍ਹ, 25 ਫਰਵਰੀ (ਚ.ਨ.ਸ.) : ਨੀਤੀ ਆਯੋਗ ਦੇ ਸਟੇਟ ਸਪੋਰਟ ਮਿਸ਼ਨ (ਐਸਐਸਐਮ) ਅਧੀਨ ਚੰਡੀਗੜ੍ਹ ਇੰਸਟੀਚਿਊਟ ਫਾਰ ਟ੍ਰਾਂਸਫਾਰਮੇਸ਼ਨ (ਸੀਆਈਟੀ), ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ



(ਸੀਐਸਡੀਐਮ), ਸੈਂਟਰ ਫਾਰ ਸਕਿੱਲ ਡਿਵੈਲਪਮੈਂਟ ਐਂਡ ਐਂਟਰਪ੍ਰਨਿਓਰਸ਼ਿਪ (ਸੀਐਸਡੀਈ), ਪੰਜਾਬ ਯੂਨੀਵਰਸਿਟੀ, ਅਤੇ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨੀਕਲ ਟੀਚਰਜ਼ ਟ੍ਰੇਨਿੰਗ ਐਂਡ ਰਿਸਰਚ, ਚੰਡੀਗੜ੍ਹ ਦੇ ਸਹਿਯੋਗ ਨਾਲ, 24-25 ਫਰਵਰੀ, 2026 ਨੂੰ ਆਈਟੀਆਈ ਅਤੇ ਪੌਲੀਟੈਕਨਿਕ ਵਿਦਿਆਰਥੀਆਂ ਲਈ ਦੋ ਦਿਨਾਂ ਫਿਊਚਰ-ਰੇਡੀ ਸਕਿੱਲਜ਼: ਓਰੀਐਂਟੇਸ਼ਨ ਅਤੇ ਜਾਗਰੂਕਤਾ ਵਰਕਸ਼ਾਪ ਲੜੀ ਦਾ ਆਯੋਜਨ ਕੀਤਾ ਗਿਆ। ਸ਼੍ਰੀ ਦੀਪਰੇਵਾ ਲਾਕਰਾ, ਆਈਏਐਸ, ਵਿੱਤ ਸਕੱਤਰ-ਕਮ-ਯੋਜਨਾ ਸਕੱਤਰ, ਯੂਟੀ ਚੰਡੀਗੜ੍ਹ, ਪ੍ਰੋਗਰਾਮ ਦੇ ਉਦਘਾਟਨੀ ਸੈਸ਼ਨ ਵਿੱਚ ਮੁੱਖ ਮਹਿਮਾਨ ਸਨ।

## ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਵੱਲੋਂ ਪ੍ਰਦੂਸ਼ਨ ਕੰਟਰੋਲ ਕਮੇਟੀ ਦਾ ਤਿਮਾਹੀ ਵਾਤਾਵਰਨ ਮੈਗਜ਼ੀਨ ਜਾਰੀ

ਚੰਡੀਗੜ੍ਹ, 25 ਫਰਵਰੀ (ਚ.ਨ.ਸ.) : ਯੂਟੀ ਚੰਡੀਗੜ੍ਹ ਦੇ ਮਾਨਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ (ਸੀਪੀਸੀਸੀ) ਦਾ ਪਹਿਲਾ ਤਿਮਾਹੀ ਵਾਤਾਵਰਣ ਮੈਗਜ਼ੀਨ ਜਾਰੀ ਕੀਤਾ। ਇਸ ਮੌਕੇ ਮੁੱਖ ਸਕੱਤਰ, ਗ੍ਰਹਿ ਸਕੱਤਰ-ਕਮ-ਚੇਅਰਮੈਨ, ਸੀਪੀਸੀਸੀ, ਮੈਂਬਰ ਸਕੱਤਰ, ਸੀਪੀਸੀਸੀ, ਅਤੇ ਕਮੇਟੀ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ। ਇਹ ਤਿਮਾਹੀ ਮੈਗਜ਼ੀਨ ਚੰਡੀਗੜ੍ਹ ਦੀ ਵਾਤਾਵਰਣ ਸਥਿਤੀ ਨੂੰ ਪਾਰਦਰਸ਼ੀ ਅਤੇ ਨਾਗਰਿਕ-ਅਨੁਕੂਲ ਢੰਗ ਨਾਲ ਪੇਸ਼ ਕਰਨ ਲਈ ਤਿਆਰ ਕੀਤਾ ਗਿਆ ਹੈ। ਇਸ ਵਿੱਚ ਤਿਮਾਹੀ ਦੌਰਾਨ ਕੀਤੀਆਂ ਗਈਆਂ ਵਾਤਾਵਰਣ ਨਿਗਰਾਨੀ ਗਤੀਵਿਧੀਆਂ ਬਾਰੇ ਵਿਸਤ੍ਰਿਤ ਜਾਣਕਾਰੀ ਸ਼ਾਮਲ ਹੈ,



ਜਿਸ ਵਿੱਚ ਪ੍ਰਮੁੱਖ ਝੀਲਾਂ ਦੀ ਪਾਣੀ ਦੀ ਗੁਣਵੱਤਾ, ਸੀਵਰੇਜ ਟ੍ਰੀਟਮੈਂਟ ਪਲਾਂਟਾਂ (ਐਸਟੀਪੀ) ਦੀ ਕਾਰਗੁਜ਼ਾਰੀ, ਭੂਮੀਗਤ ਪਾਣੀ ਦੀ ਨਿਗਰਾਨੀ, ਚੋਅ (ਡਰੇਨ) ਦਾ ਮੁਲਾਂਕਣ, ਅਤੇ ਸ਼ਹਿਰ ਵਿੱਚ ਵਾਤਾਵਰਣ ਦੀ ਹਵਾ ਦੀ ਗੁਣਵੱਤਾ ਦੀ ਨਿਗਰਾਨੀ ਸ਼ਾਮਲ ਹੈ। ਦੀਵਾਲੀ ਅਤੇ ਛੱਠ ਪੂਜਾ ਦੌਰਾਨ ਕੀਤੀ ਗਈ ਵਿਸ਼ੇਸ਼ ਨਿਗਰਾਨੀ ਨੂੰ ਵੀ ਉਜਾਗਰ ਕੀਤਾ ਗਿਆ ਹੈ। ਇਸ ਪ੍ਰਕਾਸ਼ਨ ਵਿੱਚ ਚੰਡੀਗੜ੍ਹ ਦੀ ਹਵਾ ਗੁਣਵੱਤਾ ਬਾਰੇ ਇੱਕ ਵਿਸ਼ੇਸ਼ ਰਿਪੋਰਟ ਸ਼ਾਮਲ ਹੈ, ਨਾਲ ਹੀ ਪ੍ਰਤੀਕੂਲ ਹਵਾ ਗੁਣਵੱਤਾ ਦੀ ਸਥਿਤੀ ਵਿੱਚ ਗ੍ਰੇਡੇਡ ਰਿਸਪਾਂਸ ਐਕਸ਼ਨ ਪਲਾਨ ਨੂੰ ਲਾਗੂ ਕਰਨ ਦੇ ਵੇਰਵੇ ਵੀ ਸ਼ਾਮਲ ਹਨ। ਇਸ ਵਿੱਚ CPCC ਦੀਆਂ ਰੈਗੂਲੇਟਰੀ ਕਾਰਵਾਈਆਂ, ਲਾਗੂ ਕਰਨ ਦੀਆਂ ਗਤੀਵਿਧੀਆਂ ਅਤੇ ਵੱਖ-ਵੱਖ ਵਾਤਾਵਰਣ ਕਾਨੂੰਨਾਂ ਅਧੀਨ ਪਾਲਣਾ ਉਪਾਵਾਂ ਬਾਰੇ ਜਾਣਕਾਰੀ ਵੀ ਸ਼ਾਮਲ ਹੈ। ਇਹ ਮੈਗਜ਼ੀਨ ਪਲਾਸਟਿਕ ਰਹਿੰਦ-ਖੂੰਹਦ ਪ੍ਰਬੰਧਨ, ਠੋਸ ਰਹਿੰਦ-ਖੂੰਹਦ ਪ੍ਰਬੰਧਨ ਅਤੇ ਹਵਾ ਪ੍ਰਦੂਸ਼ਣ ਨਿਯੰਤਰਣ ਨਾਲ ਸਬੰਧਤ ਜਨਤਕ ਜਾਗਰੂਕਤਾ ਮੁਹਿੰਮਾਂ ਦੇ ਨਾਲ-ਨਾਲ ਤਿਮਾਹੀ ਦੌਰਾਨ CPCC ਦੀਆਂ ਮੁੱਖ ਪ੍ਰਾਪਤੀਆਂ ਅਤੇ ਨਵੀਆਂ ਪਹਿਲਕਦਮੀਆਂ ਨੂੰ ਉਜਾਗਰ ਕਰਦਾ ਹੈ।ਮਾਨਯੋਗ ਪ੍ਰਸ਼ਾਸਕ ਨੇ ਵਾਤਾਵਰਣ ਨਿਗਰਾਨੀ, ਪਾਰਦਰਸ਼ਤਾ ਅਤੇ ਜਨਤਕ ਜਾਗਰੂਕਤਾ ਨੂੰ ਮਜ਼ਬੂਤ ਕਰਨ ਲਈ CPCC ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਭਾਰਤ ਅਤੇ ਦੁਨੀਆ ਭਰ ਵਿੱਚ ਯੋਗਾ ਦੀ ਤਰੱਕੀ ਵਿੱਚ ਪਰਿਵਰਤਨਸ਼ੀਲ ਯੋਗਦਾਨਾਂ ਦਾ ਸਨਮਾਨ ਕਰਨਾ

ਨਵੀਂ ਦਿੱਲੀ, 25 ਫਰਵਰੀ (ਚ.ਨ.ਸ.) : ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਦ੍ਰਿਸ਼ਟੀਕੋਣ ਅਤੇ ਅਗਵਾਈ ਹੇਠ, ਯੋਗਾ ਨੇ ਹਾਲ ਹੀ ਦੇ ਸਾਲਾਂ ਵਿੱਚ ਬੇਮਿਸਾਲ ਵਿਸ਼ਵਵਿਆਪੀ ਪਹੁੰਚ ਅਤੇ ਜਨਤਕ ਭਾਗੀਦਾਰੀ ਦੇਖੀ ਹੈ। ਰੋਕਥਾਮ ਵਾਲੇ ਸਿਹਤ ਅਭਿਆਸਾਂ ਨੂੰ ਅਪਣਾਉਣ ਵਾਲੇ ਭਾਈਚਾਰਿਆਂ ਤੋਂ ਲੈ ਕੇ ਯੋਗਾ ਨੂੰ ਸਿਹਤ ਸੰਭਾਲ ਪ੍ਰਣਾਲੀਆਂ ਵਿੱਚ ਜੋੜਨ ਵਾਲੀਆਂ ਸੰਸਥਾਵਾਂ ਤੱਕ, ਇਹ ਅਨੁਸ਼ਾਸਨ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਤੰਦਰੁਸਤੀ ਲਈ ਆਪਣੇ ਸੰਪੂਰਨ ਪਹੁੰਚ ਰਾਹੀਂ ਦੇਸ਼ਾਂ ਭਰ ਦੇ ਨਾਗਰਿਕਾਂ ਨੂੰ ਲਾਭ ਪਹੁੰਚਾ ਰਿਹਾ ਹੈ। ਪ੍ਰਧਾਨ ਮੰਤਰੀ ਯੋਗਾ ਪੁਰਸਕਾਰ 2026 ਉਨ੍ਹਾਂ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਸਨਮਾਨਿਤ ਕਰਦਾ ਹੈ ਜਿਨ੍ਹਾਂ ਦੇ ਨਿਰੰਤਰ ਯਤਨਾਂ ਨੇ ਵਿਸ਼ਵ ਪੱਧਰ @ਤੇ ਯੋਗਾ ਦੇ ਪ੍ਰਭਾਵ ਦਾ ਵਿਸਥਾਰ ਕੀਤਾ ਹੈ।

**ਜਨਮ ਦਿਨ ਮੁਬਾਰਕ**



ਸਮਰਵੀਰ ਸਿੰਘ









## ਪੇਕੇ ਪਿੰਡ ਸੈਂਪਲੀ ਦੇ ਸਾਹਿਤ ਪ੍ਰੇਮੀਆਂ ਨੇ ਕੀਤਾ ਪਿੰਡ ਦੀ ਧੀ ਪਰਮਜੀਤ ਕੌਰ ਸਰਹਿੰਦ ਦਾ ਸਨਮਾਨ



ਫਤਿਹਗੜ੍ਹ ਸਾਹਿਬ, 25 ਫਰਵਰੀ (ਹਰਪ੍ਰੀਤ ਕੌਰ ਟਿਵਾਣਾ) ਸਾਹਿਤਕ ਖੇਤਰ ਵਿੱਚ ਸਾਹਿਤਕ ਜਾਂ ਸਰਕਾਰੀ ਸੰਸਥਾਵਾਂ ਵੱਲੋਂ ਕਿਸੇ ਕਲਮਕਾਰ ਦੇ ਸਨਮਾਨ ਦੇ ਚਰਚੇ ਆਮ ਪੜ੍ਹਨ ਨੂੰ ਮਿਲਦੇ ਹਨ ਪਰ ਕਿਸੇ ਵੱਲੋਂ ਪਿੰਡ ਦੀ ਨੂੰਹ-ਧੀ ਦਾ ਮਾਣ-ਸਨਮਾਨ ਕੀਤਾ ਜਾਣਾ ਇੱਕ ਨਵੀਂ ਤੇ ਮਾਨਮੱਤੀ ਪਿਰਤ ਹੈ, ਇਹ ਪਿਰਤ ਪਰਮਜੀਤ ਕੌਰ ਸਰਹਿੰਦ ਦੇ ਪੇਕੇ ਪਿੰਡ ਦੇ ਸਾਹਿਤ ਪ੍ਰੇਮੀਆਂ ਤੇ ਰਿਸ਼ਤਿਆਂ ਦੀ ਅਹਿਮੀਅਤ ਸਮਝਣ ਵਾਲੇ ਉਨ੍ਹਾਂ ਦਿਲਦਾਰ ਜਿਊੜਿਆਂ ਨੇ ਪਾਈ ਹੈ ਜਿਨ੍ਹਾਂ ਨਾਲ ਭਾਵੇਂ ਲੇਖਕਾ ਦਾ ਖ਼ੂਨ ਦਾ ਨਹੀਂ ਬਲਕਿ ਰੂਹ ਦਾ ਰਿਸ਼ਤਾ ਹੈ। ਇਸ ਸਨਮਾਨ ਨੇ ਜਿੱਥੇ ਸਾਹਿਤਕ ਖੇਤਰ ਵਿੱਚ ਨਵਾਂ ਕਾਰਜ ਕੀਤਾ ਹੈ ਉੱਥੇ ਅੱਜ ਦੇ ਯੁੱਗ ਵਿੱਚ ਰਿਸ਼ਤਿਆਂ ਨੂੰ ਲੱਗੇ ਖੋਰੇ ਨੂੰ ਠੱਲ੍ਹ ਪਾਉਣ ਤੇ ਪਿੰਡ ਦੇ ਇੱਕ ਪਰਿਵਾਰ ਦੀ ਧੀ ਸਾਰੇ ਪਿੰਡ ਦੀ ਧੀ ਹੁੰਦੀ ਹੈ ਦੀ ਪੁਰਾਤਨ ਰੀਤ ਨੂੰ ਅੱਗੇ ਤੋਰਿਆ ਹੈ। ਜ਼ਿਲ੍ਹਾ ਲਿਖਾਰੀ ਸਭਾ (ਰਜਿ:) ਸ੍ਰੀ ਫ਼ਤਹਿਗੜ੍ਹ ਸਾਹਿਬ ਤੇ ਪਰਮਜੀਤ ਕੌਰ ਸਰਹਿੰਦ ਦੇ ਪਰਿਵਾਰ ਵੱਲੋਂ ਚਾਰ ਸਾਹਿਤਕਾਰਾਂ ਨੂੰ ਉਨ੍ਹਾਂ ਦੇ ਪਤੀ ਸ. ਊਧਮ ਸਿੰਘ ਮੈਨੇਜਰ ਯਾਦਗਾਰੀ ਸਨਮਾਨ ਦੇਣ ਮੌਕੇ ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਵਿਖੇ ਇਸ ਮੌਕੇ ਨਗਰ ਨਿਵਾਸੀਆਂ ਵੱਲੋਂ ਲੇਖਕਾ ਨੂੰ ਇੱਕ ਵੱਡ ਆਕਾਰੀ ਸਨਮਾਨ ਪੱਤਰ, ਸ਼ਾਲ ਤੇ ਨਕਦ ਰਾਸ਼ੀ ਦੇ ਕੇ ਮਾਣ ਕੀਤਾ ਗਿਆ। ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪੋਤਰੇ ਪੂਨਮ ਪ੍ਰਤੀਕ ਸਿੰਘ ਨੂੰ ਦਸਤਾਰ, ਨੂੰਹ ਰੁਪਿੰਦਰਜੀਤ ਕੌਰ ਰਵੀ, ਪੋਤਰੀ ਸਾਹਿਬ ਸਵਾਬ ਕੌਰ ਤੇ ਧੀਆਂ ਸਨਦੀਪ ਕੌਰ ਤੇ ਮਨਦੀਪ ਕੌਰ ਨੂੰ ਵੀ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਪਰਮਜੀਤ ਕੌਰ ਸਰਹਿੰਦ ਨੇ ਆਪਣੇ ਪੇਕੇ ਪਿੰਡ ਸੈਂਪਲੀ ਬਾਰੇ ਇੱਕ ਪੁਸਤਕ ਬਾਬਲ ਤੇਰਾ ਪਿੰਡ ਲੰਘ ਕੇ ਲਿਖੀ ਹੈ ਜਿਸ ਵਿੱਚ ਪਿੰਡ ਦਾ ਪਿਛੋਕੜ ਤੇ ਪ੍ਰਾਪਤੀਆਂ ਦਾ ਵਿਸਥਾਰ ਰੂਪ ਵਿੱਚ ਵਰਨਣ ਕੀਤਾ ਗਿਆ ਹੈ। ਸਨਮਾਨ ਕਰਨ ਵਾਲੀ ਸਮੁੱਚੀ ਟੀਮ ਦੇ ਮੋਹਰੀ ਕਰਮਿੰਦਰ ਸਿੰਘ ਧਾਲੀਵਾਲ ਉਨ੍ਹਾਂ ਦੀ ਸੁਪਤਨੀ ਤਰਲੋਚਨ ਕੌਰ ਪੋਤਰੀ ਹਰਸਹਿਜ ਕੌਰ ਤੇ ਸਮੂਹ ਪਰਿਵਾਰ ਨੇ ਇਹ ਨਿਵੇਕਲਾ ਕਾਰਜ ਕਰਨ ਦੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਉਨ੍ਹਾਂ ਨਾਲ ਮੇਜਰ ਕੁਰੈਸ਼ੀ,ਪ੍ਰਵੀਨ ਕੁਰੈਸ਼ੀ, ਰਵਿੰਦਰ ਕੌਰ ਤੇ ਕਈ ਸੋਨ ਤਮਗੇ ਜਿੱਤਣ ਵਾਲੀ ਬੇਟੀ ਪਰਮਿੰਦਰ ਕੌਰ ਪਰਿਸੀ ਤੇ ਹੋਰ ਸਖੀਆਂ ਸਹੇਲੀਆਂ ਵੀ ਸਮਾਗਮ ਵਿੱਚ ਪੁੱਜੀਆਂ। ਲੇਖਿਕਾ ਦੀ ਬਚਪਨ ਦੀ ਸਹੇਲੀ ਅਮਰਜੀਤ ਕੌਰ ਤੇ ਪ੍ਰੇਮਜੀਤ ਕੌਰ ਪਟਿਆਲਾ ਤੋਂ ਅਤੇ ਗੁਰਮੀਤ ਕੌਰ ਖੇੜਾ ਹੰਸਾਲੀ ਤੋਂ ਪੁੱਜੀਆਂ। ਸ਼ਰੀਕੇ-ਭਾਈਚਾਰੇ ਵਿੱਚੋਂ ਦੂਰ ਦੁਰਾਡੇ ਵਿਹਾਈਆਂ-ਵਰੀਆਂ ਭੈਣਾਂ-ਭਤੀਜੀਆਂ ਬਲਬੀਰ ਕੌਰ, ਰਮਮਜੀਤ ਕੌਰ ਨੇ ਆਪਣੇ ਪਰਿਵਾਰ ਸਮੇਤ ਹਾਜ਼ਰ ਹੋ ਕੇ ਇਹ ਸਾਬਤ ਕੀਤਾ ਕਿ ਰਿਸ਼ਤਿਆਂ ਵਿੱਚ ਅਜੇ ਵੀ ਨਿੱਘ ਬਰਕਰਾਰ ਹੈ।

ਫੋਕਲ ਪ੍ਰਾਆਇੰਟ ਫਾਇਰ ਸਟੇਸ਼ਨ ਬਣਿਆ ਖਤਰੇ ਦਾ ਘਰ

## ਦਿਨੇਸ਼ ਬੱਸੀ ਨੇ ਸਰਕਾਰ ਨੂੰ ਘੇਰਿਆ ਕਰੋੜਾਂ ਖਰਚਣ ਬਾਵਜੂਦ ਜਰਜਰ ਇਮਾਰਤ, ਸਰਕਾਰ ਅਤੇ ਹਲਕਾ ਵਿਧਾਇਕ ਤੋਂ ਮੰਗਿਆ ਜਵਾਬ



ਅੰਮ੍ਰਿਤਸਰ, 25 ਫਰਵਰੀ (ਗੁਰਦਿਆਲ ਸਿੰਘ): ਇੰਮਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਨੇਤਾ ਦਿਨੇਸ਼ ਬੱਸੀ ਨੇ ਅੱਜ ਫੋਕਲ ਪਾਇੰਟ ਸਥਿਤ ਫਾਇਰ ਸਟੇਸ਼ਨ ਦੀ ਜਰਜਰ ਹਾਲਤ, ਕੱਚੇ ਕਰਮਚਾਰੀਆਂ ਦੀ ਅਣਦੇਖੀ ਅਤੇ ਅੰਮ੍ਰਿਤਸਰ ਵਿੱਚ ਬਿਗੜ ਰਹੀ ਕਾਨੂੰਨ-ਵਿਵਸਥਾ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਵਿੱਚ ਮਸਤ ਹੈ, ਜਦਕਿ ਜ਼ਮੀਨੀ ਹਕੀਕਤ ਵਿੱਚ ਸਰਕਾਰੀ ਕਰਮਚਾਰੀ ਅਤੇ ਆਮ ਲੋਕ 'ਮੌਤ ਦੇ ਸਾਏ' ਹੇਠ ਜੀ ਰਹੇ ਹਨ।ਬੱਸੀ ਨੇ ਕਿਹਾ ਕਿ ਇਸ ਫਾਇਰ ਸਟੇਸ਼ਨ ਦਾ ਉਦਘਾਟਨ 16 ਸਤੰਬਰ 2023 ਨੂੰ ਵਿਧਾਇਕ ਜੀਵਨ ਜੋਤ ਕੌਰ ਵੱਲੋਂ ਕੀਤਾ ਗਿਆ ਸੀ ਅਤੇ ਇਸਨੂੰ ਵੱਡੀ ਉਪਲਬਧੀ ਵਜੋਂ ਦਰਸਾਇਆ ਗਿਆ ਸੀ, ਪਰ ਉਸ ਤੋਂ ਬਾਅਦ ਕਰਮਚਾਰੀਆਂ ਦੀ ਸੁਰੱਖਿਆ ਅਤੇ ਸਹੂਲਤਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ।ਫਾਇਰ ਸਟੇਸ਼ਨ ਦੀ ਇਮਾਰਤ ਬਹੁਤ ਹੀ ਖਸਤਾਹਾਲ ਹੋ ਚੁੱਕੀ ਹੈ। ਛੱਤ ਤੋਂ ਕੰਕਰੀਟ ਝੜ ਰਿਹਾ ਹੈ ਅਤੇ ਦੀਵਾਰਾਂ ਵਿੱਚ ਡੂੰਘੀਆਂ ਦਰਾਰਾਂ ਪੈ ਚੁੱਕੀਆਂ ਹਨ। ਮੀਂਹ ਦੇ ਦੌਰਾਨ ਪਾਣੀ ਰਿਸ ਕੇ ਦਫ਼ਤਰ ਅੰਦਰ ਭਰ ਜਾਂਦਾ ਹੈ। ਜੋ ਫਾਇਰ ਫਾਈਟਰ ਹੋਰਨਾਂ ਦੀ ਜਾਨ ਬਚਾਉਂਦੇ ਹਨ, ਉਹ ਖੁਦ ਅਸੁਰੱਖਿਅਤ ਇਮਾਰਤ ਵਿੱਚ ਡਿਊਟੀ ਕਰਨ ਲਈ ਮਜਬੂਰ ਹਨ।24 ਘੰਟੇ ਡਿਊਟੀ ਕਰਨ ਵਾਲੇ ਕਰਮਚਾਰੀਆਂ ਲਈ ਨਾ ਢੰਗ ਦਾ ਸ਼ੌਚਾਲਯ ਹੈ ਅਤੇ ਨਾ ਹੀ ਸਾਫ਼ ਪਾਣੀ ਦੀ ਸਹੂਲਤ। ਬਰਸਾਤ ਦੇ ਦਿਨਾਂ ਵਿੱਚ ਸੀਵਰੇਜ ਦਾ ਗੰਦਾ ਪਾਣੀ ਦਫ਼ਤਰ ਵਿੱਚ ਦਾਖਲ ਹੋ ਜਾਂਦਾ ਹੈ। ਪਰਿਸਰ ਵਿੱਚ ਸੱਪ ਵੀ ਘੁੰਮਦੇ ਵੇਖੇ ਗਏ ਹਨ। ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਬਿਨਾਂ ਛੱਤ ਦੇ ਖੜ੍ਹੀਆਂ ਹਨ, ਜਿਸ ਕਾਰਨ ਉਹ ਵੀ ਨੁਕਸਾਨ ਝੱਲ ਰਹੀਆਂ ਹਨ।ਛੱਤ ਤੋਂ ਰਿਸਦੇ ਪਾਣੀ ਕਾਰਨ ਬਿਜਲੀ ਦੇ ਤਾਰਾਂ ਅਤੇ ਸਵਿੱਚ ਬੋਰਡ ਵਿੱਚ ਕਰੰਟ ਆਉਣ ਦਾ ਖਤਰਾ ਬਣਿਆ ਰਹਿੰਦਾ ਹੈ। ਕਿਸੇ ਵੀ ਵੇਲੇ ਸ਼ਾਰਟ ਸਰਕਿਟ ਨਾਲ ਵੱਡਾ ਹਾਦਸਾ ਹੋ ਸਕਦਾ ਹੈ।ਬੱਸੀ ਨੇ ਕਿਹਾ ਕਿ ਇਸ ਇਮਾਰਤ ਲਈ 1.83 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਸਨ, ਪਰ ਇਹ ਰਕਮ ਕਿੱਥੇ ਖਰਚ ਹੋਈ, ਇਹ ਜਾਂਚ ਦਾ ਵਿਸ਼ਾ ਹੈ। ਉਨ੍ਹਾਂ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ।ਉਨ੍ਹਾਂ ਦੋਸ਼ ਲਗਾਇਆ ਕਿ ਚੋਣਾਂ ਤੋਂ ਪਹਿਲਾਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਹੁਣ ਸਰਕਾਰ ਆਪਣੇ ਵਾਅਦੇ ਤੋਂ ਮੁਕਰ ਰਹੀ ਹੈ। ਆਪਣੀ ਜਾਨ ਜੋਖਮ ਵਿੱਚ ਪਾ ਕੇ ਸੇਵਾ ਦੇ ਰਹੇ ਕਰਮਚਾਰੀਆਂ ਨੂੰ 'ਸਮਾਨ ਕੰਮ-ਸਮਾਨ ਤਨਖਾਹ' ਦੇ ਅਧੀਨ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ ਅਤੇ ਤੁਰੰਤ ਪੱਕਾ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੇ ਨਾਲ-ਨਾਲ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵੀ ਚਿੰਤਾਜਨਕ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਗੁੰਡਾਗਰਦੀ, ਲੁੱਟ-ਖਸੁੱਟ ਅਤੇ ਗੋਲੀਬਾਰੀ ਦੀਆਂ ਘਟਨਾਵਾਂ ਵਧ ਰਹੀਆਂ ਹਨ। ਨਸ਼ਿਆਂ ਦੇ ਖਿਲਾਫ਼ ਦਾਅਵੇ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਪੱਧਰ 'ਤੇ ਹਾਲਾਤ ਸੁਧਰਦੇ ਨਹੀਂ ਦਿੱਖ ਰਹੇ। ਜਦੋਂ ਸਰਕਾਰੀ ਦਫ਼ਤਰ ਅਤੇ ਕਰਮਚਾਰੀ ਹੀ ਸੁਰੱਖਿਅਤ ਨਹੀਂ, ਤਾਂ ਆਮ ਜਨਤਾ ਦੀ ਸੁਰੱਖਿਆ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ।ਦਿਨੇਸ਼ ਬੱਸੀ ਨੇ ਕਿਹਾ ਕਿ ਫੋਕਲ ਪਾਇੰਟ ਫਾਇਰ ਸਟੇਸ਼ਨ ਦੀ ਹਾਲਤ ਦੇਖ ਕੇ ਰੂਹ ਕੰਬ ਜਾਂਦੀ ਹੈ। ਉੱਥੇ ਨਾ ਸੁਰੱਖਿਅਤ ਛੱਤ ਹੈ ਅਤੇ ਨਾ ਹੀ ਸ਼ੌਚਾਲਯ। 1.83 ਕਰੋੜ ਰੁਪਏ ਕਿੱਥੇ ਖਰਚ ਹੋਏ, ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਜੇ ਜਲਦੀ ਮੁਰੰਮਤ ਨਾ ਕੀਤੀ ਗਈ ਅਤੇ ਕਰਮਚਾਰੀਆਂ ਨੂੰ ਪੱਕਾ ਨਾ ਕੀਤਾ ਗਿਆ ਤਾਂ ਸਰਕਾਰ ਦੇ ਖਿਲਾਫ਼ ਜ਼ੋਰਦਾਰ ਅੰਦੋਲਨ ਕੀਤਾ ਜਾਵੇਗਾ।ਅੰਤ ਵਿੱਚ ਉਨ੍ਹਾਂ ਕਿਹਾ ਕਿ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਤ ਹੋ ਰਹੀ ਹੈ ਅਤੇ ਜੇ ਹਾਲਾਤ ਨਾ ਸੁਧਰੇ ਤਾਂ ਉਸਨੂੰ ਨੈਤਿਕ ਅਧਾਰ 'ਤੇ ਫੈਸਲਾ ਲੈਣਾ ਚਾਹੀਦਾ ਹੈ।

## ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵੱਲੋਂ ਡਿਜੀਟਲ ਮਾਰਕੀਟਿੰਗ 'ਤੇ ਇੰਟਰਐਕਟਿਵ ਵਰਕਸ਼ਾਪ

ਅੰਮ੍ਰਿਤਸਰ, 25 ਫਰਵਰੀ (ਬਬਲੂ ਮਹਾਜਨ) : ਤ੍ਰੈ- ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਅੱਜ ਦੇ ਕਾਰੋਬਾਰੀ ਵਾਤਾਵਰਣ ਵਿੱਚ ਲੋੜੀਂਦੇ ਹੁਨਰਾਂ ਨਾਲ ਲੈਸ ਕਰਨ ਲਈ ਡਿਜੀਟਲ ਮਾਰਕੀਟਿੰਗ ਤੇ ਇੰਟਰਐਕਟਿਵ ਵਰਕਸ਼ਾਪ ਦਾ ਆਯੋਜਨ ਕੀਤਾ।ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਡਿਜੀਟਲ ਮਾਰਕੀਟਿੰਗ ਵਿੱਚ ਉੱਭਰ ਰਹੇ ਰੁਝਾਨਾਂ, ਜਿਸ ਵਿੱਚ ਸਰਚ ਇੰਜਨ ਔਪਟੀਮਾਈਜੇਸ਼ਨ (ਐਸਈਓ), ਸੋਸ਼ਲ ਮੀਡੀਆ ਮਾਰਕੀਟਿੰਗ (ਐਸਐਮਐਮ), ਕੰਟੈਂਟ ਮਾਰਕੀਟਿੰਗ, ਈਮੇਲ ਮਾਰਕੀਟਿੰਗ, ਅਤੇ ਗੂਗਲ ਇਸ਼ਤਿਹਾਰ ਸ਼ਾਮਲ ਹਨ, ਦੀ ਸਮਝ ਨੂੰ ਵਧਾਉਣਾ ਸੀ। ਸੈਸ਼ਨ ਈ-ਕਾਮਰਸ ਅਤੇ ਔਨਲਾਈਨ ਬ੍ਰਾਂਡਿੰਗ ਦੇ ਖੇਤਰ ਵਿੱਚ ਸਿਧਾਂਤਕ ਗਿਆਨ ਅਤੇ ਵਿਹਾਰਕ ਐਪਲੀਕੇਸ਼ਨ ਵਿਚਕਾਰ ਗੈਪ ਨੂੰ ਪੂਰਾ ਕਰਨ ਤੇ ਕੇਂਦ੍ਰਿਤ ਸੀ।ਮੁੱਖ ਬੁਲਾਰੇ, ਸ੍ਰ. ਗੁਰਪ੍ਰੀਤ ਸਿੰਘ, ਡਿਜੀਟਲ ਮਾਰਕੀਟਿੰਗ ਮਾਹਿਰ ਨੇ ਅੱਜ ਦੇ ਮੁਕਾਬਲੇ ਵਾਲੇ ਬਾਜ਼ਾਰ ਵਿੱਚ ਡਿਜੀਟਲ ਪਲੇਟਫਾਰਮਾਂ ਦੀ ਵੱਧਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਇੱਕ ਦਿਲਚਸਪ ਭਾਸ਼ਣ ਦਿੱਤਾ। ਬੁਲਾਰੇ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਕਾਰੋਬਾਰੀ ਆਪਣੇ ਕਾਰੋਬਾਰ ਦੀ ਪਹੁੰਚ ਨੂੰ ਵਧਾਉਣ, ਬ੍ਰਾਂਡ ਪਛਾਣ ਬਣਾਉਣ ਅਤੇ ਗਾਹਕਾਂ ਦੀ ਸ਼ਮੂਲੀਅਤ ਵਧਾਉਣ ਲਈ ਡਿਜੀਟਲ ਟੂਲਸ ਦੀ ਵਰਤੋਂ ਕਿਵੇਂ ਕਰ ਰਹੇ ਹਨ।ਸੈਸ਼ਨ ਵਿੱਚ ਲਾਈਵ ਪ੍ਰਦਰਸ਼ਨ, ਕੇਸ ਸਟਡੀ ਸ਼ਾਮਲ ਸਨ, ਜਿਸ ਨਾਲ ਵਿਦਿਆਰਥੀਆਂ ਨੂੰ ਡਿਜੀਟਲ ਮਾਰਕੀਟਿੰਗ ਰਣਨੀਤੀਆਂ ਅਤੇ ਵਿਸ਼ਲੇਸ਼ਣਾਤਮਕ ਸਾਧਨਾਂ ਨਾਲ ਸਮਝਣ ਵਿਚ ਮੱਦਦ ਮਿਲੀ।ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਕਾਮਰਸ ਵਿਭਾਗ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਡਿਜੀਟਲ ਯੋਗਤਾਵਾਂ ਸਿੱਖਣ ਅਤੇ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ। ਵਿਭਾਗ ਦੇ ਮੁਖੀ, ਪ੍ਰੋ. ਹਰਦੇਵ ਕੌਰ ਨੇ ਮੁੱਖ ਬੁਲਾਰੇ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਅਜਿਹੇ ਹੁਨਰ-ਅਧਾਰਿਤ ਪ੍ਰੋਗਰਾਮਾਂ ਨੂੰ ਆਯੋਜਿਤ ਕਰਨ ਲਈ ਵਿਭਾਗ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।ਵਰਕਸ਼ਾਪ ਦੀ ਸਮਾਪਤੀ ਤੇ ਮੁੱਖ ਬੁਲਾਰੇ ਨੂੰ ਕਾਲਜ ਵਲੋਂ ਸਨਮਾਨ ਚਿੰਨ੍ਹ ਭੇਂਟ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਰਕਸ਼ਾਪ ਵਿੱਚ ਸਟਾਫ ਮੈਂਬਰ ਪ੍ਰੋ. ਹਰਿੰਦਰਪਾਲ ਸਿੰਘ, ਪ੍ਰੋ. ਸੁਖਮਨੀ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਕਮਲਜੀਤ ਕੌਰ, ਪ੍ਰੋ. ਕਿਰਨਪ੍ਰੀਤ ਕੌਰ ਵੀ ਮੌਜੂਦ ਸਨ।

## ਰਿੰਟੂ ਨੇ ਆਨੰਦ ਪਾਰਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕੀਤਾ



ਅੰਮ੍ਰਿਤਸਰ, 25 ਫਰਵਰੀ (ਗੁਰਦਿਆਲ ਸਿੰਘ): ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਉੱਤਰੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਆਨੰਦ ਪਾਰਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕੀਤਾ। ਰਿੰਟੂ ਨੇ ਦੱਸਿਆ ਕਿ ਆਨੰਦ ਪਾਰਕ ਐਸੋਸੀਏਸ਼ਨ ਵੱਲੋਂ ਉਨ੍ਹਾਂ ਅੱਗੇ ਰੱਖੀਆਂ ਮੰਗਾਂ ਨੂੰ ਪੂਰਾ ਕਰਦੇ ਹੋਏ, ਪੁਨਰ ਵਿਕਾਸ ਦਾ ਕੰਮ ਇਸ ਵੇਲੇ ਸ਼ੁਰੂ ਹੋ ਗਿਆ ਹੈ। ਇਸ ਕੰਮ ਤੇ ਲਗਭਗ ਇੱਕ ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਨਾਲ ਮੁੱਖ ਪਾਰਕ ਨੂੰ ਇੱਕ ਨਵਾਂ ਅਤੇ ਆਧੁਨਿਕ ਦਿੱਖ ਮਿਲੇਗੀ।ਕਰਮਜੀਤ ਸਿੰਘ ਰਿੰਟੂ ਨੇ ਦੱਸਿਆ ਕਿ ਆਨੰਦ ਪਾਰਕ ਐਸੋਸੀਏਸ਼ਨ ਵੱਲੋਂ ਕੀਤੀ ਗਈ ਮੀਟਿੰਗ ਵਿੱਚ ਸਥਾਨਕ ਨਿਵਾਸੀਆਂ ਦੀਆਂ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ, ਅਤੇ ਕਈਆਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਇਲਾਕੇ ਦੇ ਹੋਰ ਮਹੱਤਵਪੂਰਨ ਵਿਕਾਸ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ, ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਬਾਰੇ ਵੀ ਹਾਜ਼ਰ ਲੋਕਾਂ ਨੂੰ ਸਮਝਾਇਆ ਗਿਆ।ਰਿੰਟੂ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੇ ਲਾਭ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਨਾਲ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਲੋਕ ਇਸ ਸਹੂਲਤ ਦਾ ਲਾਭ ਲੈ ਰਹੇ ਹਨ।ਰਿੰਟੂ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਵੱਡੇ ਪੱਧਰ 'ਤੇ ਭੋਜਨ ਅਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤ ਕਰਨਲਈਇੱਕਇਤਿਹਾਸਕਪਹਿਲਕਦਮੀਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੇਰੀ ਰਸੋਈ ਯੋਜਨਾ ਸ਼ੁਰੂ ਕਰਨ ਦਾ ਐਲਾਨ ਕੀਤਾ। ਇਸ ਯੋਜਨਾ ਤਹਿਤ, ਅਪ੍ਰੈਲ ਤੋਂ ਹਰ ਤਿੰਨ ਮਹੀਨਿਆਂ ਵਿੱਚ ਪੰਜਾਬ ਦੇ 40 ਲੱਖ ਪਰਿਵਾਰਾਂ ਨੂੰ ਮੁਫ਼ਤ ਭੋਜਨ ਕਿੱਟਾਂ (ਰਾਸ਼ਨ ਕਿੱਟਾਂ) ਵੰਡੀਆਂ ਜਾਣਗੀਆਂ। ਇਹ ਭੋਜਨ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਦਿੱਤੀ ਜਾਣ ਵਾਲੀ ਕਣਕ ਤੋਂ ਇਲਾਵਾ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਮੌਕੇ ਰਾਜ ਪ੍ਰਤਾਪ ਬਾਜਵਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾਈ ਜਾਹੋ-ਜਲਾਲ ਨਾਲ ਖ਼ਾਲਸਾ ਵਹੀਰ ਦੀ ਹੋਈ ਆਰੰਭਤਾ



ਅੰਮ੍ਰਿਤਸਰ, 25 ਫਰਵਰੀ (ਬਬਲੂ ਮਹਾਜਨ ): ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ ਖ਼ਾਲਸਾਈ ਜਾਹੋ-ਜਲਾਲ ਦੇ ਨਾਲ ਖ਼ਾਲਸਾ ਵਹੀਰ ਦੀ ਆਰੰਭਤਾ ਹੋਈ। ਇਸ ਮੌਕੇ 'ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੇ ਨਾਲ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਮਾਤਾ ਬਲਵਿੰਦਰ ਕੌਰ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਮਨਦੀਪ ਸਿੰਘ ਸਿੱਧੂ, ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਚਾਚਾ ਪ੍ਰਗਟ ਸਿੰਘ, ਚਾਚਾ ਸੁਖਚੈਨ ਸਿੰਘ, ਸਰਬਜੀਤ ਸਿੰਘ ਸੋਹਲ, ਸਰਬਜੀਤ ਸਿੰਘ ਖ਼ਾਨਪੁਰ, ਅਜੇਪਾਲ ਸਿੰਘ ਢਿਲੋਂ, ਅਮਨਦੀਪ ਸਿੰਘ ਡੱਬੂਆਣਾਂ, ਪ੍ਰਗਟ ਸਿੰਘ ਮੀਆਂਵਿੰਡ, ਸ਼ਮਸ਼ੇਰ ਸਿੰਘ ਪੱਧਰੀ, ਜੁਗਰਾਜ ਸਿੰਘ ਲਾਲਾਨੰਗਲ, ਸ੍ਰ ਪ੍ਰਿਥੀਪਾਲ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਜਸਵਿੰਦਰ ਸਿੰਘ ਡਰੋਲੀ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਜਸਕਰਨ ਸਿੰਘ ਰਿਆੜ, ਚਰਨਜੀਤ ਸਿੰਘ ਗਾਲਿਬ, ਪਲਵਿੰਦਰ ਸਿੰਘ ਜੱਲੂਪੁਰ, ਬਲਦੇਵ ਸਿੰਘ ਜੱਲੂਪੁਰ, ਪਵਿੱਤਰ ਸਿੰਘ, ਸਵਰਨ ਸਿੰਘ ਗੋਲਡਨ, ਬਲਜੀਤ ਸਿੰਘ ਚਾਟੀਵਿੰਡ, ਨਿਰਵੈਰ ਸਿੰਘ ਮੋਗਾ, ਸਰਪੰਚ ਹਰਜਿੰਦਰ ਸਿੰਘ, ਦਲਜੀਤ ਸਿੰਘ ਮਿਆਦੀਆਂ, ਪ੍ਰਕਾਸ਼ ਸਿੰਘ ਬਾਦਲ, ਜੁਗਰਾਜ ਸਿੰਘ ਭੰਗਵਾਂ, ਕਰਨਵੀਰ ਸਿੰਘ, ਨਾਥਵਿੰਦਰ ਸਿੰਘ, ਸਤਨਾਮ ਸਿੰਘ, ਜਗਰੂਪ ਸਿੰਘ, ਮਨਰੂਪ ਸਿੰਘ, ਸੰਦੀਪ ਸਿੰਘ ਰੁਪਾਲੋਂ, ਸੁਖਬੀਰ ਸਿੰਘ ਵਲਟੋਹਾ, ਦਲਜੀਤ ਸਿੰਘ ਜਵੰਦਾ, ਗੁਰਮਿੰਦਰ ਸਿੰਘ ਚਾਵਲਾ, ਮਨਜਿੰਦਰ ਸਿੰਘ ਕਲੇਰ, ਗੁਰਲਾਲ ਸਿੰਘ ਸਖੀਰਾ, ਚਾਚਾ ਕੁਲਵੰਤ ਸਿੰਘ, ਸੁਖਬੀਰ ਸਿੰਘ ਚੀਮਾ, ਕੁਲਵਿੰਦਰ ਸਿੰਘ ਵਡਾਲੀ, ਮਹਿੰਦਰਪਾਲ ਸਿੰਘ ਤੁੰਗ ਤੋਂ ਇਲਾਵਾ ਅਕਾਲੀ ਦਲ ਪੁਨਰਸੁਰਜੀਤ ਤੋਂ ਮਨਪ੍ਰੀਤ ਸਿੰਘ ਇਆਲੀ ਤੇ ਹੋਰ ਵੱਖ-ਵੱਖ ਸਿਆਸੀ ਤੇ ਧਾਰਮਿਕ ਜਥੇਬੰਦੀਆ ਦੇ ਆਗੂ ਵੱਡੀ ਗਿਣਤੀ ਵਿੱਚ ਮੌਜੂਦ ਸਨ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ੁਰੂ ਕੀਤੀ ਖ਼ਾਲਸਾ ਵਹੀਰ ਪੂਰਨ ਧਾਰਮਿਕ ਸੀ, ਜਿਸ ਵਿੱਚ ਸਭ ਅੱਗੇ ਨਗਾਰਾ, ਉਸਤੋਂ ਮਗਰ ਪੰਜ ਪਿਆਰੇ ਸਾਹਿਬਾਨ, ਉਸਤੋਂ ਮਗਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਸਾਹਿਬ ਅਤੇ ਮਗਰ ਸੈਂਕੜਿਆਂ ਗਿਣਤੀ ਵਿੱਚ ਲੰਮਾਂ ਕਾਰਾਂ ਦਾ ਕਾਫ਼ਲਾ ਮੌਜੂਦ ਸੀ । ਸ੍ਰੀ ਦਰਬਾਰ ਸਾਹਿਬ ਤੋਂ ਲੈਕੇ ਅੰਮ੍ਰਿਤਸਰ ਗੋਲਡਨ ਗੇਟ ਤੱਕ ਸਾਰਾ ਰਸਤਾ ਬੋਲੇ ਸੋ ਨਿਹਾਲ ਤੇ ਰਾਜ ਕਰੇਗਾ ਖ਼ਾਲਸਾ ਦੇ ਜੈਕਾਰਿਆਂ ਨਾਲ ਮਾਹੌਲ ਗੂੰਜ ਉੱਠਿਆ ਅਤੇ ਖ਼ਾਲਸਾਈ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਹੀ ਪੰਜਾਬ ਦੀ ਨੌਜਵਾਨੀ ਅਤੇ ਪੰਜਾਬ ਨੂੰ ਬਚਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੀ ਨੌਜਵਾਨੀ ਨਸ਼ਿਆਂ, ਬੇਰੁਜ਼ਗਾਰੀ ਅਤੇ ਪਰਵਾਸ ਦੇ ਹਮਲਿਆਂ ਦਾ ਸ਼ਿਕਾਰ ਬਣ ਰਹੀ ਹੈ। ਇਸ ਹਾਲਾਤ ਵਿੱਚ ਖ਼ਾਲਸਾ ਵਹੀਰ ਦਾ ਮਕਸਦ ਨੌਜਵਾਨਾਂ ਨੂੰ ਗੁਰਬਾਣੀ, ਗੁਰਮਤਿ ਅਤੇ ਖ਼ਾਲਸਾਈ ਜੀਵਨ ਸ਼ੈਲੀ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਸਾਨੂੰ ਰਾਜਨੀਤਿਕ ਚਾਲਾਂ ਜਾਂ ਖਾਲੀ ਵਾਅਦਿਆਂ ਦੀ ਨਹੀਂ, ਸਗੋਂ ਗੁਰੂ ਦੀ ਰਹਿਣੀ-ਬਹਿਣੀ ਅਤੇ ਅਮਲ ਦੀ ਲੋੜ ਹੈ। ਜੇਕਰ ਨੌਜਵਾਨ ਗੁਰੂ ਦੇ ਸਿਧਾਂਤਾਂ ਨੂੰ ਅਪਨਾਉਣਗੇ ਤਾਂ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਦਾ ਖ਼ਾਤਮਾ ਆਪਣੇ ਆਪ ਹੋ ਜਾਵੇਗਾ। ਖ਼ਾਲਸਾ ਵਹੀਰ ਦੌਰਾਨ ਪੰਜਾਬ ਦੇ ਪਾਣੀਆਂ ਦੀ ਲੁੱਟ, ਧਾਰਮਿਕ ਅਸਥਾਨਾਂ ਦੀ ਅਜ਼ਾਦੀ, ਕਿਸਾਨੀ ਸੰਕਟ ਅਤੇ ਨੌਜਵਾਨੀ ਦੇ ਭਵਿੱਖ ਵਰਗੇ ਮੁੱਦਿਆਂ ਤੇ ਵੱਡੇ ਟਰਾਲੇ ਅਤੇ ਟਰਾਲੀਆਂ ਤੇ ਹੋਲਿਡਿੰਗਾਂ ਲਗਾ ਕੇ ਪ੍ਰਦਰਸ਼ਨੀ ਕੀਤੀ ਗਈ। ਪਾਰਟੀ ਆਗੂਆਂ ਨੇ ਕਿਹਾ ਕਿ ਇਹ ਵਹੀਰ ਕੇਵਲ ਇਕ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਦੀ ਆਤਮਕ ਅਤੇ ਸਮਾਜਿਕ ਪੁਨਰਜਾਗਰਤੀ ਦੀ ਸ਼ੁਰੂਆਤ ਹੈ। ਅਖੀਰ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਖ਼ਾਲਸਾ ਵਹੀਰ ਨਾਲ ਜੁੜ ਕੇ ਪੰਜਾਬ ਦੀ ਚੜ੍ਹਦੀ ਕਲਾ ਅਤੇ ਨੌਜਵਾਨੀ ਦੇ ਭਵਿੱਖ ਲਈ ਆਪਣਾ ਯੋਗਦਾਨ ਪਾਉਣ।

## ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦਾ ਪੁਨਰਗਠਨ



ਅੰਮ੍ਰਿਤਸਰ, 25 ਫਰਵਰੀ ( ਬਬਲੂ ਮਹਾਜਨ ):-ਸਿੱਖ ਕੌਮ ਦਾ ਹਰਾਵਲ ਦਸਤਾ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦਾ ਸ਼ਾਨਾ-ਮੱਤਾ ਇਤਿਹਾਸ ਹੈ। ਫੈਡਰੇਸ਼ਨ ਵੱਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ ਹੈ। ਹਰਿ ਔਖੇ ਪੜਾਅ ਤੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵੱਲੋਂ ਵਿਹਾਰਿਕ ਅਤੇ ਉਸਾਰੂ ਭੂਮਿਕਾ ਨਿਭਾਈ ਗਈ ਹੈ। ਪਰ ਪਿਛਲੇ ਕੁਝ ਸਮੇਂ ਤੋਂ ਧਾਰਮਿਕ ਅਤੇ ਰਾਜਨੀਤਿਕ ਸਫਾਂ ਅੰਦਰ ਤੇਜ਼ੀ ਨਾਲ ਵਾਪਰੇ ਘਟਨਾਕ੍ਰਮ ਅਤੇ ਜਥੇਬੰਦਕ ਕਾਰਜ ਸ਼ੈਲੀ ਵਿੱਚ ਆਈ ਖੜੋਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਫੈਡਰੇਸ਼ਨ ਦਾ ਪੁਨਰ ਗਠਨ ਕੀਤਾ ਗਿਆ ਹੈ।ਇਸ ਮੌਕੇ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਮੇਜਰ ਸਿੰਘ ਖਾਲਸਾ ਵੱਲੋਂ ਜਥੇ ਬਦਕ ਢਾਂਚੇ ਦਾ ਗਠਨ ਕਰਦਿਆਂ ਹੋਇਆਂ ਪੰਜ ਮੈਂਬਰੀ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ ਗਿਆ ਜਿਸ ਵਿੱਚ ਭਾਈ ਹਰਜਿੰਦਰ ਸਿੰਘ ਜਿੰਦਾ ਅੰਮ੍ਰਿਤਸਰ, ਭਾਈ ਚਰਨਦੀਪ ਸਿੰਘ ਹੁਸ਼ਿਆਰਪੁਰ, ਭਾਈ ਮਨਜੀਤ ਸਿੰਘ ਸ਼੍ਰੀਨਗਰ ਭਾਈ ਅਵਤਾਰ ਸਿੰਘ ਮਾਕਨ ਦਿੱਲੀ ਅਤੇ ਭਾਈ ਮਨਦੀਪ ਸਿੰਘ ਲੁਧਿਆਣਾ ਨੂੰ ਨਿਯੁਕਤ ਕੀਤਾ ਗਿਆ। ਜਥੇਬੰਦੀ ਦਾ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਅਤੇ ਕੋਆਰਡੀਨੇਟਰ ਭਾਈ ਜਸਪਾਲ ਸਿੰਘ ਇਸਲਾਮ ਗੰਜ ਨੂੰ ਨਿਯੁਕਤ ਕੀਤਾ ਗਿਆ । ਭਾਈ ਸਰਬਜੀਤ ਸਿੰਘ ਇਚਾਰਜ ਮਾਝਾ ਜੋਨ, ਭਾਈ ਰਾਜਵਿੰਦਰ ਸਿੰਘ ਜੀਰਾ ਇੰਚਾਰਜ ਮਾਲਵਾ ਜੋਨ, ਭਾਈ ਅਮਨਦੀਪ ਸਿੰਘ ਨੂੰ ਦੁਆਬਾ ਜੋਨ ਦਾ ਇੰਚਾਰਜ ਲਗਾਇਆ ਗਿਆ। ਭਾਈ ਖਾਲਸਾ ਨੇ ਕਿਹਾ ਕਿ ਫੈਡਰੇਸ਼ਨ ਵੱਲੋਂ ਕਾਲਜਾਂ ਅਤੇ ਸਕੂਲਾਂ ਵਿੱਚ ਨੌਜਵਾਨਾਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨ ਅਤੇ ਕੌਮੀ ਹੱਕਾਂ ਲਈ ਚੇਤਨ ਕਰੇਗੀ। ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਮੀਰ ਫਲਸਫੇ ਅਤੇ ਸਿਧਾਂਤਾਂ ਨੂੰ ਜੀਵੰਤ ਰੱਖਣ, ਪ੍ਰਫੁੱਲਤ ਕਰਨ ਲਈ ਯੋਗ ਉਪਰਾਲੇ ਵਿੱਢੇਗੀ। ਬੰਦੀ ਸਿੰਘਾਂ ਸਿੱਖ ਰਾਜਸੀ ਕੈਦੀਆਂ ਦੀ ਰਿਹਾਈ ਦੇ ਲਈ ਕਦਮ ਚੁੱਕੇ ਜਾਣਗੇ। ਅਖੀਰ ਵਿੱਚ ਫੈਡਰੇਸ਼ਨ ਸਰਪ੍ਰਸਤ ਵੱਲੋਂ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਦੇਸ਼ ਪੰਜਾਬ ਦੀ ਆਜ਼ਾਦੀ ਅਤੇ ਸਿੱਖੀ ਨੂੰ ਪਿਆਰ ਕਰਨ ਵਾਲੇ ਕਾਲਜ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦਾ ਹਿੱਸਾ ਬਣਨ ਧਰਮ ਅਤੇ ਰਾਜਨੀਤੀ ਦੋਵਾਂ ਵਿੱਚ ਸਕਾਰਾਤਮਕ ਰੋਲ ਨਿਭਾਉਣ ਧਰਮ ਸਾਨੂੰ ਸੇਵਾ ਸਿਮਰਨ ਅਤੇ ਸਮਾਨਤਾ ਸਿਖਾਉਂਦਾ ਤੇ ਰਾਜਨੀਤੀ ਸਾਨੂੰ ਨਿਆਂ ਅਤੇ ਵਿਕਾਸ ਦਾ ਰਾਹ ਦੱਸਦੀ ਹੈ ਦੋਵੇਂ ਮਿਲ ਕੇ ਸਾਡੇ ਸਮਾਜ ਨੂੰ ਮਜਬੂਤ ਬਣਾ ਸਕਦੇ ਹਨ।

## ਨੰਨੇ ਮੁੰਨੇ ਬੱਚਿਆਂ ਦੀਆਂ ਮਾਤਾਵਾਂ ਵੱਲੋਂ ਪੌਸ਼ਟਿਕਤਾ, ਸੁਆਦ ਅਤੇ ਮਮਤਾ ਨਾਲ ਮਹਿਕੀ ਇੰਟਰਨੈਸ਼ਨਲ ਫ਼ਤਿਹ ਅਕੈਡਮੀ



ਜੰਡਿਆਲਾ ਗੁਰੂ, 25 ਫਰਵਰੀ (ਰਾਮ ਸ਼ਰਨਜੀਤ ਸਿੰਘ) : ਇੰਟਰਨੈਸ਼ਨਲ ਫਤਿਹ ਅਕੈਡਮੀ ਵੱਲੋਂ ਬੀਤੇ ਦਿਨੀਂ ਕਿੰਡਰਗਾਰਟਨ ਦੇ ਵਿਦਿਆਰਥੀਆਂ ਦੀਆਂ ਮਾਤਾਵਾਂ ਲਈ ਪ੍ਰੇਰਣਾਦਾਇਕਫੂਡ ਫੀਏਸਟਾ ਕੁਕਿੰਗ ਮੁਕਾਬਲਾ ਬੜੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਛੋਟੇ ਬੱਚਿਆਂ ਵਿੱਚ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਪੌਸ਼ਟਿਕ ਅਤੇ ਸੰਤੁਲਿਤ ਆਹਾਰ ਦੀ ਮਹੱਤਤਾ ਅਤੇ ਸੁਆਦ ਨਾਲ ਭਰਪੂਰ ਪਰ ਸਿਹਤਮੰਦ ਘਰੇਲੂ ਭੋਜਨ ਦੀ ਪ੍ਰੇਰਨਾ ਦੇਣਾ ਸੀ।ਮਾਤਾਵਾਂ ਨੇ ਬੇਹੱਦ ਰਚਨਾਤਮਕਤਾ ਅਤੇ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਖ-ਵੱਖ ਪੌਸ਼ਟਿਕ, ਰੰਗੀਲੇ ਅਤੇ ਬੱਚਿਆਂ ਦੀ ਪਸੰਦ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਸੁਆਦਿਸ਼ਟ ਵਿਅੰਜਨ ਪੇਸ਼ ਕੀਤੇ। ਸਕੂਲ ਦਾ ਮਾਹੌਲ ਸੁਗੰਧ, ਰੰਗਾਂ ਅਤੇ ਖੁਸ਼ੀ ਨਾਲ ਮਹਿਕ ਉਠਿਆ ਅਤੇ ਹਰ ਵਿਅੰਜਨ ਵਿੱਚ ਮਾਤਾਵਾਂ ਦੀ ਮਮਤਾ, ਮਿਹਨਤ ਅਤੇ ਕਲਾਤਮਕ ਸੋਚ ਦੀ ਝਲਕ ਦਿਖਾਈ ਦਿੱਤੀ।ਪੇਸ਼ ਕੀਤੇ ਗਏ ਵਿਅੰਜਨਾਂ ਦਾ ਮੁਲਾਂਕਣ *ਪੌਸ਼ਟਿਕਤਾ, ਸੁਆਦ, ਨਵੀਂ ਸੋਚ, ਪ੍ਰਸਤੁਤੀ ਅਤੇ ਬੱਚਿਆਂ ਲਈ ਉਪਯੋਗਤਾ* ਦੇ ਆਧਾਰ 'ਤੇ ਕੀਤਾ ਗਿਆ। ਜੱਜਾਂ ਨੇ ਸਾਰੀਆਂ ਮਾਤਾਵਾਂ ਦੀ ਕਾਬਲੀਅਤ ਅਤੇ ਬੱਚਿਆਂ ਦੀ ਸਿਹਤ ਪ੍ਰਤੀ ਉਨ੍ਹਾਂ ਦੀ ਸੰਵੇਦਨਸ਼ੀਲ ਸੋਚ ਦੀ ਭਰਪੂਰ ਸਰਾਹਨਾ ਕੀਤੀ।ਇਸ ਮੌਕੇ ਚੇਅਰਪਰਸਨ ਸ਼੍ਰੀਮਤੀ ਰਵਿੰਦਰ ਕੌਰ ਨੇ ਮਾਤਾਵਾਂ ਦੀ ਸਮਰਪਣ ਭਾਵਨਾ, ਰਚਨਾਤਮਕਤਾ ਅਤੇ ਬੱਚਿਆਂ ਵਿੱਚ ਸਿਹਤਮੰਦ ਭੋਜਨ ਸੰਸਕਾਰ ਪੈਦਾ ਕਰਨ ਲਈ ਉਨ੍ਹਾਂ ਦੇ ਯਤਨਾਂ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਅਤੇ ਸਮਾਗਮ ਦੀ ਸਫਲਤਾ ਲਈ ਸਭ ਨੂੰ ਵਧਾਈ ਦਿੱਤੀ।ਇਹ ਉਪਰਾਲਾ ਚੇਅਰਮੈਨ ਸਰਦਾਰ ਜਗਬੀਰ ਸਿੰਘ ਦੀ ਦੂਰਦਰਸ਼ੀ ਸੋਚ ਨੂੰ ਦਰਸਾਉਂਦਾ ਹੈ, ਜੋ ਮੰਨਦੇ ਹਨ ਕਿ ਸਕੂਲ ਅਤੇ ਮਾਪਿਆਂ ਦੀ ਮਜ਼ਬੂਤ ਸਾਂਝ ਨਾਲ ਹੀ ਬੱਚਿਆਂ ਦਾ ਸਰਬੰਗੀਣ ਵਿਕਾਸ ਅਤੇ ਸਿਹਤਮੰਦ ਜੀਵਨ-ਸ਼ੈਲੀ ਸੰਭਵ ਹੈ।

## ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਅੰਮ੍ਰਿਤ ਵੇਲੇ ਸਮਾਗਮ



ਅੰਮਿਤਸਰ, 25 ਫਰਵਰੀ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਗੰਡਾ ਸਿੰਘ ਕਲੋਨੀ ਵਿਖੇ ਅੰਮ੍ਰਿਤ ਵੇਲੇ ਦਾ ਸਮਾਗਮ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਦੀ ਅਗਵਾਈ ਕਰਵਾਇਆ ਗਿਆਇਸ ਮੌਕੇ ਤੇ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਨਾਮ ਸਿਮਰਨ ਦੀ ਮਹਿਮਾ ਬਿਆਨ ਕੀਤੀ। ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਅੰਮ੍ਰਿਤ ਵੇਲੇ ਦੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਉਨ੍ਹਾਂ ਕਿਹਾ ਕਿ ਅਜਿਹੇ ਆਤਮਿਕ ਸਮਾਗਮ ਮਨੁੱਖੀ ਜੀਵਨ ਨੂੰ ਸਫਲ ਬਣਾਉਂਦੇ ਹਨ ਅਤੇ ਰੂਹਾਨੀ ਚੜ੍ਹਦੀ ਕਲਾ ਬਖ਼ਸ਼ਦੇ ਹਨ।ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਹਰ ਵੀਰਵਾਰ ਸ਼ਾਮ 4 ਵਜੇ ਤੋਂ 7:30 ਵਜੇ ਤੱਕ ਕੀਰਤਨ ਸਮਾਗਮ ਕਰਵਾਇਆ ਜਾਂਦਾ ਹੈ, ਜਿਸ ਵਿੱਚ ਸੰਗਤ ਨੂੰ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ। ਉਨ੍ਹਾਂ ਸਾਰਿਆਂ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਕੇ ਗੁਰੂ ਘਰ ਦੀਆਂ ਬਰਕਤਾਂ ਹਾਸਲ ਕਰੋ

## ਹੋਮਿਓਪੈਥੀ ਵਿਭਾਗ ਵੱਲੋਂ ਆਯੁਸ਼ ਮੁਫ਼ਤ ਸਿਹਤ ਕੈਂਪ

ਅੰਮ੍ਰਿਤਸਰ, 25 ਫਰਵਰੀ(ਬਬਲੂ ਮਹਾਜਨ) : ਹੋਮਿਓਪੈਥੀ ਵਿਭਾਗ ਪੰਜਾਬ ਸਰਕਾਰ ਵੱਲੋਂ ਆਯੁਰਵੇਦ ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸੈਂਟਰਲ ਖ਼ਾਲਸਾ ਯਤੀਮਖਾਨਾ ਵਿਖੇ, ਇਕ ਵਿਸ਼ੇਸ਼ ਆਯੁਸ਼ ਮੁਫ਼ਤ ਸਿਹਤ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਬੱਚਿਆਂ ਦੀ ਸੰਪੂਰਨ ਸਿਹਤ ਜਾਂਚ ਕਰਕੇ ਉਹਨਾਂ ਨੂੰ ਆਯੁਰਵੇਦਿਕ ਅਤੇ ਹੋਮਿਓਪੈਥੀ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਕੈਂਪ ਦਾ ਉਦਘਾਟਨ ਜ਼ਿਲ੍ਹਾ ਆਯੁਰਵੈਦਿਕ/ਯੂਨਾਨੀ ਅਫਸਰ ਅੰਮ੍ਰਿਤਸਰ ਡਾ.ਦਿਨੇਸ਼ ਕੁਮਾਰ ਅਤੇ ਡਾ.ਆਤਮਜੀਤ ਸਿੰਘ ਬਸਰਾ ਰਿਟਾਇਰਡ ਡੀ.ਏ.ਯੂ.ਓ/ਮੈਂਬਰ ਇੰਚਾਰਜ ਯਤੀਮਖਾਨਾ ਵੱਲੋਂ ਸਾਂਝੇ ਤੋਰ ਤੇ ਕੀਤਾ ਗਿਆ। ਇਸ ਮੌਕੇ ਡਾ.ਆਤਮਜੀਤ ਸਿੰਘ ਬਸਰਾ ਨੇ ਸੰਸਥਾ ਦੇ ਬੱਚਿਆਂ ਧੀ ਰਹਿਣ—ਸਹਿਣ ਅਤੇ ਸਿੱਖਿਆ ਦੇ ਨਾਲ—ਨਾਲ ਚੰਗੀ ਸਿਹਤ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਸਿਹਤ ਸੰਭਾਲ ਸਾਡੀ ਨੈਤਿਕ ਅਤੇ ਸਮਾਜਿਕ ਜਿੰਮੇਵਾਰੀ ਹੈ। ਉਹਨਾਂ ਨੇ ਕਿਹਾ ਕਿ ਆਯੁਰਵੇਦ ਅਤੇ ਹੋਮਿਓਪੈਥੀ ਵਰਗੀਆਂ ਪ੍ਰਾਚੀਨ ਅਤੇ ਪ੍ਰਭਾਵਸ਼ਾਲੀ ਮੈਡੀਕਲ ਪ੍ਰਨਾਲੀਆਂ ਰਾਹੀਂ ਬੱਚਿਆਂ ਨੂੰ ਕੁਦਰਤੀ ਢੰਗ ਨਾਲ ਪੂਰੀ ਤਰ੍ਹਾਂ ਠੀਕ ਕੀਤਾ ਜਾਂਦਾ ਹੈ ਜਿਸ ਨਾਲ ਉਹਨਾਂ ਦੀ ਰੋਗ—ਪ੍ਰਤੀਰੋਧਕ ਸਮਰਥਾ ਵਧਾਉਂਦਿਆਂ ਸਿਹਤ ਨੂੰ ਸੁਰੱਖਿਅਤ ਰੱਖਿਆ ਜਾ ਸਕਦਾ ਹੈ। ਉਹਨਾਂ ਨੇ ਕਿਹਾ ਕਿ ਅਜਿਹੇ ਮੈਡੀਕਲ ਕੈਂਪਾਂ ਰਾਹੀਂ ਨਿਯਮਿਤ ਸਿਹਤ ਜਾਂਚ ਨਾਲ ਬਿਮਾਰੀਆਂ ਦੀ ਪਹਿਚਾਣ ਸ਼ੁਰੂਆਤੀ ਸਮੇਂ ਵਿਚ ਹੋਣ ਕਰਕੇ ਇਸ ਦਾ ਇਲਾਜ ਸਮੇਂ ਸਿਰ ਅਤੇ ਸਰਲ ਹੋ ਜਾਂਦਾ ਹੈ।

## ਸਰਬੱਤ ਦਾ ਭਲਾ ਟਰੱਸਟ ਨੇ ਸਰਹੱਦੀ ਖੇਤਰ ਦੀਆਂ 17 ਧੀਆਂ ਨੂੰ ਵਿਆਹਾਂ ਲਈ ਇੱਕ-ਇੱਕ ਲੱਖ ਦੇ ਚੈੱਕ ਦਿੱਤ



ਅੰਮ੍ਰਿਤਸਰ, 25 ਫਰਵਰੀ (ਬਬਲੂ ਮਹਾਜਨ)- ਆਪਣੀ ਵਿਲੱਖਣ ਸੇਵਾ ਕਾਰਜ ਸ਼ੈਲੀ ਤੇ ਖੁੱਲ੍ਹ ਦਿਲੀ ਕਾਰਨ ਪੂਰੀ ਦੁਨੀਆਂ ਅੰਦਰ ਰੱਬ ਦੇ ਫਰਿਸ਼ਤੇ ਵੱਜੋਂ ਜਾਣੇ ਜਾਂਦੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਟਰੱਸਟ ਦੇ ਬਾਨੀ ਡਾ.ਐਸ.ਪੀ.ਸਿੰਘ ਉਬਰਾਏ ਦੀ ਸਰਪ੍ਰਸਤੀ ਹੇਠ ਟਰੱਸਟ ਵੱਲੋਂ ਸ਼ੁਰੂ ਕੀਤੀ ਗਈ ਹੜ੍ਹ ਪ੍ਰਭਾਵਿਤ ਵਿਆਹ ਯੋਜਨਾ ਤਹਿਤ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਨਾਲ ਸੰਬੰਧਿਤ ਵੱਖ-ਵੱਖ ਪਰਿਵਾਰਾਂ ਦੀਆਂ 16 ਹੋਰਨਾਂ ਧੀਆਂ ਸਮੇਤ ਗੁਰਦਾਸਪੁਰ ਜ਼ਿਲ੍ਹੇ ਦੀ 1 ਧੀ ਦੇ ਵਿਆਹ ਲਈ ਸਹਾਇਤਾ ਦੇ ਰੂਪ ਚ ਇੱਕ-ਇੱਕ ਲੱਖ ਰੁਪਏ ਦੇ ਚੈੱਕ ਸ਼ਗਨ ਵਜੋਂ ਦਿੱਤੇ ਗਏ। ਇਸ ਸੇਵਾ ਕਾਰਜ ਨੂੰ ਨੇਪਰੇ ਚੜ੍ਹਾਉਣ ਲਈ ਉਚੇਚੇ ਤੌਰ ਤੇ ਸਰਹੱਦੀ ਖੇਤਰ ਚ ਪਹੁੰਚੇ ਡਾ.ਐਸ.ਪੀ.ਸਿੰਘ ਉਬਰਾਏ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਟਰੱਸਟ ਵੱਲੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਕਰਨ ਦੇ ਫ਼ੈਸਲੇ ਤਹਿਤ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀਆਂ 16, ਤਰਨਤਾਰਨ ਦੀਆਂ 25, ਫ਼ਿਰੋਜ਼ਪੁਰ ਦੀਆਂ 31, ਫਾਜ਼ਿਲਕਾ ਦੀਆਂ 28, ਮੋਗਾ ਦੀਆਂ 4 ਜਦ ਕਿ ਕਪੂਰਥਲਾ, ਜਲੰਧਰ ਤੇ ਗੁਰਦਾਸਪੁਰ ਦੀਆਂ 1-1 ਧੀਆਂ ਭਾਵ ਕੁਲ 107 ਪਰਿਵਾਰਾਂ ਨੂੰ ਵਿਆਹਾਂ ਵਾਸਤੇ ਇੱਕ-ਇੱਕ ਲੱਖ ਰੁਪਏ ਦੇਣ ਉਪਰੰਤ ਹੁਣ ਤੱਕ ਟਰੱਸਟ ਵੱਲੋਂ ਕੁਲ 214 ਧੀਆਂ ਦੇ ਵਿਆਹ ਮੁਕੰਮਲ ਹੋ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਟਰੱਸਟ ਵੱਲੋਂ ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਘਰਾਂ ਨੂੰ ਬਣਾਉਣ ਦਾ ਕਾਰਜ ਵੀ ਆਰੰਭ ਹੋ ਗਿਆ ਹੈ,ਜਿਸ ਤਹਿਤ 15 ਪੀੜਤ ਪਰਿਵਾਰਾਂ ਨੂੰ ਲੋੜੀਂਦੀ ਰਾਸ਼ੀ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਗਈ ਹੈ। ਡਾ.ਉਬਰਾਏ ਨੇ ਵਿਆਹ ਕਾਰਜਾਂ ਦੀ ਵੱਡੀ ਸੇਵਾ ਨੂੰ ਨੇਪਰੇ ਚਾੜ੍ਹਨ ਲਈ ਸਿਆਟਲ (ਯੂ.ਐਸ.ਏ.) ਦੀ ਸਮੂਹ ਸਾਧ ਸੰਗਤ ਵੱਲੋਂ ਪਾਏ ਗਏ ਵਿਸ਼ੇਸ਼ ਯੋਗਦਾਨ ਲਈ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦਿਆਂ ਦੱਸਿਆ ਕਿ ਟਰੱਸਟ ਦੀ ਸਿਆਟਲ ਇਕਾਈ ਦੇ ਅਹੁਦੇਦਾਰ ਵੀ ਉਚੇਚੇ ਤੌਰ ਤੇ ਅਮਰੀਕਾ ਤੋਂ ਆ ਕੇ ਅੱਜ ਦੇ ਵਿਆਹ ਸਮਾਗਮਾਂ ਦਾ ਹਿੱਸਾ ਬਣੇ ਹਨ। ਸਮਾਗਮ ਦੇ ਅਖ਼ੀਰ ਚ ਕਸਬਾ ਚਮਿਆਰੀ ਦੇ ਮੋਹਤਬਰਾਂ ਵੱਲੋਂ ਡਾ.ਉਬਰਾਏ ਸਮੇਤ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਦੌਰਾਨ ਧੀਆਂ ਦੇ ਮਾਪਿਆਂ ਨੇ ਡਾ.ਉਬਰਾਏ ਸਮੇਤ ਟਰੱਸਟ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਉਨ੍ਹਾਂ ਦੀ ਬਦੌਲਤ ਅੱਜ ਉਹ ਆਪਣੀਆਂ ਧੀਆਂ ਦੇ ਵਿਆਹਾਂ ਦੇ ਖ਼ਰਚ ਤੋਂ ਭਾਰ ਮੁਕਤ ਹੋ ਗਏ ਹਨ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਜਨੂੰਨ-ਏ-ਪੰਜਾਬ ਸਮਾਗਮ ਕਰਵਾਇਆ



ਅੰਮ੍ਰਿਤਸਰ 25 ਫਰਵਰੀ (ਗੁਰਦਿਆਲ ਸਿੰਘ) ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਨੂੰਨ-ਏ-ਪੰਜਾਬ ਰਾਹੀ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਕਰਵਾਏ ਜਾ ਰਹੇ ਅੰਤਰ ਕਾਲਜ ਸੱਭਿਆਚਾਰਕ ਮੁਕਾਬਲਿਆਂ ਦੇ ਪਹਿਲੇ ਦਿਨ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਨਵ ਤੇ ਨਿਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਤੇ ਸਟੇਸ਼ਨਰੀ,ਸੁਚੱਜਾ ਪ੍ਰਸ਼ਾਸ਼ਨ ਤੇ ਸੂਚਨਾ ਤਕਨੀਕ ਅਤੇ ਰੁਜਗਾਰ ਉਤਪਤੀ ਤੇ ਸਿਖਲਾਈ ਵਿਭਾਗ ਮੰਤਰੀ ਪੰਜਾਬ ਸ਼੍ਰੀ ਅਮਨ ਅਰੋੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਇਸ ਵੇਲੇ ਇੱਕ ਮਹੱਤਵਪੂਰਨ ਮੋੜ 'ਤੇ ਖੜ੍ਹਾ ਹੈ ਅਤੇ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਕੌਮ ਨੇ ਹਮੇਸ਼ਾ ਮੁਸ਼ਕਲਾਂ ਦਾ ਡੱਟ ਕੇ ਸਾਹਮਣਾ ਕੀਤਾ ਹੈ ਅਤੇ ਇਸ ਵਾਰ ਵੀ ਨੌਜਵਾਨ ਪੀੜ੍ਹੀ ਆਪਣੇ ਜਜ਼ਬੇ ਨਾਲ ਇਸ ਚੁਣੌਤੀ ਨੂੰ ਜਿੱਤ ਸਕਦੀ ਹੈ।ਸ਼੍ਰੀ ਅਮਨ ਅਰੋੜਾ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀਆਂ ਦੇ ਡੀਐਨਏ ਵਿੱਚ ਜਜ਼ਬਾ ਅਤੇ ਹਿੰਮਤ ਮੌਜੂਦ ਹੈ ਅਤੇ ਇਤਿਹਾਸ ਗਵਾਹ ਹੈ ਕਿ ਪੰਜਾਬ ਨੇ ਹਮੇਸ਼ਾ ਮੁਸ਼ਕਲਾਂ ਦਾ ਡੱਟ ਕੇ ਮੁਕਾਬਲਾ ਕੀਤਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿੱਚ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕਤਾ ਫੈਲਾਉਣ ਵਿੱਚ ਅਗਵਾਈ ਕਰਨ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਦੇ ਨਾਲ-ਨਾਲ ਸਿੱਖਿਆ ਸੰਸਥਾਵਾਂ ਅਤੇ ਨੌਜਵਾਨਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਯਕੀਨ ਦਵਾਇਆ ਕਿ ਪੰਜਾਬ ਸਰਕਾਰ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਹਰ ਸੰਭਵ ਸਹਿਯੋਗ ਦੇਵੇਗੀ। ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਹੈ ਅਤੇ ਇਸ ਧਰਤੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਕੁਝ ਹਾਲਾਤਾਂ ਕਾਰਨ ਪੰਜਾਬ ਦੀ ਨੌਜਵਾਨੀ ਨੂੰ ਬਦਨਾਮ ਕੀਤਾ ਗਿਆ, ਪਰ ਅੱਜ ਦੇ ਨੌਜਵਾਨ ਆਪਣੀ ਸਕਾਰਾਤਮਕ ਸੋਚ ਅਤੇ ਸਰਗਰਮ ਹਿੱਸੇਦਾਰੀ ਨਾਲ ਇਸ ਧਾਰਣਾ ਨੂੰ ਤੋੜ ਰਹੇ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋ ਪਹਿਲੇ ਪੱਖ ਵਿੱਚ ਪੁਲਿਸ ਅਤੇ ਇਨਫੋਰਸਮੈਂਟ ਏਜੰਸੀਆਂ ਵੱਲੋਂ ਨਸ਼ਿਆਂ ਦੀ ਸਪਲਾਈ 'ਤੇ ਨਕੇਲ ਕਸੀ ਜਾ ਰਹੀ ਹੈ, ਜਦ ਕਿ ਦੂਜੇ ਪੱਖ ਵਿੱਚ ਸਮਾਜ ਦੇ ਸਹਿਯੋਗ ਨਾਲ ਨਸ਼ਿਆਂ ਦੀ ਮੰਗ ਘਟਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਮਾਜ ਵਿੱਚੋਂ ਨਸ਼ਿਆਂ ਦੀ ਮੰਗ ਖ਼ਤਮ ਨਹੀਂ ਹੁੰਦੀ, ਤਦੋਂ ਤੱਕ ਇਸ ਸਮੱਸਿਆ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਮੁਸ਼ਕਲ ਹੈ।ਸ਼੍ਰੀ ਅਰੋੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਕੋਈ ਨੌਜਵਾਨ ਗਲਤੀ ਨਾਲ ਨਸ਼ਿਆਂ ਵੱਲ ਵਧਦਾ ਨਜ਼ਰ ਆਵੇ ਤਾਂ ਉਸਨੂੰ ਰੋਕਣਾ ਅਤੇ ਸਹੀ ਰਸਤੇ 'ਤੇ ਲਿਆਉਣਾ ਸਾਥੀਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਯੂਨੀਵਰਸਿਟੀਆਂ ਅਤੇ ਸਿੱਖਿਆ ਸੰਸਥਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਅਜਿਹੀਆਂ ਮੁਹਿੰਮਾਂ ਨਾਲ ਪੰਜਾਬ ਵਿੱਚ ਨਵੀਂ ਉਮੀਦ ਦੀ ਕਿਰਨ ਜਗ ਰਹੀ ਹੈ।

## ਬਠਿੰਡਾ ਨਿਗਮ: ਰਿਕਾਰਡ ਰੂਮ ਦੀ ਅੱਗ 'ਚ ਸੜੇ ਦਸਤਾਵੇਜ਼ਾਂ ਦੀਆਂ ਡਿਜੀਟਲ ਕਾਪੀਆਂ ਮੌਜੂਦ, ਜਾਂਚ ਜਾਰੀ



ਬਠਿੰਡਾ, 25 ਫਰਵਰੀ (ਦੀਪਕ ਸ਼ਰਮਾ) :ਨਗਰ ਨਿਗਮ ਬਠਿੰਡਾ ਦੇ ਰਿਕਾਰਡ ਰੂਮ ਵਿੱਚ ਬੀਤੀ 30 ਜਨਵਰੀ ਦੀ ਰਾਤ ਨੂੰ ਲੱਗੀ ਭਿਆਨਕ ਅੱਗ ਕਾਰਨ ਹੋਏ ਨੁਕਸਾਨ ਨੂੰ ਲੈ ਕੇ ਮੇਅਰ ਪਦਮਜੀਤ ਮਹਿਤਾ ਨੇ ਸਥਿਤੀ ਸਪੱਸ਼ਟ ਕੀਤੀ ਹੈ। ਮੰਗਲਵਾਰ ਨੂੰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੇਅਰ ਨੇ ਭਰੋਸਾ ਦਿਵਾਇਆ ਕਿ ਇਸ ਮੰਦਭਾਗੀ ਘਟਨਾ ਕਾਰਨ ਨਿਗਮ ਨੂੰ ਕੋਈ ਵਿੱਤੀ ਨੁਕਸਾਨ ਨਹੀਂ ਝੱਲਣਾ ਪਵੇਗਾ, ਕਿਉਂਕਿ ਸੜੇ ਹੋਏ ਸਾਰੇ ਅਹਿਮ ਦਸਤਾਵੇਜ਼ਾਂ ਦਾ ਬੈਕਅੱਪ ਨਿਗਮ ਕੋਲ ਡਿਜੀਟਲ ਰੂਪ ਵਿੱਚ ਸੁਰੱਖਿਅਤ ਹੈ।ਮੇਅਰ ਮਹਿਤਾ ਨੇ ਦੱਸਿਆ ਕਿ ਅੱਗ ਲੱਗਣ ਦੀ ਘਟਨਾ ਤੋਂ ਤੁਰੰਤ ਬਾਅਦ ਸਾਰੇ ਵਿਭਾਗਾਂ ਨੂੰ ਰਿਕਾਰਡ ਦੀ ਬਾਰੀਕੀ ਨਾਲ ਪੜਤਾਲ ਕਰਨ ਦੇ ਹੁਕਮ ਦਿੱਤੇ ਗਏ ਸਨ। ਜਾਂਚ ਦੌਰਾਨ ਸਾਰੇ ਵਿਭਾਗੀ ਮੁਖੀਆਂ ਨੇ ਲਿਖਤੀ ਤੌਰ ਤੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਦਾ ਡਾਟਾ ਅਤੇ ਹੋਰ ਜ਼ਰੂਰੀ ਦਸਤਾਵੇਜ਼ ਸੁਰੱਖਿਅਤ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਕੰਮਾਂ-ਕਾਰਾਂ ਨਾਲ ਸਬੰਧਤ ਰਿਕਾਰਡ ਵੀ ਪੂਰੀ ਤਰ੍ਹਾਂ ਸਲਾਮਤ ਹੈ।ਵਿਜੀਲੈਂਸ ਜਾਂਚ ਦੇ ਘੇਰੇ ਹੇਠਲੇ ਮਾਮਲਿਆਂ ਬਾਰੇ ਬੋਲਦਿਆਂ ਮੇਅਰ ਨੇ ਕਿਹਾ ਕਿ ਉਨ੍ਹਾਂ ਕੇਸਾਂ ਨਾਲ ਸਬੰਧਤ ਅਸਲ ਦਸਤਾਵੇਜ਼ ਪਹਿਲਾਂ ਹੀ ਵਿਜੀਲੈਂਸ ਵਿਭਾਗ ਕੋਲ ਉਪਲਬਧ ਹਨ। ਇਸ ਤੋਂ ਇਲਾਵਾ ਕਈ ਮਾਮਲਿਆਂ ਵਿੱਚ ਥਰਡ ਪਾਰਟੀ ਵੈਰੀਫਿਕੇਸ਼ਨ ਅਤੇ ਆਡਿਟ ਮੁਕੰਮਲ ਹੋ ਚੁੱਕਾ ਹੈ, ਜਿਸ ਕਾਰਨ ਅੱਗ ਲੱਗਣ ਦੀ ਇਸ ਘਟਨਾ ਦਾ ਨਿਗਮ ਦੀ ਕਾਰਜਪ੍ਰਣਾਲੀ ਜਾਂ ਆਰਥਿਕਤਾ ਤੇ ਕੋਈ ਅਸਰ ਨਹੀਂ ਪਵੇਗਾ।ਮੇਅਰ ਨੇ ਸਖ਼ਤ ਲਹਿਜੇ ਵਿੱਚ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਹਾਲੇ ਵੀ ਜਾਰੀ ਹੈ। ਜੇਕਰ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਕਿ ਅੱਗ ਕਿਸੇ ਸ਼ਰਾਰਤ ਜਾਂ ਸੋਚੀ-ਸਮਝੀ ਸਾਜ਼ਿਸ਼ ਤਹਿਤ ਲਗਾਈ ਗਈ ਸੀ, ਤਾਂ ਇਸ ਵਿੱਚ ਸ਼ਾਮਲ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਚੋਰਾਂ ਨੇ ਕੀਤਾ ਨੱਕ 'ਚ ਦਮ: ਸਿਵਲ ਲਾਈਨ, ਕੈਨਾਲ ਕਲੋਨੀ ਤੇ ਥਰਮਲ ਪੁਲਿਸ ਵੱਲੋਂ ਤਿੰਨ ਗ੍ਰਿਫ਼ਤਾਰ

ਬਠਿੰਡਾ, 25 ਫਰਵਰੀ (ਦੀਪਕ ਸ਼ਰਮਾ) :ਸ਼ਹਿਰ ਵਿੱਚ ਜਿੱਥੇ ਨਸ਼ੇੜੀਆਂ ਅਤੇ ਲੁੱਟਖੋਹ ਕਰਨ ਵਾਲਿਆਂ ਦੀਆਂ ਵੀਡੀਓ ਵਾਇਰਲ ਹੋਣਾ ਆਮ ਗੱਲ ਬਣ ਗਈ ਹੈ, ਉੱਥੇ ਹੀ ਇੱਕ ਹੋਰ ਤਲਵਾਰ ਸ਼ਹਿਰ ਵਾਸੀਆਂ ਦੇ ਸਿਰਾਂ ਤੇ ਆਮ ਹੀ ਲਟਕਦੀ ਰਹਿੰਦੀ ਹੈ।ਦੱਸ ਦਈਏ ਕਿ ਸ਼ਹਿਰ ਵਿੱਚ ਨਸ਼ੇੜੀਆਂ ਲੁਟੇਰਿਆਂ ਤੋਂ ਇਲਾਵਾ ਵੱਖ-ਵੱਖ ਚੋਰ ਗਿਰੋਹ ਵੀ ਸਰਗਰਮ ਹਨ। ਮਾਹੌਲ ਇਹ ਬਣਿਆ ਹੋਇਆ ਹੈ ਕਿ ਤੁਸੀਂ ਆਪਣਾ ਵਹੀਕਲ ਖੜਾ ਕਰਕੇ ਬੇਫਿਕਰੀ ਨਾਲ ਕਿਤੇ ਵੀ ਨਹੀਂ ਜਾ ਸਕਦੇ। ਇਸੇ ਤਰ੍ਹਾਂ ਸੁੰਨੇ ਪਏ ਘਰ ਅਤੇ ਬਣ ਰਹੀਆਂ ਇਮਾਰਤਾਂ ਹਮੇਸ਼ਾ ਚੋਰਾਂ ਦੇ ਨਿਸ਼ਾਨੇ ਤੇ ਰਹਿੰਦੀਆਂ ਹਨ। ਇਸ ਤਰ੍ਹਾਂ ਦੇ ਤਿੰਨ ਮਾਮਲਿਆਂ ਵਿੱਚ ਬਠਿੰਡਾ ਦੇ ਤਿੰਨ ਥਾਣਿਆਂ ਦੀ ਪੁਲਿਸ ਨੇ ਤਿੰਨ ਵਿਅਕਤੀਆਂ ਨੂੰ ਚੋਰੀ ਦੇ ਦੋਸ਼ਾਂ ਹੇਠ ਗ੍ਰਿਫਤਾਰ ਕਰਕੇ ਚੋਰੀ ਕੀਤਾ ਹੋਇਆ ਸਮਾਨ ਬਰਾਮਦ ਕੀਤਾ ਹੈ। ਪੁਲਿਸ ਵੱਲੋਂ ਇਹ ਕਾਰਵਾਈਆਂ ਥਾਣਾ ਸਿਵਲ ਲਾਈਨ, ਕੈਨਾਲ ਕਲੋਨੀ ਅਤੇ ਥਰਮਲ ਅਧੀਨ ਕੀਤੀਆਂ ਗਈਆਂ ਹਨ। ਪਹਿਲੇ ਮਾਮਲੇ ਵਿੱਚ ਥਾਣਾ ਸਿਵਲ ਲਾਈਨ ਪੁਲਿਸ ਨੇ ਆਵਾ ਬਸਤੀ ਦੇ ਰਹਿਣ ਵਾਲੇ ਸ਼ੁਭਮ ਦੀ ਸ਼ਿਕਾਇਤ ਤੇ ਕਾਰਵਾਈ ਕਰਦਿਆਂ ਦਸ਼ਮੇਸ਼ ਨਗਰ ਦੇ ਕੁਲਦੀਪ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਨੇ ਬੀਤੇ ਦਿਨੀਂ ਸ਼ੁਭਮ ਦਾ ਮੋਟਰਸਾਈਕਲ ਚੋਰੀ ਕੀਤਾ ਸੀ ਅਤੇ ਪੁਲਿਸ ਨੇ ਮੁਲਜ਼ਮ ਕੋਲੋਂ ਚੋਰੀਸ਼ੁਦਾ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ। ਦੂਜੀ ਕਾਰਵਾਈ ਥਾਣਾ ਕੈਨਾਲ ਕਲੋਨੀ ਦੀ ਪੁਲਿਸ ਵੱਲੋਂ ਅਮਲ ਵਿੱਚ ਲਿਆਂਦੀ ਗਈ ਹੈ, ਜਿੱਥੇ ਬਲਰਾਜ ਨਗਰ ਦੇ ਵਸਨੀਕ ਜਸਵਿੰਦਰ ਸਿੰਘ ਦੇ ਘਰੋਂ 16 ਫਰਵਰੀ ਨੂੰ ਸੋਨੇ ਦੇ ਗਹਿਣੇ ਅਤੇ ਨਕਦੀ ਚੋਰੀ ਕਰਨ ਦੇ ਇਲਜ਼ਾਮ ਹੇਠ ਸੰਜੇ ਨਗਰ ਦੇ ਰਹਿਣ ਵਾਲੇ ਵਿਕਰਮ ਨੂੰ ਕਾਬੂ ਕੀਤਾ ਗਿਆ ਹੈ ਅਤੇ ਪੁਲਿਸ ਮੁਲਜ਼ਮ ਤੋਂ ਪੁੱਛਗਿੱਛ ਕਰ ਰਹੀ ਹੈ। ਇਸੇ ਤਰ੍ਹਾਂ ਤੀਜੀ ਗ੍ਰਿਫ਼ਤਾਰੀ ਥਾਣਾ ਥਰਮਲ ਦੀ ਪੁਲਿਸ ਨੇ ਕੀਤੀ ਹੈ, ਜਿੱਥੇ ਦੇਸ਼ਰਾਜ ਸਕੂਲ ਕੋਲ ਰਹਿਣ ਵਾਲੇ ਨਰੇਸ਼ ਕੁਮਾਰ ਦੀ ਸ਼ਿਕਾਇਤ ਤੇ ਗੁਰੂ ਨਾਨਕ ਨਗਰ ਦੇ ਗੁਰਮੀਤ ਸਿੰਘ ਨੂੰ ਚੋਰੀ ਦੇ ਦੋਸ਼ ਹੇਠ ਫੜਿਆ ਗਿਆ ਹੈ। ਸ਼ਿਕਾਇਤ ਅਨੁਸਾਰ ਮੁਲਜ਼ਮ ਨੇ ਟ੍ਰਾਂਸਪੋਰਟ ਨਗਰ ਵਿੱਚ ਬਣ ਰਹੇ ਇੱਕ ਮਕਾਨ ਵਿੱਚੋਂ ਪਾਣੀ ਵਾਲੀ ਮੱਛੀ ਮੋਟਰ ਚੋਰੀ ਕੀਤੀ ਸੀ, ਜਿਸ ਨੂੰ ਪੁਲਿਸ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ ਬਰਾਮਦ ਕਰ ਲਿਆ ਹੈ। ਪੁਲਿਸ ਅਨੁਸਾਰ ਇਨ੍ਹਾਂ ਤਿੰਨਾਂ ਮੁਲਜ਼ਮਾਂ ਖ਼ਿਲਾਫ਼ ਸਬੰਧਤ ਥਾਣਿਆਂ ਵਿੱਚ ਕੇਸ ਦਰਜ ਕਰ ਲਏ ਗਏ ਹਨ ਅਤੇ ਇਨ੍ਹਾਂ ਤੋਂ ਹੋਰ ਵੀ ਵਾਰਦਾਤਾਂ ਬਾਰੇ ਖੁਲਾਸੇ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ।

## ਸ਼੍ਰੋਮਣੀ ਅਕਾਲੀ ਦਲ ਦੀ ਭਾਈਰੂਪਾ ਰੈਲੀ ਇਤਿਹਾਸਿਕ ਹੋਵੇਗੀ: ਖਾਨਦਾਨ



ਭਗਤਾ ਭਾਈ ਕਾ, 25 ਫਰਵਰੀ (ਸਵਰਨ ਸਿੰਘ ਭਗਤਾ) : ਸ਼੍ਰੋਮਣੀ ਅਕਾਲੀ ਦਲ ਵੱਲੋਂ 28 ਫਰਵਰੀ ਨੂੰ ਕਸਬਾ ਭਾਈਰੂਪਾ ਵਿਖੇ ਕੀਤੀ ਜਾ ਰਹੀ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੀ ਪੰਜਾਬ ਬਚਾਓ ਰੈਲੀ ਦੀਆਂ ਤਿਆਰੀਆਂ ਸਬੰਧੀ ਆਗੂਆਂ ਅਤੇ ਵਰਕਰਾਂ ਵਿੱਚ ਭਰਵਾਂ ਜੋਸ਼ ਵੇਖਣ ਨੂੰ ਮਿਲ ਰਿਹਾ ਹੈ। ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਪਿੰਡ ਪਿੰਡ ਜਾ ਕੇ ਵਰਕਰਾਂ ਨਾਲ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 28 ਫਰਵਰੀ ਨੂੰ ਕਸਬਾ ਭਾਈ ਰੂਪਾ ਵਿਖੇ ਹੋ ਰਹੀ ਪੰਜਾਬ ਬਚਾਓ ਰੈਲੀ ਇਤਿਹਾਸਕ ਸਾਬਤ ਹੋਵੇਗੀ ਇਨਾਂ ਸ਼ਬਦਾਂ ਦਾ ਪ੍ਰਗਟਾਵਾ ਪਾਰਟੀ ਦੇ ਸਰਕਲ ਪ੍ਰਧਾਨ ਸੁਖਜਿੰਦਰ ਸਿੰਘ ਖਾਨਦਾਨ ਨੇ ਕੀਤਾ। ਉਹਨਾਂ ਕਿਹਾ ਕਿ ਮਾਲਵੇ ਦੇ ਇਸ ਅਹਿਮ ਹਲਕੇ ਅੰਦਰ ਪਿਛਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਪਾਰਟੀ ਨੇ ਜਿੱਤਾਂ ਦਰਜ ਕੀਤੀਆਂ ਹਨ ਅਤੇ ਲੋਕਾਂ ਨੇ ਅਕਾਲੀ ਦਲ ਦੇ ਵੋਟ ਬੈਂਕ ਵਿੱਚ ਵਾਧਾ ਕਰਕੇ ਮੁੜ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਬਣਾਉਣ ਲਈ ਮੋਹਰ ਲਗਾ ਦਿੱਤੀ ਹੈ। ਉਹਨਾਂ ਕਿਹਾ ਕਿ ਸੂਬੇ ਦੀ ਰਾਜਨੀਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਇੱਕ ਖੇਤਰੀ ਪਾਰਟੀ ਵਜੋਂ ਜਾਣਿਆ ਜਾਂਦਾ ਹੈ ਜੋ ਹਮੇਸ਼ਾਂ ਪਿੰਡਾਂ ਦੇ ਹੇਠਲੇ ਪੱਧਰ ਦੀਆਂ ਮੁਸ਼ਕਿਲਾਂ, ਵਪਾਰੀਆਂ, ਕਿਸਾਨਾਂ ਤੇ ਖੇਤੀਬਾੜੀ ਨਾਲ ਜੁੜੇ ਮੁੱਦੇ ਅਤੇ ਬੇਰੁਜ਼ਗਾਰ ਨੌਜਵਾਨਾਂ ਦੇ ਹਿੱਤਾਂ ਦੀ ਹਿਤੈਸ਼ੀ ਰਹੀ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਹੋਣ ਕਰਕੇ ਇਹ ਪੰਜਾਬ ਦੇ ਜ਼ਮੀਨੀ ਮੁੱਦਿਆਂ ਨੂੰ ਨਜ਼ਦੀਕ ਤੋਂ ਸਮਝਦੀ ਹੈ ਅਤੇ ਕਿਸਾਨਾਂ ਦੀ ਆਵਾਜ਼ ਨੂੰ ਉਚੇ ਪੱਧਰ ਤੱਕ ਪਹੁੰਚਾਉਣ ਦਾ ਦਾਅਵਾ ਕਰਦੀ। ਉਹਨਾਂ ਦਾਅਵਾ ਕੀਤਾ ਕਿ 28 ਫਰਵਰੀ ਦੀ ਰੈਲੀ ਵਿੱਚ ਹਲਕਾ ਰਾਮਪੁਰਾ ਫੂਲ ਸਮੇਤ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਲੋਕ ਸ਼ਮੂਲੀਅਤ ਕਰਕੇ ਅਕਾਲੀ ਦਲ ਦੀਆਂ ਲੋਕ ਹਿਤੈਸ਼ੀ ਨੀਤੀਆਂ ਤੇ ਮੋਹਰ ਲਗਾਉਣਗੇ। ਉਹਨਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ ਘਰ ਜਾ ਕੇ ਰੈਲੀ ਲਈ ਸੱਦਾ ਦੇਣਾ ਤੇ ਪਾਰਟੀ ਦੀਆਂ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ।

## ਵਿਧਾਇਕ ਸਿੱਧੂ ਦੀ ਕੋਠੀ ਦਾ ਭਲਕੇ ਆਂਗਨਵਾੜੀ ਯੂਨੀਅਨ ਵੱਲੋਂ ਕੀਤਾ ਜਾਵੇਗਾ ਘਿਰਾਓ

ਭਗਤਾ ਭਾਈ ਕਾ, 25 ਫਰਵਰੀ (ਸਵਰਨ ਸਿੰਘ ਭਗਤਾ) : ਜੁਝਾਰੂ ਆਂਗਨਵਾੜੀ ਵਰਕਰ ਹੈਲਪਰ ਯੂਨੀਅਨ ਦੀ ਸੀਨੀਅਰ ਸੂਬਾ ਮੀਤ ਪ੍ਰਧਾਨ ਸਿੰਦਰਪਾਲ ਕੌਰ ਦਿਆਲਪੁਰਾ ਭਾਈਕਾ ਨੇ ਇੱਕ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ 24 ਜਨਵਰੀ ਨੂੰ ਟੀਚਰ ਹੋਮ ਬਠਿੰਡਾ ਵਿਖੇ ਜੋ ਸੂਬਾ ਪੱਧਰੀ ਮੀਟਿੰਗ ਕਰਕੇ ਜੋ ਫੈਸਲਾ ਲਿਆ ਗਿਆ ਸੀ ਉਸ ਫੈਸਲੇ ਦੇ ਮੁਤਾਬਕ ਪਹਿਲਾਂ ਡੀਪੀਓ ਬਠਿੰਡਾ ਦੇ ਰਾਹੀਂ 11ਮੈਂਬਰੀ ਕਮੇਟੀ ਨੇ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਨੂੰ ਭੇਜਦੇ ਹੋਏ ਮੰਗ ਕੀਤੀ ਕਿ ਜਦੋਂ ਇਹ ਸਰਕਾਰ ਸੱਤਾ ਵਿੱਚ ਆਈ ਸੀ ਤਾਂ ਇਹਨਾਂ ਨੇ ਆਂਗਨਵਾੜੀ ਵਰਕਰ ਹੈਲਪਰ ਦਾ ਮਾਣਭੱਤਾ ਦੁੱਗਣਾ ਕਰਨ ਦਾ ਵਾਅਦਾ ਕੀਤਾ ਸੀ, ਪਰ ਮਾਨ ਭੱਤਾ ਦੁੱਗਣਾ ਕਰਨਾ ਤਾਂ ਦੂਰ ਸਮੇ ਸਿਰ ਤਨਖਾਹ ਵੀ ਨਹੀਂ ਮਿਲ ਰਹੀ ਵਾਰ ਵਾਰ ਮਹਿਕਮੇ ਦੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨਾਲ ਮੀਟਿੰਗ ਕਰਨ ਦੇ ਬਾਵਜੂਦ ਅੱਜ ਤੱਕ ਸਿਵਾਏ ਲਾਰਿਆਂ ਤੋਂ ਕੱਖ ਵੀ ਪੱਲੇ ਨੀ ਪਿਆ, ਆਗੂਆਂ ਨੇ ਕਿਹਾ ਕਿ ਅਸੀਂ ਸਰਕਾਰ ਨੂੰ ਦੱਸਣਾ ਚਾਹੁੰਦੇ ਹਾਂ ਕਿ ਹੁਣ ਸਰਕਾਰ ਸਾਡੇ ਸਬਰ ਨੂੰ ਹੋਰ ਨਾ ਪਰਖੇ ਜੇਕਰ ਅਸੀਂ ਸਰਕਾਰ ਨੂੰ ਤਖਤ ਤੇ ਬਿਠਾਉਣਾ ਜਾਣਦੇ ਹਾਂ ਤਾਂ ਲਾਹੁਣਾ ਵੀ ਜਾਣਦੇ ਹਾਂ ਸਾਡੀ ਮੌਜੂਦਾ ਵਿਧਾਇਕ ਬਲਕਾਰ ਸਿੰਘ ਸਿੱਧੂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕਰਵਾ ਕੇ ਆਉਣ ਵਾਲੇ ਬੱਜਟ ਸੈਸ਼ਨ ਵਿੱਚ ਸਾਡੇ ਮਾਣ ਭੱਤੇ ਵਿੱਚ ਵਾਧੇ ਦਾ ਐਲਾਨ ਕਰਨ ਜੇਕਰ ਅਜੇ ਵੀ ਸਾਡੀ ਇਸ ਮੰਗ ਤੇ ਗੌਰ ਨਾ ਕੀਤੀ ਗਈ ਤਾਂ 27 ਫਰਵਰੀ ਨੂੰ ਅਤੇ 28 ਫਰਵਰੀ ਨੂੰ ਪੰਜਾਬ ਭਰ ਦੇ ਸਾਰੇ ਵਿਧਾਇਕ ਦੇ ਘਰਾਂ ਦਾ ਘਿਰਾਓ ਕਰਕੇ ਸੈਂਟਰ ਗੌਰਮਿੰਟ ਦੇ ਬੱਜਟ ਦੀਆਂ ਕਾਪੀਆਂ ਸਾੜ ਕੇ ਪੰਜਾਬ ਗੌਰਮਿੰਟ ਦੇ ਖਿਲਾਫ ਰੱਜ ਕੇ ਨਾਅਰੇਬਾਜੀ ਕੀਤੀ ਜਾਵੇਗੀ

### ਸੰਗਰੂਰ ਨਗਰ ਕੌਂਸਲ ਵੱਲੋਂ ਅਦਾਲਤ ਨੂੰ ਗੁੰਮਰਾਹ ਕਰਨ ਦਾ ਹੋਇਆ ਵੱਡਾ ਖੁਲਾਸਾ

## ਅਧਿਕਾਰੀਆਂ ਨੇ ਫੋਟੋਆਂ ਖਿਚਵਾਉਣ ਲਈ ਕੀਤੀ ਕਾਸਮੈਟਿਕ ਸਫ਼ਾਈ, ਅਸਲ 'ਚ ਅੱਜ ਵੀ ਸੰਗਰੂਰ ਸ਼ਹਿਰ ਕੂੜੇ ਦੇ ਢੇਰਾਂ 'ਤੇ ਬੈਠਾ: ਪਟੀਸ਼ਨਰ



ਸੰਗਰੂਰ, 25 ਫਰਵਰੀ (ਹਰਕੰਵਲ ਸਿੰਘ ਹੈਪੀ) : ਨੈਸ਼ਨਲ ਗ੍ਰੀਨ ਟ੍ਰਿਬਿਊਨਲ (NGT) ਵਿੱਚ ਸੰਗਰੂਰ ਦੀ ਸਫਾਈ ਵਿਵਸਥਾ ਨੂੰ ਲੈ ਕੇ ਚੱਲ ਰਹੇ ਕੇਸ ਵਿੱਚ ਪਟੀਸ਼ਨਰਾਂ ਐਡਵੋਕੇਟ ਕਮਲ ਆਨੰਦ, ਜਤਿੰਦਰ ਕਾਲੜਾ, ਪਰਵੀਨ ਬਾਂਸਲ, ਰੋਸ਼ਨ ਗਰਗ ਅਤੇ ਹੋਰ ਸਾਥੀ ਐਡਵੋਕੇਟ ਭਗਵੰਤ ਸਿੰਘ, ਦਲੀਪ ਮਿਸ਼ਰਾ ਅਤੇ ਅਤੁਲ ਕੁਮਾਰ ਨੇ ਨਗਰ ਕੌਂਸਲ ਵਿਰੁੱਧ ਧਮਾਕੇਦਾਰ ਸਬੂਤ ਪੇਸ਼ ਕੀਤੇ ਹਨ। ਪਟੀਸ਼ਨਰਾਂ ਅਨੁਸਾਰ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਵੱਲੋਂ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਵਾਬ ਸੱਚਾਈ ਤੋਂ ਕੋਹਾਂ ਦੂਰ ਅਤੇ ਗੁੰਮਰਾਹਕੁੰਨ ਹੈ। ( ਪ੍ਰਸ਼ਾਸਨਿਕ ਝੂਠ ਅਤ ਰਿਪੋਰਟ ਦੇ ਸਬੂਤ)ਪਟੀਸ਼ਨਰਾਂ ਨੇ ਪ੍ਰਦੂਸ਼ਣ ਬੋਰਡ ਦੀ 9 ਫਰਵਰੀ 2026 ਦੀ ਜਾਂਚ ਰਿਪੋਰਟ ਦਾ ਹਵਾਲਾ ਦਿੰਦਿਆਂ ਹੇਠ ਲਿਖੇ ਖੁਲਾਸੇ ਕੀਤੇ: ਫੇਲ੍ਹ ਕੰਪੋਜ਼ਿਟ ਪਿੱਟ: ਈਓ ਨੇ ਦਾਅਵਾ ਕੀਤਾ ਸੀ ਕਿ 50 ਪਿੱਟ ਚਾਲੂ ਹਨ, ਜਦਕਿ ਬੋਰਡ ਦੀ ਰਿਪੋਰਟ ਮੁਤਾਬਕ 71 ਵਿੱਚੋਂ ਇੱਕ ਵੀ ਪਿੱਟ ਚਾਲੂ ਨਹੀਂ ਮਿਲਿਆ। ਨਗਰ ਕੌਂਸਲ ਨੇ ਕੂੜਾ ਸਾੜਨ ਤੋਂ ਇਨਕਾਰ ਕੀਤਾ ਸੀ, ਪਰ ਬੋਰਡ ਦੀ ਟੀਮ ਨੂੰ ਉਭਾਵਾਲ ਰੋਡ ਲੈਂਡਫਿਲ ਸਾਈਟ ਅਤੇ ਨਵੀਂ ਅਨਾਜ ਮੰਡੀ ਦੇ ਪਿੱਛੇ ਕੂੜੇ ਨੂੰ ਅੱਗ ਲੱਗੀ ਮਿਲੀ। ਲੈਂਡਫਿਲ ਸਾਈਟ ਤੇ 20 ਫੁੱਟ ਉੱਚੇ ਕੂੜੇ ਦੇ ਢੇਰ ਹਨ, ਉੱਥੇ ਕੂੜਾ ਤੋਲਣ ਲਈ ਕੋਈ ਕੰਡਾ ਨਹੀਂ ਹੈ ਅਤੇ ਜ਼ਹਿਰੀਲੇ ਪਾਣ ਦੇ ਪ੍ਰਬੰਧਨ ਦਾ ਕੋਈ ਇੰਤਜ਼ਾਮ ਨਹੀਂ ਹੈ। ਨਗਰ ਕੌਂਸਲ ਤੇ ਲੱਗਿਆ 84 ਲੱਖ ਰੁਪਏ ਦਾ ਵਾਤਾਵਰਣ ਜੁਰਮਾਨਾ ਅਜੇ ਤੱਕ ਬਕਾਇਆ ਹੈ। ਇਸ ਮੌਕੇ ਐਡਵੋਕੇਟ ਕਮਲ ਆਨੰਦ ਨੇ ਕਿਹਾ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਨੇ ਅਦਾਲਤ ਵਿੱਚ ਝੂਠਾ ਹਲਫ਼ਨਾਮਾ ਦਾਇਰ ਕਰਕੇ ਨਾ ਸਿਰਫ਼ ਮਾਣਯੋਗ ਟ੍ਰਿਬਿਊਨਲ ਨੂੰ ਗੁੰਮਰਾਹ ਕੀਤਾ ਹੈ, ਬਲਕਿ ਸੰਗਰੂਰ ਦੇ ਨਾਗਰਿਕਾਂ ਦੀ ਸਿਹਤ ਨਾਲ ਅਪਰਾਧਿਕ ਖਿਲਵਾੜ ਵੀ ਕੀਤਾ ਹੈ। ਜਿਸ ਸ਼ਹਿਰ ਨੂੰ ਮਾਡਲ ਸਿਟੀ ਕਿਹਾ ਜਾਂਦਾ ਸੀ, ਅੱਜ ਉੱਥੋਂ ਦੇ ਅਫਸਰਾਂ ਦੀ ਨਿਕੰਮੀ ਕਾਰਗੁਜ਼ਾਰੀ ਕਾਰਨ ਉਹ ਕੂੜੇ ਦੇ ਢੇਰਾਂ ਵਿੱਚ ਦਬਿਆ ਹੋਇਆ ਹੈ। ਜੇਕਰ ਕਾਰਜਸਾਧਕ ਅਫ਼ਸਰ ਆਪਣੇ ਦਫ਼ਤਰ ਦੇ ਮੂਹਰਿਓਂ ਕੂੜਾ ਨਹੀਂ ਚੁੱਕਵਾ ਸਕਦੇ, ਤਾਂ ਉਹਨਾਂ ਨੂੰ ਕੁਰਸੀ ਤੇ ਬੈਠਣ ਦਾ ਕੋਈ ਨੈਤਿਕ ਹੱਕ ਨਹੀਂ ਹੈ। ਅਸੀਂ ਮਾਣਯੋਗ ©7" ਤੋਂ ਮੰਗ ਕੀਤੀ ਹੈ ਕਿ ਇਹਨਾਂ ਅਧਿਕਾਰੀਆਂ ਵਿਰੁੱਧ ਝੂਠੀ ਗਵਾਹੀ ਦੇ ਤਹਿਤ ਕਾਰਵਾਈ ਕੀਤੀ ਜਾਵੇ ਅਤੇ ਜੁਰਮਾਨੇ ਦੀ ਰਕਮ ਉਹਨਾਂ ਦੀਆਂ ਨਿੱਜੀ ਤਨਖਾਹਾਂ ਵਿੱਚੋਂ ਵਸੂਲੀ ਜਾਵੇ, ਤਾਂ ਜੋ ਜਨਤਾ ਦੇ ਟੈਕਸ ਦੇ ਪੈਸੇ ਦੀ ਬਰਬਾਦੀ ਨੂੰ ਰੋਕਿਆ ਜਾ ਸਕੇ।ਐਡਵੋਕੇਟ ਭਗਵੰਤ ਸਿੰਘ ਅਤੇ ਜਤਿੰਦਰ ਕਾਲੜਾ ਨੇ ਕਿਹਾ ਕਿ ਨਗਰ ਕੌਂਸਲ ਨੇ ਸਿਰਫ਼ ਅਦਾਲਤ ਨੂੰ ਦਿਖਾਉਣ ਲਈ ਕਾਸਮੈਟਿਕ ਸਫਾਈ ਕੀਤੀ ਸੀ। ਰਣਬੀਰ ਕਾਲਜ ਰੋਡ ਤੇ ਅੱਜ ਵੀ 50 ਮੀਟਰ ਤੱਕ ਸੜਕ ਕੂੜੇ ਨਾਲ ਭਰੀ ਹੋਈ ਹੈ, ਜੋ ਅਧਿਕਾਰੀਆਂ ਦੇ ਝੂਠ ਨੂੰ ਬੇਨਕਾਬ ਕਰਦੀ ਹੈ।ਪਰਵੀਨ ਬਾਂਸਲ ਅਤੇ ਰੋਸ਼ਨ ਗਰਗ ਨੇ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਜੇਕਰ ਈਓ ਆਪਣੇ ਦਫ਼ਤਰ ਦੇ ਬਿਲਕੁਲ ਨਾਲ ਲੱਗੇ ਕੂੜੇ ਦੇ ਢੇਰ ਨਹੀਂ ਚੁੱਕਵਾ ਸਕਦੇ, ਤਾਂ ਉਹਨਾਂ ਨੂੰ ਕੁਰਸੀ ਤੇ ਬੈਠਣ ਦਾ ਕੋਈ ਹੱਕ ਨਹੀਂ। ਸਬਜ਼ੀ ਮੰਡੀ ਇਲਾਕੇ ਵਿੱਚ ਲੋਕਾਂ ਦਾ ਗੰਦਗੀ ਕਾਰਨ ਘਰੋਂ ਨਿਕਲਣਾ ਔਖਾ ਹੈ।ਦਲੀਪ ਮਿਸ਼ਰਾ ਅਤੇ ਅਤੁਲ ਕੁਮਾਰ ਨੇ ਸਾਂਝੇ ਤੌਰ ਤੇ ਕਿਹਾ ਕਿ ਪ੍ਰਸ਼ਾਸਨ ਸ਼ਹਿਰ ਵਾਸੀਆਂ ਦੀ ਸਿਹਤ ਨਾਲ ਅਪਰਾਧਿਕ ਖਿਲਵਾੜ ਕਰ ਰਿਹਾ ਹੈ ਇਸ ਲਈ ਉਹਨਾਂ ਅਦਾਲਤ ਤੋਂ ਮੰਗ ਕੀਤੀ ਕਿ ਗਲਤ ਹਲਫ਼ਨਾਮੇ ਦੇਣ ਬਦਲੇ ਅਧਿਕਾਰੀਆਂ ਤੇ ਨਿੱਜੀ ਸਮਰੱਥਾ ਵਿੱਚ ਭਾਰੀ ਜੁਰਮਾਨਾ ਲਗਾਇਆ ਜਾਵੇ।

## ਸਿਵਲ ਹਸਪਤਾਲ 'ਚ ਮੁਲਾਜ਼ਮਾਂ ਦਾ ਹੱਲਾ-ਬੋਲ: ਨਾਜਾਇਜ਼ ਬਦਲੀ ਖ਼ਿਲਾਫ਼ ਕੀਤਾ ਰੋਸ ਪ੍ਰਦਰਸ਼ਨ



ਬਠਿੰਡਾ, 25 ਫਰਵਰੀ (ਦੀਪਕ ਸ਼ਰਮਾ) : ਸਥਾਨਕ ਸਿਵਲ ਹਸਪਤਾਲ ਬਠਿੰਡਾ ਵਿਖੇ ਅੱਜ ਉਸ ਵੇਲੇ ਹੰਗਾਮੀ ਸਥਿਤੀ ਬਣ ਗਈ, ਜਦੋਂ ਇੱਕ ਆਊਟਸੋਰਸ ਮੁਲਾਜ਼ਮ ਦੀ ਕਥਿਤ ਨਾਜਾਇਜ਼ ਬਦਲੀ ਦੇ ਵਿਰੋਧ ਵਿੱਚ ਪੈਰਾਮੈਡੀਕਲ ਅਤੇ ਆਊਟਸੋਰਸ ਕਾਮਿਆਂ ਨੇ ਇਕੱਠੇ ਹੋ ਕੇ ਹਸਪਤਾਲ ਪ੍ਰਸ਼ਾਸਨ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ। ਮੁਲਾਜ਼ਮਾਂ ਦੇ ਇਸ ਤਿੱਖੇ ਰੋਸ ਕਾਰਨ ਹਸਪਤਾਲ ਦੀ ਓਪਡੀ ਸੇਵਾਵਾਂ ਵੀ ਕਾਫ਼ੀ ਸਮਾਂ ਪ੍ਰਭਾਵਿਤ ਰਹੀਆਂ, ਜਿਸ ਕਾਰਨ ਮਰੀਜ਼ਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਪ੍ਰਾਪਤ ਜਾਣਕਾਰੀ ਅਨੁਸਾਰ ਆਊਟਸੋਰਸ ਮੁਲਾਜ਼ਮ ਜਗਮੀਤ ਸਿੰਘ ਦੀ ਕੀਤੀ ਗਈ ਬਦਲੀ ਨੂੰ ਲੈ ਕੇ ਸਿਹਤ ਕਾਮਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਸੀ।ਇਸ ਮੌਕੇ ਆਗੂਆਂ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਮੁਲਾਜ਼ਮਾਂ ਦੀਆਂ ਬਦਲੀਆਂ ਕਰਕੇ ਉਨ੍ਹਾਂ ਨੂੰ ਮਾਨਸਿਕ ਤੌਰ ਤੇ ਪਰੇਸ਼ਾਨ ਕੀਤਾ ਜਾ ਰਿਹਾ ਹੈ। ਮਾਮਲਾ ਵਧਦਾ ਦੇਖ ਕੇ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸਿਵਲ ਸਰਜਨ ਬਠਿੰਡਾ ਨਾਲ ਹੰਗਾਮੀ ਮੀਟਿੰਗ ਕੀਤੀ। ਸਿਵਲ ਸਰਜਨ ਨੇ ਮੁਲਾਜ਼ਮਾਂ ਦੀਆਂ ਦਲੀਲਾਂ ਅਤੇ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦੇ ਹੋਏ ਜਗਮੀਤ ਸਿੰਘ ਦੀ ਬਦਲੀ ਦੇ ਹੁਕਮਾਂ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ। ਇਸ ਦੇ ਨਾਲ ਹੀ ਸਬੰਧਤ ਕੰਪਨੀ ਨੂੰ ਭੇਜੀ ਗਈ ਸ਼ਿਕਾਇਤ ਵੀ ਵਾਪਸ ਕਰਵਾ ਲਈ ਗਈ, ਜਿਸ ਤੋਂ ਬਾਅਦ ਮੁਲਾਜ਼ਮਾਂ ਨੇ ਆਪਣਾ ਪ੍ਰਦਰਸ਼ਨ ਖ਼ਤਮ ਕੀਤਾ।ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ) ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ, ਪੈਰਾਮੈਡੀਕਲ ਯੂਨੀਅਨ ਦੇ ਕਨਵੀਨਰ ਮੁਨੀਸ਼ ਕੁਮਾਰ, ਜਸਵਿੰਦਰ ਸ਼ਰਮਾ ਅਤੇ ਹੋਰ ਆਗੂਆਂ ਨੇ ਸੰਬੋਧਨ ਕਰਦਿਆਂ ਜਿੱਥੇ ਇਸ ਨੂੰ ਮੁਲਾਜ਼ਮ ਏਕਤਾ ਦੀ ਜਿੱਤ ਦੱਸਿਆ, ਉੱਥੇ ਹੀ 27 ਫਰਵਰੀ ਨੂੰ ਫਰੀਦਕੋਟ ਵਿਖੇ ਕੀਤੇ ਜਾ ਰਹੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਵਿੱਚ ਵੀ ਵਧ-ਚੜ੍ਹ ਕੇ ਪਹੁੰਚਣ ਦਾ ਸੱਦਾ ਦਿੱਤਾ। ਇਸ ਮੌਕੇ ਕੁਲਵਿੰਦਰ ਸਿੰਘ, ਹਾਕਮ ਸਿੰਘ, ਜਤਿੰਦਰ ਸਿੰਘ, ਹਰਜੀਤ ਸਿੰਘ, ਸੁਖਮੰਦਰ ਸਿੱਧੂ, ਵੀਰਪਾਲ ਕੌਰ, ਅਮਨਦੀਪ ਕੌਰ ਅਤੇ ਵੱਡੀ ਗਿਣਤੀ ਵਿੱਚ ਸਿਹਤ ਕਾਮੇ ਹਾਜ਼ਰ ਸਨ।

## ਸੁਖਬੀਰ ਬਾਦਲ ਨੂੰ ਮਿਲੇ ਐਡਵੋਕੇਟ ਗਗਨਦੀਪ ਖੰਡੇਬਾਦ, ਹਲਕੇ ਦੇ ਸਿਆਸੀ ਹਾਲਾਤ 'ਤੇ ਕੀਤੀ ਚਰਚਾ



ਲਹਿਰਾਗਾਗਾ, 25 ਫਰਵਰੀ (ਗੁਰਦੀਪ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਵੱਲੋਂ ਹਲਕਾ ਲਹਿਰਾ ਦੇ ਤਾਜ਼ਾ ਸਿਆਸੀ ਹਾਲਾਤਾਂ ਨੂੰ ਲੈ ਕੇ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨਾਲ ਪਿੰਡ ਬਾਦਲ ਵਿਖੇ ਮੁਲਾਕਾਤ ਕਰਦਿਆਂ ਉਨਾਂ ਨੂੰ ਹਲਕਾ ਲਹਿਰਾ ਦੇ ਤਾਜ਼ਾ ਹਾਲਾਤਾਂ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੰਦਿਆ ਕਿਹਾ ਕਿ ਹਲਕੇ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ, ਜਿਸ ਦੇ ਚਲਦੇ ਹਲਕੇ ਦੇ ਤਾਜ਼ਾ ਸਿਆਸੀ ਸਮੀਕਰਨ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਹਨ। ਸਰਦਾਰ ਬਾਦਲ ਨਾਲ ਮੁਲਾਕਾਤ ਉਪਰੰਤ ਐਡਵੋਕੇਟ ਖੰਡੇਬਾਦ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਪੰਜਾਬ ਬਚਾਓ— ਸੁਖਬੀਰ ਸਿੰਘ ਬਾਦਲ ਲਿਆਓ ਨੂੰ ਪੰਜਾਬ ਦੇ ਲੋਕਾਂ ਵੱਲੋਂ ਦਿੱਤਾ ਜਾ ਰਹੇ ਭਰਵੇਂ ਹੁੰਗਾਰੇ ਨੇ ਵਿਰੋਧੀ ਪਾਰਟੀਆਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ, ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਲੋਕਾਂ ਦਾ ਇੱਕਠ ਸਾਬਤ ਕਰਦਾ ਹੈ ਕਿ ਪੰਜਾਬ ਵਿੱਚੋਂ ਆਮ ਆਦਮੀ ਪਾਰਟੀ ਦੀ ਉਲਟੀ ਗਿਣਤੀ ਸ਼ੁਰੂ ਹੋ ਚੁੱਕੀ ਹੈ, ਸਰਕਾਰ ਦੀ ਸ਼ਹਿ ਤੇ ਪੁਲਿਸ ਵੱਲੋਂ ਕਿਸਾਨ ਜਥੇਬੰਦੀਆਂ ਵੱਲੋਂ ਸ਼ਾਂਤਮਈ ਕੀਤੇ ਜਾ ਰਹੇ ਸੰਘਰਸ਼ ਦੌਰਾਨ ਲਾਠੀ ਚਾਰਜ ਕਰਕੇ ਕਿਸਾਨਾਂ ਨੂੰ ਜ਼ਖਮੀ ਕਰਨ ਅਤੇ ਗ੍ਰਿਫ਼ਤਾਰ ਕਰਨ ਦਾ ਮਾਮਲਾ ਆਮ ਆਦਮੀ ਪਾਰਟੀ ਦੇ ਸਿਆਸੀ ਅੰਤ ਵਿੱਚ ਆਖਰੀ ਕਿੱਲ ਸਾਬਤ ਤੋਂ ਹੋਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰ ਸਕਦੈ, ਪੰਜਾਬ ਨੂੰ ਸੰਭਾਲਣਾ ਆਮ ਆਦਮੀ ਪਾਰਟੀ ਦੇ ਬਸ ਦੀ ਗੱਲ ਨਹੀਂ, ਕਿਉਂਕਿ ਆਪ ਦੇ ਰਾਜ ਵਿੱਚ ਸੂਬੇ ਅੰਦਰ ਅਮਨ ਕਾਨੂੰਨ ਦੀ ਸਥਿਤੀ ਇਸ ਕਦਰ ਬਦ ਤੋਂ ਬਦਤਰ ਹੋ ਚੁੱਕੀ ਹੈ ਕਿ ਵੱਡੇ ਵੱਡੇ ਉਦਯੋਗਪਤੀ ਪੰਜਾਬ ਛੱਡ ਕੇ ਹੋਰਨਾਂ ਸੂਬਿਆਂ ਵਿੱਚ ਸ਼ਿਫਟ ਹੋ ਰਹੇ ਹਨ, ਹਰ ਵਿਅਕਤੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹੈ, ਪੰਜਾਬ ਹਰ ਖੇਤਰ ਵਿੱਚ ਪਿਛੜਦਾ ਜਾ ਰਿਹਾ ਹੈ। ਉਨਾਂ ਪੰਜਾਬ ਅਤੇ ਬਾਹਰ ਵੱਸਦੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਦੀ ਤਰੱਕੀ, ਖੁਸ਼ਹਾਲੀ ,ਅਮਨ ਸ਼ਾਂਤੀ ਲਈ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ।

## 27 ਨੂੰ ਕੀਤਾ ਜਾਵੇਗਾ ਮੁੱਖ ਮੰਤਰੀ ਰਿਹਾਇਸ਼ ਦਾ ਘਿਰਾਓ

ਮਾਨਸਾ, 25 ਫਰਵਰੀ ( ਨਰਿੰਦਰ ਬਾਂਸਲ, ਵਿਨੋਦ ਸਿੰਗਲਾ ) : ਰਾਜ ਦੇ ਸਰਕਾਰੀ ਸਕੂਲਾਂ ਵਿੱਚ ਆਪਣੀਆ ਸੇਵਾਵਾਂ ਨਿਭਾਅ ਚੁੱਕੇ ਕੱਚੇ ਅਧਿਆਪਕ/ਵਲੰਟੀਅਰ ਆਪਣੀ ਬਹਾਲੀ ਨੂੰ ਲੈ ਕੇ ਕਾਫੀ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ। ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਵਿਕਾਸ ਸਾਹਨੀ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਆਪਣੇ 'ਆਪ' ਨੂੰ ਆਮ ਲੋਕਾਂ ਦੇ ਮੁੱਖ ਮੰਤਰੀ ਕਹਿਣ ਵਾਲੇ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋ ਪਹਿਲਾ ਕੀਤੇ ਵਾਅਦੇ ਮੁਤਾਬਿਕ ਸਾਨੂੰ ਬਿਨਾ ਕਿਸੇ ਸ਼ਰਤ ਬਹਾਲ ਕੀਤਾ ਜਾਵੇ ਮੁੱਖ ਮੰਤਰੀ ਪੰਜਾਬ ਵੱਲੋ ਲੁਧਿਆਣਾ ਜ਼ਿਮਨੀ ਚੋਣਾ ਦੌਰਾਨ 15 ਜੂਨ ਨੂੰ ਪੁਲਿਸ ਅਕੈਡਮੀ ਫਿਲੌਰ ਵਿਖੇ ਕੀਤੀ ਗਈ ਮੀਟਿੰਗ ਵਿੱਚ ਵੀ ਸਾਡੀ ਜਥੇਬੰਦੀ ਦੇ ਸਮੂਹ ਵਲੰਟੀਅਰ ਨੂੰ ਜਲਦ ਹੀ ਬਿਨਾ ਕਿਸੇ ਦੇਰੀ ਤੋਂ ਬਹਾਲ ਕਰਨ ਦੇ ਹੁਕਮ ਦਿੱਤੇ ਸਨ ਅਤੇ 15 ਦਿਨਾਂ ਦੇ ਅੰਦਰ-ਅੰਦਰ ਬਹਾਲੀ ਪ੍ਰੋਸੈਸ ਨੂੰ ਪੂਰਾ ਕਰਨ ਲਈ ਕਿਹਾ ਗਿਆ ਸੀ। ਅੱਜ ਪੂਰੇ ਅੱਠ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਸਰਕਾਰ ਵੱਲੋਂ ਸਾਡੀ ਬਹਾਲੀ ਸੰਬੰਧੀ ਕੋਈ ਪ੍ਰਤੀਕਿਰਆ ਨਹੀ ਹੈ ਤੇ ਵਾਰ-ਵਾਰ ਸਬ ਕਮੇਟੀ ਅਤੇ ਸਿੱਖਿਆ ਮੰਤਰੀ ਨਾਲ ਮੀਟਿੰਗਾਂ ਦੇਣ ਤੋਂ ਬਾਅਦ ਉਹਨਾਂ ਰੱਦ ਕੀਤਾ ਜਾ ਰਿਹਾ ਹੈ ਅਤੇ ਯੂਨੀਅਨ ਨੂੰ ਚੰਡੀਗੜ ਸੱਦ ਕੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ।ਯੂਨੀਅਨ ਨੇ ਸਰਕਾਰ ਨੂੰ ਸਖਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਸੰਘਰਸ਼ ਨੂੰ ਹੋਰ ਤੇਜ ਕਰਦੇ ਹੋਏ 27 ਫਰਵਰੀ ਨੂੰ ਚੰਡੀਗੜ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਇਸ ਮੌਕੇ ਲਖਵਿੰਦਰ ਕੌਰ, ਅਮਨਦੀਪ ਧਾਲੀਵਾਲ, ਵਰੁਣ ਖੇੜਾ, ਜਸਵਿੰਦਰ ਕੌਰ, ਰੁਪਿੰਦਰ ਕੌਰ, ਗੁਰਪ੍ਰੀਤ ਸਿੰਘ, ਮਨਿੰਦਰ ਮਾਨਸਾ, ਗੁਰਸੇਵਕ ਸਿੰਘ, ਕਰਮਜੀਤ ਕੌਰ, ਜਰਨੈਲ ਸਿੰਘ ਕਾਹਨਗੜ, ਸੁਖਦਰਸ਼ਨ ਸਿੰਘ ਕੁਲਰੀਆਂ,ਅਮਨਦੀਪ ਧਾਲੀਵਾਲ, ਵਰੁਣ ਖੇੜਾ, ਜਸਵਿੰਦਰ ਕੌਰ, ਰੁਪਿੰਦਰ ਕੌਰ, ਗੁਰਪ੍ਰੀਤ ਸਿੰਘ, ਮਨਿੰਦਰ ਮਾਨਸਾ, ਗੁਰਸੇਵਕ ਸਿੰਘ, ਕਰਮਜੀਤ ਕੌਰ, ਜਰਨੈਲ ਸਿੰਘ ਕਾਹਨਗੜ, ਸੁਖਦਰਸ਼ਨ ਸਿੰਘ ਕੁਲਰੀਆਂ ਪ੍ਰੀਤਮ ਸਿੰਘ, ਪਰਮਜੀਤ ਕੌਰ, ਬਲਵਿੰਦਰ ਕੌਰ, ਵਜ਼ੀਰ ਸਿੰਘ, ਵੀਰਪਾਲ ਕੌਰ ਅਤੇ ਸਮੂਹ ਸਾਥੀ ਹਾਜ਼ਰ ਸਨ।

## ਤੇਜ਼ ਰਫ਼ਤਾਰ ਕਾਰ ਨੇ ਮੋਟਰਸਾਈਕਲ ਨੂੰ ਮਾਰੀ ਟੱਕਰ, ਟੋਲ ਪਲਾਜ਼ਾ ਮੁਲਾਜ਼ਮ ਦੀ ਮੌਤ, ਸਾਥੀ ਗੰਭੀਰ ਜ਼ਖ਼ਮੀ

ਬਠਿੰਡਾ, 25 ਫਰਵਰੀ (ਦੀਪਕ ਸ਼ਰਮਾ) :ਰਾਮਪੁਰਾ ਫੂਲ ਦੀ ਖ਼ਾਲਸਾ ਮਾਰਕੀਟ ਨੇੜੇ ਬੀਤੀ ਰਾਤ ਇੱਕ ਤੇਜ਼ ਰਫ਼ਤਾਰ ਕਾਰ ਵੱਲੋਂ ਮੋਟਰਸਾਈਕਲ ਨੂੰ ਟੱਕਰ ਮਾਰ ਦੇਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦਕਿ ਉਸ ਦਾ ਸਾਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਮ੍ਰਿਤਕ ਦੀ ਪਛਾਣ ਸ਼ਮਸ਼ੇਰ ਸਿੰਘ ਨਿਵਾਸੀ ਪਿੰਡ ਫੂਲ ਵਜੋਂ ਹੋਈ ਹੈ, ਜੋ ਕਿ ਭੁੱਚੋ ਟੋਲ ਪਲਾਜ਼ਾ ਤੇ ਤਾਇਨਾਤ ਸੀ। ਹਾਦਸੇ ਵਿੱਚ ਜ਼ਖ਼ਮੀ ਹੋਏ ਉਸ ਦੇ ਸਾਥੀ ਗੁਰਨਿੰਦਰ ਸਿੰਘ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਅਗਲੇ ਇਲਾਜ ਲਈ ਰੈਫਰ ਕਰ ਦਿੱਤਾ ਗਿਆ ਹੈ।ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਮ੍ਰਿਤਕ ਦੇ ਦੋਸਤ ਜਗਦੀਪ ਸਿੰਘ ਨੇ ਦੱਸਿਆ ਕਿ ਉਹ ਬੀਤੀ ਰਾਤ ਬਠਿੰਡਾ ਤੋਂ ਵਾਪਸ ਪਰਤ ਰਹੇ ਸਨ। ਰਸਤੇ ਵਿੱਚ ਲਹਿਰਾ ਬੇਗਾ ਟੋਲ ਪਲਾਜ਼ਾ ਤੇ ਉਨ੍ਹਾਂ ਦੀ ਮੁਲਾਕਾਤ ਸ਼ਮਸ਼ੇਰ ਸਿੰਘ ਨਾਲ ਹੋਈ। ਸ਼ਮਸ਼ੇਰ ਨੇ ਦੱਸਿਆ ਸੀ ਕਿ ਰਾਤ 12 ਵਜੇ ਡਿਊਟੀ ਖ਼ਤਮ ਹੋਣ ਤੋਂ ਬਾਅਦ ਉਹ ਇਕੱਠੇ ਪਿੰਡ ਜਾਣਗੇ। ਡਿਊਟੀ ਤੋਂ ਬਾਅਦ ਜਦੋਂ ਉਹ ਵਾਪਸ ਮੁੜ ਰਹੇ ਸਨ ਤਾਂ ਜਗਦੀਪ ਆਪਣੇ ਮੋਟਰਸਾਈਕਲ ਤੇ ਅੱਗੇ ਜਾ ਰਿਹਾ ਸੀ, ਜਦਕਿ ਗੁਰਨਿੰਦਰ ਸਿੰਘ ਦੇ ਮੋਟਰਸਾਈਕਲ ਤੇ ਸ਼ਮਸ਼ੇਰ ਪਿੱਛੇ ਬੈਠਾ ਸੀ।ਜਿਵੇਂ ਹੀ ਉਹ ਖ਼ਾਲਸਾ ਮਾਰਕੀਟ ਦੇ ਨਜ਼ਦੀਕ ਪਹੁੰਚੇ ਤਾਂ ਪਿੱਛੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਇਸ ਕਾਰ ਨੂੰ ਗਿੱਲ ਕਲਾਂ ਨਿਵਾਸੀ ਮਨਪ੍ਰੀਤ ਸਿੰਘ ਚਲਾ ਰਿਹਾ ਸੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਨੌਜਵਾਨ ਸੜਕ ਤੇ ਡਿੱਗ ਕੇ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਰਾਹਗੀਰਾਂ ਨੇ ਤੁਰੰਤ ਦੋਵਾਂ ਨੂੰ ਸਿਵਲ ਹਸਪਤਾਲ ਰਾਮਪੁਰਾ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਸ਼ਮਸ਼ੇਰ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ।ਥਾਣਾ ਸਿਟੀ ਰਾਮਪੁਰਾ ਦੇ ਸਬ-ਇੰਸਪੈਕਟਰ ਗੁਰਦਿੱਤ ਸਿੰਘ ਨੇ ਦੱਸਿਆ ਕਿ ਜਗਦੀਪ ਸਿੰਘ ਦੀ ਸ਼ਿਕਾਇਤ ਤੇ ਕਾਰ ਚਾਲਕ ਮਨਪ੍ਰੀਤ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਘਟਨਾ ਦੇ ਕਾਰਨਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਮ੍ਰਿਤਕ ਦੀ ਦੇਹ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਹਵਾਲੇ ਕਰ ਦਿੱਤੀ ਜਾਵੇਗੀ।

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਯਤਨਾਂ ਸਦਕਾ ਪਿੰਡ ਰੋਗਲਾ ਵਿਖੇ ਪਾਰਕ ਦਾ ਨਿਰਮਾਣ ਸ਼ੁਰੂ



ਕੌਹਰੀਆਂ, 25 ਫਰਵਰੀ (ਅਵਤਾਰ ਸਿੰਘ ਜਟਾਣਾ) : ਪੰਜਾਬ ਦੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਦੇ ਯਤਨਾਂ ਸਦਕਾ ਹਲਕਾ ਦਿੜਬਾ ਦੇ ਪਿੰਡਾਂ ਦੀ ਨੁਹਾਰ ਬਦਲਣ ਦੀ ਮੁਹਿੰਮ ਤਹਿਤ ਅੱਜ ਪਿੰਡ ਰੋਗਲਾ ਵਿਖੇ ਵਿਕਾਸ ਕਾਰਜਾਂ ਦੀ ਲੜੀ ਨੂੰ ਜਾਰੀ ਰੱਖਦਿਆਂ ਪਿੰਡ ਰੋਗਲਾ ਵਿਖੇ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸਾਂਝੇ ਤੌਰ ਤੇ ਇੱਕ ਆਧੁਨਿਕ ਪਾਰਕ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਸਰਪੰਚ ਸ਼੍ਰੀਮਤੀ ਮਨਪ੍ਰੀਤ ਕੌਰ ਰੋਗਲਾ ਨੇ ਵਿਸ਼ੇਸ਼ ਤੌਰ ਤੇ ਵਿੱਤ ਮੰਤਰੀ ਸ੍ਰ.ਹਰਪਾਲ ਸਿੰਘ ਚੀਮਾ ਅਤੇ ਉਨਾਂ ਦੇ ਓਐਸਡੀ ਤੁਪਿੰਦਰ ਸਿੰਘ ਸੋਹੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਦੀ ਬਦੌਲਤ ਹੀ ਅੱਜ ਵਿਕਾਸ ਪੱਖੋਂ ਪਿਛੜੇ ਹੋਏ ਪਿੰਡ ਰੋਗਲਾ ਦਾ ਵਿਕਾਸ ਇੰਨੀ ਤੇਜ਼ੀ ਨਾਲ ਸੰਭਵ ਹੋ ਰਿਹਾ ਹੈ। ਸਰਪੰਚ ਨੇ ਦੱਸਿਆ ਕਿ ਮੰਤਰੀ ਸਾਬ ਦਾ ਮੁੱਖ ਉਦੇਸ਼ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ, ਜਿਸ ਤਹਿਤ ਇਹ 5 ਲੱਖ ਰੁਪਏ ਦੀ ਲਾਗਤ ਵਾਲਾ ਪਾਰਕ ਤਿਆਰ ਕੀਤਾ ਜਾ ਰਿਹਾ ਹੈ। ਉਹਨਾਂ ਅੱਗੇ ਦੱਸਿਆ ਕਿ ਮੰਤਰੀ ਸਾਬ ਵੱਲੋਂ ਪੂਰਾ ਭਰੋਸਾ ਦਿੱਤਾ ਗਿਆ ਹੈ ਕਿ ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਜੇਕਰ ਇਸ ਪਾਰਕ ਲਈ ਹੋਰ ਵੀ ਫੰਡਾਂ ਦੀ ਜ਼ਰੂਰਤ ਪਈ ਤਾਂ ਵਿਸ਼ੇਸ਼ ਤੌਰ ਤੇ ਵਾਧੂ ਗ੍ਰਾਂਟ ਜਾਰੀ ਕੀਤੀ ਜਾਵੇਗੀ।ਇਸ ਨਿਰਮਾਣ ਕਾਰਜ ਦੇ ਆਗਾਜ਼ ਮੌਕੇ ਬਲਕਾਰ ਸਿੰਘ, ਬਲਰਾਮ ਸਿੰਘ, ਗੁਰਦਾਸ ਸਿੰਘ ਯੂ.ਬੀ., ਅਮਰੀਕ ਸਿੰਘ, ਰਣਜੀਤ ਸਿੰਘ ਭੋਲਾ, ਹਰਜੀਤ ਸਿੰਘ, ਪ੍ਰਭਦਿਆਲ ਸਿੰਘ ਸੋਢੀ, ਜਿੰਦਰ ਸਿੰਘ ਫੌਜੀ, ਬੀਰਬਲ ਰਾਮ (ਸਾਰੇ ਪੰਚਾ) ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਗੁਰਮੀਤ ਸਿੰਘ ਰੋਗਲਾ, ਕੁਲਵੀਰ ਸਿੰਘ ਚੋਹਾਨ, ਬਲਜਿੰਦਰ ਸਿੰਘ ਮਾਨ ਗੱਗੜਪੁਰ, ਮੇਜਰ ਸਿੰਘ ਖਾਲਸਾ, ਮੀਤਾ ਕਲੇਰ, ਦਰਸ਼ਨ ਕਲੇਰ, ਕੁਲਦੀਪ ਸ਼ਰਮਾ, ਦੇਵਰਾਜ ਚੌਧਰੀ ਅਤੇ ਨਿੱਕਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ

## ਵਿਆਹੁਤਾ ਦੀ ਭੇਤਭਰੀ ਹਾਲਤ ਵਿੱਚ ਮੌਤ, ਪੇਕੇ ਪਰਿਵਾਰ ਵੱਲੋਂ ਕਤਲ ਦੇ ਇਲਜ਼ਾਮ



ਬਠਿੰਡਾ, 25 ਫਰਵਰੀ (ਦੀਪਕ ਸ਼ਰਮਾ) :ਜ਼ਿਲ੍ਹੇ ਦੇ ਪਿੰਡ ਰਾਏ ਕੇ ਕਲਾਂ ਵਿਖੇ ਇੱਕ ਵਿਆਹੁਤਾ ਦੀ ਭੇਤਭਰੀ ਹਾਲਤ ਵਿੱਚ ਮੌਤ ਹੋਣ ਦਾ ਦੁਖਦਾਈ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਤੋਂ ਬਾਅਦ ਮ੍ਰਿਤਕਾ ਦੇ ਪੇਕੇ ਪਰਿਵਾਰ ਨੇ ਸਹੁਰਾ ਪੱਖ 'ਤੇ ਗੰਭੀਰ ਇਲਜ਼ਾਮ ਲਗਾਉਂਦਿਆਂ ਨੰਦਗੜ੍ਹ ਥਾਣੇ ਦਾ ਘਿਰਾਓ ਕੀਤਾ ਅਤੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਇਨਸਾਫ਼ ਦੀ ਮੰਗ ਕੀਤੀ। ਮ੍ਰਿਤਕਾ ਦੀ ਪਛਾਣ ਜਸ਼ਨਦੀਪ ਕੌਰ ਵਜੋਂ ਹੋਈ ਹੈ, ਜੋ ਕਿ ਕਰੀਬ ਛੇ ਮਹੀਨਿਆਂ ਦੀ ਗਰਭਵਤੀ ਸੀ।ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਮ੍ਰਿਤਕਾ ਦੀ ਮਾਂ ਗੁਰਪ੍ਰੀਤ ਕੌਰ ਵਾਸੀ ਗੱਗੜ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਧੀ ਨੂੰ ਵਿਆਹ ਤੋਂ ਬਾਅਦ ਹੀ ਦਹੇਜ ਦੀ ਮੰਗ ਨੂੰ ਲੈ ਕੇ ਲਗਾਤਾਰ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਬੀਤੇ ਸ਼ਨੀਵਾਰ ਉਨ੍ਹਾਂ ਨੂੰ ਜਸ਼ਨਦੀਪ ਦੀ ਤਬੀਅਤ ਖ਼ਰਾਬ ਹੋਣ ਦੀ ਸੂਚਨਾ ਮਿਲੀ ਸੀ, ਪਰ ਜਦੋਂ ਉਹ ਮੌਕੇ ਤੇ ਪਹੁੰਚੇ ਤਾਂ ਹਾਲਾਤ ਸ਼ੱਕੀ ਸਨ। ਹਸਪਤਾਲ ਲਿਜਾਣ ਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪਰਿਵਾਰ ਦਾ ਦਾਅਵਾ ਹੈ ਕਿ ਇਹ ਕੁਦਰਤੀ ਮੌਤ ਨਹੀਂ ਬਲਕਿ ਇੱਕ ਸੋਚੀ-ਸਮਝੀ ਸਾਜ਼ਿਸ਼ ਤਹਿਤ ਕੀਤਾ ਗਿਆ ਕਤਲ ਹੈ।ਦੂਜੇ ਪਾਸੇ, ਪੇਕੇ ਪਰਿਵਾਰ ਦੇ ਰੋਸ ਪ੍ਰਦਰਸ਼ਨ ਅਤੇ ਬਿਆਨਾਂ ਦੇ ਆਧਾਰ ਤੇ ਨੰਦਗੜ੍ਹ ਪੁਲਿਸ ਨੇ ਮ੍ਰਿਤਕਾ ਦੇ ਪਤੀ ਗੁਰਮਨਦੀਪ ਸਿੰਘ, ਤਾਈ ਸੱਸ, ਨਨਦ ਅਤੇ ਨਣਦੋਈਏ ਸਮੇਤ ਕੁੱਲ 6 ਜਣਿਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਡੀ.ਐਸ.ਪੀ. (ਦਿਹਾਤੀ) ਹਰਵਿੰਦਰ ਸਿੰਘ ਸਰਾਂ ਨੇ ਦੱਸਿਆ ਕਿ ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ ਅਤੇ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇਗਾ। ਫਿਲਹਾਲ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

## ਐਸ.ਐਸ.ਪੀ ਵੱਲੋਂ ਸਰਕਾਰੀ ਬਰਜਿੰਦਰਾ ਕਾਲਜ ਵਿਖੇ ਵਿਦਿਆਰਥੀਆਂ ਨਾਲ ਕੀਤੀ ਗਈ ਸੰਪਰਕ ਮੀਟਿੰਗ,

### ਨਸ਼ਿਆਂ ਵਿਰੁੱਧ ਸੁਨੇਹਾ ਦਿੰਦਾ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ ਗਿਆ




ਫਰੀਦਕੋਟ, 25 ਫਰਵਰੀ (ਅਵਤਾਰ ਸਿੰਘ ਮੱਲਾ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਵਿਚੋਂ ਨਸ਼ੇ ਦਾ ਸਮੂਲ ਨਾਸ਼ ਕਰਨ ਲਈ ਦ੍ਰਿੜ ਸੰਕਲਪਿਤ ਹੈ। ਗੌਰਵ ਯਾਦਵ ਦੀਆਂ ਹਦਾਇਤਾਂ ਮੁਤਾਬਿਕ ਫਰੀਦਕੋਟ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਅਪਰਾਧਿਕ ਅਨਸਰਾਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਦੀ ਜਾ ਰਹੀ ਹੈ। ਇਸ ਦੇ ਨਾਲ ਹੀ ਲਗਾਤਾਰ ਪਬਲਿਕ ਦੀ ਇਸ ਮੁਹਿੰਮ ਵਿੱਚ ਭਾਗੀਦਾਰੀ ਸੁਨਿਸਚਿਤ ਕਰਨ ਹਿੱਤ ਲਗਾਤਾਰ ਪਿੰਡਾ, ਸਕੂਲਾਂ, ਕਾਲਜਾਂ ਅਤੇ ਪਬਲਿਕ ਥਾਵਾਂ ਤੇ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਅੱਜ ਸਰਕਾਰੀ ਬ੍ਰਿਜਿੰਦਰਾ ਕਾਲਜ, ਫਰੀਦਕੋਟ ਦੇ ਓਪਨ ਥਿਏਟਰ ਵਿਖੇ ਇੱਕ ਵਿਸ਼ੇਸ਼ ਸੰਪਰਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਵਿੱਚ ਕਾਲਜ ਦੇ ਵਿਦਿਆਰਥੀਆਂ ਅਤੇ ਅਧਿਆਪਕਾ ਨੇ ਭਾਗ ਲਿਆ। ਇਸ ਸਮਾਗਮ ਦੌਰਾਨ ਨਸ਼ਿਆ ਵਿਰੁੱਧ ਸੁਨੇਹਾ ਦਿੰਦੇ ਹੋਏ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਨੇ ਹਾਜ਼ਰੀਨ ਨੂੰ ਵੀ ਗਹਿਰਾਈ ਨਾਲ ਜੋੜਿਆ।ਇਸ ਪ੍ਰੋਗਰਾਮ ਵਿੱਚ ਨਿਲਾਬਰੀ ਜਗਦਲੇ ਆਈ.ਜੀ ਫਰੀਦਕੋਟ ਰੇਂਜ ਤੇ ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਨਿਲਾਬਰੀ ਜਗਦਲੇ ਆਈ.ਜੀ ਫਰੀਦਕੋਟ ਰੇਂਜ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਪੂਰੀ ਤਰ੍ਹਾ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ, ਜਿਸਦੇ ਤਹਿਤ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ ਹੈ। ਜਿਸ ਦੇ ਤਹਿਤ ਸੇਫ ਪੰਜਾਬ ਐਂਟੀ-ਡਰੱਗ ਹੈਲਪਲਾਈਨ ਨੰਬਰ 93946-93946 ਜਾਰੀ ਕੀਤੀ ਗਈ ਹੈ।ਉਹਨਾਂ ਇਹ ਵੀ ਸਪਸ਼ਟ ਕੀਤਾ ਕਿ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਿਰਫ਼ ਕਾਨੂੰਨੀ ਜਾਂ ਪੁਲਿਸ ਪੱਧਰ ਦੀ ਕਾਰਵਾਈ ਕਾਫੀ ਨਹੀਂ, ਸਗੋਂ ਸਮਾਜਿਕ ਜਾਗਰੂਕਤਾ ਅਤੇ ਨੌਜਵਾਨਾ ਦੀ ਜ਼ਿੰਮੇਵਾਰ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਮੁੱਦਿਆਂ ਲਈ ਵੀ ਸੰਵੇਦਨਸ਼ੀਲ ਹੋਣ ਦੀ ਅਪੀਲ ਕੀਤੀਐਸ.ਐਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਵੱਲੋਂ ਇਸ ਮੌਕੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਗਿਆ ਕਿ ਨਸ਼ਿਆਂ ਦੇ ਨਾਸ਼ ਲਈ ਫਰੀਦਕੋਟ ਪੁਲਿਸ ਵੱਲੋਂ ਲਗਾਤਾਰ ਤੇ ਦ੍ਰਿੜ ਨੀਤੀ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ। ਸਾਨੂੰ ਸਮਝਣਾ ਹੋਵੇਗਾ ਕਿ ਨਸ਼ੇ ਵਿਰੁੱਧ ਜੰਗ ਸਿਰਫ਼ ਕਾਨੂੰਨੀ ਪੱਧਰ ਦੀ ਲੜਾਈ ਨਹੀਂ, ਸਗੋਂ ਇੱਕ ਸਮਾਜਿਕ ਜਿੰਮੇਵਾਰੀ ਵੀ ਹੈ, ਜਿਸ ਵਿੱਚ ਹਰ ਨਾਗਰਿਕ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇਸੇ ਉਦੇਸ਼ ਹੇਠ ਅਸੀਂ ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਖਤਰੇ ਬਾਰੇ ਜਾਗਰੂਕ ਕਰ ਰਹੇ ਹਾਂ ਉਹਨਾ ਕਿਹਾ ਕਿ ਨੌਜਵਾਨਾਂ ਦੀ ਸਹੀ ਦਿਸ਼ਾ ਚ ਰਹਿਨੁਮਾਈ ਕਰਕੇ ਹੀ ਨਸ਼ਾ ਮੁਕਤ ਭਵਿੱਖ ਦੀ ਸਿਰਜਨਾ ਸੰਭਵ ਹੈ।ਇਸ ਦੇ ਨਾਲ ਹੀ ਉਹਨਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਨਸ਼ਾ ਤਸਕਰੀ ਜਾਂ ਸਮਾਜ ਵਿਰੋਧੀ ਤੱਤਾਂ ਦੀ ਕੋਈ ਵੀ ਜਾਣਕਾਰੀ ਰੱਖਦੇ ਹਨ, ਤਾਂ ਬਿਨਾ ਝਿਜਕ ਤੁਰੰਤ ਪੁਲਿਸ ਨਾਲ ਸਾਂਝੀ ਕਰਨ। ਤੁਹਾਡਾ ਇੱਕ ਕਦਮ ਕਈ ਜਿੰਦਗੀਆਂ ਬਚਾ ਸਕਦਾ ਹੈ। ਮਿਲਕੇ ਹੀ ਅਸੀਂ ਨਸ਼ਾ ਮੁਕਤ ਤੇ ਸੁਰੱਖਿਅਤ ਫਰੀਦਕੋਟ ਦੀ ਰਚਨਾ ਕਰ ਸਕਦੇ ਹਾਂ।ਇਸ ਦੌਰਾਨ ਵਿਦਿਆਰਥੀਆਂ ਨੇ ਨਸ਼ਿਆਂ, ਘਰੇਲੂ ਹਿੰਸਾ ਅਤੇ ਨਿੱਜੀ ਜੀਵਨ ਵਿੱਚ ਆ ਰਹੀਆਂ ਸਮੱਸਿਆਵਾਂ ਸਬੰਧੀ ਖੁੱਲ ਕੇ ਗੱਲਬਾਤ ਕੀਤੀ। ਡਾ. ਪ੍ਰਗਿਆ ਜੈਨ ਵੱਲੋਂ ਵਿਦਿਆਰਥੀਆਂ ਦੀਆਂ ਚਿੰਤਾਵਾਂ ਨੂੰ ਧਿਆਨ ਨਾਲ ਸੁਣ ਕੇ ਤੁਰੰਤ ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਨੇ ਇਹ ਵੀ ਯਕੀਨ ਦਿਵਾਇਆ ਕਿ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ ਪੁਲਿਸ ਦੀ ਪ੍ਰਾਥਮਿਕਤਾ ਹੈ।

## ਛੱਜੂ ਸਿੰਘ ਸਰਾਓ ਨੇ ਦਾਦਾ ਜੀ ਦੀ ਯਾਦ ਵਿੱਚ ਲਗਾਇਆ ਅੱਖਾਂ ਦਾ ਮੁਫ਼ਤ ਕੈਂਪ



ਕੌਹਰੀਆ, 25 ਫਰਵਰੀ(ਅਵਤਾਰ ਸਿੰਘ ਜਟਾਣਾ ) :ਇਲਾਕੇ ਦੇ ਉੱਘੇ ਸਮਾਜ ਸੇਵੀ ਅਤੇ ਲੋਕ ਸੇਵਾ ਨੂੰ ਸਮਰਪਿਤ ਪ੍ਰਧਾਨ ਸ੍ਰ. ਛੱਜੂ ਸਿੰਘ ਸਰਾਓ ਕਾਲਬੰਜਾਰਾ ਵੱਲੋਂ ਆਪਣੇ ਸਤਿਕਾਰਯੋਗ ਦਾਦਾ ਜੀ ਸਵਰਗਵਾਸੀ ਸਰਦਾਰ ਮਿਹਰ ਸਿੰਘ ਸਰਾਓ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਮਾਨਵਤਾ ਦੇ ਭਲੇ ਲਈ ਅੱਜ ਪਿੰਡ ਕਾਲਬੰਜਾਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਅੱਖਾਂ ਦਾ ਦੂਸਰਾ ਵਿਸ਼ਾਲ ਮੁਫ਼ਤ ਚੈੱਕਅੱਪ ਅਤੇ ਆਪ੍ਰੇਸ਼ਨ ਕੈਂਪ ਸਫਲਤਾਪੂਰਵਕ ਲਗਾਇਆ ਗਿਆ। ਵਿਸ਼ਵ ਪ੍ਰਸਿੱਧ ਸ਼ੰਕਰਾ ਅੱਖਾਂ ਦਾ ਹਸਪਤਾਲ ਲੁਧਿਆਣਾ ਦੀ ਮਾਹਰ ਡਾਕਟਰਾਂ ਦੀ ਟੀਮ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਗਏ ਇਸ ਨੇਕ ਕਾਰਜ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਬਾਬਾ ਗੁਰਜੀਤ ਸਿੰਘ ਜੀ ਹਰੀਗੜ੍ਹ ਵਾਲਿਆਂ ਨੇ ਆਪਣੇ ਕਰ-ਕਮਲਾਂ ਨਾਲ ਕੀਤਾ। ਇਸ ਮੌਕੇ ਬਾਬਾ ਜੀ ਨੇ ਮਰੀਜ਼ਾਂ ਅਤੇ ਸਮੂਹ ਸੰਗਤਾਂ ਨੂੰ ਆਪਣਾ ਅਸ਼ੀਰਵਾਦ ਪ੍ਰਦਾਨ ਕਰਦਿਆਂ ਸਰਾਓ ਪਰਿਵਾਰ ਦੇ ਇਸ ਮਾਨਵਤਾ ਪੱਖੀ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਕੈਂਪ ਦੌਰਾਨ ਇਲਾਕੇ ਦੇ 400 ਦੇ ਕਰੀਬ ਮਰੀਜ਼ਾਂ ਨੇ ਪਹੁੰਚ ਕੇ ਆਪਣੀਆਂ ਅੱਖਾਂ ਦਾ ਚੈੱਕਅੱਪ ਕਰਵਾਇਆ, ਜਿਨ੍ਹਾਂ ਵਿੱਚੋਂ 70 ਦੇ ਕਰੀਬ ਲੋੜਵੰਦ ਮਰੀਜ਼ਾਂ ਦੀ ਆਪ੍ਰੇਸ਼ਨ ਲਈ ਚੋਣ ਕੀਤੀ ਗਈ। ਕੈਂਪ ਵਿੱਚ ਪਹੁੰਚਣ ਵਾਲੇਮਰੀਜ਼ਾਂ ਲਈ ਦਵਾਈਆਂ, ਨਜ਼ਰ ਦੀਆਂ ਐਨਕਾਂ ਅਤੇ ਚੁਣੇ ਗਏ ਮਰੀਜ਼ਾਂ ਦੇ ਆਪ੍ਰੇਸ਼ਨਾਂ ਦਾ ਸਾਰਾ ਪ੍ਰਬੰਧ ਪ੍ਰਬੰਧਕਾਂ ਵੱਲੋਂ ਬਿਲਕੁੱਲ ਮੁਫ਼ਤ ਕੀਤਾ ਗਿਆ ਹੈ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਮੋਹਤਬਰ ਸ਼ਖ਼ਸੀਅਤਾਂ ਅਤੇ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦੇ ਵੀ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਨ੍ਹਾਂ ਨੇ ਸ੍ਰ. ਛੱਜੂ ਸਿੰਘ ਸਰਾਓ ਵੱਲੋਂ ਕੀਤੇ ਗਏ ਇਸ ਪਰਉਪਕਾਰੀ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ।

# ਹਾਈਕੋਰਟ ਵਿੱਚ ਨੌਕਰੀ ਦੇਣ ਦੇ ਨਾਂ 'ਤੇ ਕਰੋੜਾਂ ਦੀ ਠੱਗੀ, ਜਗਦੀਸ਼ ਸਿੰਘ ਖ਼ਿਲਾਫ਼ ਗੰਭੀਰ ਦੋਸ਼



ਧਨੌਲਾ, 25 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਵਿੱਚ ਨੌਜਵਾਨਾਂ ਨੂੰ ਨੌਕਰੀ ਦੇ ਸੁਪਨੇ ਦਿਖਾ ਪੰਜਾਬ ਹਰਿਆਣਾ ਹਾਈ ਕੋਰਟ ਵਿੱਚ ਨੌਕਰੀ ਲਵਾਉਣ ਦਾ ਝਾਂਸਾ ਦੇ ਕੇ ਵੱਡੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ ਹੈ ਕਿ ਜਗਦੀਸ ਸਿੰਘ ਪੁੱਤਰ ਰਣਜੀਤ ਸਿੰਘ ਨਾਮਕ ਵਿਅਕਤੀ ਨੇ ਲੋਕਾਂ ਦੇ ਜਵਾਕਾਂ ਨੂੰ ਹਾਈਕੋਰਟ ਵਿੱਚ ਨੌਕਰੀ ਲਗਵਾਉਣ ਦਾ ਝਾਂਸਾ ਦੇ ਕੇ ਕਰੋੜਾਂ ਰੁਪਏ ਇਕੱਠੇ ਕਰ ਲਏ। ਪੀੜਤ ਪਰਿਵਾਰਾਂ ਦਾ ਕਹਿਣਾ ਹੈ ਕਿ ਦੋਸ਼ੀ ਨੇ ਆਪਣੇ ਆਪ ਨੂੰ ਉੱਚ ਅਧਿਕਾਰੀਆਂ ਨਾਲ ਜਾਣ-ਪਛਾਣ ਵਾਲਾ ਦੱਸਿਆ ਅਤੇ ਪੱਕੀ ਨੌਕਰੀ ਦਾ ਭਰੋਸਾ ਦੇ ਕੇ ਵੱਡੀ ਰਕਮ ਲੈ ਲਈ। ਕਈ ਪਰਿਵਾਰਾਂ ਨੇ ਕਰਜ਼ਾ ਲੈ ਕੇ ਜਾਂ ਜਾਇਦਾਦ ਵੇਚ ਕੇ ਪੈਸੇ ਦਿੱਤੇ, ਪਰ ਨੌਕਰੀ ਨਾ ਲੱਗਣ 'ਤੇ ਉਹਨਾਂ ਨੂੰ ਠੱਗੀ ਦਾ ਅਹਿਸਾਸ ਹੋਇਆ, ਜਿਸ ਤੋਂ ਬਾਅਦ ਪੀੜਿਤ ਪਰਿਵਾਰਾਂ ਨੇ ਇਕੱਠੇ ਹੋ ਕੇ ਜਗਦੀਸ਼ ਸਿੰਘ ਨੂੰ ਦਬੋਚ ਲਿਆ। ਜਾਣਕਾਰੀ ਦਿੰਦਿਆਂ ਤਰਲੋਚਨ ਸਿੰਘ ਵਾਸੀ ਸੰਗਰੂਰ ਨੇ ਦੱਸਿਆ ਕਿ ਉਸ ਦੀ ਮੁਲਾਕਾਤ ਕਿਸੇ ਵਿਅਕਤੀ ਰਾਹੀਂ ਜਗਦੀਸ਼ ਸਿੰਘ ਨਾਲ ਹੋਈ ਸੀ, ਜਿਸ ਨੇ ਕਿਹਾ ਸੀ ਕਿ ਮੇਰੀ ਹਾਈਕੋਰਟ ਦੇ ਜੱਜ ਨਾਲ ਉੱਠਣੀ ਬੈਠਣੀ ਹੈ, ਜਿਸ ਕਰਕੇ ਹਾਈਕੋਰਟ ਦੇ ਵਿੱਚ ਨੌਕਰੀਆਂ ਦੀਆਂ ਸੀਟਾਂ ਖਾਲੀ ਹਨ, ਜਿਸ ਵਿੱਚ ਨੈਬ ਕੋਰਟ ਨੈਬ ਰੀਡਰ ਸਟੈਨੋ ਕਲਰਕਾਂ ਆਦਿ ਪੋਸਟਾਂ ਖਾਲੀ ਪਈਆਂ ਹਨ, ਜਿਸ ਦੇ ਝਾਂਸੇ ਵਿੱਚ ਆ ਕੇ ਅਸੀਂ ਹਾਂ ਕਰ ਦਿੱਤੀ ਤੇ ਉਸਨੇ ਸਾਡੀ ਲੜਕੀ ਨੂੰ ਨੌਕਰੀ ਦਵਾਉਣ ਲਈ ਕਰੀਬ 7 ਲੱਖ ਰੁਪਏ ਲੈ ਲਏ, ਪਰ ਕਈ ਮਹੀਨੇ ਬੀਤ ਜਾਣ ਤੋਂ ਬਾਅਦ ਵੀ ਜਦੋਂ ਨੌਕਰੀ ਨਾ ਮਿਲੀ, ਤਾਂ ਸਾਨੂੰ ਲਾਰੇ ਲਾਉਂਦਾ ਰਿਹਾ। ਇਸੇ ਤਰ੍ਹਾਂ ਹੀ ਕੁਲਵੰਤ ਸਿੰਘ ਵਾਸੀ ਬਰਨਾਲਾ ਨੇ ਦੱਸਿਆ ਕਿ ਉਸ ਨੇ ਕਰੀਬ ਸੱਤ ਮਹੀਨੇ ਪਹਿਲਾਂ ਇਸ ਜਗਦੀਸ਼ ਨਾਮਕ ਵਿਅਕਤੀ ਨਾਲ ਮੁਲਾਕਾਤ ਹੋਈ, ਜਿਸ ਨੇ ਆਪਣੇ ਆਪ ਨੂੰ ਰਾਜਪੁਰੇ ਦਾ ਰਹਿਣ ਵਾਲਾ ਦੱਸਿਆ ਅਤੇ ਉਸਨੇ ਕਿਹਾ ਕਿ ਤੇਰੇ ਬੱਚੇ ਨੂੰ ਨੌਕਰੀ ਲਵਾ ਦਿੰਦੇ ਹਾਂ, ਜਿਸ ਨੇ ਮੇਰੇ ਤੋਂ ਵੀ 7 ਲੱਖ ਰੁਪਏ ਲੈ ਲਏ ਤੇ ਕਿਹਾ ਕਿ ਇੱਕ ਹੋਰ ਪੋਸਟ ਖਾਲੀ ਹੈ ਤੇ ਇੱਕ ਹੋਰ ਵਿਅਕਤੀ ਨੌਜਵਾਨ ਚਾਹੀਦਾ, ਜੋ ਨੌਕਰੀ ਕਰਨ ਦਾ ਚਾਹਵਾਨ ਹੋਵੇ, ਜਿਸ ਦੇ ਸਬੰਧ ਵਿੱਚ ਮੈਂ ਆਪਣੇ ਰਿਸ਼ਤੇਦਾਰਾਂ ਦੇ ਬੇਟੇ ਬਾਰੇ ਗੱਲ ਕਰ ਲਈ, ਤੇ ਦੋਵਾਂ ਦਾ ਮਿਲਾ ਕੇ ਕਰੀਬ 14 ਲੱਖ ਰੁਪਏ ਇਸ ਨੂੰ ਦਿੱਤੇ, ਜਿਸ ਨੇ ਭਰੋਸੇ ਵਜੋਂ ਸਾਨੂੰ ਇੱਕ ਜਾਅਲੀ ਡਾਕੂਮੈਂਟ ਦਿਖਾ ਕੇ ਨੌਕਰੀ ਲੱਗ ਜਾਣ ਬਾਰੇ ਨਿਯੁਕਤੀ ਪੱਤਰ ਦਿੱਤਾ, ਤੇ ਦੋ ਮਹੀਨਿਆਂ ਬਾਅਦ ਇੱਕ ਤਨਖਾਹ ਨੁਮਾ ਰਕਮ ਵੀ ਸਾਡੇ ਖਾਤਿਆਂ ਵਿੱਚ ਪਾਈ, ਜਿਸ 'ਤੇ ਸਾਨੂੰ ਭਰੋਸਾ ਬੱਝ ਗਿਆ। ਪਰ ਕੁਝ ਮਹੀਨੇ ਬੀਤ ਜਾਣ ਤੋਂ ਬਾਅਦ ਹੀ ਸਾਨੂੰ ਠੱਗੀ ਦਾ ਅਹਿਸਾਸ ਹੋਇਆ। ਇਸੇ ਤਰ੍ਹਾਂ ਸੁਖਦੀਪ ਸਿੰਘ ਵਾਸੀ ਪੱਖੋਕੇ, ਕਰਮਜੀਤ ਸਿੰਘ ਵਾਸੀ ਬਰਨਾਲਾ, ਕੁਲਦੀਪ ਸਿੰਘ ਵਾਸੀ ਬਰਨਾਲਾ, ਕਿਰਨਦੀਪ ਸਿੰਘ ਵਾਸੀ ਬਰਨਾਲਾ, ਸੋਮਨਾਥ ਵਾਸੀ ਬਰਨਾਲਾ, ਮਲਕੀਤ ਸਿੰਘ ਝੱਲੀ ਵਾਸੀ ਬਰਨਾਲਾ ਨਾਲ ਠੱਗੀ ਮਾਰੇ ਜਾਣ ਦੀ ਗੱਲ ਸਾਹਮਣੇ ਆਈ। ਪੀੜਤਾਂ ਵੱਲੋਂ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ ਅਤੇ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਉਹਨਾਂ ਨੇ ਮੰਗ ਕੀਤੀ ਹੈ ਕਿ ਮਾਮਲੇ ਦੀ ਪੂਰੀ ਜਾਂਚ ਕਰਕੇ ਦੋਸ਼ੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੀੜਤਾਂ ਨੂੰ ਉਨ੍ਹਾਂ ਦੀ ਰਕਮ ਵਾਪਸ ਦਿਵਾਈ ਜਾਵੇ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਸਬੂਤਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

# ਪੰਜਾਬ ਸਖੀ ਸ਼ਕਤੀ ਮੇਲਾ: ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਵੱਲੋਂ ਸਟਾਲਾਂ ਦਾ ਦੌਰਾ



## ਉੱਦਮੀ ਔਰਤਾਂ ਵੱਲੋਂ ਹੱਥੀਂ ਬਣਾਏ ਸਮਾਨ ਦੀ ਕੀਤੀ ਸ਼ਲਾਘਾ

ਬਰਨਾਲਾ, 25 ਫਰਵਰੀ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਸਵੈ ਸਹਾਇਤਾ ਗਰੁੱਪਾਂ ਖਾਸ ਕਰਕੇ ਉੱਦਮੀ ਔਰਤਾਂ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਕਰਾਇਆ ਜਾ ਰਿਹਾ ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਜਾਰੀ ਹੈ। ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਪਹਿਲੇ ਦਿਨ ਸ਼ਾਮ ਨੂੰ ਮੇਲੇ ਵਿੱਚ ਸਟਾਲਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਆਈ ਏ ਐੱਸ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਜਿੰਦਰ ਸਿੰਘ ਬੇਦੀ ਆਈ ਏ ਐੱਸ ਮੌਜੂਦ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੀਆਂ ਉੱਦਮੀ ਔਰਤਾਂ ਵਲੋਂ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਸਮਾਨ ਜਿਵੇਂ ਫੁਲਕਾਰੀਆਂ, ਪੱਖੇ, ਘੱਗਰੇ, ਛਿੱਕੂ, ਘਰੇਲੂ ਸਮਾਨ, ਆਚਾਰ, ਚਟਣੀਆਂ, ਮੁਰੱਬੇ ਅਤੇ ਹੋਰ ਬਣਾਏ ਸਜਾਵਟੀ ਸਮਾਨ ਦੀ ਸ਼ਲਾਘਾ ਕੀਤੀ ਅਤੇ ਜ਼ਿਲ੍ਹਾ ਵਾਸੀਆਂ ਨੂੰ ਇਥੋਂ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ। ਪਹਿਲੇ ਦਿਨ ਸ਼ਾਮ ਗਾਇਕ ਗਗਨ ਖੰਨਾ ਅਤੇ ਜੈਸ਼ਵੀਰ ਨੇ ਆਪਣੀ ਪੇਸ਼ਕਾਰੀ ਦਿੱਤੀ। ਓਹਨਾਂ ਕਿਹਾ ਕਿ ਇਹ ਮੇਲਾ ਭਲਕੇ 26 ਫਰਵਰੀ ਤੱਕ ਜਾਰੀ ਰਹੇਗਾ। ਓਹਨਾਂ ਜ਼ਿਲ੍ਹਾ ਵਾਸੀਆਂ ਨੂੰ ਪਰਿਵਾਰਾਂ ਸਮੇਤ ਇਸ ਮੇਲੇ ਵਿੱਚ ਪੁੱਜਣ ਦਾ ਸੱਦਾ ਦਿੱਤਾ।

# ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸੌ ਫ਼ੀਸਦੀ ਟੀਕਾਕਰਨ ਯਕੀਨੀ ਬਣਾਉਣ ਲਈ ਵਿਸ਼ੇਸ਼ ਟੀਕਾਕਰਨ ਕੈਂਪ ਲਾਏ ਜਾਣਗੇ: ਐੱਸ.ਐੱਮ.ਓ. ਡਾ.ਔਜਲਾ



ਧਨੌਲਾ, 25 ਫ਼ਰਵਰੀ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਮਾਂ ਅਤੇ ਸ਼ਿਸ਼ੂ ਮੌਤ ਦਰ ਨੂੰ ਘਟਾਉਣ ਦੇ ਉਦੇਸ਼ ਨਾਲ ਸੀ.ਐੱਚ.ਸੀ ਧਨੌਲਾ ਅਤੇ ਇਸਦੇ ਅਧੀਨ ਆਉਂਦੇ ਵੱਖ ਵੱਖ ਆਯੂਸ਼ਮਾਨ ਅਰੋਗਿਆ ਕੇਂਦਰਾਂ 'ਤੇ ਹਰ ਬੁੱਧਵਾਰ ਦੀ ਤਰ੍ਹਾਂ ਇਸ ਵਾਰ ਵੀ ਮਮਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਆਪਣੇ ਬੱਚਿਆਂ ਦੇ ਭਵਿੱਖ ਲਈ ਚਿੰਤਤ ਮਾਪੇ ਖ਼ੁਦ ਬੱਚਿਆਂ ਨੂੰ ਟੀਕੇ ਲਗਵਾਉਣ ਲਈ ਸਿਹਤ ਕੇਂਦਰਾਂ 'ਤੇ ਲੈ ਕੇ ਪਹੁੰਚੇ ਅਤੇ ਗਰਭਵਤੀ ਔਰਤਾਂ ਵੱਲੋਂ ਵੀ ਆਪਣੀ ਸਿਹਤ ਜਾਂਚ ਕਰਵਾਈ ਗਈ। ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਮਮਤਾ ਦਿਵਸ ਮੌਕੇ ਸਿਹਤ ਕੇਂਦਰਾਂ 'ਤੇ ਕੇਵਲ ਮਾਂ ਅਤੇ ਬੱਚੇ ਦੀ ਸਿਹਤ ਜਾਂਚ ਅਤੇ ਟੀਕਾਕਰਨ ਹੀ ਨਹੀਂ ਕੀਤਾ ਜਾਂਦਾ ਸਗੋਂ ਗਰਭਵਤੀ ਔਰਤਾਂ ਨੂੰ ਸਰਕਾਰ ਵੱਲੋਂ ਮਿਲਣ ਵਾਲੀਆਂ ਮੁਫ਼ਤ ਸਿਹਤ ਸਹੂਲਤਾਂ ਅਤੇ ਮਾਪਿਆਂ ਨੂੰ ਬੱਚੇ ਦੀ ਸਾਂਭ ਸੰਭਾਲ ਤੋਂ ਲੈ ਕੇ ਪਰਿਵਾਰ ਨਿਯੋਜਨ ਦੇ ਤਰੀਕਿਆਂ ਬਾਰੇ ਵੀ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਦੇਹਾਤੀ ਖੇਤਰਾਂ ਵਿਚ ਹਰ ਬੁੱਧਵਾਰ ਲੱਗਣ ਵਾਲੇ ਇਹ ਕੈਂਪ ਮਾਂ ਅਤੇ ਸ਼ਿਸ਼ੂ ਮੌਤ ਦਰ ਘਟਾਉਣ ਵਿਚ ਮਦਦਗਾਰ ਸਾਬਿਤ ਹੋ ਰਹੇ ਹਨ। ਡਾ. ਔਜਲਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਗਰਭਵਤੀ ਔਰਤਾਂ ਅਤੇ ਬੱਚਿਆਂ ਨੂੰ ਮਾਰੂ ਰੋਗਾਂ ਤੋਂ ਬਚਾਉਣ ਦੇ ਉਦੇਸ਼ ਨਾਲ ਉਨ੍ਹਾਂ ਦਾ ਸੌ ਫ਼ੀਸਦੀ ਟੀਕਾਕਰਨ ਯਕੀਨੀ ਬਣਾਉਣ ਲਈ ਸਮੇਂ ਸਮੇਂ 'ਤੇ ਵਿਸ਼ੇਸ਼ ਟੀਕਾਕਰਨ ਕੈਂਪ ਵੀ ਲਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਵਾਰ 16 ਤੋਂ 20 ਮਾਰਚ ਤੱਕ ਵਿਸ਼ੇਸ਼ ਟੀਕਾਕਰਨ ਕੈਂਪ ਲਗਾਏ ਜਾਣਗੇ ਅਤੇ ਟੀਕਾਕਰਨ ਤੋਂ ਵਾਂਝੇ ਲਾਭਪਾਤਰੀਆਂ ਤੱਕ ਪਹੁੰਚ ਕਰਕੇ ਟੀਕਾਕਰਨ ਕੀਤਾ ਜਾਵੇਗਾ। ਬਲਾਕ ਐਕਸਟੈਂਨਸ਼ਨ ਐਜੂਕੇਟਰ ਰਤਿਕਾ ਓਬਰਾਏ ਨੇ ਦੱਸਿਆ ਕਿ ਇਸ ਮੌਕੇ ਸੀ.ਐੱਚ.ਸੀ ਧਨੌਲਾ ਵਿਖੇ ਐੱਲ.ਐੱਚ.ਵੀ ਇੰਦਰਜੀਤ ਕੌਰ, ਜਤਿੰਦਰ ਕੌਰ, ਏ.ਐੱਨ.ਐੱਮ ਸਰਬਜੀਤ ਕੌਰ, ਗੁੱਡੀ ਕੌਰ, ਆਸ਼ਾ ਚਰਨਜੀਤ, ਨਰਿੰਦਰ, ਕਰਮਜੀਤ, ਪਰਮਜੀਤ ਅਤੇ ਸੁਖਦੀਪ ਕੌਰ, ਆਯੁਸ਼ਮਾਨ ਅਰੋਗਿਆ ਕੇਂਦਰ ਫਰਵਾਹੀ ਵਿਖੇ ਸੀ.ਐੱਚ.ਓ ਨਵਨੀਤ ਕੌਰ, ਮਲਟੀਪਰਪਜ਼ ਹੈਲਥ ਵਰਕਰ ਮਨਦੀਪ ਕੁਮਾਰ, ਏ.ਐੱਨ.ਐੱਮ ਸੁਨੀਤਾ ਰਾਣੀ ਅਤੇ ਹਰਨਾਮ ਕੌਰ ਹਾਜ਼ਰ ਸਨ।

# ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਵਿਧਾਇਕ ਉੱਗੋਕੇ ਨੇ 40 ਲੋੜਵੰਦ ਪਰਿਵਾਰਾਂ ਨੂੰ ਪੱਕੇ ਮਕਾਨਾਂ ਲਈ ਮਨਜ਼ੂਰੀ ਪੱਤਰ ਸੌਂਪੇ



ਤਪਾ/ਭਦੌੜ, ਬਰਨਾਲਾ, 25 ਫਰਵਰੀ (ਬਘੇਲ ਸਿੰਘ ਧਾਲੀਵਾਲ): ਹਲਕਾ ਭਦੌੜ ਦੇ ਵਿਧਾਇਕ ਸ. ਲਾਭ ਸਿੰਘ ਉਗੋਕੇ ਵੱਲੋਂ ਭਦੌੜ ਵਿਖੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਨ) ਤਹਿਤ ਲਗਭਗ 40 ਲੋੜਵੰਦ ਪਰਿਵਾਰਾਂ ਨੂੰ ਕੱਚੇ ਘਰਾਂ ਨੂੰ ਪੱਕਾ ਕਰਨ ਲਈ ਮਨਜ਼ੂਰੀ ਪੱਤਰ ਸੌਂਪੇ ਗਏ ਜਿਸ ਤਹਿਤ ਇਨ੍ਹਾਂ ਪਰਿਵਾਰਾਂ ਨੂੰ ਆਪਣਾ ਮਕਾਨ ਬਣਾਉਣ ਵਿੱਚ ਵੱਡੀ ਰਾਹਤ ਮਿਲੇਗੀ। ਇਸ ਮੌਕੇ ਹਲਕਾ ਵਿਧਾਇਕ ਨੇ ਕਿਹਾ ਕਿ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਯੋਜਨਾਵਾਂ ਨੂੰ ਤਰਜੀਹ ਦੇ ਕੇ ਹਰੇਕ ਹੱਕਦਾਰ ਤੱਕ ਲਾਭ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਇਹ ਕੋਸ਼ਿਸ਼ ਰਹਿੰਦੀ ਹੈ ਕਿ ਉਹ ਆਪਣੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਲਈ ਲਗਾਤਾਰ ਕੰਮ ਕਰਦੇ ਰਹਿਣ। ਉਨ੍ਹਾਂ ਕਿਹਾ ਕਿ ਇਨ੍ਹਾਂ ਮਨਜ਼ੂਰੀ ਪੱਤਰਾਂ ਨਾਲ ਲੋੜਵੰਦ ਪਰਿਵਾਰਾਂ ਦਾ ਬਿਹਤਰ ਜ਼ਿੰਦਗੀ ਜਿਊਣ ਦਾ ਸੁਪਨਾ ਸਾਕਾਰ ਹੋਵੇਗਾ ਅਤੇ ਉਨ੍ਹਾਂ ਨੂੰ ਪੱਕੀ ਛੱਤ ਨਸੀਬ ਹੋਵੇਗੀ। ਉਨ੍ਹਾਂ ਦੁਹਰਾਇਆ ਕਿ ਉਹ ਹਲਕੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਵਚਨਬੱਧ ਹਨ। ਇਸ ਮੌਕੇ ਪ੍ਰਧਾਨ ਨਗਰ ਕੌਂਸਲ ਭਦੌੜ ਸ਼੍ਰੀ ਮਨੀਸ਼ ਕੁਮਾਰ, ਪ੍ਰਧਾਨ ਟਰੱਕ ਯੂਨੀਅਨ ਭਦੌੜ ਸ੍ਰੀ ਜਗਦੀਪ ਸਿੰਘ ਜੱਗੀ ਅਤੇ ਕਾਰਜ ਸਾਧਕ ਅਫ਼ਸਰ ਭਦੌੜ ਸ੍ਰੀ ਹਰਪ੍ਰੀਤ ਸਿੰਘ ਹਾਜ਼ਰ ਸਨ।

# ਰੈਗੂਲਰ ਕਰਨ ਦੇ ਨਾਮ 'ਤੇ ਕੱਚੇ ਮੁਲਾਜ਼ਮਾਂ ਦੀ ਆਰਥਿਕ ਲੁੱਟ ਬਰਦਾਸ਼ਤ ਨਹੀਂ : ਬੀ.ਐੱਡ. ਅਧਿਆਪਕ ਫ਼ਰੰਟ



ਬਰਨਾਲਾ, 25 ਫ਼ਰਵਰੀ (ਇਸ਼ੇਨ ਕੰਗ) : ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੇ ਨਾਮ 'ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਫੈਸਲਿਆਂ ਖ਼ਿਲਾਫ਼ ਬੀ ਐੱਡ ਅਧਿਆਪਕ ਫਰੰਟ ਨੇ ਕੜਾ ਰੋਸ ਜਤਾਇਆ ਹੈ। ਫਰੰਟ ਦੇ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ, ਮੀਤ ਪ੍ਰਧਾਨ ਦਲਜਿੰਦਰ ਸਿੰਘ ਪੰਡੋਰੀ, ਸਕੱਤਰ ਰਾਜਿੰਦਰ ਕੁਮਾਰ, ਜਥੇਬੰਦਕ ਸਕੱਤਰ ਸੁਖਬੀਰ ਸਿੰਘ ਅਤੇ ਕੇਵਲ ਸਿੰਘ ਨੇ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਕਿਹਾ ਕਿ ਸਰਕਾਰ ਕੱਚੇ ਕਰਮਚਾਰੀਆਂ ਦੇ ਭਵਿੱਖ ਨਾਲ ਖੇਡ ਰਹੀ ਹੈ। ਆਗੂਆਂ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਦਫਤਰਾਂ ਵਿੱਚ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਡਾਟਾ ਐਂਟਰੀ ਆਪਰੇਟਰਾਂ ਨੂੰ ਰੈਗੂਲਰ ਕਰਨ ਦੇ ਨਾਮ 'ਤੇ ਉਨ੍ਹਾਂ ਦੀ ਦਹਾਕਿਆਂ ਦੀ ਸਰਵਿਸ ਖਤਮ ਕਰਕੇ ਤਨਖਾਹ ਵਿੱਚ 60 ਫੀਸਦੀ ਤੋਂ ਵੱਧ ਕਟੌਤੀ ਕੀਤੀ ਜਾ ਰਹੀ ਹੈ। ਨੋਟੀਫਿਕੇਸ਼ਨ ਅਨੁਸਾਰ ਉਨ੍ਹਾਂ ਨੂੰ ਕੇਂਦਰੀ ਪੇ ਸਕੇਲ ਅਤੇ ਨਵੀਆਂ ਸ਼ਰਤਾਂ ਤਹਿਤ ਰੈਗੂਲਰ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ, ਜਿਸ ਕਾਰਨ ਕਰਮਚਾਰੀਆਂ ਨੂੰ ਲਗਭਗ 31,000 ਰੁਪਏ ਤੱਕ ਦੀ ਤਨਖਾਹ ਕਟੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫਰੰਟ ਦੇ ਆਗੂਆਂ ਨੇ ਕਿਹਾ ਕਿ ਆਪਣੀ ਉਮਰ ਦਾ ਵੱਡਾ ਹਿੱਸਾ ਵਿਭਾਗੀ ਸੇਵਾ ਨੂੰ ਸਮਰਪਿਤ ਕਰਨ ਤੋਂ ਬਾਅਦ ਕਰਮਚਾਰੀਆਂ ਨਾਲ ਇਹ ਵਤੀਰਾ ਨਿਆਂਸੰਗਤ ਨਹੀਂ ਹੈ। ਨਵੇਂ ਹੁਕਮਾਂ ਅਨੁਸਾਰ ਉਨ੍ਹਾਂ ਦੀ ਪਿਛਲੀ ਸਰਵਿਸ ਨੂੰ ਗਿਣਤੀ ਵਿੱਚ ਨਾ ਲਿਆਂਦਾ ਜਾਣਾ ਵੀ ਨਿੰਦਣਯੋਗ ਹੈ। ਮੁਲਾਜ਼ਮਾਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਪੂਰੇ ਪੇ ਸਕੇਲ ਅਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ ਅਤੇ ਪਿਛਲੀ ਸੇਵਾ ਨੂੰ ਵੀ ਮਾਨਤਾ ਦਿੱਤੀ ਜਾਵੇ। ਬੀ ਐੱਡ ਅਧਿਆਪਕ ਫਰੰਟ ਨੇ ਦਫਤਰੀ ਕਰਮਚਾਰੀਆਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁਲਾਜ਼ਮਾਂ ਨਾਲ ਇਨਸਾਫ ਕਰਕੇ ਉਨ੍ਹਾਂ ਨੂੰ ਬਣਦੇ ਹੱਕ ਦਿੱਤੇ ਜਾਣ। ਆਗੂਆਂ ਨੇ ਇਹ ਵੀ ਕਿਹਾ ਕਿ ਫਰੰਟ ਦਫਤਰੀ ਕਰਮਚਾਰੀਆਂ ਦੇ ਸੰਘਰਸ਼ ਦਾ ਸਮਰਥਨ ਕਰਦਾ ਹੈ ਅਤੇ ਉਹਨਾ ਦੇ ਸੰਘਰਸ਼ ਵਿੱਚ ਸ਼ਾਮਲ ਹੈ।

# ਆਉਂਦੇ ਦਿਨਾਂ ਵਿੱਚ ਬਲੱਡ ਬੈਂਕ ਹੋ ਜਾਵੇਗਾ ਚਾਲੂ : ਸਿਵਲ ਸਰਜਨ

## *ਮਰੀਜ਼ਾਂ ਦੀ ਸਹੂਲਤ ਲਈ ਹਰ ਗਰੁੱਪ ਦਾ ਖ਼ੂਨ ਸਿਵਲ ਹਸਪਤਾਲ ਦੇ ਬਲੱਡ ਸਟੋਰੇਜ ਯੂਨਿਟ 'ਚ ਉਪਲੱਬਧ*



ਬਰਨਾਲਾ, 25 ਫਰਵਰੀ (ਬਘੇਲ ਸਿੰਘ ਧਾਲੀਵਾਲ) : ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਨੇ ਕਿਹਾ ਕਿ ਸਿਵਲ ਹਸਪਤਾਲ ਬਰਨਾਲਾ ਦਾ ਬਲੱਡ ਬੈਂਕ 15 ਦਿਨਾਂ ਦੇ ਅੰਦਰ ਚਾਲੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੀ ਸਹੂਲਤ ਲਈ ਬਲੱਡ ਬੈਂਕ ਨੂੰ ਤੀਜੀ ਮੰਜ਼ਿਲ ਤੋਂ ਬਦਲ ਕੇ ਜ਼ਮੀਨੀ ਮੰਜ਼ਿਲ 'ਤੇ ਲਿਆਂਦਾ ਗਿਆ ਸੀ। ਉਨ੍ਹਾਂ ਕਿਹਾ ਕਿ ਤਬਦੀਲੀ ਲਈ ਲੋੜੀਂਦੀ ਪ੍ਰਕਿਰਿਆ ਵਿੱਚ ਕਮੀ ਰਹਿਣ ਕਾਰਨ ਬਲੱਡ ਬੈਂਕ ਲਈ ਮਨਜ਼ੂਰੀ ਮਿਲਣ ਵਿੱਚ ਦੇਰੀ ਹੋ ਗਈ ਹੈ। ਉਨ੍ਹਾਂ ਪੂਰੀ ਉਮੀਦ ਜਤਾਈ ਕਿ ਆਉਣ ਵਾਲੇ ਦੋ ਹਫ਼ਤਿਆਂ ਦੇ ਅੰਦਰ ਬਲੱਡ ਬੈਂਕ ਚਾਲੂ ਹੋ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਮਰੀਜ਼ਾਂ ਦੀ ਸਹੂਲਤ ਲਈ ਐਮਰਜੈਂਸੀ ਦੇ ਨੇੜੇ ਕਮਰਾ ਨੰਬਰ 12 ਵਿੱਚ ਬਲੱਡ ਸਟੋਰੇਜ ਯੂਨਿਟ ਬਣਾਇਆ ਗਿਆ ਹੈ, ਜਿੱਥੇ ਹਰ ਗਰੁੱਪ ਦਾ ਬਲੱਡ ਉਪਲੱਬਧ ਹੈ। ਉਹਨਾਂ ਬੀਹਲਾ ਦੀ ਸਰਕਾਰੀ ਡਿਸਪੈਂਸਰੀ ਬਾਰੇ ਕਿਹਾ ਕਿ ਇਸ ਡਿਸਪੈਂਸਰੀ ਵਿੱਚ ਡਾਕਟਰ ਦੀ ਅਸਾਮੀ ਨਹੀਂ ਹੈ, ਜਿਸ ਬਾਰੇ ਇਲਾਕਾ ਵਾਸੀਆਂ ਦੀ ਮੰਗ ਦੇ ਆਧਾਰ 'ਤੇ ਡਾਇਰੈਕਟੋਰੇਟ ਨੂੰ ਲਿਖਿਆ ਜਾ ਚੁੱਕਿਆ ਹੈ।

# ਮੁੱਖ ਮੰਤਰੀ ਸਿਹਤ ਯੋਜਨਾ: ਡਿਪਟੀ ਕਮਿਸ਼ਨਰ ਵੱਲੋਂ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਨਾਲ ਮੀਟਿੰਗ



ਬਰਨਾਲਾ, 25 ਫਰਵਰੀ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਵੱਲੋਂ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਪਣੇ ਦਫ਼ਤਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਰਕਾਰੀ ਹਸਪਤਾਲਾਂ ਤੋਂ ਇਲਾਵਾ ਜ਼ਿਲ੍ਹਾ ਬਰਨਾਲਾ ਵਿੱਚ 9 ਪ੍ਰਾਈਵੇਟ ਹਸਪਤਾਲ ਸੂਚੀਬੱਧ ਕੀਤੇ ਗਏ ਹਨ, ਜਿਨ੍ਹਾਂ ਵਿਚ ਤੱਥਗੁਰੂ ਹਸਪਤਾਲ, ਡਾ. ਪਰਦੀਪ ਸ਼ਰਮਾ ਹਸਪਤਾਲ, ਡਾ. ਨਰੇਸ਼ ਹਸਪਤਾਲ ਅਤੇ ਹਾਰਟ ਸੈਂਟਰ, ਪੰਜਾਬ ਆਈ ਹਸਪਤਾਲ, ਤ੍ਰਿਲੋਕੀ ਆਈ ਹਸਪਤਾਲ ਅਤੇ ਰੈਟੀਨਾ ਸੈਂਟਰ, ਲਾਈਫਲਾਈਨ ਮਲਟੀ ਸਪੈਸ਼ਲਿਟੀ ਹਸਪਤਾਲ, ਗੁਰੂ ਨਾਨਕ ਡਾਇਲਸਿਸ ਸੈਂਟਰ, ਹਰੀਓਮ ਹਸਪਤਾਲ, ਭੀਮ ਨਰਸਿੰਗ ਹੋਮ ਸ਼ਾਮਲ ਹਨ। ਇਸ ਮੌਕੇ ਉਹਨਾਂ ਇਨ੍ਹਾਂ ਸਾਰੇ ਹਸਪਤਾਲਾਂ ਦੇ ਡਾਕਟਰਾਂ ਨਾਲ ਮੀਟਿੰਗ ਕੀਤੀ ਅਤੇ ਕਿਹਾ ਕਿ ਇਸ ਸਕੀਮ ਅਧੀਨ ਮਰੀਜ਼ਾਂ ਨੂੰ ਬਣਦਾ ਲਾਭ ਅਤੇ ਸਹਿਯੋਗ ਦਿੱਤਾ ਜਾਵੇ। ਓਹਨਾਂ ਸਿਹਤ ਵਿਭਾਗ ਬਰਨਾਲਾ ਨੂੰ ਨਿਰਦੇਸ਼ ਦਿੱਤੇ ਕਿ ਇਸ ਸਬੰਧੀ ਹੈਲਪਲਾਈਨ ਨੰਬਰ ਜਾਰੀ ਕੀਤਾ ਜਾਵੇ ਤਾਂ ਜੋ ਮਰੀਜ ਇਸ ਸਕੀਮ ਬਾਰੇ ਅਤੇ ਢੁਕਵੇਂ ਹਸਪਤਾਲ ਜਿੱਥੇ ਉਸਦਾ ਇਲਾਜ ਹੋਣਾ ਹੈ, ਬਾਰੇ ਜਾਣਕਾਰੀ ਲੈ ਸਕਣ। ਇਸ ਮੌਕੇ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਰਜਿਸਟ੍ਰੇਸ਼ਨ ਕੈਂਪ 21 ਥਾਵਾਂ ਉੱਤੇ ਚੱਲ ਰਹੇ ਹਨ ਜੋ ਕਿ ਬਰਨਾਲਾ ਵਾਰਡ ਨੰਬਰ 27, ਵਾਰਡ ਨੰਬਰ 17, ਵਾਰਡ ਨੰਬਰ 3, ਵਾਰਡ ਨੰਬਰ 5, ਵਾਰਡ ਨੰਬਰ 19, ਹਰੀਗੜ੍ਹ, ਖੁੱਡੀ ਕਲਾਂ, ਮਹਿਲ ਕਲਾਂ ਸੋਢੇ, ਬੀਹਲਾ, ਨਰੈਣਗੜ੍ਹ ਸੋਹੀਆਂ, ਛੀਨੀਵਾਲ ਖੁਰਦ, ਵਿਧਾਤੇ, ਚੁੰਗਾਂ, ਪੱਖੋਕੇ, ਮੌੜ ਮਕਸੂਥਾ, ਜੰਡਸਰ, ਮਝੂਕੇ, ਜੈਮਲ ਸਿੰਘ ਵਾਲਾ, ਭਦੌੜ ਵਾਰਡ ਨੰਬਰ 3, ਕੋਟਦੁੰਨਾ, ਛੰਨਾ ਗੁਲਾਬ ਸਿੰਘ ਵਾਲਾ ਵਿੱਚ ਚੱਲ ਰਹੇ ਹਨ। ਇਸ ਮੌਕੇ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮਿੰਦਰ ਔਜਲਾ, ਸਿਹਤ ਵਿਭਾਗ ਤੋਂ ਸੰਦੀਪ ਸਿੰਘ ਅਤੇ ਸਬੰਧਤ ਪ੍ਰਾਈਵੇਟ ਹਸਪਤਾਲਾਂ ਤੋਂ ਡਾਕਟਰ ਮੌਜੂਦ ਸਨ।

# ਸ.ਪ.ਸ. ਹਮੀਦੀ ਵਿਖੇ ਮਦਰ ਵਰਕਸ਼ਾਪ 'ਚ ਹੈਂਡਮੇਡ ਮਟੀਰੀਅਲ ਅਤੇ ਮਨੋਵਿਗਿਆਨ ਦੀ ਮਹੱਤਤਾ ਬਾਰੇ ਦੱਸਿਆ



ਬਰਨਾਲਾ, 25 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਪ੍ਰੀ-ਪ੍ਰਾਇਮਰੀ ਵਿੰਗ ਅਧੀਨ ਮਦਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਦੁਆਰਾ ਤਿਆਰ ਕੀਤੇ ਗਏ ਹੈਂਡਮੇਡ ਮਟੀਰੀਅਲ ਦੀ ਮਹੱਤਤਾ ਅਤੇ ਬੱਚਿਆਂ ਦੇ ਮਨੋਵਿਗਿਆਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਮਾਵਾਂ ਨੂੰ ਬੱਚਿਆਂ ਦੀ ਸਿੱਖਿਆ ਵਿੱਚ ਘਰੇਲੂ ਸਹਿਯੋਗ ਅਤੇ ਹੱਥੋਂ ਬਣੇ ਸਾਧਨਾਂ ਦੀ ਭੂਮਿਕਾ ਬਾਰੇ ਜਾਣੂ ਕਰਵਾਉਣਾ ਸੀ। ਪ੍ਰੀ-ਪ੍ਰਾਇਮਰੀ ਅਧਿਆਪਕਾ ਮੈਡਮ ਸਰਬਜੀਤ ਕੌਰ ਨੇ ਮਾਵਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਬੱਚਿਆਂ ਦੁਆਰਾ ਆਪਣੇ ਹੱਥਾਂ ਨਾਲ ਬਣਾਇਆ ਗਿਆ ਸਿੱਖਿਆ ਸਮੱਗਰੀ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਲਾਭਦਾਇਕ ਹੁੰਦਾ ਹੈ। ਇਸ ਨਾਲ ਬੱਚਿਆਂ ਵਿੱਚ ਰਚਨਾਤਮਕਤਾ, ਸੋਚਣ ਦੀ ਸਮਰੱਥਾ, ਆਤਮ-ਵਿਸ਼ਵਾਸ ਅਤੇ ਸਿੱਖਣ ਪ੍ਰਤੀ ਰੁਚੀ ਵਧਦੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਦੋਂ ਬੱਚੇ ਖੇਡ-ਖੇਡ ਵਿੱਚ ਸਿੱਖਦੇ ਹਨ ਤਾਂ ਉਹ ਗਿਆਨ ਨੂੰ ਲੰਬੇ ਸਮੇਂ ਤੱਕ ਯਾਦ ਰੱਖਦੇ ਹਨ, ਜੋ ਮਨੋਵਿਗਿਆਨਕ ਤੌਰ ਤੇ ਬਹੁਤ ਪ੍ਰਭਾਵਸ਼ਾਲੀ ਤਰੀਕਾ ਹੈ। ਵਰਕਸ਼ਾਪ ਦੌਰਾਨ ਬੱਚਿਆਂ ਦੁਆਰਾ ਤਿਆਰ ਕੀਤੇ ਵੱਖ-ਵੱਖ ਹੈਂਡਮੇਡ ਮਾਡਲ ਅਤੇ ਸਮੱਗਰੀ ਵੀ ਪ੍ਰਦਰਸ਼ਿਤ ਕੀਤੀ ਗਈ। ਇਸ ਵਿੱਚ ਰੰਗਾਂ ਦੀ ਪਹਿਚਾਣ, ਗਿਣਤੀ ਸਿਖਾਉਣ ਵਾਲਾ ਮਟੀਰੀਅਲ, ਜਾਨਵਰਾਂ, ਫਲਾਂ ਅਤੇ ਸਬਜ਼ੀਆਂ ਦੀਆਂ ਤਸਵੀਰਾਂ, ਗਿਆਨ ਇੰਦਰੀਆਂ ਨਾਲ ਸੰਬੰਧਿਤ ਚਾਰਟ, ਪਤੰਗਾਂ, ਵੱਖ-ਵੱਖ ਆਕਾਰਾਂ ਦੀਆਂ ਅਕਿਰਤੀਆਂ ਅਤੇ ਆਉਣ-ਜਾਣ ਦੇ ਸਾਧਨਾਂ ਦੇ ਮਾਡਲ ਸ਼ਾਮਲ ਸਨ। ਇਹ ਸਭ ਸਮੱਗਰੀ ਬੱਚਿਆਂ ਨੇ ਆਪਣੇ ਹੱਥਾਂ ਨਾਲ ਤਿਆਰ ਕੀਤੀ ਹੋਈ ਸੀ, ਜਿਸ ਨੂੰ ਦੇਖ ਕੇ ਮਾਵਾਂ ਨੇ ਬਹੁਤ ਖੁਸ਼ੀ ਪ੍ਰਗਟ ਕੀਤੀ ਅਤੇ ਬੱਚਿਆਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਵੀ ਮਾਪਿਆਂ ਨੂੰ ਸਕੂਲ ਨਾਲ ਜੁੜ ਕੇ ਬੱਚਿਆਂ ਦੀ ਸਿੱਖਿਆ ਵਿੱਚ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਜਸਪ੍ਰੀਤ ਕੌਰ, ਗੁਰਦੀਪ ਸਿੰਘ, ਜਗਸੀਰ ਸਿੰਘ, ਚਮਕੌਰ ਸਿੰਘ ਅਤੇ ਬੱਚਿਆਂ ਦੀਆਂ ਮਾਵਾਂ ਸੀਮਾ, ਸਲਮਾ ਬੇਗਮ, ਸੁਖਵਿੰਦਰ ਕੌਰ, ਹੈਪੀ ਕੌਰ, ਰਮਨਦੀਪ ਕੌਰ, ਹਰਜੀਤ ਕੌਰ ,ਪਰਮਜੀਤ ਕੌਰ ,ਕੁਲਵੀਰ ਕੌਰ, ਹਾਜਰਾ ਬੇਗਮ, ਕਿਰਨਦੀਪ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਬਲੌਰ ਸਿੰਘ ਮੈਂਬਰ ਹਾਜ਼ਰ ਸਨ। ਵਰਕਸ਼ਾਪ ਵਿੱਚ ਬੱਚਿਆਂ ਦੀਆਂ ਮਾਵਾਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਆਏ ਹੋਏ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣ ਦਾ ਭਰੋਸਾ ਦਿੱਤਾ।

# ਦੁਕਾਨਦਾਰਾਂ ਨੇ ਲਗਾਇਆ ਅਸ਼ਟਮੀ ਦੀ ਕੜਾਹੀ ਦਾ ਭੰਡਾਰਾ



ਬਰਨਾਲਾ 25 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵਾਲਮੀਕਿ ਚੌਕ ਬਰਨਾਲਾ ਵਿਖੇ ਸਮੂਹ ਦੁਕਾਨਦਾਰਾਂ ਵੱਲੋਂ ਫਰਵਰੀ ਮਹੀਨੇ ਦੀ ਅਸ਼ਟਮੀ ਦੀ ਕੜਾਹੀ ਦਾ ਸਰਵ ਸਾਂਝਾ ਭੰਡਾਰਾ ਧਰਮ ਪਾਲ ਹਮੀਦੀ ਵਾਲੇ ਦੀ ਦੁਕਾਨ ਤੇ ਲਾਇਆ ਗਿਆ। ਇਸ ਮੌਕੇ ਪਵਨ ਕੁਮਾਰ ਅਕਾਊਂਟੈਂਟ ਪ੍ਰਧਾਨ ਨੈਸ਼ਨਲ ਲੰਗਰ ਕਮੇਟੀ ਬਰਨਾਲਾ ਬਤੌਰ ਵਿਸ਼ੇਸ਼ ਮਹਿਮਾਨ ਪਹੁੰਚੇ ਅਤੇ ਉਨ੍ਹਾਂ ਛੋਟੀਆਂ ਬੱਚੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਦੌਰਾਨ ਬੋਲਦਿਆਂ ਚਿੰਤਪੁਰਨੀ ਲੰਗਰ ਕਮੇਟੀ ਦੇ ਪ੍ਰਧਾਨ ਧਰਮਪਾਲ ਹਮੀਦੀ ਵਾਲੇ ਨੇ ਕਿਹਾ ਕਿ ਹਰ ਮਹੀਨੇ ਦੀ ਅਸ਼ਟਮੀ ਨੂੰ ਭੰਡਾਰਾ ਲਾਇਆ ਜਾਂਦਾ ਹੈ। ਇਸ ਮੌਕੇ ਮਾਤਾ ਦੁਰਗਾ ਦੀ ਆਰਤੀ ਕਰਨ ਉਪਰੰਤ ਕੰਨਿਆ ਪੂਜਨ ਕੀਤਾ ਗਿਆ। ਇਸ ਤੋਂ ਬਾਅਦ ਕੰਨਿਆਵਾਂ ਨੂੰ ਭੋਜ ਕਰਵਾਇਆ ਗਿਆ ਅਤੇ ਭੰਡਾਰਾ ਵਰਤਾਇਆ ਗਿਆ। ਇਸ ਮੌਕੇ ਵੇਦ ਪ੍ਰਕਾਸ਼ ਸੋਨੂੰ, ਸੁਖਵਿੰਦਰ ਸਿੰਘ ਭੰਡਾਰੀ, ਸੰਜੀਵ ਸ਼ਰਮਾ ਪੈਸਟੀਸਾਈਡਜ਼ ਵਾਲੇ , ਸੰਦੀਪ ਕੁਮਾਰ,ਆਸ਼ੂ ਬਾਂਸਲ, ਵਿਨੋਦ ਰਾਣੀ,ਵੀਨਾ ਰਾਣੀ, ਵੇਦ ਪ੍ਰਕਾਸ ਸੋਨੂੰ, ਕੇਵਲ ਕ੍ਰਿਸ਼ਨ ਗਰਗ, ਸੁਰਿੰਦਰ ਠੀਕਰੀਵਾਲ, ਡਾਕਟਰ ਰਾਜ ਕੁਮਾਰ ਆਦਿ ਨੇ ਭੰਡਾਰਾ ਵਰਤਾਉਣ ਚ ਸੇਵਾ ਨਿਭਾਈ।

# ਬੁਲੇਟ ਮੋਟਰਸਾਈਕਲਾਂ ਦੇ ਪਟਾਕਿਆਂ ਤੋਂ ਪ੍ਰੇਸ਼ਾਨ ਹੋਏ ਲੱਖੀ ਕਲੋਨੀ ਤੇ ਗਿੱਲ ਨਗਰ ਵਾਸੀ

ਬਰਨਾਲਾ, 25 ਫਰਵਰੀ (ਹਰਮਨ) : : ਸ਼ਹਿਰ ਦੀ ਲੱਖੀ ਕਲੋਨੀ ਅਤੇ ਗਿੱਲ ਨਗਰ ਦੇ ਵਾਸੀ ਇੱਥੋਂ ਦੀ ਮੁੱਖ ਸੜਕ ਤੋਂ ਲੰਘਦੇ ਤੇਜ਼ ਰਫ਼ਤਾਰ ਵਾਹਨਾਂ ਅਤੇ ਖ਼ਾਸਕਰ ਬੁਲੇਟ ਮੋਟਰਸਾਈਕਲ ਸਵਾਰਾਂ ਵੱਲੋਂ ਤੇਜ਼ ਰਫ਼ਤਾਰ ਦੇ ਨਾਲ ਨਾਲ ਪਾਏ ਜਾਂਦੇ ਪਟਾਕਿਆਂ ਤੋਂ ਕਾਫ਼ੀ ਪ੍ਰੇਸ਼ਾਨ ਹਨ। ਜਾਣਕਾਰੀ ਅਨੁਸਾਰ ਲੱਖੀ ਕਲੋਨੀ ਦੀ ਮੁੱਖ ਸੜਕ ਵਾਇਆ ਗਿੱਲ ਨਗਰ ਤੋਂ ਧਨੌਲਾ ਫਾਟਕ ਵਾਲੀ ਸੜਕ ਰਾਹੀਂ ਸ਼ਹਿਰ ਦੇ ਇੱਕ ਹਿੱਸੇ ਨੂੰ ਦੂਸਰੇ ਹਿੱਸੇ ਨਾਲ ਜੋੜਦੀ ਹੈ ਅਤੇ ਸ਼ਹਿਰ ਦੇ ਜ਼ਿਆਦਾਤਰ ਲੋਕ ਬਾਜ਼ਾਰ ਦੀ ਭੀੜ ਤੋਂ ਬਚਣ ਲਈ ਇਸ ਸੜਕ ਦੀ ਵਰਤੋਂ ਕਰਦੇ ਹਨ, ਪਰ ਹੁਣ ਪਿਛਲੇ ਲੰਬੇ ਸਮੇਂ ਤੋਂ ਤੇਜ਼ ਰਫ਼ਤਾਰ ਬੁਲੇਟ ਮੋਟਰਸਾਈਕਲ ਸਵਾਰਾਂ ਅਤੇ ਅਵਾਰਾ ਕਿਸਮ ਦੇ ਨੌਜਵਾਨਾਂ ਵੱਲੋਂ ਇਸ ਸੜਕ 'ਤੇ ਕੋਈ ਵੀ ਪੁਲਸ ਕਰਮਚਾਰੀ ਨਾ ਹੋਣ ਦਾ ਫਾਇਦਾ ਉਠਾਉਂਦਿਆਂ ਮੁੱਖ ਸੜਕ ਉੱਪਰ ਤੇਜ਼ ਰਫਤਾਰ ਨਾਲ ਵਾਹਨ ਚਲਾਉਣ ਦੇ ਨਾਲ ਨਾਲ ਬੁਲੇਟ ਮੋਟਰਸਾਈਕਲਾਂ ਦੇ ਸਾਈਲੈਂਸਰ ਦੇ ਪਟਾਕੇ ਵੀ ਮਰਵਾਏ ਜਾਂਦੇ ਹਨ , ਜਿਸ ਕਾਰਨ ਕੇ ਲੱਖੀ ਕਲੋਨੀ, ਗਿੱਲ ਨਗਰ ਅਤੇ ਦਸਮੇਸ਼ ਨਗਰ ਆਦਿ ਇਲਾਕਿਆਂ ਦੇ ਵਸਨੀਕਾਂ ਖਾਸ ਕਰ ਬਜ਼ੁਰਗਾਂ ਅਤੇ ਬੱਚਿਆਂ ਵਿੱਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ। ਇਹਨਾਂ ਤੇਜ਼ ਰਫਤਾਰ ਮੋਟਰਸਾਈਕਲਾਂ ਅਤੇ ਬੁੱਲਟ ਮੋਟਰਸਾਈਕਲ ਸਵਾਰਾਂ ਵੱਲੋਂ ਪਾਏ ਜਾਂਦੇ ਪਟਾਕਿਆਂ ਕਾਰਨ ਬਜ਼ੁਰਗਾਂ ਅਤੇ ਬੱਚਿਆਂ ਦਾ ਘਰਾਂ ਦੇ ਅੰਦਰ ਹੋਣ ਦੇ ਬਾਵਜੂਦ ਵੀ ਬੁਰਾ ਹਾਲ ਹੈ। ਸ਼ਹਿਰ ਦੇ ਟਰੈਫਿਕ ਪੁਲਿਸ ਕਰਮਚਾਰੀਆਂ ਦਾ ਇਸ ਸਮੱਸਿਆ ਵੱਲ ਕੋਈ ਧਿਆਨ ਨਹੀਂ ਅਤੇ ਕਥਿਤ ਤੌਰ ਤੇ ਗਿਣਤੀ ਦੇ ਟਰੈਫਿਕ ਕਰਮਚਾਰੀ ਹੀ ਸ਼ਹਿਰ ਦੇ ਇੱਕ ਦੋ ਚੌਕਾਂ ਵਿੱਚ ਨਜ਼ਰ ਆਉਂਦੇ ਹਨ। ਸ਼ਹਿਰ ਦੇ ਜਿਆਦਾਤਰ ਨਸ਼ੇੜੀ ਨੌਜਵਾਨ ਅਤੇ ਨਸ਼ਾ ਵੇਚਣ ਵਾਲੇ ਸਰਗਰਮ ਗਰੋਹ ਇਸ ਸੜਕ ਦੀ ਵਰਤੋਂ ਕਰਕੇ ਬਾਜ਼ਾਰ ਵਿੱਚ ਲਗਾਏ ਜਾਂਦੇ ਪੁਲਿਸ ਨਾਕਿਆਂ ਤੋ ਬਚ ਜਾਂਦੇ ਹਨ। ਸਥਾਨਕ ਐੱਸ. ਡੀ . ਕਾਲਜ ਵਾਲੇ ਫਾਟਕਾਂ ਤੋਂ ਲੈਕੇ ਲੱਖੀ ਕਲੋਨੀ ਦੀਆਂ ਦੋਵੇਂ ਮੁੱਖ ਸੜਕਾਂ ਉੱਪਰ ਨੇੜੇ ਦੇ ਦੁਕਾਨਦਾਰਾਂ ਵੱਲੋਂ ਆਪਣੇ ਵਾਹਨ ਖੜ੍ਹਾ ਕੇ ਅੱਧੇ ਰਸਤੇ ਤੇ ਕਬਜ਼ਾ ਕੀਤਾ ਗਿਆ ਹੈ ਜਿਸ ਸਬੰਧੀ ਟ੍ਰੈਫਿਕ ਕਰਮਚਾਰੀਆਂ ਦਾ ਕੋਈ ਧਿਆਨ ਨਹੀਂ ਹੈ। ਇਸ ਤੋਂ ਇਲਾਵਾ ਦੁਪਿਹਰ ਦੇ ਸਮੇਂ ਤੇਜ਼ ਰਫ਼ਤਾਰ ਸਕੂਲੀ ਬੱਸਾਂ ਕਾਰਨ ਵੀ ਕਲੋਨੀ ਵਾਸੀਆਂ ਦਾ ਘਰ ਤੋਂ ਬਾਹਰ ਨਿਕਲਣਾ ਦੁੱਭਰ ਹੋਇਆ ਰਹਿੰਦਾ ਹੈ । ਇਸ ਸਬੰਧੀ ਗੱਲਬਾਤ ਕਰਦਿਆਂ ਲੱਖੀ ਕਲੋਨੀ ਵਾਸੀਆਂ ਕਾਮਰੇਡ ਸੁਰਿੰਦਰ ਸਿੰਘ ਦਰਦੀ, ਗਿਰਧਰ ਮਿੱਤਲ, ਮਨਜੀਤ ਸਿੰਘ ਬਬਲੀ, ਐਡਵੋਕੇਟ ਰਜਿੰਦਰ ਪਾਲ ਗੋਇਲ, ਜੱਗੀ ਸਿੱਧੂ, ਦਵਿੰਦਰ ਸਿੰਘ ਬਰਾੜ ਅਤੇ ਮੋਨੂੰ ਖਾਨ ਆਦਿ ਨੇ ਪੁਲੀਸ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਹੈ ਕਿ ਲੱਖੀ ਕਲੋਨੀ ਅਤੇ ਗਿੱਲ ਨਗਰ ਤੋਂ ਧਨੌਲਾ ਰੋਡ ਨੂੰ ਜਾਂਦੀ ਮੁੱਖ ਸੜਕ ਉੱਪਰ ਅਲੱਗ ਅਲੱਗ ਥਾਵਾਂ ਤੇ ਘੱਟੋ ਘੱਟ ਦੋ ਪੁਲਸ ਨਾਕੇ ਲਗਾਏ ਜਾਣ ਤਾਂ ਕਿ ਤੇਜ਼ ਰਫ਼ਤਾਰ ਵਾਹਨਾਂ ਅਤੇ ਬੁੱਲਟ ਮੋਟਰਸਾਈਕਲ ਸਵਾਰਾਂ ਵੱਲੋਂ ਪਾਏ ਜਾਂਦੇ ਪਟਾਕਿਆਂ ਕਾਰਨ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਰੋਕਿਆ ਜਾ ਸਕੇ ਅਤੇ ਇਹਨਾਂ ਇਲਾਕਿਆਂ ਦੇ ਲੋਕ ਸੁੱਖ ਦਾ ਸਾਹ ਲੈ ਸਕਣ।

# ਹੰਡਿਆਇਆ ਸਕੂਲ ਦੇ ਵਲੰਟੀਅਰ ਦਾ ਐਡਵੈਂਚਰ ਅਤੇ ਹਾਈਕਿੰਗ ਟ੍ਰੈਕਿੰਗ ਕੈਂਪ ਲੱਗਾ




ਬਰਨਾਲਾ, 25 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ 18 ਤੋਂ 22 ਫਰਵਰੀ ਤੱਕ ਪੱਲਨਪੁਰ (ਮੋਹਾਲੀ) 'ਚ ਲਗਾਏ ਗਏ ਐਡਵੇਂਚਰ ਅਤੇ ਹਾਈਕਿੰਗ ਟ੍ਰੈਕਿੰਗ ਕੈਂਪ ਵਿੱਚ ਹਿੱਸਾ ਲੈ ਕੇ ਆਏ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਡਿਆਇਆ ਦੀ ਕੌਮੀ ਸੇਵਾ ਯੋਜਨਾ ਇਕਾਈ ਨੌਜਵਾਨਾਂ ਨੇ ਆਪਣੇ ਅਨੁਭਵ ਸਾਂਝੇ ਕੀਤੇ। ਕੈਂਪ ਬਾਰੇ ਗੱਲਬਾਤ ਕਰਦੇ ਹੋਏ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਮਾਸਟਰ ਬਲਜੀਤ ਸਿੰਘ ਅਕਲੀਆ ਦੀ ਪ੍ਰੇਰਨਾ ਸਦਕਾ ਇਸ ਕੈਂਪ ਦੌਰਾਨ ਪੰਜਾਬ ਦੇ ਪਹਾੜੀ ਖੇਤਰ ਦਾ ਖਾਸ ਤਜ਼ਰਬਾ ਹਾਸਲ ਕਰਨ ਦੇ ਨਾਲ-ਨਾਲ ਇਥੋਂ ਦੀ ਬਨਸਪਤੀ, ਵਾਤਾਵਰਣ ਅਤੇ ਭੂਗੋਲਿਕ ਸਥਿਤੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਕਿਹਾ ਕਿ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਵਿਸ਼ੇਸ਼ ਮੁੱਖ ਸਕੱਤਰ ਸਰਬਜੀਤ ਸਿੰਘ ਆਈ ਏ ਐਸ ਦੇ ਦਿਸ਼ਾ ਨਿਰਦੇਸ਼ ਅਨੁਸਾਰ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਹਰਪ੍ਰੀਤ ਸਿੰਘ ਸੂਦਨ ਦੀ ਯੋਗ ਅਗਵਾਈ ਅਤੇ ਦੇਖ-ਰੇਖ ਚ ਨੌਜਵਾਨ ਮੁੰਡੇ-ਕੁੜੀਆਂ ਨੂੰ ਇਕ ਨਿਵੇਕਲਾ ਮੰਚ ਪ੍ਰਦਾਨ ਕਰਵਾਉਂਦੇ ਹੋਏ ਪੰਜਾਬ ਦੇ ਸੈਰ-ਸਪਾਟਾ ਸਥਾਨਾਂ ਨੂੰ ਪ੍ਰਫੁੱਲਤ ਕੀਤਾ ਜਾ ਰਿਹਾ ਹੈ । ਉਨ੍ਹਾਂ ਦੱਸਿਆ ਇਕਾਂਤ ਜਗ੍ਹਾ ਉਪਰ ਪੰਜਾਬ ਦੇ ਨੀਮ ਪਹਾੜੀ ਇਲਾਕੇ ਵਿਚ ਪੰਛੀਆਂ ਦੀਆਂ ਮਨਮੋਹਕ ਅਵਾਜ਼ਾਂ ਦਾ ਆਨੰਦ ਮਾਣਦੇ ਹੋਏ 75 ਕਿਲੋ ਮੀਟਰ ਦੀ ਟ੍ਰੈਕਿੰਗ ਕੀਤੀ। ਟ੍ਰੈਕਿੰਗ ਕਰਕੇ ਮਿਰਜਾਪੁਰ ਵਿਖੇ ਜਾ ਕੇ ਐਡਵੈਂਚਰ ਗਤੀਵਿਧੀਆਂ ਦਾ ਲੁਤਫ਼ ਲਿਆ। ਉਨ੍ਹਾਂ ਦੱਸਿਆ ਕਿ ਕੈਂਪ ਵਿਚ ਕੈਂਪ ਕਮਾਂਡੈਂਟ ਸੰਜੀਵ ਸਿੰਗਲਾ ਅਤੇ ਕੈਂਪ ਇੰਚਾਰਜ ਬਲਜੀਤ ਸਿੰਘ ਅਕਲੀਆ ਦੀ ਹੱਲਾਸ਼ੇਰੀ ਸਦਕਾ ਕਿੱਟ ਲੇ ਆਉਟ, ਖੇਡਾਂ, ਸੱਭਿਆਚਾਰਕ ਅਤੇ ਸਮਾਂ ਸਾਰਣੀ ਅਨੁਸਾਰ ਵੱਖ-ਵੱਖ ਗਤੀਵਿਧੀਆਂ ਵਿੱਚ ਦਿਲਚਸਪੀ ਨਾਲ ਹਿੱਸਾ ਲਿਆ ਅਤੇ ਇਸ ਵਿਚ ਕਰਵਾਏ ਮੁਕਾਬਲੇ ਦੌਰਾਨ ਏਕਮਜੋਤ ਸਿੰਘ ਨੇ ਕੁਰਸੀ ਰੋਕ ਰੌਚਕ ਖੇਡ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਕੈਂਪ ਦੇ ਸਮਾਪਤੀ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਡਾ. ਜਤਿੰਦਰ ਸਿੰਘ ਗਿੱਲ ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਅਜਿਹੇ ਕੈਂਪਾਂ ਦੀ ਪੰਜਾਬ ਦੇ ਵਿੱਚ ਚੋਣ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਨੌਜਵਾਨਾਂ ਨੂੰ ਇਨ੍ਹਾਂ ਕੈਂਪਾਂ ਦੀ ਸਾਰਥਕਤਾ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਦੱਸਿਆ ਕਿ ਡਿਪਟੀ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਕੁਲਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਕੈਂਪ ਵਿੱਚ ਸ਼ਾਮਲ ਹੋ ਕੇ ਨੌਜਵਾਨਾਂ ਦਾ ਮਨੋਬਲ ਵਧਾਇਆ। ਕੈਂਪ ਲਗਾ ਕੇ ਆਏ ਨੌਜਵਾਨਾਂ ਨੇ ਸਕੂਲ ਮੁਖੀ ਹਰਪ੍ਰੀਤ ਸਿੰਘ, ਰਣਜੀਤ ਸਿੰਘ ਜੰਡੂ ਅਤੇ ਜਮਾਤ ਇੰਚਾਰਜ਼ ਪ੍ਰਿਤਪਾਲ ਸਿੰਘ ਦਾ ਧੰਨਵਾਦ ਕੀਤਾ।

# ਬਰਨਾਲਾ ਸਪੋਰਟਸ ਐਂਡ ਸੋਸ਼ਲ ਵੈਲਫ਼ੇਅਰ ਕਲੱਬ ਨੇ ਰਾਜ ਪੱਧਰੀ ਪੁਰਸਕਾਰ ਸਮਾਰੋਹ 'ਚ ਸਹਿਯੋਗੀ ਸੱਜਣਾਂ ਦਾ ਕੀਤਾ ਧੰਨਵਾਦ



ਬਰਨਾਲਾ, 25 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਬਰਨਾਲਾ ਸਪੋਰਟਸ ਐਂਡ ਸੋਸ਼ਲ ਵੈਲਫੇਅਰ ਕਲੱਬ (ਰਜਿ.), ਬਰਨਾਲਾ ਨੇ ਆਪਣਾ 26ਵਾਂ ਰਾਜ ਪੱਧਰੀ ਅਕਾਦਮਿਕ ਅਤੇ ਖੇਡ ਪੁਰਸਕਾਰ ਸਮਾਰੋਹ ਬਹੁਤ ਧੂਮਧਾਮ ਨਾਲ ਆਯੋਜਿਤ ਕੀਤਾ। ਜਾਣਕਾਰੀ ਦਿੰਦੇ ਹੋਏ, ਬਰਨਾਲਾ ਸਪੋਰਟਸ ਐਂਡ ਸੋਸ਼ਲ ਵੈਲਫੇਅਰ ਕਲੱਬ ਦੇ ਪ੍ਰਧਾਨ ਵਿਨੋਦ ਸ਼ਰਮਾ, ਸਰਪ੍ਰਸਤ ਰਾਮਪਾਲ ਸਿੰਗਲਾ ਅਤੇ ਚੇਅਰਮੈਨ ਸੁਭਾਸ਼ ਮਿੱਤਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ, ਕਲੱਬ ਨੇ ਰਾਇਲ ਗ੍ਰੀਨ ਪੈਲੇਸ ਵਿਖੇ ਇਹ ਸਮਾਗਮ ਬਹੁਤ ਧੂਮਧਾਮ ਨਾਲ ਆਯੋਜਿਤ ਕੀਤਾ, ਜੋ ਦੇਰ ਸ਼ਾਮ ਤੱਕ ਜਾਰੀ ਰਿਹਾ। ਉਨ੍ਹਾਂ ਦੱਸਿਆ ਕਿ ਸਰਵਹਿਤਕਾਰੀ ਸਕੂਲ, ਬਰਨਾਲਾ ਦੀ 12ਵੀਂ ਜਮਾਤ ਦੀ ਵਿਦਿਆਰਥਣ ਹਰਸੀਰਤ ਕੌਰ (ਵਿਗਿਆਨ); ਤਾਰਾ ਚੰਦ ਵਿਦਿਆ ਮੰਦਰ ਭੀਖੀ ਤੋਂ ਅਰਸ਼ (ਆਰਟਸ) ਪਲੇਵੇਜ਼ ਸਕੂਲ, ਪਟਿਆਲਾ ਤੋਂ ਜਪਨੀਤ ਕੌਰ (ਕਾਮਰਸ); ਅਕਸ਼ਨੂਰ ਕੌਰ ਅਤੇ ਜਸ਼ਨਪ੍ਰੀਤ ਕੌਰ, ਦੋਵੇਂ ਸੰਤ ਮੋਹਨ ਦਾਸ ਮੈਮੋਰੀਅਲ ਸਕੂਲ, ਕੋਟ ਸੁਖੀਆ, ਫਰੀਦਕੋਟ ਤੋਂ 10ਵੀਂ ਜਮਾਤ ਦੀਆਂ ਵਿਦਿਆਰਥਣਾਂ; ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ, ਹੁਸ਼ਿਆਰਪੁਰ ਦੇ 8ਵੀਂ ਜਮਾਤ ਦੇ ਵਿਦਿਆਰਥੀ ਪੁਨੀਤ ਵਰਮਾ ਨੂੰ ਸਮਾਰੋਹ ਵਿੱਚ ਵਿਸ਼ੇਸ਼ ਤੌਰ @ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਬਰਨਾਲਾ ਜ਼ਿਲ੍ਹੇ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਲਗਭਗ 320 ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਹਾਰਦਿਕ ਕੌਸ਼ਲ, ਸ਼ਿਫਾਲੀ, ਡਾ. ਕਿਰਪਾ ਗਰਗ, ਅੰਤਰਰਾਸ਼ਟਰੀ ਐਥਲੀਟ ਸੁਖਜੀਤ ਕੌਰ, ਸਮਾਜ ਸੇਵਕ ਰਾਜਿੰਦਰ ਮੋਦੀ, ਲੇਖਕ ਤੇਜਾ ਸਿੰਘ ਤਿਲਕ ਅਤੇ ਕੋਚ ਰਾਹੁਲ ਗਰਗ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਰੂਰ ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸੀਟੀ ਯੂਨੀਵਰਸਿਟੀ ਲੁਧਿਆਣਾ ਦੇ ਚਾਂਸਲਰ ਚਰਨਜੀਤ ਸਿੰਘ ਚੰਨੀ, ਡਾਇਰੈਕਟਰ ਡਾ: ਅਮਨਦੀਪ ਤਾਂਗੜੀ, ਆਪ ਦੇ ਹਲਕਾ ਇੰਚਾਰਜ ਹਰਿੰਦਰ ਧਾਲੀਵਾਲ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਮਤੀਰਥ ਮੰਨਾ, ਵਿਜੇ ਭਦੌਰੀਆ, ਸ਼੍ਰੀ ਰਾਧਾ ਸੰਕੀਰਤਨ ਮੰਡਲ ਦੇ ਪ੍ਰਧਾਨ ਅਸ਼ੋਕ ਬੰਸਲ, ਮਹਾਂਸ਼ਕਤੀ ਕਲਾ ਮੰਚ ਦੇ ਪ੍ਰਧਾਨ ਜਿੰਮੀ ਮਿੱਤਲ, ਖਜ਼ਾਨਚੀ ਸ਼ੰਮੀ ਸਿੰਗਲਾ, ਐਸ ਡੀ ਸਭਾ ਦੇ ਜਨਰਲ ਸਕੱਤਰ ਸ਼ਿਵ ਸਿੰਗਲਾ, ਮੋਹਨ ਲਾਲ, ਪਿਆਰਾ ਲਾਲ ਰਾਈਸਰ ਵਾਲੇ, ਗੁਰਪ੍ਰੀਤ ਹੋਲੀ ਹਾਰਟ ਸਕੂਲ ਦੇ ਐਮਡੀ ਸੁਸ਼ੀਲ ਗੋਇਲ, ਮਹਿੰਦਰ ਕਪਿਲ, ਸਤਪਾਲ ਮੌੜ ਤਪਾ, ਪਵਨ ਪਰਿੰਦਾ, ਜਤਿੰਦਰ ਜਿੰਮੀ, ਐਡਵੋਕੇਟ ਸੋਮਨਾਥ ਗਰਗ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਸ ਪੂਰੇ ਪ੍ਰੋਗਰਾਮ ਵਿੱਚ ਸੀਟੀ ਯੂਨੀਵਰਸਿਟੀ ਲੁਧਿਆਣਾ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਗਾਇਕ ਰਾਜਵੀਰ ਰਾਜ ਅਤੇ ਸਕੂਲ ਦੇ ਵਿਦਿਆਰਥੀਆਂ ਨੇ ਵੀ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਵਿਨੋਦ ਸ਼ਰਮਾ, ਜਨਰਲ ਸਕੱਤਰ ਪ੍ਰਿੰਸੀਪਲ ਹਰੀਸ਼ ਬਾਂਸਲ, ਖਜ਼ਾਨਚੀ ਦਿਨੇਸ਼ ਸਿੰਗਲਾ, ਪ੍ਰੋਜੈਕਟ ਚੇਅਰਮੈਨ ਸੰਜੀਵ ਸ਼ਰਮਾ, ਵਾਈਸ ਚੇਅਰਮੈਨ ਵਿਮਲ ਸ਼ਰਮਾ ਅਤੇ ਸੁਰੇਸ਼ ਭੋਤਨਾ, ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸਿੰਗਲਾ, ਮੀਤ ਪ੍ਰਧਾਨ ਸ਼ੀਤਲ ਵਜੀਦਕੇ, ਰਵੀ ਜਿੰਦਲ, ਰਜਿੰਦਰ ਕੁਮਾਰ, ਸਕੱਤਰ ਕੁਨਾਲ ਗੋਇਲ, ਸੇਵਕ ਭੰਮ, ਸੰਜੀਵ ਬਾਂਸਲ, ਰਾਜਵਿੰਦਰ ਪਟਵਾਰੀ, ਸੁਰੇਸ਼ ਕੁਮਾਰ ਅਸ਼ਵਨੀ, ਬੰਟੀ ਗਰੋਵਰ, ਸੁਰਿੰਦਰ ਮੋਹਨ ਨਰੇਸ਼ ਕੁਮਾਰ ਆਦਿ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸੱਜਣਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਹੈ।



# ਪਟਿਆਲਾ-ਆਸ/ਪਾਸ



## ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬ ਦਾ ਪਹਿਲਾ 'ਸਾਈਬਰ ਵੈੱਲਨੈੱਸ ਅਤੇ ਸਕਿਉਰਿਟੀ ਸੈਂਟਰ' ਸਥਾਪਿਤ

**➤ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਉਦਘਾਟਨ**



ਪਟਿਆਲਾ, 25 ਫਰਵਰੀ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਵੱਲੋਂ ਡਿਜੀਟਲ ਸੁਰੱਖਿਆ ਦੇ ਖੇਤਰ ਵਿੱਚ ਇੱਕ ਵੱਡੀ ਪੁਲਾਂਘ ਪੁੱਟਦਿਆਂ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵਿਖੇ 'ਸਾਈਬਰ ਵੈੱਲਨੈੱਸ ਅਤੇ ਸਕਿਉਰਿਟੀ ਸੈਂਟਰ' ਸਥਾਪਿਤ ਕੀਤਾ ਗਿਆ ਹੈ। ਰੂਸਾ ਗ੍ਰਾਂਟ ਦੀ ਸਹਾਇਤਾ ਨਾਲ 'ਐਂਟਰਪ੍ਰੀਨਿਓਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ' ਤਹਿਤ ਸਥਾਪਿਤ ਇਸ ਕੇਂਦਰ ਦਾ ਉਦਘਾਟਨ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ। ਹਿਮਾਚਲ ਦੇ ਮੰਡੀ ਸਥਿਤ ਸਰਦਾਰ ਪਟੇਲ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਲਲਿਤ ਕੁਮਾਰ ਅਵਸਥੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਸਾਈਬਰ ਸੁਰੱਖਿਆ ਦੇਸ਼ ਦੇ ਭਵਿੱਖ ਲਈ ਬੇਹੱਦ ਜ਼ਰੂਰੀ ਹੈ ਅਤੇ ਵਿਦਿਅਕ ਅਦਾਰਿਆਂ ਨੂੰ ਸਾਈਬਰ-ਸੁਰੱਖਿਅਤ ਨਾਗਰਿਕ ਤਿਆਰ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਪ-ਕੁਲਪਤੀ ਡਾ. ਲਲਿਤ ਕੁਮਾਰ ਅਵਸਥੀ ਨੇ ਆਪਣੇ ਭਾਸ਼ਣ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਇਸ ਕਦਮ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕਰਦਿਆਂ ਵਧਾਈ ਦਿੱਤੀ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹੋਰ ਅਦਾਰੇ ਵੀ ਇਸ ਦਿਸ਼ਾ ਵੱਲ ਅਹਿਮ ਕਦਮ ਉਠਾਉਣਗੇ। ਕੇਂਦਰ ਦੇ ਨੋਡਲ ਅਫ਼ਸਰ ਡਾ. ਅਭਿਨਵ ਭੰਡਾਰੀ ਨੇ ਦੱਸਿਆ ਕਿ ਇਹ ਕੇਂਦਰ ਆਰਟੀਫਿਸ਼ੀਅਲ ਇੰਟੈਲੀਜੈਂਸ ਰਾਹੀਂ ਹੋਣ ਵਾਲੇ ਸਾਈਬਰ ਖਤਰਿਆਂ ਜਿਵੇਂ ਕਿ ਡੀਪਫੇਕ, ਡਿਜੀਟਲ ਅਰੈਸਟ ਸਕੈਮ ਅਤੇ ਵਿੱਤੀ ਧੋਖਾਧੜੀ ਆਦਿ ਵਿਰੁੱਧ ਕੰਮ ਕਰੇਗਾ। 'ਐਂਟਰਪ੍ਰੀਨਿਓਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ' ਦੇ ਡਾਇਰੈਕਟਰ ਪ੍ਰੋ. ਹਿਮੇਂਦਰ ਭਾਰਤੀ ਨੇ ਇਸ ਮੌਕੇ ਬੋਲਦਿਆਂ ਇਸ ਕੇਂਦਰ ਦੀ ਅਹਿਮੀਅਤ ਬਾਰੇ ਆਪਣੇ ਵਿਚਾਰ ਪ੍ਰਗਟਾਏ। ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ ਨੇ ਕਿਹਾ ਕਿ ਇਹ ਕੇਂਦਰ ਪੰਜਾਬ ਦਾ ਆਪਣੀ ਕਿਸਮ ਦਾ ਪਹਿਲਾ ਸਾਈਬਰ ਸੁਰੱਖਿਆ ਕੇਂਦਰ ਹੈ। ਉਦਘਾਨੀ ਸੈਸ਼ਨ ਉਪਰੰਤ ਇੰਜੀ. ਵਿਪਿਨ ਗੁਪਤਾ ਵੱਲੋਂ ਇੱਕ ਤਕਨੀਕੀ ਵਰਕਸ਼ਾਪ ਲਗਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੂੰ ਸਾਈਬਰ ਹਮਲਿਆਂ ਤੋਂ ਬਚਣ ਦੇ ਵਿਹਾਰਕ ਤਰੀਕੇ ਸਿਖਾਏ ਗਏ। ਮੰਚ ਸੰਚਾਲਨ ਦਾ ਕਾਰਜ ਡਾ. ਨਵਦੀਪ ਕੰਵਲ ਵੱਲੋਂ ਕੀਤਾ ਗਿਆ।

## ਧਰਮ ਯੁੱਧ ਮੋਰਚੇ 'ਤੇ ਪੁਲਿਸ ਵੱਲੋਂ ਕੀਤਾ ਤਸ਼ੱਦਦ ਮੰਦਭਾਗਾ: ਸੁਰਜੀਤ ਸਿੰਘ ਰੱਖੜਾ



ਸਮਾਣਾ, 25 ਫਰਵਰੀ (ਜਵੰਦਾ): ਬੀਤੇ ਦਿਨੀਂ ਸੁਰਜੀਤ ਸਿੰਘ ਰੱਖੜਾ ਨੇ ਸਮਾਣਾ ਵਿਖੇ 16 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ 'ਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਹਮਾਇਤ ਵਿੱਚ ਚੱਲ ਰਹੇ ਧਰਮ ਯੁੱਧ ਮੋਰਚੇ ਦੌਰਾਨ ਸੰਗਤ ਅਤੇ ਕਿਸਾਨ ਆਗੂਆਂ ਉੱਪਰ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਨੂੰ ਬਹੁਤ ਹੀ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼ਾਂਤਮਈ ਤਰੀਕੇ ਨਾਲ ਆਪਣੀ ਜਾਇਜ਼ ਮੰਗ ਲਈ ਇਕੱਠੀ ਹੋਈ ਸਾਧ ਸੰਗਤ 'ਤੇ ਤਸ਼ੱਦਦ ਕਰਨਾ ਲੋਕਤੰਤਰਿਕ ਅਸੂਲਾਂ ਅਤੇ ਮਨੁੱਖੀ ਅਧਿਕਾਰਾਂ ਦੇ ਖ਼ਿਲਾਫ਼ ਹੈ। ਸ. ਰੱਖੜਾ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਪੂਰੀ ਤਰ੍ਹਾਂ ਜਾਇਜ਼ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸੰਗਤ 'ਤੇ ਜ਼ਬਰ ਕਰਨ ਦੀ ਬਜਾਏ ਸੰਵਾਦ ਦਾ ਰਾਹ ਅਪਣਾਇਆ ਜਾਵੇ ਅਤੇ ਧਾਰਮਿਕ ਭਾਵਨਾਵਾਂ ਨਾਲ ਜੁੜੇ ਇਸ ਮਸਲੇ ਦਾ ਤੁਰੰਤ ਅਤੇ ਸੰਵੇਦਨਸ਼ੀਲ ਢੰਗ ਨਾਲ ਹੱਲ ਕੱਢਿਆ ਜਾਵੇ।

## ਅੱਧਾ ਕਿੱਲੋ ਹੈਰੋਇਨ ਬ੍ਰਾਮਦ



ਪਟਿਆਲਾ, 25 ਫਰਵਰੀ (ਰੁਪਾਣਾ): ਐੱਸ ਐੱਸ ਪੀ ਵਰੁਣ ਸ਼ਰਮਾ ਦੀਆਂ ਹਦਾਇਤਾਂ 'ਤੇ ਥਾਣਾ ਸਿਵਲ ਲਾਈਨ ਦੀ ਪੁਲੀਸ ਨੇ ਨਸ਼ਾ ਤਸਕਰ ਨੂੰ ਕਾਬੂ ਕਰ ਕੇ ਢਾਈ ਕਰੋੜ ਰੁਪਏ ਦੀ ਅੱਧਾ ਕਿੱਲੋ ਹੈਰੋਇਨ ਬ੍ਰਾਮਦ ਕੀਤੀ ਹੈ। ਐੱਸ ਪੀ (ਸਿਟੀ) ਪਲਵਿੰਦਰ ਚੀਮਾ ਨੇ ਮੀਡੀਆ ਨੂੰ ਦੱਸਿਆ ਕਿ ਥਾਣਾ ਸਿਵਲ ਲਾਈਨ ਦੇ ਐੱਸ.ਐੱਚ.ਓ. ਇੰਸਪੈਕਟਰ ਅਮਨਦੀਪ ਬਰਾੜ ਅਤੇ ਟੀਮ ਨੇ ਇਹ ਅਹਿਮ ਕਾਰਵਾਈ ਇਲਾਕੇ ਦੇ ਡੀ.ਐੱਸ.ਪੀ. (ਸਿਟੀ-1) ਸਤਿਨਾਮ ਸਿੰਘ ਸੰਘਾ ਦੀ ਦੇਖ-ਰੇਖ ਹੇਠ ਅਮਲ ਵਿੱਚ ਲਿਆਂਦੀ ਹੈ। ਇਸ ਦੌਰਾਨ ਪੁਲਿਸ ਟੀਮ ਵੱਲੋਂ ਇੱਕ ਮੁਲਜ਼ਮ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ 'ਚੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਮੁਲਜ਼ਮ ਦੀ ਪਛਾਣ ਚੰਚਲ ਵਾਸੀ ਸੰਜੇ ਕਲੋਨੀ ਪਟਿਆਲਾ ਵਜੋਂ ਹੋਈ ਹੈ, ਜਿਸ ਖ਼ਿਲਾਫ਼ ਥਾਣਾ ਸਿਵਲ ਲਾਈਨ ਪਟਿਆਲਾ ਵਿੱਚ ਕੇਸ ਦਰਜ ਕੀਤਾ ਗਿਆ ਹੈ।

## ਬੁੱਢਣਪੁਰ 'ਚ ਕਾਂਗਰਸ ਦਾ ਸਫਾਇਆ, ਸਰਪੰਚ ਤੇ ਪੰਚਾਇਤ ਸਮੇਤ ਸੈਂਕੜੇ ਪਰਿਵਾਰ 'ਆਪ' 'ਚ ਸ਼ਾਮਲ

**➤ਰਵਾਇਤੀ ਪਾਰਟੀਆਂ ਦੇ ਝੂਠੇ ਲਾਰਿਆਂ ਨੂੰ ਤਿਆਗ ਕੇ ਲੋਕਾਂ ਨੇ ਚੁਣਿਆ 'ਵਿਕਾਸ ਦਾ ਮਾਰਗ' : ਹਡਾਣਾ**



ਦੇਵੀਗੜ੍ਹ, 25 ਫ਼ਰਵਰੀ (ਗੁਰਜੀਤ ਸਿੰਘ ਢੋਟ): ਹਲਕਾ ਸਨੌਰ ਵਿੱਚ ਵਿਰੋਧੀ ਪਾਰਟੀਆਂ ਨੂੰ ਉਸ ਸਮੇਂ ਵੱਡਾ 'ਸਿਆਸੀ ਝਟਕਾ' ਲੱਗਿਆ ਜਦੋਂ ਪਿੰਡ ਬੁੱਢਣਪੁਰ ਦੇ ਮੌਜੂਦਾ ਸਰਪੰਚ ਅਤੇ ਪੂਰੀ ਪੰਚਾਇਤ ਨੇ ਕਾਂਗਰਸ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਦੱਸਣਯੋਗ ਹੈ ਕਿ ਹਰਪ੍ਰੀਤ ਸਿੰਘ ਘੁੰਮਣ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ ਬਲਾਕ ਪ੍ਰਧਾਨ, ਸਤਪਾਲ ਸਿੰਘ ਨੂਰਖੇੜੀਆ ਦੀ ਸਾਂਝੀ ਅਗਵਾਈ ਵਿੱਚ ਸ਼ਾਮਲ ਹੋਏ ਸੈਂਕੜੇ ਪਰਿਵਾਰਾਂ ਨੇ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਾਰਜਸ਼ੈਲੀ 'ਤੇ ਮੋਹਰ ਲਗਾਉਂਦਿਆਂ ਆਪ ਨਾਲ ਖੜ੍ਹਨ ਦਾ ਫੈਸਲਾ ਕੀਤਾ, ਜਿਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਸ਼ਾਮਲ ਹੋਏ ਸਾਥੀਆਂ ਅਤੇ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ। ਹਡਾਣਾ ਨੇ ਕਿਹਾ ਕਿ ਅੱਜ ਦਾ ਇਹ ਇਕੱਠ ਸਾਬਤ ਕਰਦਾ ਹੈ ਕਿ ਲੋਕ ਹੁਣ ਸਿਰਫ਼ ਖੋਖਲੇ ਦਾਅਵਿਆਂ ਤੋਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਬੁੱਢਣਪੁਰ ਦੇ ਨਿਵਾਸੀਆਂ ਨੇ ਅੱਜ ਕਾਂਗਰਸ ਦੇ ਉਸ ਹੰਕਾਰ ਨੂੰ ਤੋੜਿਆ ਹੈ ਜਿਸ ਨੇ ਦਹਾਕਿਆਂ ਤੱਕ ਪਿੰਡਾਂ ਨੂੰ ਵਿਕਾਸ ਤੋਂ ਵਾਂਝੇ ਰੱਖਿਆ।ਸ਼ਾਮਲ ਹੋਏ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਉਹ ਰਣਜੋਧ ਹਡਾਣਾ ਵੱਲੋਂ ਹਲਕੇ ਵਿੱਚ ਦਿਨ-ਰਾਤ ਕੀਤੀ ਜਾ ਰਹੀ ਮਿਹਨਤ ਤੋਂ ਬੇਹੱਦ ਪ੍ਰਭਾਵਿਤ ਹਨ। ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਦੋ ਵੱਖ-ਵੱਖ ਸੜਕ ਹਾਦਸਿਆਂ 'ਚ ਤਿੰਨ ਵਿਅਕਤੀ ਜ਼ਖ਼ਮੀ

ਸਮਾਣਾ, 25 ਫਰਵਰੀ (ਵਿਜੇ ਕੁਮਾਰ): ਸਮਾਣਾ ਪੁਲਸ ਨੇ ਦੋ ਵੱਖ-ਵੱਖ ਹਾਦਸਿਆਂ ਵਿੱਚ ਦੋ ਵਿਅਕਤੀਆਂ ਦੇ ਜ਼ਖ਼ਮੀ ਹੋਣ 'ਤੇ ਇੱਕ ਅਣਪਛਾਤੇ ਚਾਲਕ ਸਮੇਤ ਦੋ ਮੋਟਰਸਾਈਕਲ ਸਵਾਰਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਸੁਰਜੀਤ ਸਿੰਘ ਨਿਵਾਸੀ ਪਿੰਡ ਕਾਹਨਗੜ੍ਹ ਭੂਤਨਾ ਵਜੋਂ ਹੋਈ ਹੈ।ਸਦਰ ਪੁਲਿਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਕਾਕਾ ਸਿੰਘ ਨਿਵਾਸੀ ਪਿੰਡ ਕਾਦਰਾਬਾਦ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ 22 ਫਰਵਰੀ ਦੀ ਦੁਪਹਿਰ ਨੂੰ ਜਦੋਂ ਉਹ ਆਪਣੀ ਮੋਟਰਸਾਈਕਲ ਰੇਹੜੀ ਲੈ ਕੇ ਖੇਤ ਜਾ ਰਿਹਾ ਸੀ, ਤਾਂ ਮੁਲਜ਼ਮ ਚਾਲਕ ਨੇ ਆਪਣਾ ਤੇਜ਼ ਰਫ਼ਤਾਰ ਮੋਟਰਸਾਈਕਲ ਲਾਪਰਵਾਹੀ ਨਾਲ ਉਸ ਵਿੱਚ ਮਾਰ ਦਿੱਤਾ। ਇਸ ਹਾਦਸੇ ਵਿੱਚਟ ਸ਼ਿਕਾਇਤਕਰਤਾ ਅਤੇ ਮੁਲਜ਼ਮ ਚਾਲਕ ਦੋਵੇਂ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।ਇੱਕ ਹੋਰ ਮਾਮਲੇ ਵਿੱਚ ਰਾਜਕੁਮਾਰ ਨਿਵਾਸੀ ਪਿੰਡ ਗਾਜੀਸਲਾਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, 23 ਫਰਵਰੀ ਦੀ ਰਾਤ ਨੂੰ ਜਦੋਂ ਉਹ ਮੋਟਰਸਾਈਕਲ @ਤੇ ਸਵਾਰ ਹੋ ਕੇ ਰਾਜਲਾ ਰੋਡ ਸਥਿਤ ਮੋਤੀਰਾਮ ਫੈਕਟਰੀ ਨੇੜਿਓਂ ਲੰਘ ਰਿਹਾ ਸੀ, ਤਾਂ ਕਿਸੇ ਅਣਪਛਾਤੇ ਚਾਲਕ ਨੇ ਤੇਜ਼ ਰਫ਼ਤਾਰ ਮੋਟਰਸਾਈਕਲ ਨਾਲ ਉਸ ਨੂੰ ਟੱਕਰ ਮਾਰ ਕੇ ਜ਼ਖਮੀ ਕਰ ਦਿੱਤੀ। ਅਧਿਕਾਰੀਆਂ ਅਨੁਸਾਰ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਡਾ. ਬੀ.ਐੱਸ. ਸੰਧੂ ਸਕੂਲ ਦੇ ਵਿਦਿਆਰਥੀਆਂ ਨੇ ਸਿਲਵਰਜ਼ੋਨ ਓਲੰਪੀਆਡ 'ਚ ਮਾਰੀਆਂ ਮੱਲਾਂ




ਦੇਵੀਗੜ੍ਹ, 25 ਫਰਵਰੀ (ਗੁਰਜੀਤ ਸਿੰਘ ਢੋਟ): ਡਾ. ਬੀ.ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ 'ਸਿਲਵਰਜ਼ੋਨ ਓਲੰਪੀਆਡ' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮੈਡਲ ਅਤੇ ਸਰਟੀਫਿਕੇਟ ਹਾਸਲ ਕੀਤੇ ਹਨ।ਵੱਖ-ਵੱਖ ਵਿਸ਼ਿਆਂ ਵਿੱਚ ਕਰਵਾਈ ਗਈ ਇਸ ਪ੍ਰੀਖਿਆ ਵਿੱਚ ਸਕੂਲ ਦੇ ਕਈ ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਮਿਹਨਤ ਸਦਕਾ ਸੋਨੇ, ਚਾਂਦੀ ਅਤੇ ਕਾਂਸੀ ਦੇ ਤਗਮੇ ਜਿੱਤ ਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਨੌਵੀਂ ਜਮਾਤ ਦੀ ਸੀਰਤ ਕੌਰ ਨੇ ਪਹਿਲਾ ਸਥਾਨ, ਪੰਜਵੀਂ ਜਮਾਤ ਦੀ ਮੰਨਤ ਨੇ ਪਹਿਲਾ ਸਥਾਨ, ਮਨਮੀਤ ਕੌਰ ਨੇ ਦੂਸਰਾ ਸਥਾਨ ਅਤੇ ਕਰਮਜੋਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ ਹੈ। ਇਸ ਖੁਸ਼ੀ ਦੇ ਮੌਕੇ 'ਤੇ ਸਕੂਲ ਦੇ ਚੇਅਰਮੈਨ ਹਰਦੀਪ ਸਿੰਘ ਸੰਧੂ ਅਤੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਸਿੰਘ ਸੰਧੂ ਨੇ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਸਕੂਲ ਦੀ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਜੇਤੂ ਬੱਚਿਆਂ ਨੂੰ ਮੈਡਲ ਅਤੇ ਸ਼ਲਾਘਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

## ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਕੀਤਾ ਧੋਖਾ

ਪਟਿਆਲਾ, 25 ਫਰਵਰੀ (ਵਿਨੋਦ ਸ਼ਰਮਾ): ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਸੁਮਨਦੀਪ ਕੌਰ ਵਾਸੀ ਧਾਲੀਵਾਲ ਪੱਤੀ ਜ਼ਿਲ੍ਹਾ ਬਰਨਾਲਾ ਨੇ ਕਥਿਤ ਦੋਸ਼ੀਆਂ ਰਣਜੀਤ ਸਿੰਘ, ਬਲਜੀਤ ਕੌਰ ਵਾਸੀ ਪਿੰਡ ਮੁਗਲ ਸਰਾਏ ਥਾਣਾ ਸ਼ੰਭੂ (ਮਾਲਕ ਐਨਜੈਕ ਇੰਮੀਗ੍ਰੇਸ਼ਨ), ਜਸਪ੍ਰੀਤ ਕੌਰ ਵਾਸੀ ਪਿੰਡ ਗੁਲਾੜ੍ਹ ਥਾਣਾ ਪਾਤੜਾ ਅਤੇ ਰਾਜਦੀਪ ਸਿੰਘ ਵਾਸੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਕਥਿਤ ਦੋਸ਼ੀਆਂ ਨੇ ਉਸ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 12,93,913 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਅਤੇ ਸਿਰਫ 9,70,000 ਰੁਪਏ ਹੀ ਵਾਪਿਸ ਕੀਤੇ ਅਤੇ ਬਾਕੀ ਬਚਦੇ 3,32,913 ਰੁਪਏ ਵਾਪਿਸ ਨਹੀ ਕੀਤੇ। ਪੁਲਿਸ ਨੇ ਧਾਰਾ ਮਾਮਲਾ ਦਰਜ ਕਰ ਲਿਆ ਹੈ।

## ਜ਼ਿਲ੍ਹਾ ਉਦਯੋਗ ਕੇਂਦਰ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਅਮਨਦੀਪ ਸਿੰਘ ਮਾਵੀ ਦਾ ਸਵਾਗਤ



ਪਟਿਆਲਾ, 25 ਫਰਵਰੀ (ਚ.ਨ.ਸ.): ਜ਼ਿਲ੍ਹਾ ਪ੍ਰਸ਼ਾਸਨ ਵਿਖੇ ਬਤੌਰ ਸਹਾਇਕ ਕਮਿਸ਼ਨਰ (ਜਨਰਲ) ਜੁਆਇੰਨ ਕਰਨ 'ਤੇ ਅਮਨਦੀਪ ਸਿੰਘ ਮਾਵੀ (ਪੀ.ਸੀ.ਐਸ.) ਦਾ ਦਫਤਰ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਪਟਿਆਲਾ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਵਿਸ਼ੇਸ਼ ਸਨਮਾਨ ਕਰਕੇ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਸਮੁੱਚੇ ਸਟਾਫ ਵੱਲੋਂ ਉਨ੍ਹਾਂ ਨੂੰ ਹਰ ਤਰਾਂ ਦੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ 'ਤੇ ਬਿਕਰਮਜੀਤ ਸਿੰਘ ਫੰਕਸ਼ਨਲ ਮੈਨੇਜਰ, ਉਕਾਰਦੀਪ ਸਿੰਘ ਫੰਕਸ਼ਨਲ ਮੈਨੇਜਰ, ਜਤਿੰਦਰ ਪਾਲ ਸਿੰਘ, ਸੀਨੀਅਰ ਸਹਾਇਕ, ਜਗਜੀਤ ਸਿੰਘ, ਸਟੈਨੋਗਰਾਫਰ ਅਤੇ ਹੋਰ ਸਮੁੱਚੇ ਸਟਾਫ ਨੇ ਸਹਾਇਕ ਕਮਿਸ਼ਨਰ (ਜਨਰਲ) ਨੂੰ ਪਟਿਆਲਾ ਵਿਖੇ ਜੁਆਇਨ ਕਰਨ 'ਤੇ ਜੀ ਆਇਆ ਕਿਹਾ।

## ਡੋਪ ਟੈਸਟ ਪਾਜ਼ੀਟਿਵ ਆਉਣ 'ਤੇ ਨੌਜਵਾਨ ਨੂੰ ਨਸ਼ਾ ਛੁਡਾਊ ਕੇਂਦਰ ਭੇਜਿਆ

ਸਮਾਣਾ, 25 ਫਰਵਰੀ (ਵਿਜੇ ਕੁਮਾਰ): ਸਦਰ ਪੁਲਸ ਨੇ ਸ਼ੱਕੀ ਹਾਲਤ ਵਿੱਚ ਕਾਬੂ ਕੀਤੇ ਇੱਕ ਨੌਜਵਾਨ ਦਾ ਡੋਪ ਟੈਸਟ ਪਾਜ਼ੀਟਿਵ ਆਉਣ 'ਤੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਮਨਜੀਤ ਸਿੰਘ ਨਿਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ।ਸਦਰ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮਵੀਕਲਾਂ ਪੁਲਸ ਚੌਕੀ ਦੇ ਇੰਚਾਰਜ ਬਲਕਾਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਧਨੇਠਾ ਵਿੱਚ ਮੌਜੂਦ ਸਨ।ਭਾਖੜਾ ਨਹਿਰ ਦੀ ਪਟੜੀ ਕੋਲ ਸ਼ੱਕੀ ਹਾਲਤ ਵਿੱਚ ਬੈਠੇ ਮੁਲਜ਼ਮ ਨੂੰ ਕਾਬੂ ਕਰ ਡੋਪ ਟੈਸਟ ਕਰਵਾਉਣ ਦੌਰਾਨ ਪਾਜ਼ੀਟਿਵ ਆਇਆ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਮਾਨਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਮੁਲਜ਼ਮ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਕਲਾ ਕ੍ਰਿਤੀ ਦੇ 'ਛੱਲਾ' ਨਾਟਕ ਨੇ ਦਰਸ਼ਕਾਂ ਦੇ ਮਨਾਂ 'ਤੇ ਛੱਡੀ ਡੂੰਘੀ ਛਾਪ

**ਮੁੱਖ ਮਹਿਮਾਨ ਵਜੋਂ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸ਼ਿਰਕਤ**



ਪਟਿਆਲਾ, 25 ਫਰਵਰੀ (ਚ.ਨ.ਸ.): ਕਲਾ ਕ੍ਰਿਤੀ ਪਟਿਆਲਾ ਅਤੇ ਨਟਰਾਜ ਆਰਟਸ ਥੀਏਟਰ ਦੇ ਸਾਂਝੇ ਯਤਨਾਂ ਸਦਕਾ ਉੱਤਰੀ ਖੇਤਰ ਸਭਿਆਚਾਰਕ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ 2 ਰੋਜ਼ਾ ਬਸੰਤ ਰੁੱਤ ਦੇ ਨਾਟਕ ਮੇਲੇ ਦੌਰਾਨ ਪਹਿਲੇ ਦਿਨ ਕਾਲੀਦਾਸ ਆਡੀਟੋਰੀਅਮ ਵਿਰਸਾ ਵਿਹਾਰ ਕੇਂਦਰ ਨਜ਼ਦੀਕ ਭਾਸ਼ਾ ਵਾਗ ਪੰਜਾਬ ਸ਼ੇਰਾਂਵਾਲਾ ਗੇਟ ਪਟਿਆਲਾ ਵਿਖੇ ਨਾਟਕਕਾਰ ਡਾ. ਕੁਲਦੀਪ ਸਿੰਘ ਦੀਪ ਦਾ ਲਿਖਿਆ ਅਤੇ ਉੱਘੀ ਨਾਟ ਨਿਰਦੇਸ਼ਕਾ, ਅਦਾਕਾਰਾ, ਕਲਾਕ੍ਰਿਤੀ ਦੀ ਡਾਇਰੈਕਟਰ ਸ੍ਰੀਮਤੀ ਪਰਮਿੰਦਰ ਪਾਲ ਕੌਰ ਦੇ ਨਿਰਦੇਸ਼ਨ ਹੇਠ 'ਛੱਲਾ' ਨਾਟਕ ਦਾ ਸ਼ਾਨਦਾਰ ਮੰਚਨ ਕੀਤਾ ਗਿਆ, ਜਿਸ ਨੇ ਦਰਸ਼ਕਾਂ ਦੇ ਮਨਾਂ ਤੇ ਗਹਿਰੀ ਛਾਪ ਛੱਡੀ। ਇਸ ਨਾਟਕ ਵਿਚਲੇ ਸਾਰੇ ਪਾਤਰਾਂ ਨੂੰ ਨਿਭਾਉਣ ਵਾਲੇ ਕਲਾਕਾਰਾਂ ਦੇ ਵਿੱਚ ਮੁੱਖ ਤੌਰ ਉੱਤੇ ਸੀਨੀਅਰ ਕਲਾਕਾਰ ਮੋਹਨ ਕੰਬੋਜ਼, ਵਿਨੋਦ ਕੌਸ਼ਲ, ਜੋਗਾ ਸਿੰਘ, ਜਸਵੀਰ ਜੱਸੀ, ਕੁਲਦੀਪ ਸਿੰਘ, ਅਜੇ ਜੈਠੀ, ਇਸ਼ਾਨ ਅਰੋੜਾ, ਤਾਨੀਆ ਸਿੰਘ, ਨਿਰਮਲ, ਅੰਜਲੀ ਬਿਡਲਾ ਹਰੀਸ਼ ਖੁਰਾਨਾ ਨੇ ਆਪੋ ਆਪਣੀਆਂ ਭੂਮਿਕਾਵਾਂ ਸ਼ਾਨਦਾਰ ਨਿਵਾਈਆਂ। ਪ੍ਰਸਿੱਧ ਸੰਗੀਤਕਾਰ ਹਰਜੀਤ ਗੁੱਡੂ ਦੇ ਸੰਗੀਤ ਅਤੇ ਉਹਨਾਂ ਵੱਲੋਂ ਗਾਏ ਗੀਤਾਂ ਦੇ ਬੋਲਾਂ ਨੇ ਨਾਟਕ ਨੂੰ ਸਫਲ ਬਣਾਉਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ।ਸਮੁੱਚੇ ਨਾਟਕ ਦੇ ਪ੍ਰੋਡਕਸ਼ਨ ਇੰਚਾਰਜ ਗੋਪਾਲ ਸ਼ਰਮਾ ਸਨ। ਇਸ ਮੌਕੇ ਮੁੱਖ ਮਹਿਮਾਨ ਸ.ਹਰਚੰਦ ਸਿੰਘ ਬਰਸਟ, ਚੈਅਰਮੈਨ ਪੰਜਾਬ ਮੰਡੀ ਬੋਰਡ ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾਕਟਰ ਸਵਰਾਜ ਸਿੰਘ, ਵਿਸ਼ਵ ਚਿੰਤਕ ਅਤੇ ਸ਼੍ਰੋਮਣੀ ਦਾਰਸ਼ਨਿਕ ਅਵਾਰਡੀ ਦੇ ਨਾਲ ਜਤਿੰਦਰ ਪਾਲ ਸ਼ਰਮਾ ਡਿਪਟੀ ਡਿਸਟ੍ਰਿਕਟ ਅਟਾਰਨੀ ਪਟਿਆਲਾ ਸਨ, ਜਿਨ੍ਹਾਂ ਨੇ ਸਾਰੇ ਕਲਾਕਾਰਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ।

## ਸੜਕ ਹਾਦਸੇ 'ਚ ਮੌਤ

ਪਟਿਆਲਾ, 25 ਫਰਵਰੀ (ਵਿਨੋਦ ਸ਼ਰਮਾ): ਥਾਣਾ ਸਦਰ ਪਟਿਆਲਾ ਪੁਲਿਸ ਕੋਲ ਬਲਵੰਤ ਸਿੰਘ ਪੁੱਤਰ ਮਸਤਾ ਸਿੰਘ ਵਾਸੀ ਪਿੰਡ ਭੱਟਮਾਜਰਾ ਨੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਭਤੀਜਾ ਜਰਨੈਲ ਸਿੰਘ ਪੁੱਤਰ ਸੰਤ ਸਿੰਘ ਵਾਸੀ ਭੱਟਮਾਜਰਾ, ਜੋ ਕਿ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਨੌਰ ਰੋਡ ਬਹਾਦਰਗੜ੍ਹ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਲਾਪ੍ਰਵਾਹੀ ਨਾਲ ਆਪਣੀ ਸਕੂਟਰੀ ਅੱਗੇ ਕਰ ਦਿੱਤੀ, ਜਿਸ ਕਾਰਨ ਜਰਨੈਲ ਸਿੰਘ ਦਾ ਮੋਟਰਸਾਈਕਲ ਉਕਤ ਸਕੂਟਰੀ ਨਾਲ ਜਾ ਟਕਰਾਇਆ ਅਤੇ ਉਸ ਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 106(1), 324(4) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਹਿਆਣਾ ਕਲਾਂ ਦਾ ਪਹਿਲਾ ਕੁਸ਼ਤੀ ਦੰਗਲ ਸ਼ਾਨੋ-ਸ਼ੌਕਤ ਨਾਲ ਸਮਾਪਤ

**➤ਬਿੰਦਰ ਹਿਆਣਾ ਨੇ ਵਿੱਕੀ ਚੰਡੀਗੜ੍ਹ ਨੂੰ ਹਰਾ ਕੇ ਝੰਡੀ 'ਤੇ ਕੀਤਾ ਕਬਜ਼ਾ**



ਨਾਭਾ, 25 ਫਰਵਰੀ (ਬਲਜਿੰਦਰ ਮਾਨ): ਸੰਤ ਬਾਬਾ ਬਾਲਕ ਨਾਥ ਜੀ ਮਡੌੜ ਵਾਲਿਆਂ ਦੀ ਅਪਾਰ ਕਿਰਪਾ ਸਦਕਾ ਸਮੂਹ ਗ੍ਰਾਮ ਪੰਚਾਇਤ ਹਿਆਣਾ ਕਲਾਂ ਅਤੇ ਐਨ ਆਰ ਆਈ ਨੌਜਵਾਨਾ ਵੱਲੋਂ ਪਿੰਡ ਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਪਹਿਲਾ ਕੁਸ਼ਤੀ ਦੰਗਲ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ, ਜਿਸ ਵਿੱਚ ਨਾਮੀ ਪਹਿਲਵਾਨਾਂ ਵੱਲੋਂ ਆਪਣੇ ਜ਼ੋਰ ਦਿਖਾਏ ਗਏ ਤੇ ਵੱਡੀ ਝੰਡੀ ਦੀ ਕੁਸ਼ਤੀ ਪਹਿਲਵਾਨ ਬਿੰਦਰ ਸਿਆਣਾ ਨੇ ਵਿੱਕੀ ਚੰਡੀਗੜ੍ਹ ਨੂੰ ਹਰਾਕੇ ਅਪਣੇ ਨਾਂ ਕੀਤੀ ਅਤੇ ਦੂਜੀ ਚੰਡੀ ਅੰਕਿਤ ਰੋਣੀ ਤੇ ਅਰਫਾਨ ਇਰਾਕ ਵਿਚਕਾਰ ਬਰਾਬਰ ਰਹੀ। ਇਸ ਮੌਕੇ ਜੇਤੂ ਪਹਿਲਵਾਨਾਂ ਨੂੰ ਅਸ਼ੀਰਵਾਦ ਦੇਣ ਦੀ ਵਿਸ਼ੇਸ਼ ਤੌਰ ਤੇ ਕੈਬਨਿਟ ਮੰਤਰੀ ਡਾਕਟਰ ਬਲਵੀਰ ਸਿੰਘ ਦੇ ਸਪੁੱਤਰ ਐਡਵੋਕੇਟ ਰਾਹੁਲ ਸੈਣੀ, ਚੇਅਰਮੈਨ ਜੱਸੀ ਸੋਹੀਆਂ ਵਾਲਾ, ਪਾਲ ਖਰੌੜ ਅਪਣਾ ਫਰਜ਼ ਸੇਵਾ ਸੋਸਾਇਟੀ ਲਚਕਾਣੀ, ਬਾਬਾ ਗੁਰਿੰਦਰ ਸਿੰਘ ਖੇੜੀ ਵਾਲੇ ਪਹੁੰਚੇ। ਇਸ ਮੌਕੇ ਉਹਨਾਂ ਜੇਤੂ ਪਹਿਲਵਾਨਾਂ ਨੂੰ ਅਸ਼ੀਰਵਾਦ ਦਿੰਦਿਆਂ ਪ੍ਰਬੰਧਕਾਂ ਨੂੰ ਵਧਾਈ ਦਿੱਤੀ ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਦੌਰਾਨ ਖੇਡਾਂ ਕਰਾਉਣੀਆਂ ਬਹੁਤ ਜ਼ਰੂਰੀ ਹਨ ਸਰਕਾਰ ਵੀ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਵੱਡੇ ਉਪਰਾਲੇ ਕਰ ਰਹੀ ਹੈ ਤਾਂ ਜੋ ਨਸ਼ਿਆਂ ਨੂੰ ਠੱਲ ਪਾਈ ਜਾ ਸਕੇ ਤੇ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਬਾਬਾ ਜੋਗਿੰਦਰ ਸਿੰਘ, ਸਰਪੰਚ ਵਰਿੰਦਰ ਕੌਰ ਪਤਨੀ ਮਨਿੰਦਰ ਸਿੰਘ, ਮੈਂਬਰ ਬਲਾਕ ਸੰਮਤੀ ਪ੍ਰਦੀਪ ਸਿੰਘ ਹਿਆਣਾ, ਜੈਸ਼ੰਕਰ ਪੀਏ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪ੍ਰਿਤਪਾਲ ਸਿੰਘ ਲਚਕਾਣੀ, ਜਗਤਾਰ ਸਿੰਘ ਸਾਬਕਾ ਸਰਪੰਚ, ਹੀਰਾ ਕਨੇਡਾ, ਪਹਿਲਵਾਨ ਕੁਲਦੀਪ ਸਿੰਘ ਹਿਆਣਾ, ਮਨਜਿੰਦਰ ਸਿੰਘ ਨੰਬਰਦਾਰ ਰੋਹਟੀ ਖਾਸ, ਤੇਜਿੰਦਰ ਸਿੰਘ ਤੇਜੀ ਪ੍ਰਧਾਨ ਮਿਲਕ ਫੂਡ ਫੈਕਟਰੀ ਵਰਕਰ ਯੂਨੀਅਨ, ਜਸਵਿੰਦਰ ਸਿੰਘ ਚੌਕੀ ਇੰਚਾਰਜ, ਹਨਦੀਪ ਖਟੜਾ, ਨਿਰਮਲ ਸਿੰਘ ਜੀ ਐਮ ਕਰਤਾਰ ਕੰਬਾਈਨ, ਜਸਵੀਰ ਸਿੰਘ ਸਰਪੰਚ ਹਿਆਣਾ ਖੁਰਦ, ਜੱਸਾ ਕਨੇਡਾ, ਹਾਕਮ ਸਿੰਘ, ਸਤਨਾਮ ਸਿੰਘ, ਨਿਰਭੈ ਸਿੰਘ, ਕਾਕਾ ਸਿੰਘ, ਲਖਵਿੰਦਰ ਸਿੰਘ ਸਰਪੰਚ ਰੋਹਟਾ, ਬੂਟਾ ਸਿੰਘ ਮੰਡੋਰ, ਸੈਕਟਰੀ ਜਗਵੰਤ ਸਿੰਘ, ਸ਼ਮਸ਼ੇਰ ਸਿੰਘ ਨੰਬਰਦਾਰ, ਬੋਬੀ ਸਰਪੰਚ ਸਮਲਾ, ਜਗਸੀਰ ਸਿੰਘ ਸਰਪੰਚ ਤੋਂ ਇਲਾਵਾ ਪ੍ਰਬੰਧਕ ਅਤੇ ਖੇਡ ਪ੍ਰੇਮੀ ਵੱਡੀ ਗਿਣਤੀ 'ਚ ਮੌਜੂਦ ਰਹੇ।

## ਕਰਾਫ਼ਟ ਮੇਲੇ ਦੌਰਾਨ ਪਰਮਿੰਦਰ ਭਲਵਾਨ, ਗਰੇਵਾਲ, ਜੋਸ਼ੀ ਦੀ ਅਗਵਾਈ ਹੇਠ ਵਲੰਟੀਅਰਜ਼ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਦਾ ਆਯੋਜਨ ਕਰਨਾ ਸ਼ਲਾਘਾਯੋਗ ਕਦਮ : ਨਮਨ ਮਰਕਨ



ਪਟਿਆਲਾ, 25 ਫਰਵਰੀ (ਚ.ਨ.ਸ.): ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਅਤੇ ਏ ਡੀ ਸੀ ਡਿਵੈਲਪਮੈਂਟ ਦਮਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੀਸ਼ ਮਹਿਲ ਵਿਖੇ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿਚ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਸਰਕਾਰੀ ਆਈ ਟੀ ਆਈ ਲੜਕੇ ਨਾਭਾ ਰੋਡ ਪਟਿਆਲਾ ਦੇ ਵਲੰਟੀਅਰਜ਼ ਇੰਚਾਰਜ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਦੀ ਅਗਵਾਈ ਹੇਠ ਵਲੰਟੀਅਰਜ਼ ਜਿੱਥੇ ਪਬਲਿਕ ਨੂੰ ਹਰ ਸੰਭਵ ਵਲੰਟੀਅਰ ਸੇਵਾਵਾਂ ਦੇ ਰਹੇ ਹਨ। ਇਸ ਤਹਿਤ ਮੇਲੇ ਦੌਰਾਨ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਰੈਲੀ ਕੱਢੀ ਗਈ। ਇਸ ਮੌਕੇ ਸੰਬੋਧਨ ਕਰਦਿਆ ਐਸ ਡੀ ਐਮ ਰਾਜਪੁਰਾ ਅਤੇ ਸਹਾਇਕ ਮੇਲਾ ਅਫਸਰ ਨਮਨ ਮਾਰਕਨ ਨੇ ਕਿਹਾ ਕਿ ਪਰਮਿੰਦਰ ਭਲਵਾਨ, ਗਰੇਵਾਲ, ਜੋਸ਼ੀ ਦੀ ਵਲੰਟੀਅਰ ਟੀਮ ਜਿੱਥੇ ਮੇਲੇ ਦੌਰਾਨ ਆਉਣ ਵਾਲੀ ਪਬਲਿਕ ਨੂੰ ਵਲੰਟੀਅਰ ਸੇਵਾਵਾਂ ਨਿਰਸਵਾਰਥ ਦੇ ਰਹੀ ਹੈ। ਨੌਜਵਾਨਾਂ ਵੱਲੋਂ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਸ਼ਲਾਘਾਯੋਗ ਕਦਮ ਹੈ।ਇਸ ਮੌਕੇ ਸੁਖਵੰਤ ਸਿੰਘ ਟ੍ਰੇਨਿੰਗ ਅਫਸਰ ਆਈ ਟੀ ਆਈ ਲੜਕੇ, ਅਨਿਲ ਖੰਨਾ ਹੋਸਟਲ ਸੁਪਰਡੈਂਟ ਆਈ ਟੀ ਆਈ ਲੜਕੇ, ਉਪਕਾਰ ਸਿੰਘ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਗੁਰਪ੍ਰਤਾਪ ਸ਼ਾਹੀ, ਤੇਜਿੰਦਰ ਮਡੋੜ, ਅਮਰਜੀਤ ਲੰਗ, ਜੁਗਰਾਜ ਚਹਿਲ, ਗੁਰਿੰਦਰਪਾਲ ਸਿੰਘ ਸੰਧੂ, ਚਰਨਪਾਲ ਸਿੰਘ, ਕਿਰਨਾਂ ਦੇਵੀ, ਕੁਲਦੀਪ ਸਿੰਘ, ਜਸਪਾਲ ਜੋਸ਼ਨ, ਜਸਪ੍ਰੀਤ ਸਿੰਘ, ਗੁਰਬਚਨ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ।

ੴ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

**ਹੋਲਾ ਮਹੱਲਾ ਨਗਰ ਕੀਰਤਨ**

**ਮਿਤੀ : 28 ਫਰਵਰੀ 2026 ਦਿਨ ਸ਼ਨੀਵਾਰ ਨੂੰ ਸਵੇਰੇ 10.00 ਵਜੇ**

**ਮਹਾਨ ਗੁਰਮਤਿ ਸਮਾਗਮ**

**ਮਿਤੀ : 1 ਤੇ 2 ਮਾਰਚ 2026 ਦਿਨ ਐਤਵਾਰ ਅਤੇ ਸੋਮਵਾਰ ਸਵੇਰੇ 10 ਤੋਂ 2 ਵਜੇ ਤੱਕ**

ਆਪ ਜੀ ਨੂੰ ਇਹ ਜਾਣ ਕੇ ਹਾਰਦਿਕ ਪ੍ਰਸੰਨਤਾ ਹੋਵੇਗੀ ਕਿ ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਲਖਵਿੰਦਰ ਸਿੰਘ ਜੀ ਦੇ ਉੱਦਮ ਸਦਕਾ ਪਟਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ ਵੱਲੋਂ **ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ**, ਗੁ. ਭਾਈ ਰਾਮ ਕਿਸ਼ਨ ਜੀ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਸ਼ੁਰੂ ਕੀਤੀ ਹੋਈ ਹੈ। ਜਿੱਥੇ ਹੁਣ ਤੱਕ 250 ਦੇ ਕ੍ਰੀਬ ਗ਼ਰੀਬ, ਲੋੜਵੰਦ, ਸੂਰਮੇ, ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਮੌਜੂਦਾ ਅਸਥਾਨ ਵਿਖੇ ਥਾਂ ਦੀ ਘਾਟ ਹੋਣ ਕਾਰਨ, **ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾਂ ਵਿਖੇ** ਬੱਚਿਆਂ ਦੀ ਰਿਹਾਇਸ਼ ਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖੁਸ਼ੀ ਵਿੱਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ **1 ਤੇ 2 ਮਾਰਚ, 2026 ਦਿਨ ਐਤਵਾਰ ਤੇ ਸੋਮਵਾਰ ਨੂੰ ਸਵੇਰੇ 10 ਤੋਂ 2 ਵਜੇ** ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

**ਸਿੱਖ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ ਜੀ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ** ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਜੀ ਗੜਗੱਜ, ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ; ਸਿੰਘ ਸਾਹਿਬ ਗਿ. ਪ੍ਰਣਾਮ ਸਿੰਘ ਜੀ, ਸਿੰਘ ਸਾਹਿਬ ਗਿ. ਪ੍ਰਿਤਪਾਲ ਸਿੰਘ ਜੀ, ਹੈੱਡ ਗ੍ਰੰਥੀ, ਗੁ. ਸ੍ਰੀ ਦੂਖ ਨਿਵਾਰਨ ਸਾਹਿਬ, ਸਿੰਘ ਸਾਹਿਬ ਗਿ. ਅਵਤਾਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿ. ਹਰਵਿੰਦਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਮੋਤੀ ਬਾਗ਼ ਸਾਹਿਬ ਉਚੇਚੇ ਤੌਰ 'ਤੇ ਪਹੁੰਚਣਗੇ।

**ਹੋਲਾ ਮਹੱਲਾ ਤੇ ਨਗਰ ਕੀਰਤਨ ਇਤਿਹਾਸਕ ਗੁ. ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਹਾਦਰਗੜ੍ਹ ਤੋਂ ਆਰੰਭ ਹੋਵੇਗਾ ਜੋ ਮੇਨ ਬਜ਼ਾਰ, ਅਹਿਮਦਪੁਰ ਅਤੇ ਭੱਠਲਾਂ ਵਿਚੋਂ ਹੁੰਦਾ ਹੋਇਆ ਗੁ. ਸਚਖੰਡ ਦਰਬਾਰ, ਸਚਖੰਡ ਐਨਕਲੇਵ, ਗਿਆਨ ਕਲੋਨੀ, ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ।**

**ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਅਤੇ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।**

**ਭਾਈ ਲਖਵਿੰਦਰ ਸਿੰਘ**
ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ
(ਮੁੱਖ ਸੇਵਾਦਾਰ)

**ਡਾ. ਜਗਜੀਤ ਸਿੰਘ ਦਰਦੀ**
'ਪਦਮ ਸ੍ਰੀ' ਐਵਾਰਡੀ
ਚੇਅਰਮੈਨ, ਚੜ੍ਹਦੀਕਲਾ ਗਰੁੱਪ

**ਭਾਈ ਜੋਗਿੰਦਰ ਸਿੰਘ ਜੀ**
(ਅਕੈਡਮੀ ਇੰਚਾਰਜ)
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ

**ਭਾਈ ਹਰਪਾਲ ਸਿੰਘ ਜੀ** **ਭਾਈ ਰਮਨਦੀਪ ਸਿੰਘ ਜੀ**
ਟਰੱਸਟੀ, ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ

ਸਮੂਹ ਵਿਦਿਆਰਥੀ,
ਗੁਰਮਤਿ ਸੰਗੀਤ ਅਕੈਡਮੀ



# ਪਟਿਆਲਾ-ਆਸ/ਪਾਸ



## ਮੇਅਰ ਤੇ ਕਮਿਸ਼ਨਰ ਨੇ ਹਾਈ-ਪ੍ਰੈਸ਼ਰ ਜੈਟਿੰਗ ਸੀਵਰ ਮਸ਼ੀਨ ਨੂੰ ਲੋਕ ਅਰਪਣ ਕੀਤਾ

### ਹੁਣ ਭੀੜ ਵਾਲੇ ਅਤੇ ਤੰਗ ਇਲਾਕਿਆਂ 'ਚ ਵੀ ਸੀਵਰੇਜ਼ ਦੀ ਹੋ ਸਕੇਗੀ ਮੁਕੰਮਲ ਸਫ਼ਾਈ

ਪਟਿਆਲਾ, 25 ਫਰਵਰੀ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਵਿੱਚ ਲੰਮੇ ਸਮੇਂ ਤੋਂ ਚੱਲ ਰਹੀਆਂ ਸੀਵਰੇਜ ਜਾਮ ਅਤੇ ਗੰਦੇ ਪਾਣੀ ਦੀ ਨਿਕਾਸੀ ਸਬੰਧੀ ਸਮੱਸਿਆਵਾਂ ਦੇ ਸਥਾਈ ਹੱਲ ਵੱਲ ਨਗਰ ਨਿਗਮ ਨੇ ਇੱਕ ਹੋਰ ਵੱਡਾ ਕਦਮ ਚੁੱਕਿਆ ਹੈ। ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਅਤੇ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਵੱਲੋਂ ਅੱਜ ਨਵੀਂ ਹਾਈ-ਪ੍ਰੈਸ਼ਰ ਜੈਟਿੰਗ ਸੀਵਰ ਮਸ਼ੀਨ ਦਾ ਉਦਘਾਟਨ ਕਰਕੇ ਇਸਨੂੰ ਲੋਕ ਸੇਵਾ ਲਈ ਸਮਰਪਿਤ ਕੀਤਾ ਗਿਆ। ਇਸ ਮੌਕੇ ਮੇਅਰ ਅਤੇ ਕਮਿਸ਼ਨਰ ਨੇ ਦੱਸਿਆ ਕਿ ਇਹ ਅਧੁਨਿਕ ਮਸ਼ੀਨ ਖ਼ਾਸ ਤੌਰ 'ਤੇ ਸ਼ਹਿਰ ਦੇ ਪੁਰਾਣੇ, ਤੰਗ ਅਤੇ ਭੀੜ ਵਾਲੇ ਇਲਾਕਿਆਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ, ਜਿੱਥੇ ਪਹਿਲਾਂ ਸੀਵਰੇਜ਼ ਸਫਾਈ ਦੌਰਾਨ ਕਾਫੀ ਮੁਸ਼ਕਲਾਂ ਆਉਂਦੀਆਂ ਸਨ। ਹਾਈ-ਪ੍ਰੈਸ਼ਰ ਤਕਨੀਕ ਨਾਲ ਇਹ ਮਸ਼ੀਨ ਸੀਵਰੇਜ ਲਾਈਨਾਂ ਵਿੱਚ ਜਮੀ ਮਿੱਟੀ, ਕੂੜਾ ਅਤੇ ਹੋਰ ਅਵਰੋਧਾਂ ਨੂੰ ਤੁਰੰਤ ਸਾਫ਼ ਕਰਨ



ਦੇ ਸਮਰਥ ਹੈ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਦਾ ਮੁੱਖ ਉਦੇਸ਼ ਸ਼ਹਿਰ ਵਾਸੀਆਂ ਨੂੰ ਸਾਫ਼, ਸਿਹਤਮੰਦ ਅਤੇ ਬਿਮਾਰੀਆਂ ਤੋਂ ਮੁਕਤ ਵਾਤਾਵਰਨ ਮੁਹੱਈਆ ਕਰਵਾਉਣਾ ਹੈ। ਨਵੀਂ ਜੈਟਿੰਗ ਮਸ਼ੀਨ ਨਾਲ ਸ਼ਿਕਾਇਤਾਂ ਦਾ ਨਿਪਟਾਰਾ ਹੁਣ ਤੇਜ਼ੀ ਨਾਲ ਕੀਤਾ ਜਾਵੇਗਾ। ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਕਿਹਾ ਕਿ ਸਿਰਫ਼ ਨਵੀਆਂ ਮਸ਼ੀਨਾਂ ਹੀ ਨਹੀਂ ਖਰੀਦੀਆਂ ਜਾ ਰਹੀਆਂ, ਸਗੋਂ ਮੌਜੂਦਾ ਸਫਾਈ ਸੰਦਾਂ ਅਤੇ ਵਾਹਨਾਂ ਦੀ ਮੁਰੰਮਤ ਅਤੇ ਸੰਭਾਲ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਗਮ ਦੀ ਟੀਮ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਸੀਵਰੇਜ਼ ਸਬੰਧੀ ਮਿਲਣ ਵਾਲੀ ਹਰ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇ ਗੀ। ਮੇਅਰ ਅਤੇ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਫਾਈ ਮੁਹਿੰਮ ਵਿੱਚ ਨਗਰ ਨਿਗਮ ਦਾ ਸਹਿਯੋਗ ਕਰਨ ਅਤੇ ਸੀਵਰੇਜ ਲਾਈਨਾਂ ਵਿੱਚ ਕੂੜਾ, ਪਲਾਸਟਿਕ ਜਾਂ ਹੋਰ ਅਣਚਾਹੀਆਂ ਵਸਤਾਂ ਨਾ ਸੁੱਟਣ।

## ਪੜ੍ਹਾਈ ਦੇ ਤਣਾਅ ਕਾਰਨ ਲੜਕੀ ਨੇ ਪੱਖੇ ਨਾਲ ਫਾਹਾ ਲੈ ਕੇ ਕੀਤੀ ਖੁਦਕੁਸ਼ੀ

ਸਮਾਣਾ, 25 ਫਰਵਰੀ (ਵਿਜੇ ਕੁਮਾਰ) : ਪਾਤੜਾਂ ਸ਼ਹਿਰ ਦੇ ਇੱਕ ਪੀ.ਜੀ. ਵਿੱਚ ਰਹਿ ਕੇ ਨਰਸਿੰਗ ਦਾ ਕੋਰਸ ਕਰ ਰਹੀ ਇੱਕ 21 ਸਾਲਾ ਲੜਕੀ ਵੱਲੋਂ ਪੜ੍ਹਾਈ ਦੇ ਤਣਾਅ ਕਾਰਨ ਆਪਣੇ ਕਮਰੇ ਵਿੱਚ ਪੱਖੇ ਨਾਲ ਫਾਹਾ ਲੈ ਕੇ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕਾ ਦੀ ਦੇਹ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੀ ਜਾਣਕਾਰੀ ਦਿੰਦਿਆਂ ਸਿਟੀ ਪੁਲਿਸ ਪਾਤੜਾਂ ਦੇ ਜਾਂਚ ਅਧਿਕਾਰੀ ਏ.ਐੱਸ.ਆਈ. ਗੁਰਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਇੰਦਰਪ੍ਰੀਤ ਕੌਰ ਦੀ ਮਾਤਾ ਜੋਤੀ ਰਾਣੀ (ਨਿਵਾਸੀ ਪਟਿਆਲਾ) ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸਦੀ ਬੇਟੀ ਮੂਨਕ ਦੇ ਇੱਕ ਇੰਸਟੀਚਿਊਟ ਵਿੱਚ ਨਰਸਿੰਗ ਦਾ ਕੋਰਸ ਕਰ ਰਹੀ ਸੀ।



ਉਹ ਪਿਛਲੇ ਕਰੀਬ ਇੱਕ ਹਫ਼ਤੇ ਤੋਂ ਪਾਤੜਾਂ ਦੀ ਸੁੰਦਰ ਬਸਤੀ ਸਥਿਤ ਇੱਕ ਪੀ.ਜੀ. ਵਿੱਚ ਰਹਿ ਰਹੀ ਸੀ। ਮੰਗਲਵਾਰ ਰਾਤ ਕਰੀਬ 8 ਵਜੇ ਪੜ੍ਹਾਈ ਦੇ ਤਣਾਅ (ਟੈਨਸ਼ਨ) ਕਾਰਨ ਇੰਦਰਪ੍ਰੀਤ ਕੌਰ ਨੇ ਪੱਖੇ ਨਾਲ ਫਾਹਾ ਲਗਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਅਧਿਕਾਰੀ ਅਨੁਸਾਰ, ਦਰਜ ਕਰਵਾਏ ਗਏ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆ ਸੰਹਿਤਾ ਬੀ.ਐਨ.ਐਸ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ, ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

## ਡਾ. ਬਲਬੀਰ ਸਿੰਘ ਵੱਲੋਂ ਸਰਕਾਰੀ ਵਿਕਾਸ ਪ੍ਰੋਜੈਕਟਾਂ 'ਚ ਦੇਰੀ ਜਾਂ ਲਾਪਰਵਾਹੀ 'ਤੇ ਸਖ਼ਤ ਕਾਰਵਾਈ ਦੀ ਚੇਤਾਵਨੀ

### ਸਿਹਤ ਮੰਤਰੀ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਕਾਰਗੁਜ਼ਾਰੀ ਦੀ ਸਮੀਖਿਆ

ਪਟਿਆਲਾ, 25 ਫ਼ਰਵਰੀ (ਰੁਪਾਣਾ) : ਪਟਿਆਲਾ ਦਿਹਾਤੀ ਦੇ ਵੱਖ-ਵੱਖ ਪਿੰਡਾਂ ਦਾ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅਚਾਨਕ ਦੌਰਾ ਕੀਤਾ ਗਿਆ। ਇਸ ਦੌਰਾਨ ਉਹ ਪਟਿਆਲਾ ਜ਼ਿਲ੍ਹੇ ਅਧੀਨ ਆਉਂਦੇ ਪਿੰਡ ਲਚਕਾਣੀ ਪਹੁੰਚੇ, ਜਿੱਥੇ ਉਨ੍ਹਾਂ ਨੇ ਚੱਲ ਰਹੇ ਵਿਕਾਸ ਕਾਰਜਾਂ ਅਤੇ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਜਿੱਥੇ ਵੀ ਕਮੀਆਂ ਜਾਂ ਲਾਪਰਵਾਹੀ ਸਾਹਮਣੇ ਆਈ, ਉੱਥੇ ਸਿਹਤ ਮੰਤਰੀ ਨੇ ਮੌਕੇ 'ਤੇ ਹੀ ਸੰਬੰਧਤ ਅਧਿਕਾਰੀਆਂ ਨੂੰ ਫੋਨ ਕਰਕੇ ਤੁਰੰਤ ਬੁਲਾਇਆ। ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਵਿੱਚ ਕੋਈ



ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਿਹਤ ਮੰਤਰੀ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਜਾਰੀ ਕੀਤੇ ਕਾਰਡਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਯੋਗ ਲਾਭਪਾਤਰੀਆਂ ਤੱਕ ਯੋਜਨਾ ਦਾ ਪੂਰਾ ਲਾਭ ਪਹੁੰਚਾਇਆ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਦਾ ਫਾਇਦਾ ਹਰ ਘਰ ਤੱਕ ਪਹੁੰਚਣਾ ਚਾਹੀਦਾ ਹੈ। ਸਿਹਤ ਮੰਤਰੀ ਨੇ ਅੱਜ ਪਟਿਆਲਾ ਸ਼ਹਿਰ ਦੇ ਏਕਤਾ ਵਿਹਾਰ ਅਤੇ ਸਨੀ ਐਨਕਲੇਵ ਇਲਾਕਿਆਂ ਵਿੱਚ ਕਰੀਬ 6 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ, ਡਿਪਟੀ ਮੇਅਰ ਹਰਿੰਦਰ ਕੋਹਲੀ ਅਤੇ ਸਥਾਨਕ ਪਾਰਟੀ ਆਗੂ ਵੀ ਮੌਜੂਦ ਸਨ। ਇਸ ਮੌਕੇ ਐਮ ਸੀ ਰੁਪਾਲੀ ਗਰਗ , ਪਰਦੀਪ ਗਰਗ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

## ਕਤਲ ਦੇ ਮਾਮਲੇ 'ਚ ਦੋ ਨੂੰ ਉਮਰ ਕੈਦ

ਪਟਿਆਲਾ, 25 ਫਰਵਰੀ (ਵਿਨੋਦ ਸ਼ਰਮਾ) : ਕਤਲ ਦੇ ਮਾਮਲੇ ਵਿੱਚ ਵਧੀਕ ਸੈਸ਼ਨ ਜੱਜ ਹਰਜੀਤ ਸਿੰਘ ਦੀ ਅਦਾਲਤ ਨੇ ਦੋਸ਼ੀ ਰਵੀ ਕੁਮਾਰ ਅਤੇ ਸੁਨੀਤਾ ਵਾਸੀ ਨਾਭਾ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਅਤੇ ਪੱਚੀ-ਪੱਚੀ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਕੋਲ ਸ਼ਿਕਾਇਤਕਰਤਾ ਮੇਵਾ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਕਤ ਵਿਅਕਤੀਆਂ 'ਤੇ ਇਲਜ਼ਾਮ ਲੱਗਾ ਸੀ ਕਿ ਉਕਤ ਵਿਅਕਤੀਆਂ ਨੇ ਜਗਤਾਰ ਸਿੰਘ ਨਾਮਕ ਵਿਅਕਤੀ ਦਾ ਕਤਲ ਕਰ ਦਿੱਤਾ ਸੀ। ਪੁਲਿਸ ਨੇ ਇਸ ਸਬੰਧੀ ਸਾਲ 2021 ਵਿਚ ਥਾਣਾ ਜੀਆਰਪੀ ਪਟਿਆਲਾ ਵਿਖੇ ਮਾਮਲਾ ਦਰਜ ਕੀਤਾ ਸੀ।

## ਸ਼ੀਸ਼ ਮਹਿਲ ਤੇ ਕਿਲ੍ਹਾ ਮੁਬਾਰਕ ਵਿਖੇ ਬੰਦ ਪਏ ਮਿਊਜ਼ੀਅਮ ਆਮ ਲੋਕਾਂ ਲਈ ਖੋਲ੍ਹੇ : ਡੀ.ਸੀ. ਵਰਜੀਤ ਵਾਲੀਆ



ਪਟਿਆਲਾ, 25 ਫਰਵਰੀ (ਰੁਪਾਣਾ) : ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਨੇ ਇੱਥੇ ਸ਼ੀਸ਼ ਮਹਿਲ ਅਤੇ ਕਿਲ੍ਹਾ ਮੁਬਾਰਕ ਵਿਖੇ ਬੰਦ ਪਏ ਮਿਊਜ਼ੀਅਮ ਆਮ ਲੋਕਾਂ ਦੇ ਦੇਖਣ ਲਈ ਖੋਲ੍ਹ ਦਿੱਤੇ ਹਨ। ਜਿੱਥੇ ਕਿਲ੍ਹਾ ਮੁਬਾਰਕ ਦੇ ਦਰਬਾਰ ਹਾਲ ਵਿਖੇ ਮਿਊਜ਼ੀਅਮ ਵਿੱਚ ਪਈਆਂ ਪੁਰਾਤਨ ਵਸਤਾਂ ਦੇਖਣ ਲਈ ਵੱਡੀ ਗਿਣਤੀ ਦਰਸ਼ਕ ਪੁੱਜ ਰਹੇ ਹਨ, ਉਥੇ ਹੀ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਵਿੱਚ ਵੀ ਸ਼ੀਸ਼ ਮਹਿਲ ਦੇ ਨਵੀਨੀਕਰਨ ਉਪਰੰਤ ਖੋਲ੍ਹੇ ਗਏ ਮਿਊਜ਼ੀਅਮ ਨੂੰ ਦੇਖਣ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਕਰਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਪੰਜਾਬ ਸਰਕਾਰ ਰਾਜ ਦੀ ਵਿਰਾਸਤੀ ਧਰੋਹਰ ਸੰਭਾਲਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਇਸੇ ਤਹਿਤ ਹੀ ਪਟਿਆਲਾ ਦੀਆਂ ਵਿਰਾਸਤੀ ਇਮਾਰਤਾਂ, ਕਿਲ੍ਹਾ ਮੁਬਾਰਕ ਅਤੇ ਸ਼ੀਸ਼ ਮਹਿਲ ਵਿਖੇ ਪਟਿਆਲਾ ਵਿਰਾਸਤੀ ਮੇਲੇ ਦੌਰਾਨ ਇਹ ਦੋਵੇਂ ਮਿਊਜ਼ੀਅਮ ਆਮ ਲੋਕਾਂ ਦੇ ਦੇਖਣ ਲਈ ਖੋਲ੍ਹ ਦਿੱਤੇ ਗਏ ਹਨ। ਸ਼ੀਸ਼ ਮਹਿਲ ਵਿਖੇ ਖੋਲ੍ਹੇ ਗਏ ਮਿਊਜ਼ੀਅਮ ਨੂੰ ਚਾਰ ਭਾਗਾਂ ਵਿੱਚ ਵੰਡਿਆ ਗਿਆ ਹੈ। ਇਨ੍ਹਾਂ ਵਿੱਚ 1 ਨੰਬਰ ਚੀਨੀ ਕਲਾ ਗੈਲਰੀ ਹੈ, ਜਿੱਥੇ ਪੌਟਰੀ, ਬੁੱਧ ਤੇ ਹੋਰ ਧਰਮਾਂ ਨਾਲ ਸਬੰਧਤ ਫੋਟੋਆਂ ਤੇ ਹੋਰ ਸਾਜੋ ਸਮਾਨ ਸਜਾਇਆ ਗਿਆ ਹੈ। ਇਸੇ ਤਰ੍ਹਾਂ 2 ਨੰਬਰ ਗੈਲਰੀ ਵਿੱਚ ਮਹਾਨ ਸ਼ਖ਼ਸੀਅਤਾਂ ਦੇ ਸਕੱਲਚਰ ਪਏ ਹਨ, ਜਿਨ੍ਹਾਂ 'ਚ ਪਟਿਆਲਾ ਰਿਆਸਤ ਸਮੇਤ ਹੋਰ ਸ਼ਖ਼ਸੀਅਤਾਂ ਦੇ ਪੱਥਰ ਦੇ ਤਰਾਸ਼ੇ ਬੁੱਤ ਸਜਾਏ ਗਏ ਹਨ। ਪੋਰਟਰੇਟ ਤੇ ਕੋਲਾਜ ਵਾਲੀ 3 ਨੰਬਰ ਗੈਲਰੀ ਵਿਖੇ ਵੱਖ-ਵੱਖ ਤਰ੍ਹਾਂ ਦੀਆਂ ਪੇਂਟਿੰਗਜ਼ ਤੇ ਕੋਲਾਜ ਸਜੇ ਹੋਏ ਹਨ, ਜਦਕਿ 4 ਨੰਬਰ ਗੈਲਰੀ ਪ੍ਰਾਚੀਨ ਮੂਰਤੀ ਕਲਾ ਗੈਲਰੀ ਹੈ, ਜਿੱਥੇ ਕਿ ਪੁਰਾਤਨ ਮੂਰਤੀਆਂ ਤੇ ਹੋਰ ਸਾਜੋ ਸਮਾਨ ਰੱਖਿਆ ਗਿਆ ਹੈ। ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਵਿੱਚ ਆਉਣ ਵਾਲੇ ਦਰਸ਼ਕ ਹੁੰਮ-ਹੁੰਮਾ ਕੇ ਇਸ ਮਿਊਜ਼ੀਅਮ ਨੂੰ ਦੇਖ ਰਹੇ ਹਨ। ਇਸੇ ਤਰ੍ਹਾਂ ਹੀ ਕਿਲ੍ਹਾ ਮੁਬਾਰਕ ਵਿਖੇ ਦਰਬਾਰ ਹਾਲ ਦੇ ਖੋਲ੍ਹੇ ਗਏ ਮਿਊਜ਼ੀਅਮ ਬਾਰੇ ਦੱਸਦਿਆਂ ਵਿਭਾਗ ਦੇ ਕਾਰਜਕਾਰੀ ਸਹਾਇਕ ਮੈਡਮ ਸ਼ਰੀਨ ਨੇ ਦੱਸਿਆ ਕਿ ਇਸ ਮਿਊਜ਼ੀਅਮ ਵਿਖੇ ਵੀ ਅਹਿਮ ਪੁਰਾਤਨ ਵਸਤਾਂ ਪਈਆਂ ਹਨ, ਇਸ ਮਿਊਜ਼ੀਅਮ ਨੂੰ ਦੋ ਭਾਗਾਂ ਵਿੱਚ ਵੰਡਿਆ ਗਿਆ ਹੈ, ਇੱਕ ਪੁਰਾਤਨ ਵਸਤਾਂ ਗੈਲਰੀ ਤੇ ਦੂਜੀ ਪੁਰਾਤਨ ਹਥਿਆਰ (ਆਰਮਜ਼ ਤੇ ਆਰਮਰ) ਗੈਲਰੀ। ਇੱਥੇ ਪੁਰਾਤਨ ਝਾੜ ਫਾਨੂਸ (ਸ਼ੈਂਡਲੇਅਰ), ਇੱਕ ਮਿਆਨ 'ਚ ਦੋ ਤਲਵਾਰਾਂ, ਗੁਰੂ ਗੋਬਿੰਦ ਸਿੰਘ ਜੀ ਦੀ ਅਸਲ ਤਸਵੀਰ, ਕਟਾਰ, ਮਿਊਰਲ ਪੇਂਟਿੰਗਜ਼, ਪਹਿਲੀਆਂ ਲਾਂਚ ਹੋਈਆਂ ਇਟਾਲਾ ਤੇ ਫਿਏਟ ਕਾਰਾਂ, ਕੋਲਕਾਤਾ ਤੋਂ ਤਿਆਰ ਹੋਈ ਚਾਂਦੀ ਦੀ ਬੱਘੀ, ਡ੍ਰੈਸਿੰਗ ਟੇਬਲਜ਼ ਆਦਿ ਇਹ ਸਭ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਹਨ।

## ਸੇਫ ਸਕੂਲ ਵਾਹਨ ਪਾਲਸੀ ਤਹਿਤ ਸਕੂਲੀ ਬੱਸਾਂ ਦੀ ਚੈਕਿੰਗ

### ➢15 ਸਕੂਲ ਬੱਸਾਂ ਦੀ ਜਾਂਚ, ਤਿੰਨ ਦੇ ਕੀਤੇ ਚਲਾਨ

ਮਲੇਰਕੋਟਲਾ, 25 ਫਰਵਰੀ (ਬਲਜੀਤ ਸਿੰਘ ਟਿੱਬਾ): ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਦੀਆਂ ਹਦਾਇਤਾਂ ਅਨੁਸਾਰ ਸੇਫ ਸਕੂਲ ਵਾਹਨ ਪਾਲਸੀ ਅਧੀਨ ਵਿਦਿਆਰਥੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ



ਵੱਖ-ਵੱਖ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ 15 ਸਕੂਲੀ ਬੱਸਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਬਾਲ ਸੁਰੱਖਿਆ ਵਿਭਾਗ ਦੀ ਟੀਮ ਵੱਲੋਂ ਹਰੇਕ ਬੱਸ ਦੇ ਜ਼ਰੂਰੀ ਦਸਤਾਵੇਜ਼ਾਂ, ਬੀਮਾ ਪ੍ਰਮਾਣ- ਪੱਤਰ, ਫਸਟ ਏਡ ਕਿੱਟ ਅਤੇ ਅੱਗ ਬੁਝਾਊ ਯੰਤਰ ਆਦਿ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ 3 ਬੱਸਾਂ ਵਿੱਚ ਕਮੀਆਂ ਪਾਈਆਂ ਗਈਆਂ, ਜਿਸ ਕਾਰਨ ਉਨ੍ਹਾਂ ਦੇ ਚਲਾਨ ਕੀਤੇ ਗਏ। ਇਹ ਚਲਾਨ ਬੀਮਾ ਦਸਤਾਵੇਜ਼ ਅਪਡੇਟ ਨਾ ਹੋਣ, ਫਸਟ ਏਡ ਕਿੱਟ ਦੀ ਅਣਹੋਂਦ ਜਾਂ ਅਧੂਰੀ ਸਥਿਤੀ ਅਤੇ ਅੱਗ ਬੁਝਾਊ ਯੰਤਰ ਨਿਰਧਾਰਤ ਮਾਪਦੰਡਾਂ ਅਨੁਸਾਰ ਨਾ ਹੋਣ ਕਾਰਨ ਜਾਰੀ ਕੀਤੇ ਗਏ। ਬਾਲ ਵਿਭਾਗ ਦੀ ਟੀਮ ਵੱਲੋਂ ਸਕੂਲ ਪ੍ਰਬੰਧਕਾਂ ਅਤੇ ਡਰਾਈਵਰਾਂ ਨੂੰ ਹਦਾਇਤ ਕੀਤੀ ਗਈ ਕਿ ਲੋੜੀਂਦੇ ਸਾਰੇ ਦਸਤਾਵੇਜ਼ ਅਤੇ ਸੁਰੱਖਿਆ ਉਪਕਰਨ ਹਮੇਸ਼ਾਂ ਅਪਡੇਟ ਅਤੇ ਉਪਲੱਬਧ ਰੱਖੇ ਜਾਣ। ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਵਿਦਿਆਰਥੀਆਂ ਨਾਲ ਸੁਚੱਜਾ ਵਤੀਰਾ ਅਪਣਾਉਣ ਲਈ ਨਿਰਦੇਸ਼ ਦਿੱਤੇ ਗਏ । ਉਨ੍ਹਾਂ ਸਪੱਸ਼ਟ ਕੀਤਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀ ਚੈਕਿੰਗ ਮੁਹਿੰਮ ਜਾਰੀ ਰਹੇਗੀ ਤਾਂ ਜੋ ਸਕੂਲੀ ਵਾਹਨਾਂ ਦੀ ਸੁਰੱਖਿਆ ਪੂਰੀ ਤਰ੍ਹਾਂ ਯਕੀਨੀ ਬਣਾਈ ਜਾ ਸਕੇ। ਇਸ ਮੌਕੇ ਲੀਗਲ ਅਫ਼ਸਰ ਬਬੀਤਾ ਕੁਮਾਰੀ, ਐਸ.ਐਚ.ਓ. ਬਲਵੀਰ ਸਿੰਘ, ਸਿੱਖਿਆ ਵਿਭਾਗ ਤੋਂ ਦੀਪਕ ਸ਼ਰਮਾ, ਲਵਪ੍ਰੀਤ ਸਿੰਘ, ਚਾਈਲਡ ਲਾਈਨ ਸੁਪਰਵਾਈਜ਼ਰ ਰਜਨੀ ਰਾਣੀ ਅਤੇ ਮੀਡੀਆ ਸਹਾਇਕ ਪਰਗਟ ਸਿੰਘ ਹਾਜ਼ਰ ਸਨ।

## ਜਪ-ਤਪ ਸਮਾਗਮ 1 ਮਾਰਚ ਨੂੰ

ਪਟਿਆਲਾ, 25 ਫਰਵਰੀ (ਚ.ਨ.ਸ.) : ਸਿੱਖ ਕੌਮ ਦੇ ਮਹਾਨ ਸ਼ਹੀਦ ਧੰਨ-ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਸਾਲਾਨਾ ਕੀਰਤਨ ਦਰਬਾਰ ਚੁਪਹਿਰਾ ਜਪ-ਤਪ ਸਮਾਗਮ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ, ਸ਼ਹੀਦ ਬਾਬਾ ਦੀਪ ਸਿੰਘ ਜੀ ਨਗਰ ਵੱਡੀ ਨਦੀ ਪਟਿਆਲਾ ਵਿਖੇ ਜਪ-ਤਪ ਸਮਾਗਮ 1 ਮਾਰਚ ਦਿਨ ਐਤਵਾਰ ਨੂੰ ਸਵੇਰੇ 9.30 ਤੋਂ 2.30 ਵਜੇ ਦੁਪਹਿਰ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ, ਕਥਾ ਵਾਚਕ ਅਤੇ ਰਾਗੀ ਸਿੰਘ ਸੰਗਤਾਂ ਨੂੰ ਕਥਾ ਤੇ ਕੀਰਤਨ ਰਾਹੀਂ ਨਿਹਾਲ ਕਰਨਗੇ। 2 ਮਾਰਚ ਦਿਨ ਸੋਮਵਾਰ ਨੂੰ ਸਵੇਰੇ 11 ਵਜੇ ਅੰਮ੍ਰਿਤ ਸੰਚਾਰ ਹੋਵੇਗਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਹ ਸਮਾਗਮ ਦਾ ਉਪਰਾਲਾ ਸਮੂਹ ਸਾਧ ਸੰਗਤ ਗੁਰਦੁਆਰਾ ਅੰਗੀਠਾ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਭਾਈ ਮਨੀ ਸਿੰਘ ਜੀ ਪਟਿਆਲਾ ਵੱਲੋਂ ਕੀਤਾ ਜਾ ਰਿਹਾ ਹੈ।

## ਪਿੰਡ ਮਰਦਾਂਪੁਰ ਵਿਖੇ ਜੈਵਿਕ ਖੇਤੀ ਜਾਗਰੂਕਤਾ ਕੈਂਪ ਲਗਾਇਆ

ਘਨੌਰ, 25 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਪੰਜਾਬ ਐਗਰੋ ਦੀ ਸਹਾਇਕ ਸੰਸਥਾ 'ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮ:' (ਪੈਗਰੈਕਸਕੋ) ਵੱਲੋਂ ਸੂਬੇ ਵਿੱਚ ਜ਼ਹਿਰ-ਮੁਕਤ ਅਤੇ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵਿੱਢੀ ਗਈ ਮੁਹਿੰਮ ਤਹਿਤ ਅੱਜ ਪਿੰਡ ਮਰਦਾਂਪੁਰ ਵਿਖੇ



ਅਗਾਂਹ ਵਧੂ ਕਿਸਾਨ ਕੁਲਵਿੰਦਰ ਸਿੰਘ, ਜ਼ਿਲ੍ਹਾ ਸੁਪਰਵਾਈਜ਼ਰ ਮਨਪ੍ਰੀਤ ਸਿੰਘ, ਫੀਲਡ ਅਫਸਰ ਪਟਿਆਲਾ ਪੰਜਾਬ ਐਗਰੋ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਸਿਖਲਾਈ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਇਲਾਕੇ ਦੇ ਲਗਭਗ 120 ਕਿਸਾਨਾਂ ਨੇ ਬੜੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ 'ਸਕੂਲ ਆਫ਼ ਜੈਵਿਕ ਖੇਤੀ' ਦੇ ਮੁਖੀ ਸੋਹਨ ਸਿੰਘ ਵਾਲੀਆ ਅਤੇ ਪੌਧ ਰੋਗ ਵਿਗਿਆਨ ਦੇ ਮਾਹਿਰ ਡਾਕਟਰਾਂ ਨੇ ਕਿਸਾਨਾਂ ਨੂੰ ਤੇਲ-ਬੀਜ ਫ਼ਸਲਾਂ (ਜਿਵੇਂ ਕਿ ਸਰ੍ਹੋਂ ਆਦਿ) ਬੀਜਣ ਲਈ ਪ੍ਰੇਰਿਤ ਕੀਤਾ। ਖੇਤੀਬਾੜੀ ਵਿਭਾਗ ਦੇ ਮੁੱਖ ਖੇਤੀਬਾੜੀ ਅਫਸਰ ਪ੍ਰਕਾਸ਼ ਸਿੰਘ ,ਗੁਰਮੀਤ ਸਿੰਘ ਪੰਜਾਬ ਐਗਰੋ ਅਤੇ ਸਹਾਇਕ ਅਧਿਕਾਰੀਆਂ ਨੇ ਵੀ ਕਿਸਾਨਾਂ ਨੂੰ ਜੈਵਿਕ ਖੇਤੀ ਦੀਆਂ ਬਾਰੀਕੀਆਂ ਅਤੇ ਵਿਭਾਗੀ ਸਕੀਮਾਂ ਬਾਰੇ ਤਕਨੀਕੀ ਮਾਰਗਦਰਸ਼ਨ ਦਿੱਤਾ। ਕੈਂਪ ਵਿੱਚ ਹੋਰਨਾਂ ਤੋਂ ਇਲਾਵਾ ਪਿੰਡ ਦੇ ਸਾਬਕਾ ਸਰਪੰਚ ਲਾਲ ਸਿੰਘ, ਸਰਪੰਚ ਮੇਹਰ ਸਿੰਘ ,ਬਲਾਕ ਪ੍ਰਧਾਨ ਸੰਦੀਪ ਸਿੰਘ ਬੈਦਵਾਨ, ਬਾਵਾ ਸਿੰਘ ਸਾਬਕਾ ਸਰਪੰਚ ਗਦਾਪੁਰ, ਮਹਿੰਦਰ ਸਿੰਘ, ਗੁਰਮੀਤ ਸਿੰਘ ਅਤੇ ਕਿਰਪਾਲ ਸਿੰਘ, ਬੀਕੇਯੂ ਕ੍ਰਾਂਤੀਕਾਰੀ ਬਲਾਕ ਪ੍ਰਧਾਨ ਗੁਰਸੇਵਕ ਸਿੰਘ ਸੰਧਾਰਸੀ, ਮੈਂਬਰ ਪੰਚਾਇਤ ਗੁਰਮੀਤ ਸਿੰਘ, ਹਰਮੇਲ ਸਿੰਘ, ਹਰਮੇਸ਼ ਸਿੰਘ, ਮੇਜਰ ਸਿੰਘ ਹਾਜ਼ਰ ਸਨ।

## ਕਰਾਫਟ ਮੇਲੇ 'ਚ ਨੌਜਵਾਨ ਵਿਦਿਆਰਥੀਆਂ ਨੂੰ ਹੁਨਰ ਵਿਖਾਉਣ ਦਾ ਸੁਨਹਿਰੀ ਮੌਕਾ

ਪਟਿਆਲਾ, 25 ਫਰਵਰੀ (ਚ.ਨ.ਸ.) : ਪੰਜਾਬ ਸਖੀ ਸ਼ਕਤੀ ਕਰਾਫਟ ਮੇਲਾ 2026 ਦੇ ਅਧੀਨ ਸ਼ੀਸ਼ ਮਹਿਲ ਪਟਿਆਲਾ ਵਿਖੇ ਚੱਲ ਰਹੇ ਮੇਲੇ ਦੌਰਾਨ ਰੰਗ-ਬਿਰੰਗੀਆਂ ਸੱਭਿਆਚਾਰਕ ਗਤੀਵਿਧੀਆਂ ਉਤਸ਼ਾਹ ਨਾਲ ਆਯੋਜਿਤ ਕੀਤੀਆਂ ਗਈਆਂ। ਮੇਲੇ ਨੇ ਸ਼ਹਿਰ ਵਾਸੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨ ਦਾ ਵਿਲੱਖਣ ਮੌਕਾ ਪ੍ਰਦਾਨ ਕੀਤਾ। ਇਸ ਮੌਕੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਲੋਕ ਗੀਤ,ਮਿਮਿਕਰੀ ਅਤੇ ਪੋਸਟਰ ਤਿਆਰ ਕਰਨ ਦੇ ਮੁਕਾਬਲੇ ਕਰਵਾਏ ਗਏ। ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪਹਿਲਾ, ਦੂਜਾ ਅਤੇ ਤੀਜਾ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਦੀ ਸੰਭਾਲ ਡਾ. ਨਰਿੰਦਰ ਸਿੰਘ ਵੱਲੋਂ ਸੁਚੱਜੇ ਢੰਗ ਨਾਲ ਨਿਭਾਈ ਗਈ। ਇਸ ਮੌਕੇ ਸ੍ਰੀ ਅਸ਼ੋਕ ਕੁਮਾਰ, ਐਸ.ਡੀ.ਐਮ ਪਾਤੜਾਂ, ਮੈਡਮ ਰੁਪਵੰਤ ਕੌਰ (ਬਾਲ ਸੁਰੱਖਿਆ ਅਧਿਕਾਰੀ) ਅਤੇ ਰਣਜੀਤ ਕੌਰ ਵੱਲੋਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਮੇਲੇ ਵਿੱਚ ਕਾਰੀਗਰਾਂ ਵੱਲੋਂ ਲਗਾਈਆਂ ਸਟਾਲਾਂ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਬਣੀਆਂ ਹੋਈਆਂ ਹਨ। ਹੱਥੀ ਕਢਾਈ ਵਾਲੀਆਂ ਵਸਤਾਂ, ਫੁਲਕਾਰੀ ਅਤੇ ਹੋਰ ਰਵਾਇਤੀ ਹਸਤਕਲਾਵਾਂ ਲੋਕਾਂ ਨੂੰ ਬਹੁਤ ਲੁਭਾ ਰਹੀਆਂ ਹਨ। ਖਾਣ-ਪੀਣ ਦੀਆਂ ਸਟਾਲਾਂ 'ਤੇ ਵੀ ਕਾਫ਼ੀ ਭੀੜ ਦੇਖਣ ਨੂੰ ਮਿਲ ਰਹੀ ਹੈ, ਜਿੱਥੇ ਲੋਕ ਵੱਖ-ਵੱਖ ਵਿਅੰਜਨਾਂ ਦਾ ਸੁਆਦ ਮਾਣ ਰਹੇ ਹਨ। ਮੇਲੇ ਦਾ ਨਜ਼ਾਰਾ ਬਹੁਤ ਹੀ ਸੁਹਾਵਣਾ ਅਤੇ ਮਨਮੋਹਕ ਹੈ। ਪਟਿਆਲਾ ਦੇ ਲੋਕਾਂ ਵਿੱਚ ਮੇਲੇ ਪ੍ਰਤੀ ਖਾਸ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

## ਕਰਾਫ਼ਟ ਮੇਲੇ ਦੌਰਾਨ ਨੌਜਵਾਨਾਂ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕ ਕਰਨਾ ਸ਼ਲਾਘਾਯੋਗ: ਮੇਅਰ ਕੁੰਦਨ ਗੋਗੀਆ

ਪਟਿਆਲਾ, 25 ਫਰਵਰੀ (ਰੁਪਾਣਾ) : ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਅਤੇ ਏ ਡੀ ਸੀ ਡਿਵੈਲਪਮੈਂਟ ਦਮਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਲਗਾਏ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦੌਰਾਨ ਪੰਜਾਬ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਜ਼ਿਲ੍ਹਾ ਪੁਨਰਵਾਸ ਕੇਂਦਰ, ਪੰਜਾਬ ਸਾਕੇਤ ਹਸਪਤਾਲ ਪਟਿਆਲਾ ਵੱਲੋਂ ਇੰਡੀਅਨ ਰੈਡ ਕਰਾਸ ਸੁਸਾਇਟੀ ਪੰਜਾਬ ਸਟੇਟ ਬ੍ਰਾਂਚ ਚੰਡੀਗੜ੍ਹ ਦੇ ਸਕੱਤਰ ਸ਼ਿਵਦੁਲਾਰ ਸਿੰਘ ਢਿੱਲੋਂ ਸਾਬਕਾ ਆਈ ਏ ਐਸ ਅਧਿਕਾਰੀ ਦੀ ਸਰਪ੍ਰਸਤੀ ਅਤੇ ਪ੍ਰੋਜੈਕਟ ਡਾਇਰੈਕਟਰ ਪਰਮਿੰਦਰ ਕੌਰ ਮਨਚੰਦਾ ਦੀ ਅਗਵਾਈ ਹੇਠ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਚੀਮਾ ਦੇ ਦਿਸ਼ਾ




ਨਿਰਦੇਸ਼ਾਂ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ , ਨੁੱਕੜ ਨਾਟਕ ਅਤੇ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ ਹੈ,ਜਿਸ ਵਿੱਚ ਮੁੱਖ ਮਹਿਮਾਨ ਮੇਅਰ ਪਟਿਆਲਾ ਕੁੰਦਨ ਗੋਗੀਆ ਨੇ ਸ਼ਿਰਕਤ ਕੀਤੀ।ਵਿਸ਼ੇਸ਼ ਤੌਰ 'ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਦੇ ਕੌਂਸਲਰ ਅਮਰਜੀਤ ਕੌਰ, ਰਣਜੀਤ ਕੌਰ, ਜਸਪ੍ਰੀਤ ਸਿੰਘ, ਗੁਰਮੀਤ ਸਿੰਘ ਤੋਂ ਇਲਾਵਾ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਮੇਅਰ ਪਟਿਆਲਾ ਕੁੰਦਨ ਗੋਗੀਆ ਨੇ ਕਿਹਾ ਕਿ ਪੰਜਾਬ ਰੈਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਪੁਨਰਵਾਸ ਕੇਂਦਰ ਦੀ ਪ੍ਰੋਜੈਕਟ ਡਾਇਰੈਕਟਰ ਗਵਰਨਰ ਐਵਾਰਡੀ ਪਰਮਿੰਦਰ ਕੌਰ ਮਨਚੰਦਾ ਦੀ ਟੀਮ ਵੱਲੋਂ ਜਿੱਥੇ ਸਕੂਲੀ ਪੱਧਰ 'ਤੇ ਹੀ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਹੈ।

## ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੀ ਦੋ ਰੋਜ਼ਾ ਸਪੋਰਟਸ ਮੀਟ ਸਮਾਪਤ

ਪਟਿਆਲਾ, 25 ਫਰਵਰੀ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਆਯੋਜਿਤ ਦੋ ਰੋਜ਼ਾ ਸਲਾਨਾ ਸਪੋਰਟਸ ਮੀਟ ਸਫਲਤਾਪੂਰਵਕ ਸਮਾਪਤ ਹੋ ਗਈ। ਇਹ ਸਪੋਰਟਸ ਮੀਟ ਬੀਤੇ ਕੱਲ੍ਹ ਸ਼ੁਰੂ ਹੋਈ ਸੀ ਅਤੇ ਇਸ ਵਿੱਚ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਅਤੇ ਜਜ਼ਬੇ ਨਾਲ ਭਾਗ ਲਿਆ। ਵਿਭਾਗ ਦੇ ਮੁਖੀ ਪ੍ਰੋਫੈਸਰ ਵਿਨੋਦ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਦਿਆਰਥੀਆਂ ਲਈ ਵੱਖ-ਵੱਖ ਖੇਡ ਮੁਕਾਬਲਿਆਂ ਦੇ ਨਾਲ-ਨਾਲ ਮਕੈਨੀਕਲ ਇੰਜੀਨੀਅਰਿੰਗ ਅਤੇ ਸਿਵਿਲ ਇੰਜੀਨੀਅਰਿੰਗ ਫੈਕਲਟੀ ਦਰਮਿਆਨ ਕ੍ਰਿਕਟ ਮੈਚ ਵੀ ਕਰਵਾਇਆ ਗਿਆ,



ਜਿਸ ਨੇ ਸਮਾਗਮ ਦੀ ਰੌਣਕ ਵਧਾਈ। ਸਪੋਰਟਸ ਮੀਟ ਦਾ ਉਦਘਾਟਨ ਓਲੰਪੀਅਨ ਅਤੇ ਪ੍ਰਸਿੱਧ ਬਾਸਕਟਬਾਲ ਖਿਡਾਰੀ ਡਾ. ਤਰਲੋਕ ਸਿੰਘ ਸੰਧੂ ਨੇ ਕੀਤਾ ਸੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜਨ ਅਤੇ ਸਿਹਤਮੰਦ ਜੀਵਨਸ਼ੈਲੀ ਅਪਨਾਉਣ ਲਈ ਪ੍ਰੇਰਿਤ ਕੀਤਾ। ਸਪੋਰਟਸ ਮੀਟ ਦੇ ਕਨਵੀਨਰ ਡਾ. ਬਲਜਿੰਦਰ ਰਾਮ ਨੇ ਦੱਸਿਆ ਕਿ ਡਾ. ਸੰਧੂ ਏਅਰ ਫੋਰਸ ਵਿੱਚ ਸੇਵਾ ਨਿਭਾਉਣ ਤੋਂ ਬਾਅਦ ਫਿਜ਼ੀਕਲ ਐਜੂਕੇਸ਼ਨ ਦੇ ਪ੍ਰੋਫੈਸਰ ਰਹੇ ਹਨ। ਉਨ੍ਹਾਂ ਨੇ 1980 ਦੇ ਮਾਸਕੋ ਓਲੰਪਿਕ ਅਤੇ ਨੌਵੀਂ ਏਸ਼ੀਆਈ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਅਤੇ ਰਾਸ਼ਟਰੀ ਬਾਸਕਟਬਾਲ ਚੈਂਪੀਅਨਸ਼ਿਪ ਵਿੱਚ ਆਪਣੀ ਟੀਮ ਨੂੰ ਕਈ ਵਾਰ ਜਿਤਾਇਆ।

## ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਸਹਾਇਤਾ ਉਪਕਰਨ ਵੰਡੇ

ਭਾਦਸੋਂ, 25 ਫਰਵਰੀ (ਭਰਪੂਰ ਸਿੰਘ ਮੱਟਰਾਂ): ਤਹਿਸੀਲ ਨਾਭਾ ਅਧੀਨ ਆਉਂਦੇ ਸਿੱਖਿਆ ਬਲਾਕ ਬਾਬਰਪੁਰ , ਭਾਦਸੋਂ-1 ਅਤੇ ਭਾਦਸੋਂ -2 ਦੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਸਮੱਗਰ ਸਿੱਖਿਆ ਅਭਿਆਨ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਅੱਡਾ ਸਹੌਲੀ ਵਿਖੇ ਸਹਾਇਤਾ ਉਪਕਰਣ ਵੰਡੇ ਗਏ।ਇਸ ਕੈਂਪ ਵਿੱਚ ਤਿੰਨੋ ਬਲਾਕਾਂ ਦੇ ਕੁੱਲ 30 ਬੱਚਿਆਂ ਨੂੰ ਵੀਲ ਚੇਅਰ, ਟ੍ਰਾਈ-ਸਾਈਕਲ,ਕੰਨਾਂ ਦੀਆਂ ਮਸ਼ੀਨਾਂ, ਟੀ.ਐਲ.ਐਮ ਕਿੱਟ ਅਤੇ ਰੋਲੇਟਰ ਵੰਡੇ ਗਏ। ਇਹ ਕੈਂਪ ਐਜੂਕੇਸ਼ਨ ਡਿਪਾਰਟਮੈਂਟ ਅਤੇ ਅਲਿਮਕੋ ਕਾਨਪੁਰ ਦੇ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਸੰਪੰਨ ਕੀਤਾ ਗਿਆ। ਇਹ ਕੈਂਪ ਵਿੱਚ ਭਾਦਸੋਂ-2 ਦੇ ਬਲਾਕ ਸਿੱਖਿਆ ਅਫਸਰ ਜਗਜੀਤ ਸਿੰਘ ਨੌਹਰਾ ਅਤੇ



ਬਾਬਰਪੁਰ ਬਲਾਕ ਦੇ ਸਿੱਖਿਆ ਅਫਸਰ ਮੇਜਰ ਸਿੰਘ ਵਜੀਦਪੁਰ ਤੇ ਡੀ ਐਸ ਈ ਪੁਨੀਤ ਸ਼ਰਮਾ ਦੀ ਅਗਵਾਈ ਵਿੱਚ ਸਮਾਨ ਵੰਡਿਆ। ਪ੍ਰੋਗਰਾਮ ਵਿੱਚ ਬੀਪੀਈਓ ਜਗਜੀਤ ਨੌਹਰਾ ਨੇ ਆਖਿਆ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਕੀਤੇ ਜਾ ਰਹੇ ਅਜਿਹੇ ਉਪਰਾਲੇ ਉਨ੍ਹਾਂ ਦੀ ਜ਼ਿੰਦਗੀ ਲਈ ਬਹੁਤ ਅਹਿਮੀਅਤ ਰੱਖਦੇ ਹਨ। ਪ੍ਰੋਗਰਾਮ ਦੇ ਪ੍ਰਬੰਧ ਸੀਐੱਚਟੀ ਰਮਨਜੀਤ ਕੌਰ ਅੱਡਾ ਸਹੌਲੀ ਵੱਲੋਂ ਕੀਤੇ। ਇਸ ਕੈਂਪ ਵਿੱਚ ਬਲਾਕ ਭਾਦਸੋਂ ਦੇ ਸੀਐੱਚਟੀ ਗੁਰਪ੍ਰੀਤ ਸਿੰਘ, ਸਤਨਾਮ ਸਿੰਘ, ਜਸਪਾਲ ਸਿੰਘ, ਰੁਪਿੰਦਰ ਪਾਲ ਸਿੰਘ, ਜੀਵਨ ਚੰਦ, ਸਤਵੀਰ ਸਿੰਘ, ਜਸਵਿੰਦਰ ਸਿੰਘ, ਬੇਅੰਤ ਸਿੰਘ, ਡੀਐਸਈ ਪਟਿਆਲਾ ਪੁਨੀਤ ਸ਼ਰਮਾ, ਫਿਜ਼ੀਓਥਰੈਪੀਸਟ ਗੀਤ ਕਮਲ ਕੌਰ, ਆਈ ਈ ਆਰ ਟੀਜ਼ ਬਲਵੀਰ ਸਿੰਘ, ਰਾਜੀਵ ਕੁਮਾਰ ਕਮਲ ਸ਼ਰਮਾ, ਸਰਬਜੀਤ ਸਿੰਘ ਤੇ ਸ਼ਸ਼ੀ ਬਾਲਾ ਅਤੇ ਮਾਪੇ ਹਾਜ਼ਰ ਸਨ।

## ਤ੍ਰਿਪੜੀ ਤੋਂ ਗੁੰਮ ਹੋਏ ਬੱਚੇ ਦੀ ਸੂਚਨਾ ਦੇਣ ਲਈ ਬਾਲ ਸੁਰੱਖਿਆ ਅਫ਼ਸਰ ਵੱਲੋਂ ਸੰਪਰਕ ਨੰਬਰ ਜਾਰੀ

ਪਟਿਆਲਾ, 25 ਫਰਵਰੀ (ਚ.ਨ.ਸ.) : ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼ਾਇਨਾ ਕਪੂਰ ਨੇ ਤ੍ਰਿਪੜੀ ਵਿਖੇ ਸ਼ੰਕਰ ਕਰਿਆਨਾ ਸਟੋਰ ਕੋਲੋਂ ਲਾਪਤਾ ਹੋਏ ਬੱਚੇ ਸਿੰਕਦਰ ਕੁਮਾਰ ਪੁੱਤਰ ਸੰਜੇ ਮੁਖੀਆ ਦੀ ਸੂਚਨਾ ਦੇਣ ਸਬੰਧੀ ਨੰਬਰ ਜਾਰੀ ਕੀਤੇ ਹਨ। ਉਨ੍ਹਾਂ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਤ੍ਰਿਪੜੀ ਵਿਖੇ ਸ਼ੰਕਰ ਕਰਿਆਨਾ ਸਟੋਰ ਕੋਲੋਂ 25 ਜੂਨ 2025 ਨੂੰ ਸਵੇਰੇ 9 ਵਜੇ ਗੁੰਮ ਹੋਏ ਬੱਚੇ ਸਿਕੰਦਰ ਕੁਮਾਰ ਦੀ ਉਮਰ 6 ਸਾਲ ਹੈ, ਬੱਚਾ ਬੋਲ ਵੀ ਨਹੀਂ ਸਕਦਾ ਅਤੇ ਸੁਣਨ ਵਿੱਚ ਵੀ ਪਰੇਸ਼ਾਨੀ ਹੈ। ਬੱਚੇ ਦਾ ਰੰਗ ਸਾਂਵਲਾ, ਕਦ 2 ਫੁੱਟ ਹੈ, ਜਿਸ ਸਮੇਂ ਬੱਚਾ ਗੁੰਮ ਹੋਇਆ ਸੀ ਉਸ ਸਮੇਂ ਉਸਨੇ ਨੀਲੇ ਰੰਗ ਦੀ ਟੀ ਸ਼ਰਟ ਪਾਈ ਹੋਈ ਸੀ ਅਤੇ ਮੌਜੂਦਾ ਸਮੇਂ ਲਾਪਤਾ



ਦੀ ਭਾਲ ਕਰਨ ਦੇ ਮਕਸਦ ਨਾਲ ਅਤੇ ਉਨ੍ਹਾਂ ਸਬੰਧੀ ਸੂਚਨਾ ਪ੍ਰਾਪਤ ਕਰਨ ਲਈ ਵਿਭਾਗ ਵੱਲੋਂ ਨੰਬਰ ਜਾਰੀ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੀ ਵਿਅਕਤੀ ਕੋਲ ਇਸ ਬੱਚੇ ਸਬੰਧੀ ਕੋਈ ਸੂਚਨਾ ਹੈ ਤਾਂ ਉਹ ਦਫ਼ਤਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਦੇ ਫੋਨ ਨੰਬਰ 0175-2353523, ਅਤੇ ਚਾਈਲਡ ਲਾਈਨ 1098 'ਤੇ ਸੂਚਿਤ ਕਰ ਸਕਦਾ ਹੈ ਜਾਂ ਫੇਰ ਇਸ ਸਬੰਧੀ ਸੂਚਨਾ ਤੁਰੰਤ ਨਜ਼ਦੀਕੀ ਥਾਣੇ ਦਿੱਤੀ ਜਾ ਸਕਦੀ ਹੈ।

## ਖ਼ਾਲਸਾ ਕਾਲਜ ਵਿਖੇ 'ਕੁਆਂਟਮ ਮਕੈਨਿਕਸ' ਵਿਸ਼ੇ 'ਤੇ ਲੈਕਚਰ

ਪਟਿਆਲਾ, 25 ਫਰਵਰੀ (ਚ.ਨ.ਸ.): ਖ਼ਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਭੌਤਿਕ ਵਿਗਿਆਨ (ਫਿਜ਼ਿਕਸ) ਵਿਭਾਗ ਵੱਲੋਂ ਬੀ.ਐੱਸ.ਸੀ. ਅਤੇ ਐੱਮ.ਐੱਸ.ਸੀ. ਦੇ ਵਿਦਿਆਰਥੀਆਂ ਲਈ 'ਕੁਆਂਟਮ ਮਕੈਨਿਕਸ' ਵਿਸ਼ੇ 'ਤੇ ਇੱਕ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸ. ਰਵਿੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਇਸ ਗੁੰਝਲਦਾਰ ਵਿਸ਼ੇ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਅਰਵਿੰਦ ਸਭਰਵਾਲ ਦੇ ਸਵਾਗਤੀ ਭਾਸ਼ਣ ਨਾਲ ਪ੍ਰੋਗਰਾਮ ਦਾ ਆਰੰਭ ਕੀਤਾ ਉਨ੍ਹਾਂ ਨੇ ਆਏ ਹੋਏ ਮਹਿਮਾਨ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨਾਲ ਉਨ੍ਹਾਂ ਦੀ ਜਾਣ-ਪਛਾਣ ਕਰਵਾਈ।ਉਨ੍ਹਾਂ ਨੇ ਕਿਹਾ ਕਿ ਆਧੁਨਿਕ ਦੁਨੀਆ ਨੂੰ ਸਮਝਣ ਲਈ ਕੁਆਂਟਮ ਮਕੈਨਿਕਸ ਦੀ ਅਹਿਮ ਭੂਮਿਕਾ ਅਤੇ ਵਿਗਿਆਨ ਤੇ ਤਕਨਾਲੋਜੀ ਦੇ ਖੇਤਰ ਵਿੱਚ ਇਸ ਦੇ ਇਨਕਲਾਬੀ ਪ੍ਰਭਾਵਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਲੈਕਚਰ ਦੌਰਾਨ ਸ. ਰਵਿੰਦਰ ਸਿੰਘ ਨੇ ਕੁਆਂਟਮ ਮਕੈਨਿਕਸ ਦੇ ਮੁੱਢਲੇ ਸਿਧਾਂਤਾਂ ਤੋਂ ਸ਼ੁਰੂਆਤ ਕਰਦਿਆਂ ਵਿਦਿਆਰਥੀਆਂ ਦਾ ਇੱਕ ਮਜ਼ਬੂਤ ਸੰਕਲਪਿਕ ਆਧਾਰ ਤਿਆਰ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਵੇਵ-ਪਾਰਟੀਕਲ ਡਿਊਲਿਟੀ, ਡੀ ਬਰੋਗਲੀ ਵੇਵਲੈਂਥ, ਹੇਜ਼ਨਬਰਗ ਦਾ ਅਨਿਸ਼ਚਿਤਤਾ ਸਿਧਾਂਤ, ਕੁਆਂਟਮ ਮਕੈਨਿਕਸ ਵਿੱਚ ਓਪਰੇਟਰਜ਼, ਪ੍ਰੋਬੇਬਿਲਿਟੀ ਡੈਨਸਿਟੀ, ਵੇਵ ਫੰਕਸ਼ਨਾਂ ਦਾ ਨਾਰਮਲਾਈਜ਼ੇਸ਼ਨ ਅਤੇ ਆਈਗਨ ਵੈਲਿਊਜ਼ ਤੇ ਆਈਗਨ ਫੰਕਸ਼ਨਾਂ ਦੇ ਸੰਕਲਪਾਂ ਨੂੰ ਬਹੁਤ ਹੀ ਸਰਲ ਤਰੀਕੇ ਨਾਲ ਸਮਝਾਇਆ। ਸਮਾਗਮ ਦੇ ਅੰਤ ਵਿੱਚ ਡਾ. ਵਰਿੰਦਰਜੀਤ ਕੌਰ ਵੱਲੋਂ ਰਸਮੀ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਹੋਰ ਫੈਕਲਟੀ ਮੈਂਬਰ ਡਾ. ਸੁਪ੍ਰੀਆ ਗੋਇਲ, ਡਾ. ਕਿਰਨਦੀਪ ਸੰਧੂ, ਪ੍ਰੋ. ਅਨੀਸ਼ਾ ਅਤੇ ਡਾ. ਕਮਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਧਰਮਸੋਤ ਵੱਲੋਂ 28 ਦੀ ਰੈਲੀ ਸਬੰਧੀ ਮੀਟਿੰਗ, ਲਗਾਈਆਂ ਡਿਊਟੀਆਂ



ਨਾਭਾ, 25 ਫਰਵਰੀ (ਗੁਰਚਰਨ ਸਿੰਘ ਚੌਧਰੀਮਾਜਰਾ) : ਕਾਂਗਰਸ ਵੱਲੋਂ ਸੂਬਾ ਪੱਧਰੀ ਮਨਰੇਗਾ ਬਚਾਓ ਬਰਨਾਲਾ ਰੈਲੀ ਨੂੰ ਲੈ ਕੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੇ ਆਪਣੀ ਰਿਹਾਇਸ਼ ਨਾਭਾ ਵਿਖੇ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਵਰਕਰਾਂ ਦੀਆਂ ਡਿਊਟੀਆਂ ਲਗਾਉਂਦੇ ਹੋਏ ਕਿਹਾ ਕਿ 28 ਫਰਵਰੀ ਨੂੰ ਕਾਂਗਰਸ ਦੀ ਮਨਰੇਗਾ ਬਚਾਓ ਸੰਗਰਾਮ ਬਰਨਾਲਾ ਰੈਲੀ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਉਤਸਾਹ ਹੈ। ਇਸ ਰੈਲੀ ਨੂੰ ਸਮੁੱਚੀ ਹਾਈ ਕਮਾਨ ਤੋਂ ਇਲਾਵਾ ਸ੍ਰੀ ਰਾਹੁਲ ਗਾਂਧੀ ਸੰਬੋਧਨ ਕਰਨਗੇ । ਇਸ ਮੌਕੇ ਉਹਨਾਂ ਨਾਲ ਪੀਏ ਚਰਨਜੀਤ ਬਾਤਿਸ ,ਭਗਵੰਤ ਸਿੰਘ ਮਨਕੂ ਭਾਦਸੋ ਕਨਵੀਨਰ ਓਬੀਸੀ, ਬਲਾਕ ਪ੍ਰਧਾਨ ਬਿੱਟੂ ਢੀਂਗੀ, ਸਹਿਰੀ ਪ੍ਰਧਾਨ ਵਿਵੇਕ ਸਿੰਗਲਾ ,ਯੂਥ ਆਗੂ ਗੁਰਦਿੱਤ ਸੇਠ,ਸਾਬਕਾ ਪ੍ਰਧਾਨ ਗੁਰਬਖਸੀਸ ਸਿੰਘ ਭੱਟੀ, ਕੌਂਸਲਰ ਮਾਨਟੂ ਪਹੂਜਾ,ਸਾਬਕਾ ਚੇਅਰਮੈਨ ਹਰਦੇਵ ਸਿੰਘ ਅਗਤੀ,ਬਲਾਕ ਸੰਮਤੀ ਮੈਂਬਰ ਦਿਲਵਰ ਸਿੰਘ ਕਨਸੂਹਾ, ਮੈਂਬਰ ਬਲਾਕ ਸੰਮਤੀ ਤੇ ਸਾਬਕਾ ਸਰਪੰਚ ਇੰਦਰਜੀਤ ਸਿੰਘ ਚੀਕੂ ,ਪ੍ਰਗਟ ਸਿੰਘ ਭੜੀ, ਮਨਜਿੰਦਰ ਜ਼ਿੰਦਰੀ,ਗੁਰਚਰਨ ਸਿੰਘ ਦੁਲੱਦੀ, ਚਰਨ ਸਿੰਘ ਕੋਟ, ਤੇਜਿੰਦਰ ਸਿੰਘ ਸੇਠੀ ਨਾਭਾ, ਬਾਬਾ ਬਚਿੱਤਰ ਸਿੰਘ, ਅਵਤਾਰ ਸਿੰਘ ਮਠਾੜੂ, ਛਿੰਦਰ ਸਿੰਘ ਰੈਸਲ, ਸਿਕੰਦਰ ਸਿੰਘ ਅਗੇਤੀ, ਗੁਰਜੀਤ ਸਿੰਘ ਸਿਵਗੜ,ਬੱਬੂ ਨਾਭਾ, ਯਾਦਵਿੰਦਰ ਸਿੰਘ ਨੰਬਰਦਾਰ, ਸੁੱਚਾ ਸਿੰਘ ਸਹੌਲੀ,ਬਿੱਟੂ ਸ਼ਰਮਾ,ਸੁਨੀਤਾ ਰਾਣੀ, ਨੱਥੋ ਦੇਵੀ, ਗੁਰਮੀਤ ਸਿੰਘ ਥੂਹੀ, ਡਾ. ਸਤਪਾਲ , ਜੱਗਾ ਸਿੰਘ ਚੱਠੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸ ਦੇ ਦਰ ਤੇ ਵਰਕਰ ਮੌਜੂਦ ਸਨ।

## ਫ਼ੌਜ, ਨੀਮ ਫ਼ੌਜੀ ਬਲਾਂ ਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ 2 ਮਾਰਚ ਤੋਂ

ਪਟਿਆਲਾ, 25 ਫਰਵਰੀ (ਚ.ਨ.ਸ.) : ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫ਼ੌਜ ਅਤੇ ਨੀਮ ਫ਼ੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ 2 ਮਾਰਚ 2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ਼੍ਰੇਣੀਆਂ ਦੇ ਬੱਚਿਆਂ ਨੂੰ ਫ਼ੌਜ, ਨੀਮ ਫ਼ੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ, ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ 'ਤੇ ਭਰਤੀ ਹੋਣ ਲਈ ਲੋੜੀਂਦੇ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ। ਉਨ੍ਹਾਂ ਯੋਗਤਾ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਫ਼ੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ ਸਾਢੇ 17 ਤੋਂ 21 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮੀਟਰ ਅਤੇ ਵਜ਼ਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45 ਫੀਸਦੀ ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣਾ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ ਸਾਢੇ 17 ਤੋਂ 21 ਸਾਲ ਦੇ ਵਿਚਕਾਰ ਅਤੇ ਕੱਦ ਘੱਟੋ ਘੱਟ 162 ਸੈਂਟੀਮੀਟਰ ਹੋਣਾ ਜ਼ਰੂਰੀ ਹੈ।

## ਮੋਦੀ ਕਾਲਜ ਵਿਖੇ ਖ਼ੂਨਦਾਨ ਕੈਂਪ ਲਗਾਇਆ

ਪਟਿਆਲਾ, 25 ਫਰਵਰੀ (ਰੁਪਾਣਾ) : ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵੱਲੋਂ ਕਾਲਜ ਕੈਂਪਸ ਵਿੱਚ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਇਹ ਕੈਂਪ ਕਾਲਜ ਦੇ ਐਨ.ਐੱਸ.ਐੱਸ, ਐਨ.ਸੀ.ਸੀ ਵਿੰਗਾਂ ਅਤੇ ਰੈੱਡ ਰਿਬਨ ਕਲੱਬ ਦੁਆਰਾ 'ਖ਼ੂਨਦਾਨ-ਮਹਾਂ ਦਾਨ' ਦੀ ਧਾਰਨਾ ਨੂੰ ਉਤਸ਼ਾਹਿਤ ਕਰਨ ਅਤੇ ਡੇਂਗੂ ਦੇ ਮਰੀਜ਼ਾਂ ਦੀ ਵੱਧ ਰਹੀ ਦਰ ਕਾਰਨ ਖ਼ੂਨ ਦੀਆਂ ਯੂਨਿਟਾਂ ਦੀ ਵਧਦੀ ਮੰਗ ਨੂੰ ਪੂਰਾ ਕਰਨ ਲਈ ਲਗਾਇਆ ਗਿਆ ਸੀ। ਇਸ ਖ਼ੂਨਦਾਨ ਕੈਂਪ ਦੌਰਾਨ 53 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਇਸ ਮੌਕੇ 'ਤੇ ਮੈਡੀਕਲ ਟੀਮ ਦਾ ਕੈਂਪਸ ਪਹੁੰਚਣ ਤੇ ਸਵਾਗਤ ਕੀਤਾ। ਇਸ



ਕੈਂਪ ਦੀ ਵਿਵਸਥਾ ਵਿੱਚ ਮੈਡੀਕਲ ਟੀਮ ਦੀ ਅਗਵਾਈ ਡਾ. ਮਰਿਆਦਾ ਅਤੇ ਸੁਖਵਿੰਦਰ ਸਿੰਘ ਨੇ ਕੀਤੀ। ਡਾ. ਸੰਜੀਵ ਸ਼ਰਮਾ, ਡਾ. ਦਵਿੰਦਰ ਸਿੰਘ ਅਤੇ ਡਾ. ਗਗਨਦੀਪ ਕੌਰ ਦੀ ਅਗਵਾਈ ਵਾਲੀ ਐਨ.ਐੱਸ.ਐੱਸ ਟੀਮ ਨੇ ਕੈਂਪ ਦੇ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਫਲਾਇੰਗ ਅਫ਼ਸਰ ਡਾ. ਸੁਮੀਤ ਕੁਮਾਰ, ਲੈਫ਼ਟੀਨੈਂਟ ਡਾ. ਰੋਹਿਤ ਸਚਦੇਵਾ ਅਤੇ ਲੈਫ਼ਟੀਨੈਂਟ ਡਾ. ਨਿਧੀ ਰਾਣੀ ਗੁਪਤਾ ਦੀ ਅਗਵਾਈ ਵਾਲੀ ਐਨ.ਸੀ.ਸੀ ਟੀਮ ਨੇ ਵੀ ਵਿਦਿਆਰਥੀਆਂ ਨੂੰ ਕੈਂਪ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਖ਼ੂਨਦਾਨ ਕਰਨ ਵਾਲੇ ਫੈਕਲਟੀ ਮੈਂਬਰਾਂ ਵਿੱਚ ਡਾ. ਰੋਹਿਤ ਸਚਦੇਵਾ, ਡਾ. ਵਰੁਣ ਜੈਨ ਅਤੇ ਡਾ. ਸੰਜੀਵ ਸ਼ਰਮਾ ਸ਼ਾਮਲ ਸਨ ਅਤੇ ਗੈਰ-ਅਧਿਆਪਨ ਸਟਾਫ਼ ਵਿੱਚੋਂ ਜੈਕੀ, ਬਿੰਦਰ ਅਤੇ ਜਗਮੀਤ ਸਿੰਘ ਨੇ ਵੀ ਖ਼ੂਨਦਾਨ ਕੀਤਾ।